20-NOV-PAGE-1-ADVT.qxd 11/19/2025 10:28 PM Page 1

ਵੀਰਵਾਰ, 20 ਨਵੰਬਰ, 2025
5 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 170

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 20 NOVEMBER, 2025 ਜਲੰਧਰ


**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 14


ੴ
ਸ਼ਹਾਦਤ ਦੇ 350 ਸਾਲ
ਹਿੰਦ ਦੀ ਚਾਦਰ
ਸ੍ਰੀ ਗੁਰੂ ਤੇਗ ਬਹਾਦਰ ਜੀ
1675 - 2025



## 350ਵਾਂ ਸ਼ਹੀਦੀ ਦਿਹਾੜਾ

## ਸ੍ਰੀ ਗੁਰੂ ਤੇਗ਼ ਬਹਾਦਰ ਜੀ

ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ,
ਭਾਈ ਦਿਆਲਾ ਜੀ

ਨੂੰ ਸਮਰਪਿਤ



## ਨਗਰ ਕੀਰਤਨਾਂ ਅਤੇ ਸਮਾਗਮਾਂ ਦਾ ਵੇਰਵਾ

### ਸ੍ਰੀਨਗਰ ਤੋਂ ਸ੍ਰੀ ਅਨੰਦਪੁਰ ਸਾਹਿਬ (19-22 ਨਵੰਬਰ, 2025)

1 ਸ੍ਰੀਨਗਰ
2 ਜੰਮੂ
3 ਪਠਾਨਕੋਟ
4 ਦਸੂਹਾ
5 ਹੁਸ਼ਿਆਰਪੁਰ
6 ਮਾਹਿਲਪੁਰ
7 ਗੜ੍ਹਸ਼ੰਕਰ
8 ਸ੍ਰੀ ਅਨੰਦਪੁਰ ਸਾਹਿਬ

ਪੜਾਅ
ਦਿਨ 1- ਜੰਮੂ (19 ਨਵੰਬਰ, 2025)
ਦਿਨ 2- ਪਠਾਨਕੋਟ (20 ਨਵੰਬਰ, 2025)
ਦਿਨ 3- ਹੁਸ਼ਿਆਰਪੁਰ (21 ਨਵੰਬਰ, 2025)

### ਗੁਰਦਾਸਪੁਰ ਤੋਂ ਸ੍ਰੀ ਅਨੰਦਪੁਰ ਸਾਹਿਬ (20-22 ਨਵੰਬਰ, 2025)

1 ਗੁਰਦਾਸਪੁਰ
2 ਬਟਾਲਾ
3 ਬਾਬਾ ਬਕਾਲਾ ਸਾਹਿਬ
4 ਸ੍ਰੀ ਅੰਮ੍ਰਿਤਸਰ ਸਾਹਿਬ
5 ਤਰਨ ਤਾਰਨ
6 ਗੋਇੰਦਵਾਲ ਸਾਹਿਬ
7 ਕਪੂਰਥਲਾ
8 ਕਰਤਾਰਪੁਰ
9 ਜਲੰਧਰ
10 ਫ਼ਗਵਾੜਾ
11 ਬੰਗਾ
12 ਨਵਾਂਸ਼ਹਿਰ
13 ਬਲਾਚੌਰ
14 ਸ੍ਰੀ ਅਨੰਦਪੁਰ ਸਾਹਿਬ

ਪੜਾਅ
ਦਿਨ 1 - ਸ੍ਰੀ ਅੰਮ੍ਰਿਤਸਰ ਸਾਹਿਬ (20 ਨਵੰਬਰ, 2025)
ਦਿਨ 2- ਜਲੰਧਰ (21 ਨਵੰਬਰ, 2025)

### ਫ਼ਰੀਦਕੋਟ ਤੋਂ ਸ੍ਰੀ ਅਨੰਦਪੁਰ ਸਾਹਿਬ (20-22 ਨਵੰਬਰ, 2025)

1 ਫ਼ਰੀਦਕੋਟ
2 ਫ਼ਿਰੋਜ਼ਪੁਰ
3 ਮੋਗਾ
4 ਜਗਰਾਉਂ
5 ਲੁਧਿਆਣਾ
6 ਖੰਨਾ
7 ਸਰਹਿੰਦ
8 ਫ਼ਤਹਿਗੜ੍ਹ ਸਾਹਿਬ
9 ਮੋਰਿੰਡਾ
10 ਚਮਕੌਰ ਸਾਹਿਬ
11 ਰੂਪਨਗਰ
12 ਸ੍ਰੀ ਅਨੰਦਪੁਰ ਸਾਹਿਬ

ਪੜਾਅ
ਦਿਨ 1- ਲੁਧਿਆਣਾ (20 ਨਵੰਬਰ, 2025)
ਦਿਨ 2- ਫ਼ਤਹਿਗੜ੍ਹ ਸਾਹਿਬ (21 ਨਵੰਬਰ, 2025)

### ਗੁਰਦੁਆਰਾ ਬੇਰ ਸਾਹਿਬ (ਛਾਉਣੀ ਬੁੱਢਾ ਦਲ) ਤਲਵੰਡੀ ਸਾਬੋ ਤੋਂ ਸ੍ਰੀ ਅਨੰਦਪੁਰ ਸਾਹਿਬ (20-22 ਨਵੰਬਰ, 2025)

1 ਗੁਰਦੁਆਰਾ ਬੇਰ ਸਾਹਿਬ (ਛਾਉਣੀ ਬੁੱਢਾ ਦਲ) ਤਲਵੰਡੀ ਸਾਬੋ
2 ਬਠਿੰਡਾ
3 ਬਰਨਾਲਾ
4 ਸੰਗਰੂਰ
5 ਪਟਿਆਲਾ
6 ਰਾਜਪੁਰਾ
7 ਬਨੂੜ
8 ਸਾਹਿਬਜ਼ਾਦਾ ਅਜੀਤ ਸਿੰਘ ਨਗਰ
9 ਕੁਰਾਲੀ
10 ਰੂਪਨਗਰ
11 ਸ੍ਰੀ ਅਨੰਦਪੁਰ ਸਾਹਿਬ

ਪੜਾਅ
ਦਿਨ 1- ਸੰਗਰੂਰ (20 ਨਵੰਬਰ, 2025)
ਦਿਨ 2 - ਸਾਹਿਬਜ਼ਾਦਾ ਅਜੀਤ ਸਿੰਘ ਨਗਰ (21 ਨਵੰਬਰ, 2025)

## ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਦਾ ਵੇਰਵਾ

### 23 ਨਵੰਬਰ, 2025

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ
ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ 'ਤੇ ਅਧਾਰਿਤ ਪ੍ਰਦਰਸ਼ਨੀ ਦਾ ਉਦਘਾਟਨ
ਸਰਬ ਧਰਮ ਸੰਮੇਲਨ
ਵਿਰਾਸਤ-ਏ-ਖਾਲਸਾ, ਭਾਈ ਜੈਤਾ ਜੀ ਮੈਮੋਰੀਅਲ ਅਤੇ ਪੰਜ ਪਿਆਰੇ ਪਾਰਕ ਦਾ ਗਾਈਡਡ ਟੂਰ
ਡਰੋਨ ਸ਼ੋਅ
ਕਥਾ ਅਤੇ ਕੀਰਤਨ ਦਰਬਾਰ

### 24 ਨਵੰਬਰ, 2025

ਸੀਸ ਭੇਟ ਨਗਰ ਕੀਰਤਨ (ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ)
ਸ੍ਰੀ ਅਨੰਦਪੁਰ ਸਾਹਿਬ ਵਿਖੇ ਹੈਰੀਟੇਜ ਵਾਕ
ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਸਮਰਪਿਤ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ
ਢਾਡੀ ਅਤੇ ਕਵੀਸ਼ਰ ਦਰਬਾਰ
ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਅਧਾਰਿਤ ਨਾਟਕ/ਉਚਾਰਨ/ਕਵਿਤਾ
ਗੱਤਕਾ ਅਤੇ ਹੋਰ ਸਮਾਗਮ
ਡਰੋਨ ਸ਼ੋਅ
ਕਥਾ ਅਤੇ ਕੀਰਤਨ ਦਰਬਾਰ

### 25 ਨਵੰਬਰ, 2025

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਸੰਪੂਰਨਤਾ
ਸੂਬਾ ਪੱਧਰੀ ਖ਼ੂਨਦਾਨ ਮੁਹਿੰਮ
3.50 ਲੱਖ ਬੂਟੇ ਲਾਉਣ ਦੀ ਸੂਬਾ ਪੱਧਰੀ ਮੁਹਿੰਮ
ਗੁਰਬਾਣੀ ਕੀਰਤਨ
ਸਰਬੱਤ ਦਾ ਭਲਾ ਇਕੱਤਰਤਾ
ਡਰੋਨ ਸ਼ੋਅ

## ਲਾਈਟ ਐਂਡ ਸਾਊਂਡ ਸ਼ੋਅ

20 ਨਵੰਬਰ, 2025 | ਸ਼ਾਮ 6 ਵਜੇ ਤੋਂ

ਸਰਕਾਰੀ ਕਾਲਜ, ਮਾਲੇਰਕੋਟਲਾ
ਨਹਿਰੂ ਮੈਮੋਰੀਅਲ ਕਾਲਜ, ਮਾਨਸਾ
ਚਰਨ ਗੰਗਾ ਸਟੇਡੀਅਮ, ਸ੍ਰੀ ਅਨੰਦਪੁਰ ਸਾਹਿਬ

ਧਾਰਮਿਕ ਆਜ਼ਾਦੀ ਤੇ ਮਨੁੱਖੀ ਹੱਕਾਂ ਦੇ ਰਾਖੇ, ਦਇਆ ਤੇ ਤਿਆਗ ਦੀ ਮੂਰਤ ਅਤੇ ਬਹਾਦਰੀ ਦੇ ਪ੍ਰਤੀਕ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਮਹਾਨ ਜੀਵਨ ਤੇ ਫ਼ਲਸਫਾ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ।

ਆਓ, ਆਪਣੇ ਪਰਿਵਾਰਾਂ ਸਮੇਤ ਮਹਾਨ ਧਰਤੀ 'ਤੇ ਸ਼ਰਧਾ ਨਾਲ ਨਤਮਸਤਕ ਹੋ ਕੇ ਇਹਨਾਂ ਅਲੌਕਿਕ ਸਮਾਗਮਾਂ ਦਾ ਹਿੱਸਾ ਬਣੀਏ।

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਕਿਸਾਨ ਯੂਨੀਅਨ ਅਜ਼ਾਦ ਵੱਲੋਂ ਨਗਰ ਕੌਂਸਲ ਦੇ ਈ ਓ ਦੀ ਕੋਠੀ ਅੱਗੇ ਧਰਨਾ



**ਨਾਭਾ (ਵਰਿੰਦਰ ਵਰਮਾ)**- ਬੀਤੇ ਸਮੇਂ ਦੌਰਾਨ ਸ਼ੰਭੂ ਬਾਰਡਰ ਤੋਂ ਕਿਸਾਨਾਂ ਦੀਆਂ ਚੋਰੀ ਹੋਈਆਂ ਟਰਾਲੀਆਂ ਅਤੇ ਹੋਰ ਸਮਾਨ ਦਾ ਮਾਮਲਾ ਦਿਨੋ-ਦਿਨ ਭਖਦਾ ਜਾ ਰਿਹਾ ਹੈ। ਨਾਭਾ ਵਿਖੇ ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੇ ਵੱਲੋਂ ਨਗਰ ਕੌਂਸਲ ਨਾਭਾ ਦੇ ਈ ਓ (ਕਾਰਜ ਸਾਧਕ ਅਫਸਰ) ਦੀ ਕੋਠੀ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ। ਕਿਸਾਨ ਆਗੂਆਂ ਨੇ ਸ਼ੱਕ ਜਾਹਿਰ ਕਰਦਿਆਂ ਕਿਹਾ ਕਿ ਸਾਨੂੰ ਸ਼ੱਕ ਹੈ ਈ ਓ ਦੀ ਕੋਠੀ ਦੇ ਅੰਦਰ ਸ਼ੰਭੂ ਬਾਰਡਰ ਤੋਂ ਚੋਰੀ ਹੋਈਆਂ ਟਰਾਲੀਆਂ ਅਤੇ ਹੋਰ ਸਮਾਨ ਅੰਦਰ ਹੀ ਦੱਬਿਆ ਹੋਇਆ ਹੋ ਸਕਦਾ ਹੈ। ਜਿਸ ਦੇ ਅਧਾਰ 'ਤੇ ਅਸੀਂ ਇਸ ਬਾਬਤ ਸੀ ਆਈ ਏ ਪਟਿਆਲਾ ਨੂੰ ਦਰਖਾਸਤ ਦਿੱਤੀ ਹੈ, ਜਦੋਂ ਤੱਕ ਇੱਥੋਂ ਸੀ ਆਈ ਏ ਪਟਿਆਲਾ ਸਮਾਨ ਬਰਾਮਦ ਨਹੀਂ ਕਰਵਾਉਂਦੀ ਅਤੇ ਜਦੋਂ ਤੱਕ ਸਾਡੀ ਤਸੱਲੀ ਨਹੀਂ ਹੁੰਦੀ ਉਦੋਂ ਤੱਕ ਧਰਨਾ ਜਾਰੀ ਰਹੇਗਾ। ਇਸ ਮੌਕੇ ਤੇ ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੇ ਬਲਾਕ ਪ੍ਰਧਾਨ ਗਮਦੂਰ ਸਿੰਘ ਅਤੇ ਬਲਾਕ ਸਕੱਤਰ ਚਮਕੌਰ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕਾਰਜ ਸਾਧਕ ਅਫਸਰ ਈ ਓ ਗੁਰਚਰਨ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਦੀ ਗੱਲ ਕਿਸਾਨ ਕਰ ਰਹੇ ਹਨ ਇਸ ਤਰ੍ਹਾਂ ਦੀ ਕੋਈ ਵੀ ਗੱਲ ਨਹੀਂ ਹੈ ਪਰ ਫਿਰ ਵੀ ਅਸੀਂ ਕਿਸਾਨਾਂ ਦਾ ਸਾਥ ਦੇ ਰਹੇ ਹਾਂ। ਇਹ ਕੋਠੀ ਤਾਂ ਮੇਰੇ ਨਾਮ 'ਤੇ ਹੈ ਪਰ ਮੇਰਾ ਪਿੰਡ ਨੇੜੇ ਹੋਣ ਕਰਕੇ ਮੈਂ ਕੋਠੀ ਦੀ ਵਰਤੋਂ ਨਹੀਂ ਕਰਦਾ। ਇਸ ਕੋਠੀ ਦੇ ਵਿੱਚ ਸਿਰਫ ਸਾਡੀ ਸਰਕਾਰੀ ਮਸ਼ੀਨਰੀ ਹੈ। ਪਟਿਆਲਾ ਸੀ ਆਈ ਏ ਸਟਾਫ ਦੇ ਜਾਂਚ ਅਧਿਕਾਰੀ ਦਵਿੰਦਰ ਸਿੰਘ ਨੇ ਕਿਹਾ ਕਿ ਇਸ ਸਬੰਧੀ ਅਸੀਂ ਜਾਂਚ ਕਰ ਰਹੇ ਹਾਂ।

# ਸ਼ਹੀਦੀ ਸ਼ਤਾਬਦੀ ਨਗਰ ਕੀਰਤਨ ਦੇ ਸਵਾਗਤ ਸੰਬੰਧੀ ਹੋਈ ਅਹਿਮ ਮੀਟਿੰਗ

**ਮਾਛੀਵਾੜਾ ਸਾਹਿਬ (ਗੋਰੀ ਸ਼ਰਮਾ,ਜਗਦੀਸ਼ ਰਾਏ)**- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਅਨਿੰਨ ਸਿੱਖਾਂ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿਚ ਮਾਛੀਵਾੜਾ ਸਾਹਿਬ ਵਿਖੇ ਪਹੁੰਚ ਰਹੇ ਨਗਰ ਕੀਰਤਨ ਦੇ ਸਵਾਗਤ ਲਈ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਇੱਕ ਅਹਿਮ ਮੀਟਿੰਗ ਹੋਈ ਜਿਸ ਵਿਚ ਇਲਾਕੇ ਦੀਆਂ ਸੰਗਤਾਂ ਨੇ ਭਾਗ ਲਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਮੀਟਿੰਗ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਹਰਜਤਿੰਦਰ ਸਿੰਘ ਬਾਜਵਾ, ਜਥੇਦਾਰ ਰਣਜੀਤ ਸਿੰਘ ਮੰਗਲੀ, ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਸਰਕਲ ਜਥੇਦਾਰ ਹਰਦੀਪ ਸਿੰਘ ਬਹਿਲੋਲਪੁਰ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਸਾਬਕਾ ਪ੍ਰਧਾਨ ਦਵਿੰਦਰ ਸਿੰਘ ਬਵੇਜਾ, ਅਰਵਿੰਦਰਪਾਲ ਸਿੰਘ ਵਿੱਕੀ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚਾਂ, ਸਰਪੰਚਾਂ ਅਤੇ ਪਤਵੰਤੇ ਸੱਜਣਾਂ ਨੇ ਵਿਚਾਰ ਚਰਚਾ ਕੀਤੀ। ਹਰਜਤਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਇਹ ਨਗਰ ਕੀਰਤਨ 21 ਨਵੰਬਰ ਨੂੰ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੋਂ ਚੱਲ ਕੇ ਵੱਖ-ਵੱਖ ਪਿੰਡਾਂ 'ਚੋਂ ਹੁੰਦਾ ਹੋਇਆ ਸਮਰਾਲਾ ਪਹੁੰਚੇਗਾ ਅਤੇ



ਉੱਥੋਂ ਬਾਲਿਓਂ, ਗੜ੍ਹੀ ਤਰਖਾਣਾ ਸਰਹਿੰਦ ਨਹਿਰ 'ਤੇ ਪਹੁੰਚੇਗਾ ਜਿੱਥੇ ਕਿ ਮਾਛੀਵਾੜਾ ਸਾਹਿਬ ਤੇ ਇਲਾਕੇ ਦੀਆਂ ਸੰਗਤਾਂ ਨਗਰ ਕੀਰਤਨ ਦਾ ਸਵਾਗਤ ਕਰਨਗੀਆਂ। ਇਹ ਨਗਰ ਕੀਰਤਨ ਸ਼ਾਮ ਨੂੰ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ 7 ਤੋਂ 8 ਵਜੇ ਦੇ ਵਿਚਕਾਰ ਪੁੱਜੇਗਾ ਜਿੱਥੇ ਨਗਰ ਕੀਰਤਨ ਦੀ ਰਹਿਨੁਮਾਈ ਕਰ ਰਹੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੱਖ ਆਸਣ ਕਰਵਾਇਆ ਜਾਵੇਗਾ ਅਤੇ ਅਗਵਾਈ ਕਰ ਰਹੇ ਪੰਜ ਪਿਆਰਿਆਂ ਦੀ ਯੋਗ ਸੇਵਾ ਕੀਤੀ ਜਾਵੇਗੀ। ਇਸ ਤੋਂ ਇਲਾਵਾ ਆਉਣ ਵਾਲੀਆਂ ਸੰਗਤਾਂ ਦੇ ਰਹਿਣ ਅਤੇ ਲੰਗਰ ਦੇ ਪ੍ਰਬੰਧ ਕੀਤੇ ਗਏ ਹਨ। ਮੀਟਿੰਗ ਦਾ ਸੰਚਾਲਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਬਚਿੱਤਰ ਸਿੰਘ, ਭਾਈ ਮਨਜੀਤ ਸਿੰਘ ਨੇ ਨਿਭਾਇਆ। ਇਸ ਮੌਕੇ ਜਸਵੀਰ ਸਿੰਘ ਢਿੱਲੋਂ, ਤੇਜ਼ ਗੁੰਬੀ ਹਰਪਾਲ ਸਿੰਘ ਗੁਮਥ, ਕਰਮਾਚਾਰ ਇਕਨਾਮ ਸਿੰਘ, ਸਾਬਕਾ ਮੈਨੇਜਰ ਗੁਰਮੀਤ ਸਿੰਘ ਕਾਹਲੋਂ, ਸਰਪੰਚ ਬਲਵਿੰਦਰ ਸਿੰਘ ਪ੍ਰਿਥੀਪੁਰ, ਜਸਵਿੰਦਰ ਸਿੰਘ ਜੋਸ਼, ਜਸਮੇਲ ਸਿੰਘ ਸੰਸਾ ਟਾਂਡਾ ਕਾਲੋਨੀ, ਬਾਬੀ ਕਰਨੈਲ ਸਿੰਘ ਰਾਣਾ, ਸਾਬਕਾ ਸਰਪੰਚ ਹਰਜਿੰਦਰ ਸਿੰਘ ਛੱਡੀਆਂ ਵੀ ਮੌਜੂਦ ਸਨ।

# ਪਰਾਲੀ ਸਾੜਨ ਵਾਲੇ ਕਿਸਾਨਾਂ 'ਤੇ ਦਰਜ ਮੁਕਦਮੇ ਰੱਦ ਕੀਤੇ ਜਾਣ : ਭਾਕਿਯੂ

## ਝੋਨੇ 'ਤੇ 500 ਰੁਪਏ ਕੁਇੰਟਲ ਬੋਨਸ ਦੇਣ ਦੀ ਮੰਗ

**ਧੂਰੀ (ਮਨੋਹਰ ਸਿੰਘ ਸੱਗੂ)**- ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਤੇ ਪ੍ਰੀਤਮ ਸਿੰਘ ਬਾਦਸ਼ਾਹਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਜਥੇਬੰਦੀ ਵੱਲੋਂ ਪਰਾਲੀ ਸਾੜਨ ਵਾਲੇ ਕਿਸਾਨਾਂ 'ਤੇ ਦਰਜ ਕੀਤੇ ਪਰਚੇ ਰੱਦ ਕਰਨ ਦੀ ਮੰਗ ਕਰਦਿਆਂ ਝੋਨੇ ਦਾ ਝਾੜ ਘੱਟਣ ਕਾਰਨ ਕਿਸਾਨਾਂ ਨੂੰ ਪਏ



ਘਾਟੇ ਦੇ ਮੱਦੇਨਜ਼ਰ ਪੰਜਾਬ ਸਰਕਾਰ ਤੋਂ 500 ਰੁਪਏ ਕੁਇੰਟਲ ਬੋਨਸ ਦੇਣ ਤੇ ਕਣਕ ਨੂੰ ਪਾਣੀ ਲਗਾਉਣ ਲਈ 8 ਘੰਟੇ ਲਗਾਤਾਰ ਬਿਜਲੀ ਸਪਲਾਈ ਦੇਣ ਦੀ ਮੰਗ ਕੀਤੀ ਗਈ।ਮੀਟਿੰਗ 'ਚ ਕਿਹਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਨਵੰਬਰ ਨੂੰ ਚੰਡੀਗੜ੍ਹ ਵਿਖੇ ਦਿੱਲੀ ਮੋਰਚੇ ਦੀ ਜਿੱਤ ਦੀ ਮਨਾਈ ਜਾ ਰਹੀ ਵਰ੍ਹੇਗੰਢ 'ਚ ਕਿਸਾਨਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚ ਕੇਂਦਰ ਸਰਕਾਰ ਵੱਲੋਂ ਕੀਤੀ ਜਾ ਰਹੀ ਦਖਲਅੰਦਾਜ਼ ਬੰਦ ਕਰਨ ਦੀ ਮੰਗ ਕਰਦਿਆਂ ਸੈਨੇਟ ਚੋਣਾਂ ਰੱਦ ਕਰਨ ਦਾ ਫ਼ੈਸਲਾ ਵਾਪਸ ਲੈਣ ਦੀ ਮੰਗ ਕੀਤੀ ਗਈ।ਇਸ ਮੌਕੇ ਗੁਰਜੀਤ ਸਿੰਘ ਭੜੀ ਮਾਨਸਾ, ਬਲਵਿੰਦਰ ਸਿੰਘ ਜੱਖਲਾਂ, ਜੀਤ ਸਿੰਘ ਰਣੀਕੇ, ਕਾਕਾ ਸਿੰਘ ਬਟੂਹਾ, ਹਰਜਿੰਦਰ ਸਿੰਘ ਬਟੂਹਾ, ਗੁਰਤੇਜ ਸਿੰਘ, ਦੀਦਾਰ ਸਿੰਘ, ਨਿਰਭੈ ਸਿੰਘ ਦੋਹਲਾ, ਦਰਸ਼ਨ ਸਿੰਘ ਬਰੜ੍ਹਵਾਲ, ਜਸਦੇਵ ਸਿੰਘ ਭੁੱਲਰਹੇੜੀ, ਗੁਰਬਚਨ ਸਿੰਘ ਹਰਚੰਦਪੁਰ ਆਦਿ ਹਾਜ਼ਰ ਸਨ।

# ਯੂਰੋ ਕਿਡਜ਼ ਸਕੂਲ 'ਚ ਕਵਿਤਾ ਉਚਾਰਨ ਮੁਕਾਬਲਾ

**ਦੋਰਾਹਾ (ਹਰਮਿੰਦਰ ਸੇਠ)** ਯੂਰੋ ਕਿਡਜ਼ ਸਕੂਲ ਵਿਖੇ ਡਾਇਰੈਕਟਰ ਰਜਤ ਸ਼ਰਮਾ ਤੇ ਪ੍ਰਿੰਸੀਪਲ ਸੁਰਿੰਦਰਪਾਲ



ਕੌਰ ਦੀ ਯੋਗ ਅਗਵਾਈ 'ਚ ਵਿਦਿਆਰਥੀਆਂ ਦੀ ਕਿਤਾਬਾਂ ਤੋਂ ਬਾਹਰ ਛੁਪੀ ਪ੍ਰਤਿਭਾ ਨੂੰ ਉਜਾਗਰ ਕਰਨ ਦੇ ਉਦੇਸ਼ ਨਾਲ ਨਰਸਰੀ ਤੋਂ ਦੂਜੀ ਜਮਾਤ ਤੱਕ ਕਵਿਤਾ ਉਚਾਰਨ ਮੁਕਾਬਲਾ ਕਰਾਇਆ। ਨੰਨ੍ਹੇ-ਮੁੰਨੇ ਬੱਚਿਆਂ ਨੂੰ ਕੁਦਰਤ, ਅਧਿਆਪਕ, ਰੱਬ ਤੇ ਧਰਤੀ ਵਰਗੇ ਵੱਖ-ਵੱਖ ਵਿਸ਼ੇ ਦਿੱਤੇ ਗਏ।ਸਾਰੇ ਵਿਦਿਆਰਥੀਆਂ ਨੇ ਸ਼ਬਦਾਂ ਦੇ ਪ੍ਰਗਟਾਵੇ, ਵਿਚਾਰ, ਭਾਵਨਾ, ਤੁਕਾਂਤ, ਤਾਲ ਤੇ ਸੰਗੀਤ ਦੀ ਸੁੰਦਰਤਾ ਦਾ ਆਨੰਦ ਮਾਣਿਆ।ਡਾਇਰੈਕਟਰ ਰਜਤ ਸ਼ਰਮਾ ਤੇ ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਪ੍ਰਤੀਯੋਗੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਕਵਿਤਾ ਉਚਾਰਨ ਦੀ ਮਹੱਤਤਾ ਬਾਰੇ ਸੇਧ ਦਿੱਤੀ।

# ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਨੇ ਕਰਵਾਏ ਖੇਡ ਮੁਕਾਬਲੇ

## ਜੈਸਵੀਰ ਸਿੰਘ ਤੇ ਸੁਖਮਨਜੋਤ ਕੌਰ ਬੈਸਟ ਐਥਲੀਟ ਚੁਣੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਪੰਡੋਰੀ (ਬਰਨਾਲਾ) ਵਿਖੇ ਬੱਚਿਆਂ ਦੀ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਵੱਲੋਂ ਲਗਾਤਾਰ ਬੱਚਿਆਂ ਨੂੰ ਖੇਡਾਂ ਨਾਲ ਜੋੜਿਆ ਜਾ ਰਿਹਾ, ਖੇਡਾਂ ਮਿਸ਼ਨ ਤਹਿਤ ਇੱਕ ਰੋਜ਼ਾ ਐਥਲੈਟਿਕਸ ਖੇਡ



ਮੁਕਾਬਲੇ ਕਰਵਾਏ ਗਏ।ਇਸ ਮੌਕੇ ਨਗਰ ਪੰਡੋਰੀ ਦੇ ਲੱਗਭੱਗ 50 ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਖੇਡਾਂ 'ਚ ਭਾਗ ਲੈਣ ਵਾਲੇ ਬੱਚਿਆਂ ਵਿੱਚੋਂ ਜੈਸਵੀਰ ਸਿੰਘ, ਸੁਖਮਨ ਸਿੰਘ, ਬਲਰਾਜ ਸਿੰਘ, ਇਕਲਵ ਸਿੰਘ, ਅਮਨਿੰਦਰ ਸਿੰਘ, ਅਕਾਸ਼ਦੀਪ ਸਿੰਘ, ਦਿਲਪ੍ਰੀਤ ਸਿੰਘ ਸੰਧੂ, ਨਵਜੋਤ ਸਿੰਘ, ਪ੍ਰਮਿੰਦਰ ਸਿੰਘ, ਪ੍ਰਭਜੋਤ ਕੌਰ, ਗੁਰਜੋਤ ਕੌਰ, ਮਨਵੀਰ ਕੌਰ, ਦਲਵੀਰ ਕੌਰ ਨੇ ਪਹਿਲੀ ਤੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।ਸਾਰੇ ਬੱਚਿਆਂ 'ਚੋਂ ਸਭ ਤੋਂ ਵੱਧ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਜੈਸਵੀਰ ਸਿੰਘ ਤੇ ਸੁਖਮਨਜੋਤ ਕੌਰ ਨੂੰ ਬੈਸਟ ਐਥਲੀਟ ਚੁਣਿਆ ਗਿਆ। ਇਹ ਖੇਡਾਂ ਕੋਚ ਹਰਜਿੰਦਰ ਸਿੰਘ ਤੇ ਸਮਾਜ ਸੇਵਕ ਬਲਜੀਤ ਸਿੰਘ ਸਿੱਧੂ ਦੀ ਗਤੀਸ਼ੀਲ ਅਗਵਾਈ ਹੇਠ ਕਰਵਾਈਆਂ ਗਈਆਂ। ਇਸ ਮੌਕੇ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਨਵਦੀਪ ਸਿੰਘ ਬਾਠ, ਲਖਵਿੰਦਰ ਸਿੰਘ ਫੌਜੀ, ਪਰਮਜੀਤ ਸਿੰਘ ਚਹਿਲ, ਲੱਖੀ ਸਿੰਘ ਕੁਰੜ, ਘੱਮਾ ਸਿੰਘ, ਪਲਵਿੰਦਰ ਸਿੰਘ ਪਿੰਦੀ, ਬੱਗਾ ਸਿੰਘ ਐਨੋ ਤੇ ਸਮੂਹ ਪ੍ਰਬੰਧਕਾਂ ਦੀ ਅਗਵਾਈ ਹੇਠ ਜੇਤੂ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਅਖੀਰ ਵਿੱਚ ਕਲੱਬ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ ਨੇ ਖੇਡ ਮੇਲੇ ਦੀ ਸਫਲਤਾ ਲਈ ਵਧਾਈ ਦਿੰਦਿਆਂ ਸਮੂਹ ਖਿਡਾਰੀਆਂ, ਸਹਿਯੋਗੀ, ਦਾਨੀ ਸੱਜਣਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।



# ਰਾਣਾ ਹਸਪਤਾਲ ਨੇ ਸ਼ਾਨਦਾਰ ਢੰਗ ਨਾਲ ਮਨਾਇਆ ਬਾਲ ਦਿਵਸ

**ਸਰਹੰਦ ਮੰਡੀ (ਪ੍ਰਮੋਦ ਭਾਰਦਵਾਜ)**- ਰਾਣਾ ਹਸਪਤਾਲ ਵੱਲੋਂ ਰਿਆਸਤ-ਏ-ਰਾਣਾ ਸਰਹਿੰਦ ਵਿੱਚ ਬਾਲ ਦਿਵਸ ਮੌਕੇ ਇੱਕ ਖਾਸ ਸਮਾਰੋਹ ਕੀਤਾ ਗਿਆ, ਜਿਸ ਵਿੱਚ ਪਿਛਲੇ ਇੱਕ ਸਾਲ ਦੌਰਾਨ ਰਾਣਾ ਹਸਪਤਾਲ 'ਚ ਜਨਮੇ ਬੱਚਿਆਂ ਦੇ ਮਾਤਾ-ਪਿਤਾ ਨੂੰ ਆਪਣੇ ਬੱਚਿਆਂ ਸਮੇਤ ਸੱਦਾ ਦਿੱਤਾ ਗਿਆ।ਸਮਾਰੋਹ ਵਿੱਚ ਬਹੁਤ ਹੀ ਉਤਸ਼ਾਹਪੂਰਨ ਹਾਜ਼ਰੀ ਦੇਖਣ ਨੂੰ ਮਿਲੀ ਤੇ ਸਭ ਨੇ ਇਸ ਦਿਨ ਨੂੰ ਖੁਸ਼ੀ ਨਾਲ ਮਨਾਇਆ। ਮਾਈ ਐੱਫ. ਐੱਮ. ਦੇ ਆਰ. ਜੇ. ਜੱਸੀ ਤੇ ਆਰ. ਜੇ. ਗੋਲਮਾਲ ਗਗਨ ਨੇ ਸਮਾਰੋਹ ਦੀ ਜੋਸ਼ ਭਰੀ ਮੋਡਰੇਸ਼ਨ ਕੀਤੀ ਤੇ ਬੱਚਿਆਂ ਨੂੰ ਮਜ਼ੇਦਾਰ ਗੇਮਾਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕੀਤਾ। ਬੱਚਿਆਂ ਨਾਲ ਨਾਲ ਮਾਤਾ-ਪਿਤਾ ਨੇ ਵੀ ਵੱਖ-ਵੱਖ ਗੇਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ, ਜਿਸ ਨਾਲ ਸਮਾਰੋਹ ਦਾ ਮਾਹੌਲ ਹੋਰ ਵੀ ਰੰਗੀਨ ਹੋ ਗਿਆ।ਇਸ ਮੌਕੇ ਰਾਣਾ ਮੁੰਸ਼ੀ ਰਾਮ ਸਰਵਹਿਤਕਾਰੀ ਵਿੱਦਿਆ ਮੰਦਰ ਦੇ ਬੱਚਿਆਂ ਨੇ ਵੱਖ-ਵੱਖ ਨਾਚ ਤੇ ਗੀਤਾਂ ਦੀਆਂ ਪੇਸ਼ਕਾਰੀਆਂ ਨਾਲ ਸਭ ਦਾ ਮਨ ਮੋਹ ਲਿਆ। ਵੱਖ-ਵੱਖ ਗੇਮਾਂ ਦੇ ਜੇਤੂਆਂ ਨੂੰ ਚਾਕਲੇਟ ਤੇ ਰਿਆਸਤ-ਏ-ਰਾਣਾ ਵੱਲੋਂ ਮੁਫ਼ਤ ਫੂਡ ਵਾਊਚਰਾਂ ਨਾਲ ਸਨਮਾਨਤ ਕੀਤਾ ਗਿਆ। ਰਾਣਾ ਹਸਪਤਾਲ ਸਰਹਿੰਦ ਦੀ ਐੱਮ. ਡੀ. ਡਾ. ਦੀਪਿਕਾ ਸੂਰੀ ਨੇ ਹਾਜ਼ਰੀ ਪਾਉਣ ਵਾਲੇ ਸਾਰੇ ਮਾਤਾ-ਪਿਤਾਵਾਂ ਦਾ ਹਾਰਦਿਕ ਧੰਨਵਾਦ ਕੀਤਾ।ਸਮਾਰੋਹ ਦੇ ਅੰਤ ਵਿੱਚ ਸਾਰੇ ਮਹਿਮਾਨਾਂ ਨੇ ਸੁਆਦਿਸ਼ਟ ਖਾਣੇ ਦਾ ਆਨੰਦ ਲਿਆ ਤੇ ਇਹ ਵਿਸ਼ੇਸ਼ ਦਿਨ ਸੁਹਣੀਆਂ ਯਾਦਾਂ ਨਾਲ ਸਮਾਪਤ ਹੋਇਆ।

# ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ

**ਦੋਰਾਹਾ (ਹਰਮਿੰਦਰ ਸੇਠ)** ਰਿਟਾਇਰਡ ਸੂਬੇਦਾਰ ਮੇਜਰ ਦਲੇਰ ਸਿੰਘ ਦੇ ਪੁੱਤਰ ਤੇ ਮਾਰਚੈਂਟ ਨੇਵੀ 'ਚ ਕਮਾਂਡਰ (ਕਪਤਾਨ) ਕਰਮਜੀਤ ਸਿੰਘ ਦੀ ਮੋਹਾਲੀ ਰਿਹਾਇਸ਼ ਵਿਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਦਾ ਆਯੋਜਨ ਕੀਤਾ ਗਿਆ।ਧਾਰਮਿਕ ਸਮਾਗਮ 'ਚ ਭਾਈ ਇੰਦਰਪਾਲ ਸਿੰਘ ਤੇ ਉਨ੍ਹਾਂ ਦੇ ਚੰਡੀਗੜ੍ਹ ਤੋਂ ਆਏ ਰਾਗੀ ਜਥੇ ਨੇ ਕਥਾ ਕੀਰਤਨ ਕਰਕੇ ਸੰਗਤ ਨੂੰ ਆਤਮਿਕ ਤੌਰ 'ਤੇ ਪ੍ਰਸੰਨ ਕੀਤਾ।ਭਾਈ ਇੰਦਰਪਾਲ ਸਿੰਘ ਨੇ ਸੰਦੇਸ਼ ਦਿੱਤਾ ਕਿ ਸਾਨੂੰ ਆਪਣੇ ਗੁਰੂਆਂ ਦੇ ਮਾਰਗ 'ਤੇ ਚੱਲਦੇ ਹੋਏ ਨਾਮ ਸਿਮਰਨ ਤੇ ਪ੍ਰਭੂ ਭਗਤੀ ਲਈ ਰੋਜ਼ਾਨਾ ਸਮਾਂ ਨਿਕਾਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਰੇ ਧਰਮ ਮਨੁੱਖਤਾ ਦੀ ਭਲਾਈ ਦਾ ਪਾਠ ਸਿਖਾਉਂਦੇ ਹਨ ਤੇ ਇਸ ਲਈ ਸਮਾਜ ਸੇਵਾ ਤੇ ਧਾਰਮਿਕ ਕੰਮਾਂ ਵਿੱਚ ਭਾਗ ਲੈਣਾ ਸਾਡਾ ਧਰਮ ਹੈ।ਫੌਜ ਤੇ ਮਾਰਚੈਂਟ ਨੇਵੀ ਦੇ ਅਫਸਰਾਂ ਦੇ ਨਾਲ-ਨਾਲ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਉੱਚ ਅਧਿਕਾਰੀਆਂ ਨੇ ਵੀ ਭਾਗ ਲਿਆ।ਸੂਬੇਦਾਰ ਮੇਜਰ ਦਲੇਰ ਸਿੰਘ, ਕਪਤਾਨ ਕਰਮਜੀਤ ਸਿੰਘ ਉਨ੍ਹਾਂ ਦੀ ਭੈਣ ਪਰਮਿੰਦਰ ਕੌਰ (ਏਜੀਐਮ ਫੂਡ ਕਾਰਪੋਰੇਸ਼ਨ ਆਫ਼ ਇੰਡੀਆ) ਨੇ ਸਮਾਗਮ 'ਚ ਸ਼ਾਮਲ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।



# ਰਾਸ਼ਟਰੀ ਏਕੀਕਰਨ ਦਿਵਸ ਮਨਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)** ਰੀਜਨਲ ਡਾਇਰੈਕਟਰ ਐਨਐਸਐਸ ਚੰਡੀਗੜ੍ਹ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ.ਕੇ. ਰਾਏ ਦੀ ਸਰਪ੍ਰਸਤੀ ਹੇਠ ਮਾਡਰਨ ਗਰੁੱਪ ਆਫ ਇੰਸਟੀਚਿਊਟ ਬੀਰ ਕਲਾਂ ਦੇ ਐਨ.ਐਸ.ਐਸ ਵਿਭਾਗ ਵੱਲੋਂ ਰਾਸ਼ਟਰੀ ਏਕੀਕਰਣ ਦਿਵਸ ਮਨਾਇਆ ਗਿਆ। ਜਾਗਰੂਕਤਾ ਰੈਲੀ 'ਏਕਤਾ ਵਿੱਚ ਤਾਕਤ' ਵੀ ਕੱਢੀ ਗਈ। ਵਿਦਿਆਰਥੀਆਂ ਨੇ ਇਸ ਦਿਨ ਦੀ ਮਹੱਤਤਾ ਤੇ ਆਪਣੇ ਵਿਚਾਰ ਪੇਸ਼ ਕੀਤੇ।ਵਿਦਿਆਰਥੀਆਂ ਨੇ ਰਾਸ਼ਟਰੀ ਏਕੀਕਰਣ ਪ੍ਰਤੀ ਆਪਣੀ ਨਿਸ਼ਠਾ ਪ੍ਰਗਟਾਉਂਦੇ ਹੋਏ ਰਾਸ਼ਟਰੀ ਏਕਤਾ ਨੂੰ ਬਣਾਈ ਰੱਖਣ ਦੀ ਸਹੁੰ ਵੀ ਚੁੱਕੀ। ਇਸ ਪ੍ਰੋਗਰਾਮ ਵਿੱਚ ਸਾਰੇ ਵਲੰਟੀਅਰਜ਼ ਨੇ ਵਧ-ਚੜ੍ਹ ਕੇ ਭਾਗ ਲਿਆ।ਐਨ ਐਨ ਐਸ ਪ੍ਰੋਗਰਾਮ ਅਫਸਰ ਪ੍ਰੋ. ਗੁਰਸੇਵਕ ਸਿੰਘ ਨੇ ਆਏ ਹੋਏ ਸਾਰੇ ਮਹਿਮਾਨਾਂ ਅਤੇ ਬੁਲਾਰਿਆਂ ਦਾ ਧੰਨਵਾਦ ਕੀਤਾ।




# ਵਿਧਾਇਕ ਰਾਏ ਨੇ ਪੰਚਾਇਤ ਸਕੱਤਰਾਂ ਨਾਲ ਕੀਤੀ ਮੀਟਿੰਗ

## ● ਅਧੂਰੇ ਪਏ ਕਾਰਜਾਂ ਨੂੰ ਜਲਦ ਕੀਤਾ ਜਾਵੇਗਾ ਪੂਰਾ : ਰਾਏ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਬਲਾਕ ਖੇੜਾ ਦੇ ਪੰਚਾਇਤ ਸਕੱਤਰਾਂ ਦੇ ਨਾਲ ਮੀਟਿੰਗ ਕੀਤੀ ਗਈ।ਉਨ੍ਹਾਂ ਪਿੰਡਾਂ ਵਿੱਚ ਚੱਲ ਰਹੇ ਕਾਰਜਾਂ 'ਚ ਤੇਜ਼ੀ ਲਿਆਉਣ ਤੇ ਅਧੂਰੇ ਕਾਰਜਾਂ ਨੂੰ ਜਲਦ ਪੂਰਾ ਕਰਨ ਲਈ ਪੰਚਾਇਤ ਸਕੱਤਰਾਂ ਨੂੰ ਹਦਾਇਤਾਂ ਜਾਰੀ ਕੀਤੀਆਂ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਖਜ਼ਾਨੇ ਦਾ ਮੂੰਹ ਜਨਤਾ ਵੱਲ ਖੋਲ੍ਹਿਆ ਹੋਇਆ ਹੈ, ਜਿਸ ਦੇ ਤਹਿਤ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਕਾਸ ਕਾਰਜ ਜ਼ੋਰਾਂ 'ਤੇ ਚੱਲ ਰਹੇ ਹਨ।ਇੱਥੇ ਹੀ ਬੱਸ ਨਹੀਂ ਪਿੰਡਾਂ ਦੀਆਂ ਸੜਕਾਂ ਦਾ ਵੀ ਨਵੀਨੀਕਰਨ ਹੋ ਰਿਹਾ ਹੈ।ਗ੍ਰਾਮ ਪੰਚਾਇਤਾਂ ਤੇ ਪੰਚਾਇਤ ਸਕੱਤਰਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਸ਼ਹੀਦੀ ਜੋੜ ਮੇਲ ਨਜ਼ਦੀਕ ਆ ਗਿਆ ਹੈ, ਉਸ ਨੂੰ ਧਿਆਨ ਵਿੱਚ ਰੱਖਦਿਆਂ ਪਿੰਡਾਂ ਦੇ ਆਲੇ ਦੁਆਲੇ ਨੂੰ ਸਾਫ ਕੀਤਾ ਜਾਵੇ ਤਾਂ ਜੋ ਦੂਰ ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਔਖਿਆਈ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਜਗਜੀਤ ਸਿੰਘ ਚੋਲਟੀ ਖੇੜੀ ਹਿੰਦੂਪੁਰ ਦੇ ਸਰਪੰਚ ਗੁਰਨੈਬ ਸਿੰਘ, ਜਸਵਿੰਦਰ ਸਿੰਘ, ਸੁਖਜੀਤ ਸਿੰਘ, ਸੁਖਬੀਰ ਸਿੰਘ, ਬਹਾਦਰ ਸਿੰਘ (ਸਾਰੇ ਪੰਚਾਇਤ ਸਕੱਤਰ), ਸਤੀਸ਼ ਲੁਟੌਰ, ਮਾਨਵ ਟਿਵਾਣਾ ਆਦਿ ਹਾਜ਼ਰ ਸਨ।



# ਜ਼ਿਮਨੀ ਚੋਣ ਦੇ ਵਧੀਆ ਪ੍ਰਭਾਵ ਸਦਕਾ ਅਕਾਲੀ ਆਗੂਆਂ, ਵਰਕਰਾਂ ਦੇ ਹੌਸਲੇ ਬੁਲੰਦ ਹੋਏ : ਜਥੇਦਾਰ ਹਮੀਦੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਤਰਨਤਾਰਨ ਜ਼ਿਮਨੀ ਚੋਣ ਦੌਰਾਨ ਸ਼੍ਰੋਮਣੀ ਦਲ ਵਲੋਂ ਮਜ਼ਬੂਤ ਧਿਰ ਵਜੋਂ ਸਾਹਮਣੇ ਆਉਣ ਨਾਲ ਅਕਾਲੀ ਵਰਕਰਾਂ, ਆਗੂਆਂ ਦੇ ਹੌਸਲੇ ਬੁਲੰਦ ਹੋਏ ਹਨ।ਇਹ ਸ਼ਾਨਦਾਰ ਨਤੀਜੇ ਤੋਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਰਾਜ ਅੰਦਰ ਸਰਕਾਰ ਬਨਾਉਣ ਦੇ ਸ਼ਪੱਸ਼ਟ ਸੰਕੇਤ ਮਿਲੇ ਹਨ।ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਤ ਪਿੰਡਾਂ 'ਚ ਜਾ ਕੇ ਲੋਕਾਂ ਨਾਲ ਧਿਰ ਬਣ ਕੇ ਉਨ੍ਹਾਂ ਦੇ ਦੁੱਖ ਦਰਦ ਨੂੰ ਸਮਝਣ ਵਾਲੇ ਸ਼੍ਰੋਮਣੀ ਅਕਾਲੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੂਹ ਆਗੂਆਂ, ਵਰਕਰਾਂ ਵੱਲੋਂ ਕੀਤੀ ਦਿਨ-ਰਾਤ ਦੀ ਮਿਹਨਤ ਰੰਗ ਲਿਆਈ ਹੈ। ਜਥੇ: ਨਾਥ ਸਿੰਘ ਹਮੀਦੀ ਨੇ ਕਿਹਾ ਕਿ ਤਰਨ ਤਾਰਨ ਏਰੀਆ ਨਾਲ ਸੰਬੰਧਤ ਅਕਾਲੀ ਆਗੂਆਂ, ਵਰਕਰਾਂ ਉਪਰ ਝੂਠੇ ਕੇਸ ਦਰਜ ਕਰਕੇ ਉਨ੍ਹਾਂ ਦੇ ਬੁਲੰਦ ਹੌਸਲੇ ਨੂੰ ਝੁਕਾਉਣ ਦਾ ਭਰਮ ਪਾਲਿਆ ਜਾ ਰਿਹਾ ਹੈ, ਜੋ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਇੰਚਾਰਜ ਹਮੀਦੀ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਲਾਈ ਗਈ ਡਿਊਟੀ ਅਨੁਸਾਰ ਹਲਕਾ ਮਹਿਲ ਕਲਾਂ ਨਾਲ ਸਬੰਧਤ ਸਾਰੇ ਪਿੰਡਾਂ ਦੇ ਅਕਾਲੀ ਆਗੂਆਂ, ਵਰਕਰਾਂ ਦੇ ਉੱਦਮ ਸਦਕਾ 350 ਕੁਇੰਟਲ ਕਣਕ ਦੇ ਬੀਜ ਨੂੰ ਹੜ੍ਹ ਪ੍ਰਭਾਵਤ ਇਲਾਕਿਆਂ ਅੰਦਰ ਜਾ ਕੇ ਵੰਡਿਆ ਗਿਆ ਹੈ।ਬਿਪਤਾ ਮਾਰੇ ਲੋਕਾਂ ਦੀ ਮਦਦ ਲਈ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਮੁੱਚਾ ਅਕਾਲੀ ਦਲ ਪਰਿਵਾਰ ਇਕਜੁਟ ਹੋ ਕੇ ਨਾਲ ਖੜਾ ਹੈ।ਜਥੇਦਾਰ ਹਮੀਦੀ ਨੇ ਸਮੂਹ ਲੋਕਾਂ ਨੂੰ ਸ਼੍ਰੋਮਣੀ ਦਲ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ ਹੈ।



# ਐੱਮ ਐੱਲ ਡੀ ਸਕੂਲ ਦੇ ਖਿਡਾਰੀਆਂ ਨੇ ਮੱਲਾਂ ਮਾਰੀਆਂ

**ਜਗਰਾਉਂ (ਅਮਿਤ ਖੰਨਾ)**- ਸੀ.ਬੀ.ਐੱਸ.ਈ. ਵੱਲੋਂ ਸਹੋਦਿਆ ਅਤੇ ਸਿੱਖਿਆ ਵਿਭਾਗ ਦੀਆਂ ਖੇਡਾਂ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਐੱਮ. ਐੱਲ. ਡੀ. ਸਕੂਲ, ਤਲਵੰਡੀ ਕਲਾਂ ਦੇ ਖਿਡਾਰੀਆਂ ਨੇ ਅਹਿਮ ਮੱਲਾਂ ਮਾਰੀਆਂ । ਰਾਜਕਰਨ ਸਿੰਘ ਨੇ 69ਵੀਆਂ ਪੰਜਾਬ ਸਟੇਟ ਲੈਵਲ ਬਾਸਕਿਟ ਬਾਲ ਟੂਰਨਾਮੈਂਟ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਲੁਧਿਆਣਾ ਸਹੋਦਿਆ ਦੀਆਂ ਖੇਡਾਂ ਵਿੱਚ ਵਾਲੀਵਾਲ ਅੰਡਰ-14 ਵਿੱਚ ਪਹਿਲਾ ਸਥਾਨ, ਵਾਲੀਬਾਲ ਅੰਡਰ-17 ਅਤੇ ਬਾਸਕਿਟ ਬਾਲ ਅੰਡਰ-19 ਵਿੱਚ ਦੂਸਰਾ ਸਥਾਨ, ਵਾਲੀਬਾਲ ਅੰਡਰ-19 ਅਤੇ ਫੁੱਟਬਾਲ ਅੰਡਰ-17 ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਗੁਰੂ ਤੇਗ ਬਹਾਦਰ ਇੰਸਟੀਟਿਊਟ ਦਾਖਾ ਵਿਖੇ ਕਰਵਾਏ ਵੱਖ-ਵੱਖ ਮੁਕਾਬਲਿਆਂ ਵਿੱਚ ਕ੍ਰਿਕਟ ਅੰਡਰ-17 ਅਤੇ ਅੰਡਰ-19 ਪਹਿਲਾ ਸਥਾਨ, ਫੁੱਟਬਾਲ ਅੰਡਰ-17 ਅਤੇ ਬਾਸਕਿਟ ਬਾਲ ਅੰਡਰ-19 ਵਿੱਚ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਪੇਂਟਿੰਗ ਮੁਕਾਬਲੇ ਵਿੱਚ ਨੌਵੀਂ ਕਲਾਸ ਦੀ ਵਿਦਿਆਰਥਣ ਗੁਰਲੀਨ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।ਸਾਰੇ ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਪ੍ਰਿੰਸੀਪਲ ਬਲਦੇਵ ਬਾਵਾ ਨੇ ਕਿਹਾ ਕਿ ਖੇਡਾਂ ਖਿਡਾਰੀ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਕਰਦੀਆਂ ਹਨ ਅਤੇ ਤੰਦਰੁਸਤੀ ਪ੍ਰਦਾਨ ਕਰਦੀਆਂ ਹਨ। ਇਸ ਮੌਕੇ ਮੈਡਮ ਜਸਮਿੰਦਰ ਕੌਰ, ਮੈਡਮ ਦਲਵੀਰ ਕੌਰ, ਮੈਡਮ ਸੁਖਦੀਪ ਕੌਰ, ਮੈਡਮ ਅੰਮ੍ਰਿਤਪਾਲ ਕੌਰ, ਸ. ਗੁਰਿੰਦਰਪਾਲ ਸਿੰਘ, ਸ. ਗੁਰਚਰਨ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸੀ।



# ਬੱਚਿਆਂ ਨੇ ਪਬਲਿਕ ਲਾਇਬ੍ਰੇਰੀ ਦਾ ਕੀਤਾ ਦੌਰਾ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)** ਸਰਕਾਰੀ ਐਲੀਮੈਂਟਰੀ ਸਕੂਲ (ਲੱਛਮੀ ਬਾਗ) ਦੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਕੂਲ ਮੁਖੀ ਸ਼੍ਰੀਮਤੀ ਮੰਜੂ ਬਾਲਾ ਦੀ ਅਗਵਾਈ ਅਤੇ ਕੰਪਿਊਟਰ ਫੈਕਲਟੀ ਅਧਿਆਪਕ ਮਹਿੰਦਰ ਕੁਮਾਰ, ਮੈਡਮ ਵਰਿੰਦਰ ਕੌਰ ਤੇ ਮੈਡਮ ਮੋਨਿਕਾ ਰਾਣੀ ਦੀ ਦੇਖ-ਰੇਖ ਹੇਠ ਪਬਲਿਕ ਲਾਇਬ੍ਰੇਰੀ ਦਾ ਦੌਰਾ ਕੀਤਾ। ਦੌਰੇ ਦੌਰਾਨ ਬੱਚਿਆਂ ਨੇ ਵੱਖ-ਵੱਖ ਵਿਸ਼ੇ ਦੀਆਂ ਕਿਤਾਬਾਂ ਵੇਖੀਆਂ ਤੇ ਸ਼ਾਂਤਮਈ ਵਾਤਾਵਰਣ ਦੀ ਸ਼ਲਾਘਾ ਕੀਤੀ।ਵਾਈ ਫਾਈ, ਸੂਰਜੀ ਊਰਜਾ, ਡਿਜ਼ੀਟਲ ਐਨਾਲਾਗ ਅਤੇ ਹੋਰ ਉਚ ਪੱਧਰੀ ਸਹੂਲਤਾਂ ਨਾਲ ਲੈਸ ਇਹ ਜਨਤਕ ਲਾਇਬ੍ਰੇਰੀ ਬੱਚਿਆਂ ਨੂੰ ਆਪਣੀ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੀ ਸਾਜ਼ਗਾਰ ਮਾਹੌਲ ਪ੍ਰਦਾਨ ਕਰ ਰਹੀ ਹੈ।ਦੌਰੇ ਦੌਰਾਨ ਲਾਇਬ੍ਰੇਰੀ ਦੇ ਸ਼ਾਂਤ ਅਤੇ ਸੁੰਦਰ ਵਾਤਾਵਰਨ ਨੂੰ ਵੇਖ ਕੇ ਵਿਦਿਆਰਥੀ ਬੜੇ ਪ੍ਰਭਾਵਤ ਹੋਏ ਤੇ ਸਰਕਾਰ ਦੇ ਇਸ ਕਦਮ ਦੀ ਸ਼ਲਾਘਾ ਕੀਤੀ । ਲਾਇਬਰੇਰੀ ਇੰਚਾਰਜ ਸ਼੍ਰੀਮਤੀ ਕਵਿਤਾ ਰਾਣੀ ਨੇ ਵੀ ਸਹਿਯੋਗ ਦਿੱਤਾ ਤੇ ਬੱਚਿਆਂ ਨੂੰ ਰੋਜ਼ਾਨਾ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕੀਤਾ।ਮਹਿੰਦਰ ਕੁਮਾਰ ਕੰਪਿਊਟਰ ਫੈਕਲਟੀ ਨੇ ਕਿਹਾ ਕਿ ਅਤਿ ਆਧੁਨਿਕ ਸਹੂਲਤਾਂ ਨਾਲ ਲੈੱਸ ਇਹ ਲਾਇਬ੍ਰੇਰੀ ਵਿਦਿਆਰਥੀਆਂ ਲਈ ਵਰਦਾਨ ਤੋਂ ਘੱਟ ਨਹੀ ।



# ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਅਤੇ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਤਲਾਸ਼ੀ ਦੌਰਾਨ 6 ਮੋਬਾਇਲ ਫੋਨ, 17 ਪੁੜੀਆਂ ਨਸ਼ੀਲਾ ਜਾਪਦਾ ਪਦਾਰਥ ਅਤੇ 4 ਬਿੱਟਾ ਤੰਬਾਕੂ ਜਾਪਦਾ ਪਦਾਰਥ ਅਤੇ 8 ਕੁਲ ਲਿਪਾ ਬਰਾਮਦ ਕੀਤੇ ਹਨ। ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਨੇ 8 ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਜਿਨ੍ਹਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ, ਉਨ੍ਹਾਂ ਵਿੱਚ ਹਾਵਲਾਤੀ ਕਰਨਦੀਪ ਸਿੰਘ ਪੁੱਤਰ ਸੁਖਵੰਤ ਸਿੰਘ ਵਾਸੀ ਪਿੰਡ ਜਲਾਲ ਉਸਮਾ ਥਾਣਾ ਮਹਿਤਾ ਜ਼ਿਲ੍ਹਾ ਅੰਮ੍ਰਿਤਸਰ , ਪਲਵਿੰਦਰ ਸਿੰਘ ਉਰਫ ਪਿੰਦੀ ਪੁੱਤਰ ਮੁਖਤਿਆਰ ਸਿੰਘ ਵਾਸੀ ਕਾਲੇ ਕੇ ਹਿਠਾੜ ਜ਼ਿਲ੍ਹਾ ਫਿਰੋਜ਼ਪੁਰ , ਸੋਨੂੰ ਉਰਫ ਤੇਰੇ ਪੁੱਤਰ ਮਲੂਕਾ ਵਾਸੀ ਵਾਲਮੀਕ ਮੰਦਿਰ ਵਾਲੀ ਗਲੀ ਬਸਤੀ ਭਾਗ ਸਿੰਘ ਵਾਲੀ ਫਿਰੋਜ਼ਪੁਰ , ਮਨਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਨੰਗਲ ਬੁੱਟਰ ਥਾਣਾ ਸ਼ੇਖਵਾ ਜ਼ਿਲ੍ਹਾ ਗੁਰਦਾਸਪੁਰ ,ਰਾਜਵੀਰ ਸਿੰਘ ਉਰਫ ਰਾਜੂ ਪੁੱਤਰ ਭਜਨ ਸਿੰਘ ਪਿੰਡ ਚਪਾਤੀ ਥਾਣਾ ਲੱਖੋਕੇ ਬਹਿਰਾਮ, ਜ਼ਿਲ੍ਹਾ ਫਿਰੋਜ਼ਪੁਰ , ਮੁਹੰਮਦ ਨਾਸਿਰ ਪੁੱਤਰ ਮੋਹਨ ਜਾਕੀਰ ਵਾਸੀ ਗ੍ਰਾਮ ਗਲੀ ਟੋਲੀ ਥਾਣਾ ਅਨੋਰ , ਜਪਾਨ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਰੁਕਨਾ ਬੇਗੂ ਜ਼ਿਲ੍ਹਾ ਫਿਰੋਜ਼ਪੁਰ , ਸਾਗਰ ਪੁੱਤਰ ਪ੍ਰੇਮ ਵਾਸੀ ਕਿਲਚੇ ਜ਼ਿਲ੍ਹਾ ਫਿਰੋਜ਼ਪੁਰ , ਗੁਰਵੰਤ ਸਿੰਘ ਪੁੱਤਰ ਜਸਵੰਤ ਸਿਘ ਵਾਸੀ ਮਸਤੇਵਾਲਾ ਥਾਣਾ ਮਖੂ ਜ਼ਿਲ੍ਹਾ ਫਿਰੋਜ਼ਪੁਰ ਸ਼ਾਮਿਲ ਹਨ।

# ਮਾਤਾ ਗੁਜਰੀ ਕਾਲਜ ਵਿਖੇ ਗੂਗਲ ਅਰਥ ਵਰਕਸ਼ਾਪ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਤਾ ਗੁਜਰੀ ਕਾਲਜ ਦੇ ਜੌਗਰਫ਼ੀ ਵਿਭਾਗ ਵੱਲੋਂ ਗੂਗਲ ਅਰਥ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕਾਲਜ ਦੇ ਵੱਖ-ਵੱਖ



ਵਿਭਾਗਾਂ ਦੇ ਕੁੱਲ 30 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਧਰਤੀ ਸੰਬੰਧੀ ਡਿਜੀਟਲ ਸਾਖਰਤਾ ਤੇ ਸਥਾਨਕ ਅਧਿਐਨ ਸਮਰੱਥਾ ਨੂੰ ਮਜ਼ਬੂਤ ਕਰਨਾ ਸੀ।ਇਸ ਸੈਸ਼ਨ ਦੌਰਾਨ ਵਿਦਿਆਰਥੀਆਂ ਨੂੰ ਗੂਗਲ ਅਰਥ ਦੀਆਂ ਉੱਨਤ ਵਿਸ਼ੇਸ਼ਤਾਵਾਂ ਤੇ ਐਪਲੀਕੇਸ਼ਨਾਂ ਨਾਲ ਜਾਣੂ ਕਰਵਾਇਆ ਗਿਆ, ਜੋ ਵਿਆਪਕ ਤੌਰ 'ਤੇ ਵਰਤਿਆ ਜਾਣ ਵਾਲਾ ਭੂ-ਸਥਾਨਕ ਪਲੇਟਫਾਰਮ ਹੈ, ਜੋ ਸੈਟੇਲਾਈਟ ਚਿੱਤਰਾਂ ਤੇ ਜੀ.ਆਈ.ਐੱਸ. ਡਾਟਾ ਦੀ ਵਰਤੋਂ ਕਰਦਿਆਂ ਧਰਤੀ ਦੀ ਥ੍ਰੀ-ਡੀ ਵਰਚੁਅਲ ਪ੍ਰਤੀਨਿਧਤਾ ਪ੍ਰਦਾਨ ਕਰਦਾ ਹੈ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆ ਭਰਪੂਰ ਸਮਾਗਮ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਤ ਕਰਨ ਤੇ ਆਧੁਨਿਕ ਤਕਨੀਕੀ ਹੁਨਰ ਪ੍ਰਦਾਨ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਕਾਲਜ ਦੇ ਜੌਗਰਫੀ ਵਿਭਾਗ ਦੇ ਮੁਖੀ ਡਾ. ਅਨੁਪ੍ਰੀਤ ਸਿੰਘ ਟਿਵਾਣਾ ਨੇ ਭੂਗੋਲ, ਸ਼ਹਿਰੀ ਯੋਜਨਾ ਤੇ ਵਾਤਾਵਰਣ ਅਧਿਐਨਾਂ ਨਾਲ ਜੁੜੇ ਖੇਤਰਾਂ ਵਿੱਚ ਗੂਗਲ ਅਰਥ ਦੀ ਅਕਾਦਮਿਕ ਮਹੱਤਾ 'ਤੇ ਰੌਸ਼ਨੀ ਪਾਈ।ਪ੍ਰੋ. ਲਵਪ੍ਰੀਤ ਸਿੰਘ ਨੇ ਕਿਹਾ ਕਿ ਇਹ ਤਕਨੀਕੀ ਉਪਕਰਨਾਂ ਦਾ ਗਿਆਨ ਵਿਦਿਆਰਥੀਆਂ ਦੇ ਰੋਜ਼ਾਨਾ ਤੇ ਅਕਾਦਮਿਕ ਜੀਵਨ ਵਿੱਚ ਕਾਫ਼ੀ ਲਾਭਕਾਰੀ ਸਾਬਿਤ ਹੋ ਸਕਦਾ ਹੈ।

# ਸੜਕ ਦੀ ਮੁਰੰਮਤ ਨਾ ਹੋਣ ਕਾਰਨ ਨਿੱਤ ਵਾਪਰਦੇ ਨੇ ਹਾਦਸੇ : ਗਗਨ ਸਰਾਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਲੁਧਿਆਣਾ-ਬਠਿੰਡਾ ਮੁੱਖ ਮਾਰਗ ਕਸਬਾ ਮਹਿਲ ਕਲਾਂ ਦੀ ਹਾਲਤ ਬੇਹੱਦ ਤਰਸਯੋਗ ਹੋਣ ਕਰਕੇ ਆਏ ਦਿਨ ਹਾਦਸੇ ਵਾਪਰਦੇ ਰਹਿੰਦੇ ਹਨ।ਅਨੇਕਾਂ ਕੀਮਤੀ ਜ਼ਿੰਦਾਂ



ਇਸ ਸੜਕ ਦੀ ਭੇਟ ਚੜ੍ਹ ਗਈਆਂ, ਪਤਾ ਨਹੀਂ ਸਬੰਧਤ ਮਹਿਕਮੇ ਦੇ ਅਧਿਕਾਰੀ ਅਜੇ ਕਿਸੇ ਵੱਡੇ ਹਾਦਸੇ ਦੀ ਉਡੀਕ 'ਚ ਹਨ।ਇਸ ਸਬੰਧੀ ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗਗਨਦੀਪ ਸਿੰਘ ਸਰਾਂ ਨੇ ਕਿਹਾ ਕਿ ਟੋਲ ਕੰਪਨੀ ਦੇ ਮਹਿਲ ਕਲਾਂ ਟੋਲ ਪਲਾਜ਼ਾ ਬੰਦ ਕਰਨ ਤੋਂ ਬਾਅਦ ਇਹ ਸੜਕ ਦੀ ਕਦੇ ਮੁਰੰਮਤ ਨਹੀਂ ਕੀਤੀ ਗਈ।ਥਾਂ ਥਾਂ ਡੂੰਘੇ ਖੱਡੇ ਪੈਣ ਕਾਰਨ ਹਰ ਰੋਜ਼ ਹਾਦਸੇ ਹੁੰਦੇ ਆ ਰਹੇ ਹਨ। ਇਸ ਦੌਰਾਨ ਅਨੇਕਾਂ ਵਾਹਨ ਹਾਦਸਾਗ੍ਰਸਤ ਹੋ ਕੇ ਇਸ ਦੀ ਭੇਟ ਚੜ੍ਹ ਚੁੱਕੇ ਹਨ।ਉਨ੍ਹਾ ਕਿਹਾ ਕਿ ਸੜਕ ਦੀ ਮਾੜੀ ਹਾਲਤ ਸਬੰਧੀ ਵਾਰ ਵਾਰ ਸਬੰਧਤ ਵਿਭਾਗ ਨੂੰ ਜਾਣੂ ਕਰਵਾਇਆ ਗਿਆ ਹੈ, ਪਰ ਲੋਕਾਂ ਦੀ ਇਸ ਗੰਭੀਰ ਸਮੱਸਿਆ ਨੂੰ ਅੱਜ ਤੱਕ ਵੀ ਅਣਸੁਣਿਆ ਕੀਤਾ ਗਿਆ ਹੈ।ਪ੍ਰਧਾਨ ਗਗਨ ਸਰਾਂ, ਚੇਅਰਮੈਨ ਪ੍ਰੇਮ ਕੁਮਾਰ ਪਾਸੀ, ਸਕੱਤਰ ਹਰਦੀਪ ਸਿੰਘ ਬੀਹਲਾ, ਮਨਦੀਪ ਕੌਸਲ, ਜਗਤਾਰ ਸਿੰਘ ਗਿੱਲ, ਬਲਜੀਤ ਸਿੰਘ ਗੰਗੋਹਰ, ਜਥੇਦਾਰ ਸੁਖਵਿੰਦਰ ਸਿੰਘ ਸੁਖਾ, ਬਰਜਿੰਦਰ ਸਿੰਘ ਬਿੱਟੂ ਆਦਿ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਸੜਕਾਂ ਦੀ ਮੁਰੰਮਤ ਤੇ ਨਵੀਆਂ ਦੇ ਨਿਰਮਾਣ ਸਬੰਧੀ ਵੱਡੇ ਵੱਡੇ ਬਿਆਨ ਜਾਰੀ ਕੀਤੇ ਜਾ ਰਹੇ, ਪਰ ਅਸਲੀਅਤ ਸੱਚਾਈ ਤੋਂ ਕੋਹਾਂ ਦੂਰ ਹੈ।ਆਗੂਆਂ ਨੇ ਸਪੱਸ਼ਟ ਕਿਹਾ ਕਿ ਜੇਕਰ ਮੁੱਖ ਮਾਰਗ ਦੀ ਇਸ ਸੜਕ ਦੀ ਮੁਰੰਮਤ ਤੁਰੰਤ ਨਾ ਕਰਵਾਈ ਗਈ ਤਾਂ ਦੁਕਾਨਦਾਰ ਯੂਨੀਅਨ ਵੱਲੋਂ ਇਲਾਕੇ ਦੇ ਸਮੂਹ ਲੋਕਾਂ ਨੂੰ ਨਾਲ ਲੈ ਕੇ ਪੰਜਾਬ ਸਰਕਾਰ ਤੇ ਮਹਿਕਮੇ ਖਿਲਾਫ ਆਵਾਜਾਈ ਠੱਪ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਬੰਧਤ ਅਧਿਕਾਰੀਆਂ ਸਿਰ ਹੋਵੇਗੀ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ਼ੱਕੀ ਥਾਂਵਾਂ 'ਤੇ ਕੀਤੀ ਚੈਕਿੰਗ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)** ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਸ ਵੱਲੋਂ ਐਸ.ਐਸ.ਪੀ ਸ਼ੁਭਮ ਅਗਰਵਾਲ ਦੀ ਅਗਵਾਈ ਹੇਠ ਕਾਰਡਨ ਐਂਡ ਸਰਚ ਓਪਰੇਸ਼ਨ (ਕਾਸੋ) ਤਹਿਤ ਚੈਕਿੰਗ ਮੁਹਿੰਮ ਚਲਾਈ ਗਈ। ਮੰਡੀ ਗੋਬਿੰਦਗੜ੍ਹ ਦੀ ਢੇਹਾ ਬਸਤੀ ਵਿੱਚ ਇਸ ਚੈਕਿੰਗ ਅਭਿਆਨ ਦੀ ਖੁਦ ਅਗਵਾਈ ਕਰਦਿਆਂ ਐਸ.ਐਸ.ਪੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਪੁਲਿਸ ਵੱਲੋਂ ਸਮਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਨਸ਼ਾ ਤਸਕਰਾਂ ਵਿਰੁੱਧ ਪੂਰੀ ਸਖ਼ਤੀ ਵਰਤੀ ਜਾ ਰਹੀ ਹੈ। ਸ਼੍ਰੀ ਅਗਰਵਾਲ ਨੇ ਕਿਹਾ ਕਿ ਕਾਸੋ ਅਭਿਆਨ ਦਾ ਮੰਤਵ ਨਸ਼ਾ ਤਸਕਰਾਂ ਤੱਕ ਸਿੱਧਾ, ਸਖ਼ਤ ਤੇ ਸਪੱਸ਼ਟ ਸੁਨੇਹਾ ਪੁਚਾਉਣਾ ਹੈ ਕਿ ਜੇਕਰ ਹੁਣ ਵੀ ਨਸ਼ਿਆਂ ਦਾ ਇਹ ਕਾਲਾ ਕਾਰੋਬਾਰ ਬੰਦ ਨਾ ਕੀਤਾ ਗਿਆ ਤਾਂ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਐਸ.ਐਸ.ਪੀ ਨੇ ਕਿਹਾ ਕਿ ਜ਼ਿਲ੍ਹਾ ਪੁਲਸ ਨਸ਼ਾ ਤਸਕਰਾਂ ਨਾਲ ਫੈਸਲਾਕੁੰਨ ਜੰਗ ਲੜ ਰਹੀ ਹੈ, ਜਿਸ ਦੇ ਸਾਰਥਿਕ ਨਤੀਜੇ ਸਭ ਦੇ ਸਾਹਮਣੇ ਹਨ।



# ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਜੋੜ ਮੇਲਾ 12 ਤੋਂ

**ਲੌਂਗੋਵਾਲ (ਪ੍ਰਦੀਪ ਸੱਪਲ)**- ਗੁਰੁਦੁਆਰਾ ਯਾਦਗਾਰ ਸ਼ਹੀਦ ਭਾਈ ਮਨੀ ਸਿੰਘ ਵਿਖੇ ਪ੍ਰਧਾਨ ਮੇਲਾ ਸਿੰਘ ਸੂਬੇਦਾਰ ਦੀ ਰਹਿਨੁਮਾਈ ਹੇਠ ਮੀਟਿੰਗ ਹੋਈ, ਜਿਸ ਵਿੱਚ 12, 13 ਅਤੇ 14 ਦਸੰਬਰ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਜੋੜ ਮੇਲਾ ਮਨਾਉਣ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਜੋੜ ਮੇਲੇ ਸਬੰਧੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਡਿਊਟੀਆਂ ਵੀ ਲਗਾ ਦਿੱਤੀਆਂ ਹਨ।

# ਸ੍ਰੀ ਗੁਰੂ ਤੇਗ ਬਹਾਦਰ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**

ਸਥਾਨਕ ਪੰਚਾਇਤੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸ਼ਹਿਰ ਦੀਆਂ ਗੁਰੂ ਘਰ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜੋ ਗੁਰੂ ਘਰ ਤੋਂ ਸ਼ੁਰੂ ਹੋ ਕੇ ਮਾਲ ਗੁਦਾਮ ਰੋਡ, ਰੇਲਵੇ ਰੋਡ, ਸਦਰ ਬਜਾਰ, ਮੇਨ ਫਾਟਕ,



ਸ਼ੂਗਰ ਮਿੱਲ ਗੇਟ, ਗੁਰਦੁਆਰਾ ਸੁੱਖਾ ਸਿੰਘ, ਬੱਸ ਸਟੈਂਡ ਰੋਡ, ਗੁਰੂ ਤੇਗ ਬਹਾਦਰ ਨਗਰ, ਗੁਰਦੁਆਰਾ ਨਾਨਕਪੁਰਾ ਸਾਹਿਬ, ਭਲਵਾਨ ਵਾਲਾ ਅੱਡਾ ਤੋਂ ਹੁੰਦਾ ਹੋਇਆ ਵਾਪਸ ਗੁਰੂ ਘਰ ਵਿਖੇ ਸਮਾਪਤ ਹੋਇਆ। ਰਸਤੇ ਵਿੱਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਤੇ ਨਿੱਘਾ ਸਵਾਗਤ ਕੀਤਾ ਗਿਆ।ਨਗਰ ਕੀਰਤਨ ਵਿੱਚ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਐੱਸ.ਜੀ.ਪੀ.ਸੀ. ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ, ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ, ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ, ਕੌਂਸਲਰ ਰਾਜੀਵ ਚੌਧਰੀ, ਧੂਰੀ ਵਿਕਾਸ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਤੇ ਸੀਨੀਅਰ ਮੀਤ ਪ੍ਰਧਾਨ ਸੰਦੀਪ ਬਾਂਸਲ, ਸਮਾਜ ਸੇਵੀ ਸੁਰੇਸ਼ ਬਾਂਸਲ, ਗੁਰੂ ਰਾਮਦਾਸ ਸੇਵਾ ਸੋਸਾਇਟੀ ਦੇ ਪ੍ਰਧਾਨ ਭਾਈ ਰਵਿੰਦਰ ਸਿੰਘ ਕੋਹਲੀ, ਸੁਖਮਨੀ ਸੇਵਾ ਸੋਸਾਇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਸਿੰਧੀ ਆਦਿ ਨੇ ਵੀ ਸ਼ਮੂਲੀਅਤ ਕਰਦਿਆਂ ਆਸ਼ੀਰਵਾਦ ਪ੍ਰਾਪਤ ਕੀਤਾ।ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸੁਰਿੰਦਰਪਾਲ ਸਿੰਘ ਨੀਟਾ, ਪ੍ਰਧਾਨ ਪਰਮਿੰਦਰ ਸਿੰਘ ਮਿੰਟੂ ਨਾਗਪਾਲ, ਜਨਰਲ ਸਕੱਤਰ ਗੁਰਮੀਤ ਸਿੰਘ ਆਨੰਦ, ਗੁਰਕੰਵਲ ਸਿੰਘ ਕੋਹਲੀ, ਅਪਿੰਦਰ ਸਿੰਘ ਸੋਢੀ ਰਾਜਵੀਰ ਜਵੰਧਾ, ਤੇ ਕਾਕਾ ਧੰਮੀ ਨੇ ਸੰਗਤਾਂ ਦਾ ਧੰਨਵਾਦ ਕੀਤਾ।

# 2027 'ਚ ਫਿਰ ਬਣੇਗੀ 'ਆਪ' ਸਰਕਾਰ : ਭੱਠਲ

**ਦੋਰਾਹਾ ( ਹਰਮਿੰਦਰ ਸੇਠ)** - ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਦੀ ਵਿਕਾਸ ਪੱਖੀ ਸੋਚ ਕਰਕੇ ਪਾਰਟੀ ਨਾਲ ਦਿਲੋਂ ਖੜੇ ਹਨ ਅਤੇ 2027 ਵਿਚ ਪੰਜਾਬ ਵਿੱਚ ਦੂਜੀ ਵਾਰ ਆਪ ਸਰਕਾਰ ਬਣੇਗੀ। ਇਹ ਪ੍ਰਗਟਾਵਾ ਆਪ ਪਾਰਟੀ ਦੇ ਹਲਕਾ ਪਾਇਲ ਦੇ ਸੋਸ਼ਲ ਮੀਡੀਆ ਇੰਚਾਰਜ ਸ.ਮਨਦੀਪ ਸਿੰਘ ਭੱਠਲ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਲੋਕ ਸਰਕਾਰ ਦੁਆਰਾ ਦਿੱਤੀਆਂ ਹੂਲਤਾਂ ਤੋਂ ਬਹੁਤ ਫਾਇਦਾ ਉਠਾ ਰਹੇ ਹਨ। ਉਨ੍ਹਾਂ ਕਿਹਾ ਕਿ ਤਰਨਤਾਰਨ ਉਪ ਚੋਣ ਵਿਚ ਤਰਨਤਾਰਨ ਦੇ ਵੋਟਰਾਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਵੱਡੀ ਲੀਡ ਨਾਲ ਜਿਤਾ ਕੇ ਪੰਜਾਬ ਸਰਕਾਰ ਦੇ ਲੋਕ ਹਿੱਤ ਵਿਚ ਕੀਤੇ ਜਾ ਰਹੇ ਕੰਮਾਂ 'ਤੇ ਮੋਹਰ ਲਗਾਈ ਹੈ।



# ਟਰਾਈਡੈਂਟ ਗਰੁੱਪ ਦੇ ਮੈਗਾ ਮੈਡੀਕਲ ਕੈਂਪ ਦਾ ਚੌਥਾ ਪੜਾਅ ਸ਼ੁਰੂ

**ਬਰਨਾਲਾ (ਰਾਜਿੰਦਰ ਬਰਾੜ)**

ਟਰਾਈਡੈਂਟ ਗਰੁੱਪ ਵੱਲੋਂ 29 ਅਕਤੂਬਰ ਤੋਂ ਸ਼ੁਰੂ ਕੀਤਾ ਗਿਆ ਫਰੀ ਮੈਗਾ ਮੈਡੀਕਲ ਕੈਂਪ 2025 19 ਨਵੰਬਰ ਨੂੰ ਚੌਥੇ ਪੜ੍ਹਾਅ 'ਚ ਦਾਖ਼ਲ ਹੋ ਗਿਆ ਹੈ। ਚੌਥੇ ਪੜ੍ਹਾਅ ਦੇ ਪਹਿਲੇ ਦਿਨ ਹਜ਼ਾਰਾਂ ਦੀ ਗਿਣਤੀ 'ਚ ਮਰੀਜ਼ਾਂ ਸਣੇ ਵੱਡੀ ਗਿਣਤੀ 'ਚ ਸਕੂਲਾਂ ਦੇ ਵਿਦਿਆਰਥੀ ਵੀ ਚੈਕਅੱਪ ਲਈ ਪੁੱਜੇ। ਕੈਂਪ 'ਚ ਜਿੱਥੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਠੀਕਰੀਵਾਲਾ ਦੀਆਂ ਨੌਵੀਂ, ਗਿਆਰਵੀਂ ਤੇ ਬਾਰਵੀਂ ਜਮਾਤ ਦੀਆਂ ਵਿਦਿਆਰਥੀਆਂ ਨੇ ਆਪਣਾ ਚੈੱਕਅੱਪ ਕਰਵਾਇਆ, ਉੱਥੇ ਹੀ ਸਕੂਲ ਫ਼ਾਰ ਡੈੱਫ ਬਰਨਾਲਾ ਦੇ ਪੰਜਵੀਂ ਤੋਂ ਲੈ ਕੇ ਬਾਰਵੀਂ ਤੱਕ ਦੇ ਬੱਚੇ ਵੀ ਆਪਣੇ ਅਧਿਆਪਕਾਂ ਰੁਮਿੰਦਰ ਕੌਰ, ਕ੍ਰਿਸ਼ਨਾ ਤੇ ਸਿਮਰਨ ਨਾਲ ਕੈਂਪ 'ਚ ਪੁੱਜੇ। ਕੈਂਪ ਵਿੱਚ ਟਰਾਈਡੈਂਟ ਗਰੁੱਪ ਦੇ ਸਟਾਫ਼ ਮੈਂਬਰ ਕੈਂਪ ਇੰਚਾਰਜ਼ ਪਵਨ ਸਿੰਗਲਾ, ਚਰਨਜੀਤ ਸਿੰਘ, ਜਗਰਾਜ ਪੰਡੋਰੀ, ਗੁਰਵਿੰਦਰ ਕੌਰ ਨੇ ਰਜਿਸਟ੍ਰੇਸ਼ਨ ਤੋਂ ਲੈ ਕੇ ਡਾਕਟਰਾਂ ਤੋਂ ਚੈੱਕਅੱਪ ਕਰਵਾ ਦਵਾਈਆਂ ਦਵਾਉਣ ਤੱਕ ਮਰੀਜ਼ਾਂ ਦੀ ਹਰ ਸੰਭਵ ਸਹਾਇਤਾ ਕੀਤੀ ਤੇ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਖੱਜ਼ਲ ਖੁਆਰੀ ਪੇਸ਼ ਨਹੀਂ ਆਉਣ ਦਿੱਤੀ। ਇਸ ਤੋਂ ਇਲਾਵਾ ਕੌਂਸਲਰ ਧਰਮ ਸਿੰਘ ਫ਼ੌਜੀ, ਕੌਂਸਲਰ ਹਰਬਖ਼ਸ਼ੀਸ਼ ਸਿੰਘ ਗੋਨੀ, ਕੌਂਸਲਰ ਕੰਵਲਜੀਤ ਸਿੰਘ ਸ਼ੀਤਲ ਅਤੇ ਕੌਂਸਲਰ ਜਗਰਾਜ ਪੰਡੋਰੀ ਨੇ ਵੀ ਉੱਚੇਚੇ ਤੌਰ 'ਤੇ ਕੈਂਪ 'ਚ ਸ਼ਿਰਕਤ ਕੀਤੀ। ਬੁੱਧਵਾਰ ਨੂੰ ਵੱਡੀ ਗਿਣਤੀ 'ਚ ਪੁੱਜੇ ਮਰੀਜ਼ਾਂ ਨੇ ਜਿੱਥੇ ਸੀ.ਐੱਸ.ਪੀ. ਹਸਪਤਾਲ ਲੁਧਿਆਣਾ ਦੇ ਮਾਹਰ ਡਾਕਟਰਾਂ ਤੋਂ ਇਲਾਜ਼ ਕਰਵਾ ਮੁਫ਼ਤ 'ਚ ਦਵਾਈਆਂ ਹਾਸਲ ਕੀਤੀਆਂ, ਉੱਥੇ ਹੀ ਟਰਾਈਡੈਂਟ ਗਰੁੱਪ ਵੱਲੋਂ ਕੀਤੇ ਜਾ ਰਹੇ ਇਸ ਨੇਕ ਉਪਰਾਲੇ ਲਈ ਗਰੁੱਪ ਦੇ ਸੰਸਥਾਪਕ ਅਤੇ ਰਾਜ ਸਭਾ ਮੈਂਬਰ ਪਦਮਸ਼੍ਰੀ ਰਾਜਿੰਦਰ ਗੁਪਤਾ, ਸੀ.ਐੱਸ.ਆਰ. ਹੈੱਡ ਮੈਡਮ ਮਧੂ ਗੁਪਤਾ ਅਤੇ ਸੀ.ਐਕਸ.ਓ. ਸ਼੍ਰੀ ਅਭਿਸ਼ੇਕ ਗੁਪਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ।



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com * Web : www.nawanzamana.in**

20-NOV-PAGE-1.qxd 11/19/2025 10:29 PM Page 1

ਵੀਰਵਾਰ, 20 ਨਵੰਬਰ, 2025
5 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 170

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 20 NOVEMBER, 2025 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in




# ਬੀਬੀਆਂ ਤੁਰੰਤ ਵਸੀਅਤ ਬਣਾਉਣ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸਾਰੀਆਂ ਬੀਬੀਆਂ, ਖਾਸਕਰ ਹਿੰਦੂ ਬੀਬੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਸੰਪਤੀ ਦੀ ਵਸੀਅਤ ਜ਼ਰੂਰ ਬਣਾਉਣ, ਤਾਂ ਜੋ ਉਨ੍ਹਾਂ ਦੀ ਮੌਤ ਤੋਂ ਬਾਅਦ ਮਾਤਾ-ਪਿਤਾ ਤੇ ਸਹੁਰਿਆਂ ਵਿਚਾਲੇ ਸੰਪਤੀ ਨੂੰ ਲੈ ਕੇ ਵਿਵਾਦ ਨਾ ਹੋਵੇ। ਕੋਰਟ ਮੁਤਾਬਕ ਬੀਬੀ ਦੇ ਦੇਹਾਂਤ ਤੋਂ ਬਾਅਦ ਉਸ ਦੀ ਸੰਪਤੀ 'ਤੇ ਮਾਤਾ-ਪਿਤਾ ਤੇ ਪਤੀ ਵਾਲੀ ਧਿਰ ਵਿਚਾਲੇ ਵਿਵਾਦ ਖੜ੍ਹਾ ਹੋ ਜਾਂਦਾ ਹੈ, ਇਸ ਲਈ ਵਸੀਅਤ ਬਣਾਉਣਾ ਬੀਬੀਆਂ ਦੇ ਹਿੱਤ ਵਿੱਚ ਹੈ। ਜਸਟਿਸ ਬੀ ਵੀ ਨਾਗਰਤਨਾ ਅਤੇ ਜਸਟਿਸ ਆਰ ਮਹਾਦੇਵਨ ਦੀ ਬੈਂਚ ਨੇ ਕਿਹਾ, 'ਅਸੀਂ ਸਾਰੀਆਂ ਬੀਬੀਆਂ ਤੇ ਖਾਸਕਰ ਉਨ੍ਹਾਂ ਹਿੰਦੂ ਬੀਬੀਆਂ, ਜਿਨ੍ਹਾਂ 'ਤੇ ਸੈਕਸ਼ਨ 15 (1) ਲਾਗੂ ਹੋ ਸਕਦਾ ਹੈ, ਨੂੰ ਅਪੀਲ ਕਰਦੇ ਹਾਂ ਕਿ ਉਹ ਤੁਰੰਤ ਵਸੀਅਤ ਬਣਾਉਣ, ਤਾਂ ਕਿ ਉਨ੍ਹਾਂ ਵੱਲੋਂ ਆਪਣੀ ਕਮਾਈ ਨਾਲ ਹਾਸਲ ਸੰਪਤੀ ਦੀ ਵੰਡ ਉਨ੍ਹਾਂ ਦੀ ਇੱਛਾ ਮੁਤਾਬਕ ਹੋਵੇ ਅਤੇ ਭਵਿੱਖ ਵਿੱਚ ਵਿਵਾਦ ਨਾ ਹੋਵੇ।'

ਬੈਂਚ ਨੇ ਹਿੰਦੂ ਉੱਤਰਾਧਿਕਾਰ ਕਾਨੂੰਨ ਦੀ ਧਾਰਾ 15 (1) (ਬੀ) ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਕੋਈ ਫੈਸਲਾ ਦੇਣ ਤੋਂ ਇਨਕਾਰ ਕਰ ਦਿੱਤਾ ਤੇ ਉਸ ਦੀ ਵੈਧਤਾ ਨੂੰ ਖੁੱਲ੍ਹੇ ਸੁਆਲ ਦੇ ਰੂਪ ਵਿੱਚ ਛੱਡ ਦਿੱਤਾ। ਦਰਅਸਲ ਧਾਰਾ 15 (1) (ਬੀ) ਮੁਤਾਬਕ ਜੇ ਕੋਈ ਹਿੰਦੂ ਬੀਬੀ ਬਿਨਾਂ ਵਸੀਅਤ ਦੇ ਮਰ ਜਾਂਦੀ ਹੈ ਅਤੇ ਉਸ ਦਾ ਪਤੀ, ਪੁੱਤਰ ਤੇ ਧੀ ਨਹੀਂ ਹਨ ਤਾਂ ਉਸ ਦੀ ਸੰਪਤੀ ਪਤੀ ਦੇ ਵਾਰਸਾਂ ਨੂੰ ਮਿਲਦੀ ਹੈ। ਮਾਤਾ-ਪਿਤਾ ਨੂੰ ਸਿਰਫ ਉਦੋਂ ਹੱਕ ਮਿਲਦਾ ਹੈ, ਜਦ ਪਤੀ ਦਾ ਕੋਈ ਵਾਰਸ ਨਾ ਹੋਵੇ।

ਸੁਪਰੀਮ ਕੋਰਟ ਨੇ ਕਿਹਾ ਕਿ ਹਿੰਦੂ ਉੱਤਰਾਧਿਕਾਰੀ ਐਕਟ, 1956 ਬਣਾਉਣ ਸਮੇਂ ਸੰਸਦ ਨੇ ਸ਼ਾਇਦ ਇਹ ਮੰਨਿਆ ਹੋਵੇਗਾ ਕਿ ਬੀਬੀਆਂ ਕੋਲ ਆਪਣੀ ਖੁਦ ਦੀ ਖਰੀਦੀ ਹੋਈ ਜਾਇਦਾਦ ਨਹੀਂ ਹੋਵੇਗੀ। ਪਿਛਲੇ ਦਹਾਕਿਆਂ ਵਿੱਚ ਬੀਬੀਆਂ ਦੀ ਤਰੱਕੀ ਨੂੰ ਘੱਟ ਨਹੀਂ ਸਮਝਿਆ ਜਾ ਸਕਦਾ। ਸਿੱਖਿਆ, ਰੁਜ਼ਗਾਰ ਅਤੇ ਉੱਦਮਤਾ ਕਾਰਨ ਬੀਬੀਆਂ ਨੇ ਖੁਦ ਜਾਇਦਾਦ ਬਣਾਈ ਹੈ। ਜੇ ਕਿਸੇ ਹਿੰਦੂ ਬੀਬੀ ਦੀ ਮੌਤ ਬਿਨਾਂ ਵਸੀਅਤ ਦੇ ਹੋ ਜਾਂਦੀ ਹੈ ਅਤੇ ਉਸ ਦੇ ਪੁੱਤਰ, ਧੀਆਂ ਜਾਂ ਪਤੀ ਨਹੀਂ ਹਨ, ਤਾਂ ਉਸ ਦੀ ਖੁਦ ਦੀ ਬਣਾਈ ਜਾਇਦਾਦ ਸਿਰਫ ਪਤੀ ਦੇ ਵਾਰਸਾਂ ਨੂੰ ਹੀ ਮਿਲਦੀ ਹੈ। ਅਦਾਲਤ ਨੇ ਕਿਹਾ ਕਿ ਇਸ ਨਾਲ ਬੀਬੀ ਦੇ ਮਾਪਿਆਂ (ਮੈਟਰਨਲ ਫੈਮਿਲੀ) ਦੇ ਪਰਵਾਰ ਦੇ ਦਿਲ ਨੂੰ ਠੇਸ ਪਹੁੰਚ ਸਕਦੀ ਹੈ।

ਇੱਕ ਮਹਿਲਾ ਵਕੀਲ ਨੇ ਧਾਰਾ 15 (1) (ਬੀ) ਨੂੰ ਗੈਰ-ਸੰਵਿਧਾਨਕ ਕਰਾਰ ਦਿੰਦੇ ਹੋਏ ਚੁਣੌਤੀ ਦਿੱਤੀ ਸੀ। ਅਦਾਲਤ ਨੇ ਇਹ ਵੀ ਨਿਰਦੇਸ਼ ਦਿੱਤਾ ਕਿ ਜੇ ਕੋਈ ਹਿੰਦੂ ਬੀਬੀ ਬਿਨਾਂ ਵਸੀਅਤ ਦੇ ਮਰ ਜਾਂਦੀ ਹੈ ਅਤੇ ਉਸ ਦੇ ਮਾਪੇ ਜਾਂ ਉਨ੍ਹਾਂ ਦੇ ਵਾਰਸ ਜਾਇਦਾਦ 'ਤੇ ਦਾਅਵਾ ਕਰਦੇ ਹਨ, ਤਾਂ ਉਨ੍ਹਾਂ ਨੂੰ ਅਦਾਲਤ ਵਿੱਚ ਕੇਸ ਦਾਇਰ ਕਰਨ ਤੋਂ ਪਹਿਲਾਂ ਮੁਕੱਦਮੇਬਾਜ਼ੀ ਤੋਂ ਪਹਿਲਾਂ ਸਾਲਸੀ (ਪ੍ਰੀ-ਲਿਟੀਗੇਸ਼ਨ ਮੀਡੀਏਸ਼ਨ-ਯਾਨੀ ਝਗੜੇ ਨੂੰ ਅਦਾਲਤ ਤੋਂ ਬਾਹਰ ਸੁਲਝਾਉਣ ਦੀ ਕੋਸ਼ਿਸ਼) ਵੱਲ ਜਾਣਾ ਚਾਹੀਦਾ ਹੈ। ਉੱਥੇ ਹੋਏ ਕਿਸੇ ਵੀ ਸਮਝੌਤੇ ਨੂੰ ਅਦਾਲਤ ਦੇ ਹੁਕਮ ਵਾਂਗ ਮੰਨਿਆ ਜਾਵੇਗਾ। ਅਦਾਲਤ ਨੇ ਕਿਹਾ ਕਿ ਬੀਬੀਆਂ ਦੇ ਅਧਿਕਾਰ ਮਹੱਤਵਪੂਰਨ ਹਨ, ਪਰ ਹਜ਼ਾਰਾਂ ਸਾਲਾਂ ਤੋਂ ਚੱਲੀ ਆ ਰਹੀ ਹਿੰਦੂ ਸਮਾਜਕ ਬਣਤਰ ਅਤੇ ਬੀਬੀਆਂ ਨੂੰ ਅਧਿਕਾਰ ਦੇਣ ਵਿੱਚ ਇੱਕ ਸੰਤੁਲਨ ਬਣਾਈ ਰੱਖਣਾ ਜ਼ਰੂਰੀ ਹੈ।

# ਸ੍ਰੀਨਗਰ ਤੋਂ ਵਿਸ਼ਾਲ ਨਗਰ ਕੀਰਤਨ ਰਵਾਨਾ

## ਭਗਵੰਤ ਸਿੰਘ ਮਾਨ, ਕੇਜਰੀਵਾਲ ਤੇ ਉਮਰ ਅਬਦੁੱਲਾ ਨੇ ਸੰਗਤ ਨਾਲ ਕੀਤੀ ਸ਼ਿਰਕਤ

**ਸ੍ਰੀਨਗਰ** : ਇੱਥੋਂ ਦੇ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਤੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ। ਰਵਾਨਗੀ ਮੌਕੇ ਸੰਗਤ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਅਤੇ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸ਼ਿਰਕਤ ਕੀਤੀ।ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਤੇ ਗੜ੍ਹਸ਼ੰਕਰ ਤੇ ਹੋਰ ਨਗਰਾਂ ਵਿੱਚੋਂ ਗੁਜ਼ਰਦਾ ਹੋਇਆ 22 ਨਵੰਬਰ ਨੂੰ ਨੌਵੇਂ ਪਾਤਸ਼ਾਹ ਵੱਲੋਂ ਵਰੋਸਾਏ ਪਵਿੱਤਰ ਨਗਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ। ਨਗਰ ਕੀਰਤਨ 19 ਨਵੰਬਰ ਦੀ ਰਾਤ ਜੰਮੂ ਵਿਖੇ, 20 ਨਵੰਬਰ ਦੀ ਰਾਤ ਪਠਾਨਕੋਟ ਵਿਖੇ ਅਤੇ 21 ਨਵੰਬਰ ਦੀ ਰਾਤ ਹੁਸ਼ਿਆਰਪੁਰ ਵਿਖੇ ਪੜਾਅ ਕਰੇਗਾ।ਇਸ ਤੋਂ ਪਹਿਲਾਂ ਮਾਨ ਅਤੇ ਕੇਜਰੀਵਾਲ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਉਨ੍ਹਾਂ ਇਸ ਇਤਿਹਾਸਕ ਸਮਾਗਮ ਵਿੱਚ ਸੰਗਤ ਨਾਲ ਹਾਜ਼ਰੀ ਭਰਨ ਲਈ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ



ਅਬਦੁੱਲਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ ਵਾਲੇ, ਗੁਰਦੁਆਰਾ ਛੇਵੀਂ ਪਾਤਸ਼ਾਹੀ ਲੋਕਲ ਕਮੇਟੀ ਦੇ ਪ੍ਰਧਾਨ ਜਸਪਾਲ ਸਿੰਘ ਤੇ ਸਕੱਤਰ ਗੁਰਮੀਤ ਸਿੰਘ ਅਤੇ ਸੰਤਾਂ-ਮਹਾਂਪੁਰਸ਼ਾਂ ਤੋਂ ਇਲਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਤਰੁਨਪ੍ਰੀਤ ਸਿੰਘ ਸੌਂਦ, ਡਾ. ਬਲਜੀਤ ਕੌਰ, ਲਾਲ ਚੰਦ ਕਟਾਰੂਚੱਕ, ਹਰਭਜਨ ਸਿੰਘ ਈ ਟੀ ਓ, ਬਰਿੰਦਰ ਕੁਮਾਰ ਗੋਇਲ, ਡਾ. ਰਵਜੋਤ ਅਤੇ ਹਰਦੀਪ ਸਿੰਘ ਮੁੰਡੀਆਂ, ਸੰਸਦ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਗੁਰਮੀਤ ਸਿੰਘ ਮੀਤ ਹੇਅਰ, ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ ਏ ਪੀ ਸਿਨਹਾ ਅਤੇ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ ਤੇ ਹੋਰ ਹਾਜ਼ਰ ਸਨ।

# ਅਨਮੋਲ ਬਿਸ਼ਨੋਈ ਗ੍ਰਿਫ਼ਤਾਰ

**ਨਵੀਂ ਦਿੱਲੀ** : ਕੌਮੀ ਜਾਂਚ ਏਜੰਸੀ (ਐੱਨ ਆਈ ਏ) ਦੀ ਟੀਮ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਛੋਟੇ ਭਰਾ ਅਨਮੋਲ ਬਿਸ਼ਨੋਈ ਨੂੰ ਅਮਰੀਕਾ ਤੋਂ ਡਿਪੋਰਟ ਹੋ ਕੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਉਤਰਦਿਆਂ ਗ੍ਰਿਫ਼ਤਾਰ ਕਰਕੇ ਰਿਮਾਂਡ ਹਾਸਲ ਕਰਨ ਲਈ ਪਟਿਆਲਾ ਹਾਊਸ ਕੋਰਟ ਲੈ ਗਈ।

ਅਨਮੋਲ ਬਿਸ਼ਨੋਈ 2022 ਤੋਂ ਫਰਾਰ ਸੀ ਅਤੇ ਐੱਨ ਆਈ ਏ ਦੀ ਚੱਲ ਰਹੀ ਜਾਂਚ ਵਿੱਚ ਗ੍ਰਿਫਤਾਰ ਕੀਤਾ ਗਿਆ 19ਵਾਂ ਮੁਲਜ਼ਮ ਹੈ। ਮਾਰਚ 2023 ਵਿੱਚ ਐੱਨ ਆਈ ਏ ਨੇ ਇਸ ਮਾਮਲੇ ਵਿੱਚ ਇੱਕ ਚਾਰਜਸ਼ੀਟ ਦਾਇਰ ਕੀਤੀ ਸੀ, ਜਿਸ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਸੀ ਕਿ ਅਨਮੋਲ ਨੇ 2020 ਅਤੇ 2023 ਦੇ ਵਿਚਕਾਰ ਦੇਸ਼ ਭਰ ਵਿੱਚ ਕਈ ਵੱਡੇ ਅਪਰਾਧਾਂ ਵਿੱਚ ਗੋਲਡੀ ਬਰਾੜ ਅਤੇ ਲਾਰੈਂਸ ਬਿਸ਼ਨੋਈ ਦੀ ਸਹਾਇਤਾ ਕੀਤੀ ਸੀ।

ਜਾਂਚ ਦੇ ਅਨੁਸਾਰ ਅਨਮੋਲ ਅਮਰੀਕਾ ਤੋਂ ਲਾਰੈਂਸ ਬਿਸ਼ਨੋਈ ਗੈਂਗ ਲਈ ਇੱਕ ਅੱਤਵਾਦੀ ਸਿੰਡੀਕੇਟ ਚਲਾਉਂਦਾ ਸੀ। ਉਸ ਨੇ ਗੈਂਗ ਦੇ ਮੈਂਬਰਾਂ ਨੂੰ ਪਨਾਹ, ਪੈਸਾ ਅਤੇ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ। ਉਹ ਵਿਦੇਸ਼ੀ ਧਰਤੀ ਤੋਂ ਭਾਰਤ ਵਿੱਚ ਧਮਕੀਆਂ ਅਤੇ ਜਬਰੀ ਵਸੂਲੀ ਵਿੱਚ ਵੀ ਸ਼ਾਮਲ ਸੀ। ਅਨਮੋਲ ਬਿਸ਼ਨੋਈ ਕਈ ਹਾਈ-ਪ੍ਰੋਫਾਈਲ ਮਾਮਲਿਆਂ ਵਿੱਚ ਮੁਲਜ਼ਮ ਹੈ, ਜਿਸ ਵਿੱਚ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ ਹੱਤਿਆ, ਮੁੰਬਈ ਵਿੱਚ ਬਾਬਾ ਸਿੱਦੀਕੀ ਕਤਲ ਕੇਸ ਦੀ ਸਾਜ਼ਿਸ਼ ਅਤੇ ਸਲਮਾਨ ਖਾਨ ਦੇ ਗਲੈਕਸੀ ਅਪਾਰਟਮੈਂਟਸ 'ਤੇ ਗੋਲੀਬਾਰੀ ਸ਼ਾਮਲ ਹੈ। ਉਸ ਦੇ ਖਿਲਾਫ ਰਾਜਸਥਾਨ ਦੇ ਜੈਪੁਰ, ਜੋਧਪੁਰ, ਹਨੂੰਮਾਨਗੜ੍ਹ ਅਤੇ ਸ੍ਰੀ ਗੰਗਾਨਗਰ ਜ਼ਿਲ੍ਹਿਆਂ ਵਿੱਚ ਜਬਰੀ ਵਸੂਲੀ ਅਤੇ ਕਤਲ ਦੀ ਕੋਸ਼ਿਸ਼ ਦੇ 21 ਤੋਂ ਵੱਧ ਮਾਮਲੇ ਦਰਜ ਹਨ। ਅਨਮੋਲ ਦੀ ਗ੍ਰਿਫਤਾਰੀ ਨੂੰ ਭਾਰਤ ਵਿੱਚ ਸੰਗਠਤ ਅਪਰਾਧ ਅਤੇ ਅੱਤਵਾਦੀ ਫੰਡਿੰਗ ਦੇ ਗਲੋਬਲ ਨੈੱਟਵਰਕ ਨੂੰ ਖਤਮ ਕਰਨ ਵਿੱਚ ਇੱਕ ਵੱਡੀ ਸਫਲਤਾ ਮੰਨਿਆ ਜਾ ਰਿਹਾ ਹੈ।

# ਜਿਓਤੀ ਜਗਤਾਪ ਨੂੰ ਅੰਤਰਮ ਜ਼ਮਾਨਤ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਐਲਗਾਰ ਪ੍ਰੀਸ਼ਦ-ਮਾਓਵਾਦੀ ਲਿੰਕ ਕੇਸ ਵਿੱਚ 2020 ਤੋਂ ਜੇਲ੍ਹਬੰਦ ਕਾਰਕੁਨ ਜਿਓਤੀ ਜਗਤਾਪ ਨੂੰ ਬੁੱਧਵਾਰ ਫਰਵਰੀ 2026 ਵਿੱਚ ਅਗਲੀ ਸੁਣਵਾਈ ਤੱਕ ਅੰਤਰਮ ਜ਼ਮਾਨਤ ਦੇ ਦਿੱਤੀ। ਸੀਨੀਅਰ ਐਡਵੋਕੇਟ ਅਪਰਨਾ ਭੱਟ ਵੱਲੋਂ ਇਹ ਦਲੀਲ ਦੇਣ ਕਿ ਜਗਤਾਪ ਪੰਜ ਸਾਲ ਤੋਂ ਵੱਧ ਸਮੇਂ ਤੋਂ ਸਲਾਖਾਂ ਪਿੱਛੇ ਹੈ, ਜਸਟਿਸ ਐੱਮ ਐੱਮ ਸੁੰਦਰੇਸ਼ ਤੇ ਜਸਟਿਸ ਸਤੀਸ਼ ਚੰਦਰ ਸ਼ਰਮਾ ਨੇ ਅੰਤਰਮ ਜ਼ਮਾਨਤ ਦੇ ਹੁਕਮ ਜਾਰੀ ਕਰ ਦਿੱਤੇ। ਹਾਈ ਕੋਰਟ ਨੇ ਇਹ ਕਹਿੰਦਿਆਂ ਜ਼ਮਾਨਤ ਨਹੀਂ ਦਿੱਤੀ ਸੀ ਕਿ ਜਗਤਾਪ ਕਬੀਰ ਕਲਾ ਮੰਚ ਦੀ ਸਰਗਰਮ ਮੈਂਬਰ ਹੈ ਅਤੇ 31 ਦਸੰਬਰ 2017 ਨੂੰ ਪੁਣੇ ਵਿੱਚ ਐਲਗਾਰ ਪ੍ਰੀਸ਼ਦ ਦੇ ਪ੍ਰੋਗਰਾਮ ਵਿੱਚ ਸਟੇਜ ਪਰਫਾਰਮੈਂਸ ਦੌਰਾਨ ਉਸ ਨੇ ਹਮਲਾਵਰ ਤੇ ਅਤਿਅੰਤ ਭੜਕਾਊ ਨਾਅਰੇ ਲਾਏ ਸਨ। ਐੱਨ ਆਈ ਏ ਨੇ ਹਾਈ ਕੋਰਟ ਵਿੱਚ ਜ਼ਮਾਨਤ ਦਾ ਵਿਰੋਧ ਕਰਦਿਆਂ ਕਿਹਾ ਸੀ ਕਿ ਜਗਤਾਪ ਸੀ ਪੀ ਆਈ (ਮਾਓਵਾਦੀ) ਨਾਲ ਸੰਬੰਧਤ ਜਥੇਬੰਦੀ ਦੀ ਮੈਂਬਰ ਹੈ। ਐੱਨ ਆਈ ਏ ਨੇ ਕਿਹਾ ਸੀ ਕਿ ਪ੍ਰੋਗਰਾਮ ਵਿੱਚ ਭੜਕਾਊ ਤਕਰੀਰਾਂ ਕਾਰਨ ਇੱਕ ਜਨਵਰੀ 2018 ਨੂੰ ਪੁਣੇ ਦੇ ਬਾਹਰ ਕੋਰੇਗਾਓਂ-ਭੀਮਾ ਵਿੱਚ ਹਿੰਸਾ ਭੜਕੀ ਸੀ।

# ਬਲਤੇਜ ਪੰਨੂ ਨੂੰ ਜਨਰਲ ਸਕੱਤਰ ਬਣਾਇਆ

**ਚੰਡੀਗੜ੍ਹ, (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**-ਆਮ ਆਦਮੀ ਪਾਰਟੀ



ਪੰਜਾਬ ਨੇ ਸੀਨੀਅਰ ਆਗੂ ਬਲਤੇਜ ਪੰਨੂ ਨੂੰ ਪੰਜਾਬ ਇਕਾਈ ਦਾ ਸੂਬਾ ਜਨਰਲ ਸਕੱਤਰ ਨਿਯੁਕਤ ਕੀਤਾ ਹੈ।ਪਾਰਟੀ ਨੇ ਉਮੀਦ ਜਤਾਈ ਹੈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਅਹਿਮ ਰੋਲ ਅਦਾ ਕਰਨਗੇ।

# ਪਤਨੀ ਤੇ ਸੱਸ ਨੂੰ ਮਾਰ ਕੇ ਖੁਦਕੁਸ਼ੀ

ਗੁਰਦਾਸਪੁਰ : ਥਾਣਾ ਦੋਰਾਂਗਲਾ ਦੇ ਪਿੰਡ ਖੁੱਥੀ ਵਿੱਚ ਬੁੱਧਵਾਰ ਤੜਕਸਾਰ ਤਿੰਨ ਵਜੇ ਸਾਬਕਾ ਫੌਜੀ ਨੇ ਪਤਨੀ ਅਤੇ ਸੱਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਪੁਲਸ ਵੱਲੋਂ ਘੇਰਾ ਪਾਏ ਜਾਣ ਉਪਰੰਤ ਮੁਲਜ਼ਮ ਬੀਰ ਸਿੰਘ ਨੇ ਖੁਦ ਨੂੰ ਗੋਲੀ ਮਾਰ ਕੇ ਆਤਮ-ਹੱਤਿਆ ਕਰ ਲਈ। ਬੀਰ ਸਿੰਘ ਪੈਸਕੋ ਕੰਪਨੀ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਗਾਰਡ ਵਜੋਂ ਨੌਕਰੀ ਕਰ ਰਿਹਾ ਸੀ। ਪਤਨੀ ਅਕਵਿੰਦਰ ਕੌਰ (32) ਅਤੇ ਸੱਸ ਗੁਰਜੀਤ ਕੌਰ (55) ਦੀ ਹੱਤਿਆ ਕਰਨ ਮਗਰੋਂ ਬੀਰ ਸਿੰਘ ਫਰਾਰ ਹੋ ਗਿਆ ਅਤੇ ਗੁਰਦਾਸਪੁਰ ਸਥਿਤ ਨਗਰ ਸੁਧਾਰ ਟਰੱਸਟ ਦੀ ਸਕੀਮ ਨੰਬਰ 7 ਵਿਚਲੇ ਆਪਣੇ ਫਲੈਟ ਵਿੱਚ ਲੁਕ ਗਿਆ। ਐੱਸ ਐੱਸ ਪੀ ਗੁਰਦਾਸਪੁਰ ਆਦਿਤਿਆ ਪੁਲਸ ਟੀਮ ਨਾਲ ਮੌਕੇ 'ਤੇ ਪਹੁੰਚੇ ਅਤੇ ਬੀਰ ਸਿੰਘ ਨੂੰ ਆਤਮ-ਸਮਰਪਣ ਕਰਨ ਲਈ ਕਿਹਾ। ਇਸ ਦੌਰਾਨ ਬੀਰ ਸਿੰਘ ਨੇ ਏ ਕੇ 47 ਰਾਈਫਲ ਨਾਲ ਆਪਣੇ ਸਿਰ ਵਿੱਚ ਗੋਲੀ ਮਾਰ ਕੇ ਆਤਮ-ਹੱਤਿਆ ਕਰ ਲਈ। ਐੱਸ ਐੱਸ ਪੀ ਨੇ ਦੱਸਿਆ ਕਿ ਬੀਰ ਸਿੰਘ ਦਾ ਪਤਨੀ ਨਾਲ ਝਗੜਾ ਚੱਲ ਰਿਹਾ ਸੀ ਅਤੇ ਮਾਮਲਾ ਕੋਰਟ ਵਿੱਚ ਸੀ। ਅਕਵਿੰਦਰ ਕੌਰ ਕਾਫੀ ਸਮੇਂ ਤੋਂ ਆਪਣੀ ਮਾਂ ਕੋਲ ਪਿੰਡ ਖੁੱਥੀ ਰਹਿ ਰਹੀ ਸੀ। ਅਧਿਕਾਰੀਆਂ ਨੇ ਕਿਹਾ ਕਿ ਇਹ ਪਤਾ ਕੀਤਾ ਜਾ ਰਿਹਾ ਹੈ ਕਿ ਬੀਰ ਸਿੰਘ ਕੋਲ ਏ ਕੇ-47 ਕਿੱਥੋਂ ਆਈ।

# ਫਗਵਾੜਾ ਦੇ ਬਾਜ਼ਾਰ ਬੰਦ ਰਹੇ

**ਫਗਵਾੜਾ** : ਸ਼ਿਵ ਸੈਨਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਇੰਦਰਜੀਤ ਕੜਵਲ ਅਤੇ ਉਸ ਦੇ ਪੁੱਤਰ ਜਿੰਮੀ ਕੜਵਲ 'ਤੇ ਮੰਗਲਵਾਰ ਸ਼ਾਮ ਹੋਏ ਹਮਲੇ ਤੋਂ ਬਾਅਦ ਬੁੱਧਵਾਰ ਸ਼ਹਿਰ ਵਿੱਚ ਮੁਕੰਮਲ ਬੰਦ ਦੇਖਿਆ ਗਿਆ। ਹਥਿਆਰਬੰਦ ਹਮਲਾਵਰਾਂ ਦੇ ਇੱਕ ਸਮੂਹ ਵੱਲੋਂ ਕੀਤੇ ਗਏ ਹਮਲੇ ਨੇ ਹਿੰਦੂ ਸੰਗਠਨਾਂ ਵਿੱਚ ਵਿਆਪਕ ਰੋਸ ਪੈਦਾ ਕਰ ਦਿੱਤਾ ਹੈ ਅਤੇ ਉਹ ਸਖਤ ਪੁਲਸ ਕਾਰਵਾਈ ਦੀ ਮੰਗ ਕਰ ਰਹੇ ਹਨ।

ਐੱਸ ਐੱਸ ਪੀ ਗੌਰਵ ਤੂਰਾ ਅਤੇ ਐੱਸ ਪੀ ਫਗਵਾੜਾ ਮਾਧਵੀ ਸ਼ਰਮਾ ਨੇ ਦੱਸਿਆ ਕਿ ਐੱਸ ਐੱਚ ਓ ਊਸ਼ਾ ਰਾਣੀ ਦੀ ਸ਼ਿਕਾਇਤ 'ਤੇ ਸਿਟੀ ਪੁਲਸ ਨੇ ਛੇ ਹਮਲਾਵਰਾਂ, ਜਿਨ੍ਹਾਂ ਵਿੱਚ ਤਨੀਸ਼ ਉਰਫ ਬਿੰਦਾ ਅਤੇ ਸੁਨੀਲ (ਦੋਵੇਂ ਵਾਲਮੀਕਿ ਮੁਹੱਲਾ, ਫਗਵਾੜਾ ਦੇ ਵਸਨੀਕ) ਵਜੋਂ ਪਛਾਣੇ ਗਏ ਹਨ, ਉੱਤੇ ਮਾਮਲਾ ਦਰਜ ਕੀਤਾ ਹੈ।

# ਅੱਜ-ਨਾਮਾ

ਭਾਜਪਾ ਪੱਖ ਦਿਆਂ ਅਫਸਰਾਂ ਬੈਠ 'ਕੱਠੇ,
ਦਿੱਤਾ ਬਿਆਨ ਆ ਰਾਹੁਲ ਵਿਰੁੱਧ ਬੇਲੀ।
ਵਰਤੀ ਬੋਲੀ ਹੈ ਉਨ੍ਹਾਂ ਨੇ ਇਸ ਤਰ੍ਹਾਂ ਦੀ,
ਛੇੜਿਆ ਜਿੱਦਾਂ ਸਿਆਸੀ ਆ ਯੁੱਧ ਬੇਲੀ।
ਨੇਤਾ ਰਾਹੁਲ ਨੂੰ ਲੋਕ ਕਈ ਮੰਨਦੇ ਨਹੀਂ,
ਕਈ ਹਨ ਸਮਝਦੇ ਨੇਤਾ ਵੀ ਸ਼ੁੱਧ ਬੇਲੀ।
ਜੀਹਨੇ ਜਿੱਦਾਂ ਦਾ ਸਮਝਣਾ, ਸਮਝ ਛੱਡੇ,
ਜਿੱਦਾਂ ਦੀ ਹੁੰਦੀ ਹੈ ਕਿਸੇ ਦੀ ਬੁੱਧ ਬੇਲੀ।
ਫਿਰ ਵੀ ਭੈੜਾ ਬਿਆਨ ਆ ਅਫਸਰਾਂ ਦਾ,
ਚੁਣ ਕੇ ਵਰਤੀ ਸਿਆਸਤ ਦੀ ਮੱਦ ਬੇਲੀ।
ਚਮਚਾਗਿਰੀ ਦਾ ਰਾਹ ਜਦ ਫੜਨ ਨਿਕਲੇ,
ਮਰਿਆਦਾ ਹੀਣਤਾ ਦੀ ਕੀਤੀ ਹੱਦ ਬੇਲੀ।

-ਤੀਸ ਮਾਰ ਖਾਂ

# ਕੂੜਾ ਚੁੱਕਣ ਵਾਲੀ ਗੱਡੀ 'ਚ ਲਾਸ਼ ਲਿਜਾਈ ਗਈ



**ਫਗਵਾੜਾ** : ਇੱਥੇ ਇੱਕ ਲਵਾਰਸ ਲਾਸ਼ ਨੂੰ ਸਿਵਲ ਹਸਪਤਾਲ ਤੋਂ ਸ਼ਮਸ਼ਾਨਘਾਟ ਤੱਕ ਨਗਰ ਨਿਗਮ ਦੇ ਕੂੜਾ ਚੁੱਕਣ ਵਾਲੇ ਵਾਹਨ ਵਿੱਚ ਲਿਜਾਇਆ ਗਿਆ। ਇਹ ਘਟਨਾ ਉਦੋਂ ਸਾਹਮਣੇ ਆਈ, ਜਦੋਂ ਮੀਡੀਆ ਕਰਮਚਾਰੀਆਂ ਵੱਲੋਂ ਸ਼ੂਟ ਕੀਤੀ ਗਈ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ। ਵਾਹਨ ਦੇ ਡਰਾਈਵਰ ਨੇ ਦਾਅਵਾ ਕੀਤਾ ਕਿ ਇਹ ਅਭਿਆਸ ਲੰਮੇ ਸਮੇਂ ਤੋਂ ਚੱਲ ਰਿਹਾ ਹੈ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਪੂਰੀ ਤਰ੍ਹਾਂ ਪਤਾ ਸੀ ਕਿ ਲਾਵਾਰਸ ਲਾਸ਼ਾਂ ਨੂੰ ਅੰਤਮ ਸੰਸਕਾਰ ਲਈ ਕੂੜੇ ਦੇ ਟਰੱਕਾਂ ਵਿੱਚ ਲਿਜਾਇਆ ਜਾਂਦਾ ਹੈ।

ਕਈ ਸਮਾਜ ਭਲਾਈ ਸੰਗਠਨਾਂ ਨੇ ਇਸ ਨੂੰ ਮਨੁੱਖਤਾ ਲਈ ਸ਼ਰਮਨਾਕ ਕਹਿੰਦਿਆਂ ਪ੍ਰਸ਼ਾਸਨਕ ਸੰਵੇਦਨਸ਼ੀਲਤਾ 'ਤੇ ਸਵਾਲ ਚੁੱਕੇ ਹਨ। ਉਨ੍ਹਾਂ ਤੁਰੰਤ ਜਵਾਬਦੇਹੀ ਅਤੇ ਲਾਵਾਰਸ ਲਾਸ਼ਾਂ ਨੂੰ ਸੰਭਾਲਣ ਲਈ ਜ਼ਿੰਮੇਵਾਰ ਪ੍ਰਣਾਲੀ ਦੇ ਪੂਰੀ ਤਰ੍ਹਾਂ ਸੁਧਾਰ ਦੀ ਮੰਗ ਕੀਤੀ ਹੈ। ਫਗਵਾੜਾ ਦੇ ਮੇਅਰ ਰਾਮਪਾਲ ਉੱਪਲ ਨੇ ਕਿਹਾ ਕਿ ਉਨ੍ਹਾ ਨੂੰ ਇਸ ਅਭਿਆਸ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਸੀ ਅਤੇ ਭਰੋਸਾ ਦਿੱਤਾ ਕਿ ਜ਼ਿੰਮੇਵਾਰੀ ਤੈਅ ਕਰਨ ਲਈ ਜਾਂਚ ਸ਼ੁਰੂ ਕੀਤੀ ਜਾਵੇਗੀ। ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।



20-Nov-PAGE-4.qxd 11/19/2025 10:33 PM Page 1

ਨਵਾਂ ਜ਼ਮਾਨਾ
ਵੀਰਵਾਰ, 20 ਨਵੰਬਰ 2025

# ਉੱਤਰਾਖੰਡ ’ਚ ਫਿਰਕੂ ਤਾਂਡਵ

ਉੱਤਰਾਖੰਡ ਦੇ ਕੁਮਾਊਂ ਖਿੱਤੇ ਦੇ ਪ੍ਰਵੇਸ਼ ਦਵਾਰ ਹਲਦਵਾਨੀ ਵਿੱਚ ਇੱਕ ਅਫਵਾਹ ਦੇ ਚਲਦਿਆਂ 16 ਨਵੰਬਰ ਨੂੰ ਐਸਾ ਜਨੂੰਨ ਭੜਕਿਆ ਕਿ ਭੀੜ ਨੇ ਘੱਟ ਗਿਣਤੀ ਫਿਰਕੇ ਦੀਆਂ ਸੰਪਤੀਆਂ ’ਤੇ ਹਮਲਾ ਬੋਲ ਦਿੱਤਾ ਅਤੇ ਰੈਸਟੋਰੈਂਟ ਤੇ ਦੁਕਾਨਾਂ ਤਬਾਹ ਕਰ ਦਿੱਤੀਆਂ। ਮਾਰੋ-ਮਾਰੋ ਦੇ ਨਾਅਰਿਆਂ ਵਿੱਚ ਕਈ ਗੱਡੀਆਂ ਵੀ ਭੰਨ ਦਿੱਤੀਆਂ। ਬਨਭੂਲਪੁਰਾ ਇਲਾਕੇ ਵਿੱਚ ਇੱਕ ਮੰਦਰ ਕੋਲ ਸਥਿਤ ਸਕੂਲ ਦੇ ਗੇਟ ਅੱਗੇ ਵੱਛੇ ਦਾ ਸਿਰ ਮਿਲਣ ਦੀ ਅਫਵਾਹ ਤੋਂ ਬਾਅਦ ਇਹ ਤਾਂਡਵ ਮਚਾਇਆ ਗਿਆ, ਪਰ ਮੁਢਲੀ ਜਾਂਚ ਵਿੱਚ ਜੋ ਸਾਹਮਣੇ ਆਇਆ, ਉਹ ਸ਼ਰਮਿੰਦਾ ਕਰਨ ਵਾਲਾ ਹੈ। ਪੁਲਸ ਨੇ ਸੀ ਸੀ ਟੀ ਵੀ ਫੁਟੇਜ ਨਾਲ ਪਤਾ ਲਾਇਆ ਕਿ ਜੰਗਲ ਵਿੱਚ ਗਊਆਂ ਨੇ ਬੱਚਾ ਦਿੱਤਾ ਸੀ ਤੇ ਉਸ ਦੀ ਮੌਤ ਹੋ ਗਈ ਸੀ ਅਤੇ ਇੱਕ ਕੁੱਤਾ ਲਾਸ਼ ਖਿੱਚ ਲਿਆਇਆ ਸੀ, ਯਾਨੀ ਇੱਕ ਕੁੱਤਾ ਜਦ ਚਾਹੇ ਉੱਤਰਾਖੰਡ ਵਿੱਚ ਅੱਗ ਲਾ ਸਕਦਾ ਹੈ। ਇਨਸਾਨਾਂ ਵਿੱਚ ਏਨੀ ਬੁੱਧੀ ਵੀ ਨਹੀਂ ਬਚੀ ਕਿ ਜਾਂਚ ਦੀ ਉਡੀਕ ਕਰ ਲੈਣ।

ਕਿਸੇ ਵੀ ਅਫਵਾਹ ’ਤੇ ਭੀੜ ਦਾ ਇਸ ਤਰ੍ਹਾਂ ਭੜਕਣਾ ਕੀ ਸੁਭਾਵਕ ਹੈ ਜਾਂ ਫਿਰ ਸੂਬੇ ’ਚ ਲਗਾਤਾਰ ਫਿਰਕੂ ਧਰੁਵੀਕਰਨ ਬਣਾਏ ਰੱਖਣ ਦੀ ਸਾਜ਼ਿਸ਼ ਹੈ? ਸੂਬੇ ਦੀ ਭਾਜਪਾ ਸਰਕਾਰ ਦੇ ਤਮਾਮ ਮੰਤਰੀ ਤੇ ਆਗੂ ਅਜਿਹੀ ਬਿਆਨਬਾਜ਼ੀ ਕਰਦੇ ਹੀ ਰਹਿੰਦੇ ਹਨ, ਜਿਸ ਨਾਲ ਤਣਾਅ ਵਧੇ। ਉੱਤਰਾਖੰਡ ਵਿੱਚ ਇੱਕ ਭੀੜ ਪੈਦਾ ਕਰ ਦਿੱਤੀ ਗਈ ਹੈ, ਜਿਹੜੀ ਜਦ ਚਾਹੇ ਅਮਨ-ਕਾਨੂੰਨ ਨੂੰ ਆਪਣੇ ਹੱਥ ਵਿੱਚ ਲੈ ਲੈਂਦੀ ਹੈ। ਇਹ ਸੰਜੋਗ ਨਹੀਂ ਕਿ ਬੀਤੇ 10 ਸਾਲਾਂ ਤੋਂ ਇਹ ਸੂਬਾ ਫਿਰਕੂ ਘਟਨਾਵਾਂ ਲਈ ਚਰਚਾ ਵਿੱਚ ਹੈ, ਜਿਹੜੀ ਕਿ ਇਸ ਦੀ ਪਛਾਣ ਨਹੀਂ ਸੀ। ਕਿਸੇ ਵੀ ਘਟਨਾ ਨੂੰ ਫਿਰਕੂ ਰੰਗ ਦੇ ਕੇ ਲੋਕਾਂ ਨੂੰ ਭੜਕਾ ਦਿੱਤਾ ਜਾਂਦਾ ਹੈ। 2016 ਦੇ ਅਪ੍ਰੈਲ ਮਹੀਨੇ ਦੇਹਰਾਦੂਨ ਵਿੱਚ ਮਸਜਿਦ ’ਤੇ ਹਮਲਾ ਕੀਤਾ ਗਿਆ ਤੇ ਦੁਕਾਨਾਂ ਨੂੰ ਅੱਗ ਲਾ ਦਿੱਤੀ ਗਈ, ਜਿਸ ਨਾਲ 20 ਤੋਂ ਵੱਧ ਲੋਕ ਜ਼ਖਮੀ ਹੋ ਗਏ। ਦਸੰਬਰ ਵਿੱਚ ਹਿੰਦੂ ਸੰਗਠਨਾਂ ਨੇ ਮੁਸਲਮ ਦੁਕਾਨਦਾਰਾਂ ਦੇ ਬਾਈਕਾਟ ਦਾ ਸੱਦਾ ਦਿੱਤਾ। ਜੂਨ 2022 ਵਿੱਚ ਹਿੰਦੂ ਕੱਟੜਪੰਥੀਆਂ ਨੇ ਲਵ ਜਿਹਾਦ ਦੇ ਨਾਂਅ ’ਤੇ ਉੱਤਰਕਾਸ਼ੀ ਦੇ ਬੜਕੋਟ ਵਿੱਚ ਮੁਸਲਮਾਨਾਂ ਦੀਆਂ ਦੁਕਾਨਾਂ ਤੋੜ ਦਿੱਤੀਆਂ। ਹਾਲਤ ਕਰਫਿਊ ਤੱਕ ਪੁੱਜ ਗਈ। ਮਈ 2023 ਵਿੱਚ ਉੱਤਰਕਾਸ਼ੀ ਦੇ ਪੁਰੋਲਾ ਵਿੱਚ 14 ਸਾਲ ਦੀ ਕੁੜੀ ਦੇ ਕਥਿਤ ਅਗਵਾ ਦੇ ਮਾਮਲੇ ਵਿੱਚ ਭੀੜ ਨੇ ਮੁਸਲਮਾਨਾਂ ਦੀਆਂ ਦੁਕਾਨਾਂ ਸਾੜ ਦਿੱਤੀਆਂ ਤੇ 50 ਪਰਵਾਰਾਂ ਨੂੰ ਭੱਜਣ ਲਈ ਮਜਬੂਰ ਕਰ ਦਿੱਤਾ। ਫਰਵਰੀ 2024 ਵਿੱਚ ਹਲਦਵਾਨੀ ’ਚ ਨਾਜਾਇਜ਼ ਮਦਰੱਸੇ ’ਤੇ ਬੁਲਡੋਜ਼ਰ ਚਲਾਉਣ ’ਤੇ ਹਿੰਸਾ ਭੜਕੀ ਅਤੇ 6 ਲੋਕ ਮਾਰੇ ਗਏ ਤੇ 150 ਤੋਂ ਵੱਧ ਜ਼ਖਮੀ ਹੋ ਗਏ। ਇਹ ਘਟਨਾਵਾਂ ਦੱਸਦੀਆਂ ਹਨ ਕਿ 2016 ਤੋਂ ਬਾਅਦ ਤੋਂ ਉੱਤਰਾਖੰਡ ਲਗਾਤਾਰ ਫਿਰਕੂ ਹਿੰਸਾ ਦੀ ਲਪੇਟ ਵਿੱਚ ਹੈ। ਸੂਬੇ ਵਿੱਚ ਅਜਿਹੀ ਮਾਨਸਿਕਤਾ ਤਿਆਰ ਕੀਤੀ ਜਾ ਰਹੀ ਹੈ ਕਿ ਜੇ ਅਪਰਾਧੀ ਮੁਸਲਮ ਹੈ ਤਾਂ ਪੂਰੇ ਸਮਾਜ ਖਿਲਾਫ ਗਾਲੀ-ਗਲੋਚ ਕਰੋ ਤੇ ਉਨ੍ਹਾਂ ਨੂੰ ਭੱਜਣ ਲਈ ਮਜਬੂਰ ਕਰ ਦਿਓ। ਕੀ ਇਨ੍ਹਾਂ ਲੋਕਾਂ ਨੇ ਕਦੇ ਆਸਾਰਾਮ ਵਰਗੇ ਬਲਾਤਕਾਰੀਆਂ ਦੇ ਪੈਰੋਕਾਰਾਂ ਨੂੰ ਸੂਬੇ ਵਿੱਚੋਂ ਬਾਹਰ ਜਾਣ ਲਈ ਕਿਹਾ ਹੈ? ਇਨਸਾਨ ਕੋਲ ਇਹ ਸਮਝ ਸੈਂਕੜੇ ਸਾਲਾਂ ਤੋਂ ਹੈ ਕਿ ਵਿਅਕਤੀ ਦੇ ਅਪਰਾਧ ਦੀ ਸਜ਼ਾ ਕਿਸੇ ਭਾਈਚਾਰੇ ਨੂੰ ਨਹੀਂ ਦਿੱਤੀ ਜਾ ਸਕਦੀ, ਪਰ ਅਜਿਹਾ ਕੀ ਹੋਇਆ ਕਿ ਉੱਤਰਾਖੰਡ ਦੇ ਲੋਕਾਂ ਤੋਂ ਸਭਿਅਤਾ ਦੀ ਇਹ ਕਸੌਟੀ ਖੋਹ ਲਈ ਗਈ ਹੈ। ਇਸ ਦੀ ਵਜ੍ਹਾ ਸਿਆਸਤ ਵਿੱਚ ਮਿਲਦੀ ਹੈ, ਜਿਸ ਨੇ ਉੱਤਰਾਖੰਡ ਬਣਾਉਣ ਦੇ ਅੰਦੋਲਨ ਦੇ ਉੱਚ ਆਦਰਸ਼ਾਂ ’ਤੇ ਪਾਣੀ ਫੇਰ ਦਿੱਤਾ ਹੈ। ਉੱਤਰਾਖੰਡ ਸੂਬਾ ਬਣਵਾਉਣ ਦੇ ਅੰਦੋਲਨ ਵਿੱਚ ਹਿੰਦੂ-ਮੁਸਲਮਾਨ ਸਾਰੇ ਸ਼ਾਮਲ ਸਨ। ਉਦੋਂ ਵਾਅਦਾ ਸੀ ਕਿ ਇੱਕ ਅਜਿਹਾ ਸੂਬਾ ਬਣਾਇਆ ਜਾਵੇਗਾ, ਜਿੱਥੋਂ ਪਲਾਇਨ ਨਹੀਂ ਹੋਵੇਗਾ, ਰੁਜ਼ਗਾਰ ਦੇ ਮੌਕੇ ਹੋਣਗੇ, ਜਲ-ਜੰਗਲ-ਜ਼ਮੀਨ ਦੀ ਲੁੱਟ ਰੁਕੇਗੀ ਅਤੇ ਗੰਗਾ ਨੂੰ ਨਿਰਮਲ ਤੇ ਬਿਨਾਂ ਰੋਕ-ਟੋਕ ਦੇ ਵਹਿਣ ਦਿੱਤਾ ਜਾਵੇਗਾ। 2000 ਵਿੱਚ ਵੱਖਰੇ ਸੂਬੇ ਦਾ ਸੁਫਨਾ ਸਾਕਾਰ ਹੋਣ ਤੋਂ ਬਾਅਦ ਕਾਂਗਰਸ ਤੇ ਭਾਜਪਾ ਵਿਚਾਲੇ ਸੱਤਾ ਸੰਘਰਸ਼ ਸ਼ੁਰੂ ਹੋਇਆ ਅਤੇ ਭਾਜਪਾ ਨੇ ਉਹੀ ਪ੍ਰਯੋਗ ਕੀਤਾ, ਜਿਹੜਾ ਉਹ ਪੂਰੇ ਦੇਸ਼ ਵਿੱਚ ਕਰਦੀ ਹੈ। ਦੁਨਿਆਵੀ ਮੁੱਦਿਆਂ ਨੂੰ ਫਿਰਕੂ ਮੁੱਦਿਆਂ ਨਾਲ ਢਕਣਾ। ਮੁਸਲਮਾਨਾਂ ਖਿਲਾਫ ਨਫਰਤ ਫੈਲਾ ਕੇ ਹਿੰਦੂਆਂ ਨੂੰ ਇੱਕਜੁੱਟ ਕਰਨਾ। 2016 ਦੀਆਂ ਘਟਨਾਵਾਂ ਦਾ ਲਾਭ 2017 ਤੇ 2022 ਵਿੱਚ ਭਾਜਪਾ ਨੂੰ ਸੱਤਾਧਾਰੀ ਬਣਨ ਵਿੱਚ ਮਿਲਿਆ।

ਉੱਤਰਾਖੰਡ ਆਦਿ ਸ਼ੰਕਰਾਚਾਰੀਆ ਦੀ ਭੂਮੀ ਹੈ, ਜਿਨ੍ਹਾ ਏਕਤਾ ਦਾ ਸੁਨੇਹਾ ਦਿੱਤਾ, ਨਫਰਤ ਦਾ ਨਹੀਂ। ਸੂਬੇ ਦੇ ਲੋਕਾਂ ਨੂੰ ਇਹ ਸੋਚਣਾ ਚਾਹੀਦਾ ਹੈ ਕਿ ਮੁਸਲਮਾਨਾਂ ਖਿਲਾਫ ਹਿੰਸਾ ਨਾਲ ਉਨ੍ਹਾਂ ਨੂੰ ਕੁਝ ਨਹੀਂ ਮਿਲਣਾ, ਸਗੋਂ ਜਲ-ਜੰਗਲ-ਜ਼ਮੀਨ ਦੇ ਲੁਟੇਰਿਆਂ ਆਪਣੀ ਹਵਸ ਲਈ ਪਹਾੜਾਂ ਨੂੰ ਡਾਇਨਾਮਾਈਟ ਲਾਉਣ ਨੂੰ ਵਿਕਾਸ ਦਾ ਨਾਂਅ ਦੇਣ ਵਾਲਿਆਂ ਅਤੇ ਨਦੀਆਂ ਵਿੱਚੋਂ ਰੇਤਾ ਚੁਰਾਉਣ ਵਾਲੇ ਮਾਫੀਆਂ ਨੇ ਉਨ੍ਹਾਂ ਨੂੰ ਠੱਗ ਕੇ ਲੈ ਜਾਣਾ ਹੈ। ਫਿਰਕੂ ਸਦਭਾਵਨਾ ਨਾਲ ਹੀ ਸੂਬਾ ਤੇ ਲੋਕ ਵਿਕਾਸ ਕਰ ਸਕਦੇ ਹਨ।

## ਪਾਠਕ-ਸੱਥ

### ਪਾਣੀ ਦੀ ਦੁਰਵਰਤੋਂ

ਪੰਜਾਬ ਵਿੱਚ ਸਰਕਾਰ ਵੱਲੋਂ ਲੋਕਾਂ ਨੂੰ ਜਦੋਂ ਦੀ ਬਿਜਲੀ ਮੁਆਫ਼ੀ ਦੀ ਸਹੂਲਤ ਦਿੱਤੀ ਗਈ ਹੈ, ਲੋਕ ਉਸੇ ਦਿਨ ਤੋਂ ਲੈ ਕੇ ਬਿਨਾਂ ਸੋਚੇ-ਸਮਝੇ ਮੋਟਰਾਂ ਰਾਹੀਂ ਪਾਣੀ ਧਰਤੀ ਵਿੱਚੋਂ ਬੇਹਿਸਾਬਾ ਹੀ ਕੱਢ ਰਹੇ ਹਨ, ਜਿਸ ਕਰਕੇ ਪਾਣੀ ਦਾ ਪੰਜਾਬ ਵਿੱਚ ਪਾਣੀ ਦਾ ਪੱਧਰ ਦਿਨ ਪ੍ਰਤੀ ਦਿਨ ਹੇਠਾਂ ਹੀ ਚਲਾ ਜਾ ਰਿਹਾ ਹੈ। ਬਿਨਾਂ ਜ਼ਰੂਰਤ ਤੋਂ ਜ਼ਿਆਦਾ ਪਾਣੀ ਕੱਢਣ ਕਰਕੇ ਘਰਾਂ ਦੇ ਆਸ-ਪਾਸ ਹੁਣ ਚਿੱਕੜ ਹੋਣਾ ਆਮ ਹੀ ਗੱਲ ਬਣ ਗਈ ਹੈ, ਜਿਸ ਕਰਕੇ ਇਸ ਗੰਦੇ ਪਾਣੀ ਦੀ ਬਦੌਲਤ ਪਿੰਡਾਂ ਵਿੱਚ ਲੜਾਈ-ਝਗੜੇ ਆਮ ਹੀ ਵੇਖਣ ਨੂੰ ਮਿਲਦੇ ਹਨ। ਗੰਦੇ ਪਾਣੀ ਕਰਕੇ ਹੀ ਮੱਛਰ ਦੀ ਭਰਮਾਰ ਹੋਣ ਕਰਕੇ ਡੇਂਗੂ ਵਰਗੀਆਂ ਭਿਆਨਕ ਬਿਮਾਰੀਆਂ ਫੈਲ ਰਹੀਆਂ ਹਨ। ਆਮ ਲੋਕਾਂ ਨੂੰ ਲੋੜ ਹੈ ਕਿ ਉਹ ਇਸ ਪਾਸੇ ਸੁਚੇਤ ਹੋ ਕੇ ਪਾਣੀ ਦੀ ਸੰਜਮ ਨਾਲ ਵਰਤੋਂ ਕਰਨ।

-ਅੰਗਰੇਜ ਸਿੰਘ ਵਿੱਕੀ, ਪਿੰਡ ਤੇ ਡਾਕ. ਕੋਟਗੁਰੂ (ਬਠਿੰਡਾ)

### ਹਿੰਮਤ ਅੱਗੇ ਲੱਛਮੀ, ਪੱਖੇ ਅੱਗੇ ਪੌਣ

ਪੰਜਾਬੀ ਦਾ ਇੱਕ ਮਸ਼ਹੂਰ ਗੀਤ ਹੈ ‘ਦਿਲ ਹੋਣਾ ਚਾਹੀਦਾ ਹੈ ਜਵਾਨ, ਉਮਰਾਂ ਵਿੱਚ ਕੀ ਰੱਖਿਆ।’ ਇਸ ਗੀਤ ਦੇ ਬੋਲ ਬਾਬਾ ਕਿਰਪਾਲ ਸਿੰਘ ’ਤੇ ਬਿਲਕੁਲ ਢੁਕਦੇ ਹਨ।ਚੰਡੀਗੜ੍ਹ ਵਿੱਚ ਰਹਿੰਦੇ 94 ਸਾਲਾ ਦੌੜਾਕ ਕਿਰਪਾਲ ਸਿੰਘ ਵੱਲੋਂ 23ਵੀਂ ਏਸ਼ੀਅਨ ਮਾਸਟਰਜ਼ ਅਥਲੈਟਿਕਸ ਚੈਂਪੀਅਨਸ਼ਿਪ 2025 ਵਿੱਚ ਦੋ ਮੈਡਲ ਜਿੱਤਣਾ ਬੁਲੰਦ ਹੌਸਲਿਆਂ ਦੀ ਨਿਸ਼ਾਨੀ ਹੈ। ਬਾਬਾ ਕਿਰਪਾਲ ਸਿੰਘ ਦੀ ਜਿੱਤ ਬਾਰੇ ਪੜ੍ਹ ਕੇ ਮੈਨੂੰ ਟਰਬਨ ਟੋਰਾਡੋ ਬਾਬਾ ਫੌਜਾ ਸਿੰਘ ਦੀ ਯਾਦ ਆ ਗਈ, ਜੋ ਵਿਸ਼ਵ ਪ੍ਰਸਿੱਧ ਦੌੜਾਕ ਸਨ, ਜਿਨ੍ਹਾ ਦੀ ਕੁਝ ਮਹੀਨੇ ਪਹਿਲਾਂ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਉਹਨਾਂ ਦੇ ਜਾਣ ਨਾਲ ਖੇਡ ਜਗਤ ਨੂੰ ਜੋ ਘਾਟਾ ਪਿਆ ਉਹ ਪੂਰਾ ਤਾਂ ਨਹੀਂ ਕੀਤਾ ਜਾ ਸਕਦਾ, ਪ੍ਰੰਤੂ ਬਾਬਾ ਕਿਰਪਾਲ ਸਿੰਘ ਵਰਗੇ ਫੌਜਾ ਸਿੰਘ ਦੇ ਦਿਖਾਏ ਰਸਤੇ ’ਤੇ ਹੀ ਅੱਗੇ ਵਧ ਰਹੇ ਹਨ।ਉਸ ਉਮਰ ਵਿੱਚ ਜਦੋਂ ਬੁਢਾਪਾ ਸਰੀਰ ’ਤੇ ਹਾਵੀ ਹੋ ਜਾਂਦਾ ਹੈ, ਉਸ ਸਮੇਂ ਦੌੜਨਾ ਦੁਨੀਆਂ ਲਈ ਰਾਹ-ਦਸੇਰਾ ਹੈ। ਅਜੋਕੇ ਸਮੇਂ ਵਿੱਚ ਜਦੋਂ ਦਿਨੋਂ-ਦਿਨ ਜਵਾਨੀ ਕੁਰਾਹੇ ਪੈ ਕੇ ਨਸ਼ਿਆਂ ਦੀ ਦਲਦਲ ਵਿੱਚ ਦਿਨੋਂ-ਦਿਨ ਧਸਦੀ ਜਾ ਰਹੀ ਹੈ, ਬਦਲਦੀ ਜੀਵਨ ਸ਼ੈਲੀ ਨਾਲ ਸਿਹਤ ਵਿੱਚ ਨਿਘਾਰ ਆ ਰਿਹਾ ਹੈ,ਉਸ ਸਮੇਂ ਬਾਬਾ ਕਿਰਪਾਲ ਸਿੰਘ ਦੀ ਜਿੱਤ ਇਹ ਸ਼ਾਹਦੀ ਭਰਦੀ ਹੈ ਕਿ ਜੇਕਰ ਸਿਹਤ ਵੱਲ ਥੋੜ੍ਹਾ ਧਿਆਨ ਦਿੱਤਾ ਜਾਵੇ ਤਾਂ ਇਹ ਵਿਅਕਤੀ ਨੂੰ ਕਦੇ ਹਾਰਨ ਨਹੀਂ ਦਿੰਦੀ।ਹਾਰਦਾ ਉਹ ਹੈ ਜੋ ਖੇਡਣ ਤੋਂ ਡਰਦਾ ਹੈ।ਜੋ ਖੇਡਦਾ ਹੈ ਉਹ ਹਾਰਦਾ ਨਹੀਂ ਜਾਂ ਤਾਂ ਜਿੱਤਦਾ ਹੈ ਜਾਂ ਫ਼ਿਰ ਸਿੱਖਦਾ ਹੈ। ਸਿਹਤਮੰਦ ਜ਼ਿੰਦਗੀ ਹੀ ਖੁਸ਼ੀਆਂ ਦੀ ਪਟਾਰੀ ਹੈ। ਬਾਬਾ ਕਿਰਪਾਲ ਸਿੰਘ ਨਵੇਂ ਉੱਭਰ ਰਹੇ ਅਥਲੀਟ ਅਤੇ ਖਿਡਾਰੀਆਂ ਲਈ ਪ੍ਰੇਰਨਾਸਰੋਤ ਹਨ, ਜਿਨ੍ਹਾਂ ਦੇ ਜਜ਼ਬੇ ਨੂੰ ਦੇਖ ਕੇ ਵੱਡੀਆਂ ਤੋਂ ਵੱਡੀਆਂ ਜਿੱਤਾਂ ਨੂੰ ਸਰ ਕੀਤਾ ਜਾ ਸਕਦਾ ਹੈ।

-ਰਜਵਿੰਦਰ ਪਾਲ ਸ਼ਰਮਾ, 7087367969

# ਜਦੋਂ ਪੰਜਾਬ ਗੈਸ ਚੈਂਬਰ ਬਣ ਜਾਂਦਾ ਹੈ



ਗੁਰਚਰਨ ਸਿੰਘ ਨੂਰਪੁਰ

ਜਨਵਰੀ ਅਤੇ ਦਸੰਬਰ ਮਹੀਨਿਆਂ ਵਿੱਚ ਲੋਕਾਂ ਨੂੰ ਮਰਗਾਂ ਦੇ ਭੋਗ ਦੇ ਸੱਦੇ ਇੱਕ ਦਮ ਵੱਧ ਆਉਣ ਲੱਗਦੇ ਹਨ। ਪੰਜਾਬ ਵਿੱਚ ਦਸੰਬਰ, ਜਨਵਰੀ ਮਹੀਨਿਆਂ ਦੌਰਾਨ ਹਾਰਟ ਅਟੈਕ, ਬਰੇਨ ਸਟਰੋਕ ਅਤੇ ਛਾਤੀ ਦੇ ਰੋਗਾਂ ਨਾਲ ਦੂਜੇ ਮਹੀਨਿਆਂ ਦੇ ਮੁਕਾਬਲੇ ਵੱਧ ਮੌਤਾਂ ਹੁੰਦੀਆਂ ਹਨ। ਇਹਦਾ ਕਾਰਨ ਜਾਣ ਕੇ ਤੁਸੀਂ ਹੈਰਾਨ ਹੋ ਜਾਓਗੇ। ਕਈ ਅਜਿਹੇ ਲੋਕ ਮਰ ਜਾਂਦੇ ਹਨ, ਜਿਹਨਾਂ ਨੂੰ ਅਸੀਂ ਜਾਣਦੇ ਹੁੰਦੇ ਹਾਂ ਅਤੇ ਜਦੋਂ ਪਤਾ ਲੱਗਦਾ ਹੈ ਕਿ ਉਹ ਵੀ ਮਰ ਗਿਆ, ਸਾਨੂੰ ਹੈਰਾਨੀ ਹੁੰਦੀ ਹੈ ਅਸੀਂ ਸੋਚਦੇ ਹਾਂ ‘ਹੈਂਅ ਉਹਨੂੰ ਕੀ ਹੋ ਗਿਆ ਉਹ ਤਾਂ ਚੰਗਾ ਭਲਾ ਸੀ?’ ਚੰਗੀ-ਮਾੜੀ ਹਵਾ ਦਾ ਸਬੰਧ ਸਾਡੇ ਸਾਹ ਲੈਣ ਨਾਲ ਹੈ ਅਤੇ ਹੁਣ ਤੱਕ ਬਹੁਤ ਸਾਰੇ ਲੋਕ ਇਹ ਹੀ ਸਮਝਦੇ ਆਏ ਹਨ ਕਿ ਪ੍ਰਦੂਸ਼ਤ ਧੂੰਏਂ ਵਾਲੀ ਹਵਾ ਨਾਲ ਐਲਰਜੀ ਹੋ ਸਕਦੀ ਹੈ। ਜੁਕਾਮ ਹੋ ਸਕਦਾ ਹੈ। ਛਾਤੀ ਦੇ ਰੋਗ ਹੋ ਸਕਦੇ ਹਨ। ਇਸ ਤੋਂ ਵੱਧ ਕੁਝ ਨਹੀਂ ਅਤੇ ਇਹਨਾਂ ਸਭ ਦਾ ਐਂਟੀਐਲਰਜਿਕ ਦਵਾਈਆਂ ਨਾਲ ਇਲਾਜ ਕੀਤਾ ਜਾ ਸਕਦਾ ਹੈ। ਬੰਦਾ ਠੀਕ ਹੋ ਜਾਂਦਾ ਹੈ ਅਤੇ ਗੱਲ ਖਤਮ, ਪਰ ਇੱਕ ਨਵੀਂ ਖੋਜ ਵਿੱਚ ਇਹ ਗੱਲ ਸਾਹਮਣੇ ਆਈ ਕਿ ਹਵਾ ਦੇ ਪ੍ਰਦੂਸ਼ਣ ਨਾਲ ਹਾਰਟ ਅਟੈਕ ਹੋਣ ਦਾ ਖਤਰਾ ਕਿਤੇ ਵੱਧ ਹੁੰਦਾ ਹੈ। ਇਹ ਖਤਰਾ ਉਹਨਾਂ ਲੋਕਾਂ ਲਈ ਹੋਰ ਜ਼ਿਆਦਾ ਹੁੰਦਾ ਹੈ ਜਿਹਨਾਂ ਨੂੰ ਪਹਿਲਾਂ ਦਿਲ ਦੀਆਂ ਬਿਮਾਰੀਆਂ ਦੇ ਲੱਛਣ ਹੁੰਦੇ ਹਨ। ਜਿਵੇਂ ਥੋੜ੍ਹਾ ਤੁਰਨ ’ਤੇ ਸਾਹ ਚੜ੍ਹਨਾ, ਛਾਤੀ ਵਿੱਚ ਦਰਦ ਮਹਿਸੂਸ ਹੋਣਾ, ਤੁਰਨ ਨਾਲ ਦਿਲ ਦੀ ਧੜਕਣ ਵਧ ਜਾਣੀ ਜਾਂ ਉੱਠਦਿਆਂ ਬੈਠਦਿਆਂ ਸਾਹ ਚੜ੍ਹਨਾ ਆਦਿ। ਜਰਨਲ ਆਫ ਅਮਰੀਕਨ ਕਾਲਜ ਆਫ ਕਾਰਡੀਓਲਾਜੀ (ਜੀ ਏ ਸੀ ਸੀ) ਵੱਲੋਂ ਪ੍ਰਕਾਸ਼ਤ ਕੀਤੇ ਗਏ ਇੱਕ ਆਪਣੇ ਅਧਿਐਨ ਵਿੱਚ ਇਹ ਗੱਲ ਸਾਹਮਣੇ ਆਈ ਪਾਰਟੀਕੁਲੇਟ ਮੈਟਰ ਪੀ ਐੱਮ 2.5 ਤੇ 10 ਵਿਚਲੇ ਲੰਮੇ ਕਣਾਂ ਵਿੱਚ ਸਾਹ ਲੈਣ ਨਾਲ ਨਾਨਆਬਸਟ੍ਰਕਟਿਵ ਕੋਰੋਨਰੀ ਆਰਟਰੀ ਡਿਜ਼ੀਜ਼ (ਬਿਮਾਰੀ) ਹੁੰਦੀ ਹੈ। ਪ੍ਰਦੂਸ਼ਤ ਹਵਾ ਦੇ ਕਣ ਜਦੋਂ ਸਾਹ ਰਾਹੀਂ ਸਾਡੇ ਫੇਫੜਿਆਂ ਅਤੇ ਖ਼ੂਨ ਵਿੱਚ ਮਿਲਦੇ ਹਨ ਤਾਂ ਦਿਲ ਦੇ ਰੋਗਾਂ ਖਾਸ ਕਰਕੇ ਹਾਰਟ ਅਟੈਕ ਦਾ ਖਤਰਾ ਹੋਰ ਵਧ ਜਾਂਦਾ ਹੈ।

ਇਟਲੀ ਦੀ ਕੈਥੋਲਿਕ ਯੂਨੀਵਰਸਿਟੀ ਆਫ ਦਾ ਸੈਕਰਡ ਹਾਰਟ ਨਾਲ ਜੁੜੇ ਖੋਜੀਆਂ ਅਤੇ ਵਿਦਿਆਰਥੀਆਂ ਨੇ ਇੱਕ ਅਧਿਐਨ ਵਿੱਚ ਮਾਯੋਕਾਰਡੀਅਲ ਇਸਕੀਮੀਆ ਤੇ (ਐੱਨ ਓ ਸੀ ਏ ਡੀ) ਦੇ ਮਰੀਜ਼ਾਂ ਦੀ ਕੋਰੋਨਰੀ ਐਂਜਿਊਗ੍ਰਾਫੀ ਅਤੇ ਇੰਟ੍ਰਾਕੋਰੋਨਰੀ ਪ੍ਰੋਵੋਕੇਸ਼ਨ ਟੈਸਟ ਦੇ ਅਧਿਐਨ ਵਿੱਚ 287 ਮਰੀਜਾਂ ਨੂੰ ਸ਼ਮਿਲ ਕੀਤਾ। ਖੋਜਕਰਤਾਵਾਂ ਨੇ ਪਾਇਆ ਕਿ ਪੀ ਐੱਮ 2.5 ਅਤੇ 10 ਪੀ ਐੱਮ ਮਾਯੋਕਾਰਡੀਅਲ ਇਸਕੀਮੀਆ ਅਤੇ ਐੱਨਓਸੀ ਏ ਡੀ ਮਰੀਜ਼ਾਂ ਕੋਰੋਨਰੀ ਵੈਸੋਮੋਟਰ ਵਿੱਚ ਗੜਬੜੀ ਲਈ ਜ਼ਿੰਮੇਵਾਰ ਹੈ। ਸੌਖੇ ਅਰਥਾਂ ਵਿੱਚ ਸਮਝਣਾ ਹੋਵੇ ਤਾਂ ਅਸੀਂ ਕਹਿ ਸਕਦੇ ਹਾਂ ਕਿ ਪੀ ਐੱਮ 2.5 ਅਤੇ ਪੀ ਐੱਮ 10 ਪ੍ਰਦੂਸ਼ਣ ਦੇ ਉਹ ਬਰੀਕ ਕਣ ਹੁੰਦੇ ਹਨ, ਜੋ ਹਵਾ ਵਿੱਚ ਲੰਮੇ ਸਮੇਂ ਤੱਕ ਲਟਕਦੇ ਰਹਿ ਸਕਦੇ ਹਨ। ਇੰਝ ਸਮਝੋ ਕਿ ਇਹ ਇੱਕ ਤਰ੍ਹਾਂ ਸਾਡੇ ਸਿਰ ਦੇ ਵਾਲਾਂ ਤੋਂ 100 ਗੁਣਾਂ ਜ਼ਿਆਦਾ ਬਰੀਕ ਹੁੰਦੇ ਹਨ। ਇਹ ਆਸਾਨੀ ਨਾਲ ਸਾਡੇ ਸਾਹ ਲੈਣ ਨਾਲ ਸਾਹ ਨਲੀ, ਫੇਫੜੇ ਅਤੇ ਫੇਫੜਿਆਂ ਵਿਚਦੀ ਹੁੰਦੇ ਹੋਏ ਬੜੀ ਆਸਾਨੀ ਨਾਲ ਸਾਡੇ ਖ਼ੂਨ ਤੇ ਦਿਲ ਤੱਕ ਪਹੁੰਚ ਜਾਂਦੇ ਹਨ ਅਤੇ ਦਿਲ ਦੇ ਕੰਮ ਕਰਨ ਦੀ ਪ੍ਰੀਕਿਰਿਆ ਅਤੇ ਖ਼ੂਨ ਦੀ ਗੁਣਵੱਤਾ ਨੂੰ ਪ੍ਰਭਾਵਤ ਕਰਕੇ ਸਾਡੇ ਸਰੀਰ ਵਿੱਚ ਭਿਆਨਕ ਬਿਮਾਰੀਆਂ ਪੈਦਾ ਕਰ ਸਕਦੇ ਹਨ ਅਤੇ ਜਾਨਲੇਵਾ ਵੀ ਸਾਬਿਤ ਹੋ ਸਕਦੇ ਹਨ। ਇਹਨਾਂ ਹੀ ਦਿਨਾਂ ਦੌਰਾਨ ਪੰਜਾਬ ਵਿੱਚ ਪਰਾਲੀ ਨੂੰ ਅੱਗ ਲਾਈ ਜਾਂਦੀ ਹੈ ਜਿਸ ਨਾਲ ਇਹ ਪਰਤ ਹੋਰ ਸੰਘਣੀ ਹੋਣ ਲੱਗਦੀ ਹੈ। ਨਵੰਬਰ ਮਹੀਨੇ ਵਿੱਚ ਹੀ ਦਿਵਾਲੀ ਦਾ ਤਿਉਹਾਰ ਤੇ ਕੁਝ ਹੋਰ ਸਮਾਗਮ ਹੁੰਦੇ ਹਨ। ਇਸ ਸਭ ਕੁਝ ਨਾਲ ਸਾਡੇ ਆਲੇ ਦੁਆਲੇ ਪੀ ਐੱਮ 2.5 ਅਤੇ 10 ਕਣਾਂ ਵਾਲੇ ਧੂੰਏਂ ਦੀ ਇੰਨੀ ਸੰਘਣੀ ਪਰਤ ਬਣ ਜਾਂਦੀ ਹੈ, ਇਸ ਵਿੱਚ ਕੁਝ ਦਿਨਾਂ ਲਈ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ। ਇਹਨਾਂ ਦਿਨਾਂ ਦੌਰਾਨ ਅਸੀਂ ਸਾਰੇ ਸਾਡੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਇਸ ਜ਼ਹਿਰੀਲੇ ਧੂੰਏਂ ਨੂੰ ਕਈ ਦਿਨ ਆਪਣੇ ਅੰਦਰ ਖਿਚਦੇ ਹਾਂ। ਇਹ ਸਾਡੇ ਸਭ ਦੀ ਉਮਰ ਨੂੰ ਹਰ ਸਾਲ ਘੱਟ ਕਰਦਾ ਜਾ ਰਿਹਾ ਹੈ। ਜਿਹੜੇ ਲੋਕਾਂ ਨੂੰ ਪਹਿਲਾਂ ਹੀ ਕੋਈ ਥੋੜ੍ਹੀ- ਬਹੁਤੀ ਸਾਹ, ਦਿਲ ਜਾਂ ਛਾਤੀ ਦੀ ਤਕਲੀਫ ਹੁੰਦੀ ਹੈ, ਉਹਨਾਂ ਲੋਕਾਂ ਲਈ ਇਹ ਦਿਨ ਇੱਕ ਤਰ੍ਹਾਂ ਨਾਲ ਮੌਤ ਦੇ ਦਿਨ ਹੁੰਦੇ ਹਨ। ਪ੍ਰਦੂਸ਼ਣ ਦਾ ਇਹ ਸਿਖਰ ਅਗਲੇ ਦਸਬੰਰ ਅਤੇ ਜਨਵਰੀ ਦੇ ਦਿਨਾਂ ਦੌਰਾਨ ਮਾਨਵ ਸਰੀਰ ’ਤੇ ਆਪਣਾ ਅਸਰ ਵਿਖਾਉਂਦਾ ਹੈ। ਲੋ ਇਮਿਊਨਿਟੀ ਵਾਲੇ ਲੋਕ ਅਤੇ ਉਹ ਮਰੀਜ਼ ਜਿਹਨਾਂ ਨੂੰ ਛੋਟੀਆਂ-ਮੋਟੀਆਂ ਹਾਰਟ ਦੀਆਂ ਪਹਿਲਾਂ ਦੀ ਬਿਮਾਰੀਆਂ ਹੁੰਦੀਆਂ ਹਨ, ਇਹਨਾਂ ਦਿਨਾਂ ਦੌਰਾਨ ਦਿਲ ਦੇ ਰੋਗਾਂ ਦੇ ਵੱਡੀ ਤਾਦਾਦ ਵਿੱਚ ਸ਼ਿਕਾਰ ਹੁੰਦੇ ਹਨ, ਜਿਸ ਦੇ ਫਲਸਰੂਪ ਪੰਜਾਬ ਦੇ ਹਰ ਪਿੰਡ ਵਿੱਚ ਇਹਨਾਂ ਦਿਨਾਂ ਦੌਰਾਨ ਮੌਤਾਂ ਦਾ ਸਿਲਸਿਲਾ ਵਧ ਜਾਂਦਾ ਹੈ। ਇੱਥੇ ਹੀ ਬੱਸ ਨਹੀਂ ਕੁਝ ਲੋਕ ਜੋ ਆਪਣੀ ਸਿਹਤ ਪ੍ਰਤੀ ਸੁਚੇਤ ਹੁੰਦੇ ਹਨ ਨੂੰ ਜੇਕਰ ਕਿਸੇ ਬਿਮਾਰੀ ਦੇ ਲੱਛਣ ਪ੍ਰਗਟ ਹੁੰਦੇ ਹਨ ਤਾਂ ਉਹ ਤੁਰੰਤ ਇਲਾਜ ਕਰਵਾ ਕੇ ਆਪਣੀ ਉਮਰ ਨੂੰ ਕੁਝ ਹੋਰ ਲੰਮਾ ਕਰ ਲੈਂਦੇ ਹਨ, ਪਰ ਅਜਿਹਾ ਕਰਨ ਨਾਲ ਵੀ ਖਤਰਾ ਬਰਕਰਾਰ ਰਹਿੰਦਾ ਹੈ, ਟਲਦਾ ਨਹੀਂ, ਅਗਲੇ ਸਾਲ ਜਦੋਂ ਫਿਰ ਅਸੀਂ ਨਵੰਬਰ ਮਹੀਨੇ ਵਿੱਚ ਪ੍ਰਦੂਸ਼ਤ ਹਵਾ ਗੈਸ ਚੈਂਬਰ ਆਪਣੇ ਆਲੇ-ਦੁਆਲੇ ਸਿਰਜਦੇ ਹਾਂ, ਲੱਖਾਂ ਲੋਕ ਫਿਰ ਹਾਈ ਰਿਸਕ ’ਤੇ ਚਲੇ ਜਾਂਦੇ ਹਨ। ਦਸੰਬਰ, ਜਨਵਰੀ ਵਿੱਚ ਇਹਨਾਂ ’ਚੋਂ ਬਹੁਤਿਆਂ ਦੀ ਮੌਤ ਹਾਰਟ ਅਟੈਕ ਨਾਲ ਹੋਣ ਦਾ ਖਤਰਾ ਵਧ ਜਾਂਦਾ ਹੈ। ਜ਼ਿੰਦਗੀ ਦੀ ਬਹੁਤੀ ਫਾਲਤੂ ਦੀ ਨੱਠਭੱਜ ਨੇ ਮਨੁੱਖ ਨੂੰ ਸਹਿਜ ਨਹੀਂ ਰਹਿਣ ਦਿੱਤਾ। ਉਸ ਦੇ ਮਨ, ਮਸਤਕ ਵਿੱਚ ਇੱਕ ਤਰ੍ਹਾਂ ਨਾਲ ਖਲਲ ਪੈਦਾ ਕਰ ਦਿੱਤਾ ਹੈ। ਇਹ ਸਭ ਕੁਝ ਮਨੁੱਖ ਦੇ ਵਿਹਾਰ ਵਿੱਚ ਵੀ ਹੈ। ਸਬਰ, ਸੰਤੋਖ, ਸਹਿਜ ਤੇ ਟਿਕਾਅ ਜਿਵੇਂ ਬੀਤੇ ਦੀ ਬਾਤ ਬਣ ਗਏ ਹਨ। ਆਪਣੀ ਸਿਹਤ ਨਾਲ ਵੀ ਮਨੁੱਖ ਦਾ ਵਿਹਾਰ ਸੁਖਾਵਾਂ ਨਹੀਂ। ਸਾਡੇ ’ਚੋਂ ਬਹੁਤਿਆਂ ਦੀ ਤਰਜੀਹ ਚੰਗੀ ਖੁਰਾਕ ਨਹੀਂ, ਬਲਕਿ ਸੁਆਦ ਬਣ ਗਿਆ ਹੈ। ਪੌਸ਼ਟਿਕ ਖੁਰਾਕ ਦੀ ਥਾਂ ਹੁਣ ਸੁਆਦਾਂ ਨੇ ਲੈ ਲਈ ਹੈ। ਅਸੀਂ ਖਾਣਾ ਸਿਹਤ ਲਈ ਨਹੀਂ, ਸੁਆਦ ਲਈ ਖਾਣ ਲੱਗ ਪਏ ਹਾਂ। ਬਹੁ-ਗਿਣਤੀ ਲੋਕ ਇਸ ਪ੍ਰਤੀ ਫਿਕਰਮੰਦ ਨਹੀਂ ਹਨ। ਇਸੇ ਲਈ ਹਰ ਦਿਨ ਬਿਮਾਰੀਆਂ ਦਾ ਪ੍ਰਕੋਪ ਵਧ ਰਿਹਾ ਹੈ। ਸਰੀਰਕ ਤੇ ਮਾਨਸਿਕ ਵਿਗਾੜ ਹਰ ਦਿਨ ਵਧ ਰਹੇ ਹਨ। ਸਾਡੇ ਵਿਹਾਰ ਦੀ ਤੇਜ਼ੀ ਨੇ ਜਿੱਥੇ ਸਾਡੇ ਮਨ, ਸਰੀਰ ਅਤੇ ਵਿਹਾਰ ਨੂੰ ਪ੍ਰਭਾਵਤ ਕੀਤਾ ਹੈ, ਉੱਥੇ ਇਸ ਨਾਲ ਅਸੀਂ ਆਪਣੇ ਆਲੇ-ਦੁਆਲੇ ਕੁਦਰਤ ਦੇ ਇਸ ਪਸਾਰੇ ਵਿੱਚ ਵੀ ਆਪਣੇ ਅਤੇ ਹੋਰ ਜੀਅ-ਜੰਤ ਲਈ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਸਮੱਸਿਆਵਾਂ ਖੜੀਆਂ ਕੀਤੀਆਂ ਹਨ। ਦੂਜੇ ਅਰਥਾਂ ਵਿੱਚ ਅਸੀਂ ਕਹਿ ਸਕਦੇ ਹਾਂ ਕਿ ਮਨੁੱਖ ਦੇ ਹਾਬੜੇਪਨ ਨੇ ਆਪਣੇ ਆਲੇ-ਦੁਆਲੇ ਬਿਮਾਰੀਆਂ, ਦੁਸ਼ਵਾਰੀਆਂ ਅਤੇ ਮੌਤ ਦਾ ਬਿਰਤਾਂਤ ਸਿਰਜ ਲਿਆ ਹੈ। ਜਿੱਥੇ ਸਾਡੀ ਖੁਰਾਕ ਤੰਦਰੁਸਤ ਨਹੀਂ ਰਹੀ, ਉੱਥੇ ਸਾਡੇ ਵਾਤਾਵਰਣ ਦੀ ਤੰਦਰੁਸਤੀ ਨੂੰ ਵੀ ਗ੍ਰਹਿਣ ਲੱਗ ਗਿਆ ਹੈ। ਇੱਥੇ ਵਿਚਾਰਨ ਵਾਲੀ ਗੱਲ ਇਹ ਹੈ ਕਿ ਜੇਕਰ ਇਸ ਵਾਤਾਵਰਨ ਵਿੱਚ ਪੰਛੀਆਂ ਦੀਆਂ ਕੁਝ ਨਸਲਾਂ ਅਲੋਪ ਹੁੰਦੀਆਂ ਹਨ ਤਾਂ ਇਸ ਦਾ ਸਿੱਧਾ ਭਾਵ ਇਹ ਹੈ ਕਿ ਇੱਥੇ ਜੀਵਾਂ ਦੇ ਵਿਗਸਣ, ਮੌਲਣ ਲਈ ਢੁਕਵਾਂ ਵਾਤਾਵਰਣ ਅਤੇ ਸਾਜਗਾਰ ਮਾਹੌਲ ਨਹੀਂ ਰਿਹਾ। ਇਸ ਮਾਹੌਲ ਦਾ ਸਿੱਧਾ ਪ੍ਰਭਾਵ ਮਨੁੱਖ ਦੀ ਜ਼ਿੰਦਗੀ ’ਤੇ ਵੀ ਪੈਂਦਾ ਹੈ। ਜੀਵ-ਜੰਤੂਆਂ, ਪੰਛੀਆਂ ’ਚੋਂ ਕੋਈ ਇੱਕ ਜੀ-ਜੰਤ ਵੀ ਅਲੋਪ ਹੁੰਦਾ ਹੈ ਤਾਂ ਇਸ ਨੂੰ ਇੱਕ ਤਰ੍ਹਾਂ ਨਾਲ ਸਮੁੱਚੇ ਜੀਵਨ ਲਈ ਖਤਰੇ ਦੀ ਘੰਟੀ ਸਮਝਿਆ ਜਾਣਾ ਚਾਹੀਦਾ ਹੈ। ਇਸ ਸਭ ਕੁਝ ਲਈ ਉਹ ਮਾਹੌਲ ਤੇ ਸੰਕਟ ਜ਼ਿੰਮੇਵਾਰ ਹੈ, ਜੋ ਅਸੀਂ ਪਿਛਲੇ ਕੁਝ ਦਹਾਕਿਆਂ ਤੋਂ ਪੰਜਾਬ ਦੀ ਗੁਰੂਆਂ, ਪੀਰਾਂ ਦੀ ਧਰਤੀ ’ਤੇ ਸਿਰਜਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ।

ਅਸੀਂ ਪੰਜਾਬ ਦੇ ਲੋਕ ਸਰਬੱਤ ਦਾ ਭਲਾ ਚਾਹੁਣ ਤੇ ਮੰਗਣ ਵਾਲੇ ਲੋਕ ਹਾਂ। ਅਜੋਕੇ ਦੌਰ ਵਿੱਚ ਅਸੀਂ ਵਿਖਾਵੇ ਕਰਨ ਲਈ ਧਰਮ-ਕਰਮ ਦੇ ਨਾਮ ’ਤੇ ਵੱਡੇ ਅਡੰਬਰ ਤਾਂ ਰਚਦੇ ਹਾਂ, ਪਰ ਜੀਵਨ ਨਾਲ ਜੁੜੇ ਸਰੋਕਾਰਾਂ ਤੋਂ ਦਰਕਿਨਾਰ ਕਰ ਲੈਂਦੇ ਹਾਂ। ਪੰਜਾਬ ਦੇ ਲੋਕਾਂ ਨੂੰ ਇਸ ਲਈ ਸੁਚੇਤ ਹੋਣਾ ਚਾਹੀਦਾ ਹੈ। ਆਪਣੇ ਆਲੇ-ਦੁਆਲੇ ਹਵਾ ਦੀ ਗੁਣਵਤਾ ਵਿੱਚ ਸੁਧਾਰ ਕਰਕੇ ਅਸੀਂ ਪੰਜਾਬ ਦੇ ਪਾਣੀ ਅਤੇ ਪੰਜਾਬ ਦੀ ਮਿੱਟੀ ਨੂੰ ਵੀ ਸ਼ੁੱਧ ਕਰ ਸਕਦੇ ਹਾਂ। ਇਸ ਲਈ ਕਿਤੋਂ ਨਾ ਕਿਤੋਂ ਸਾਨੂੰ ਸ਼ੁਰੂਆਤ ਕਰਨੀ ਪਵੇਗੀ। ਅੱਜ ਜੇਕਰ ਪੰਜਾਬ ਵਿੱਚ ਬਿਮਾਰੀਆਂ, ਦੁਸ਼ਵਾਰੀਆਂ, ਹਾਰਟ ਅਟੈਕ, ਅਧਰੰਗ ਅਤੇ ਹੋਰ ਰੋਗਾਂ ਦੀ ਪੰਜਾਬ ਵਿੱਚ ਭਰਮਾਰ ਹੋ ਰਹੀ ਹੈ ਤਾਂ ਸਾਨੂੰ ਸੋਚਣ ਦੀ ਲੋੜ ਹੈ ਕਿ ਜਿਹੜੀਆਂ ਤਰਜੀਹਾਂ ’ਤੇ ਅਸੀਂ ਚੱਲ ਰਹੇ ਹਾਂ, ਇਹਨਾਂ ਨੂੰ ਬਦਲਣ ਦੀ ਲੋੜ ਹੈ। ਪੰਜਾਬ ਦੀ ਉਹ ਧਰਤੀ ਜਿੱਥੇ ਸਾਲ ਵਿੱਚ ਛੇ ਰੁੱਤਾਂ ਗਰਮੀ, ਸਰਦੀ, ਪਤਝੜ, ਬਸੰਤ, ਵਰਖਾ, ਬਹਾਰ ਆਉਂਦੀਆਂ ਹਨ। ਹਰ ਦੋ ਮਹੀਨੇ ਬਾਅਦ ਰੁੱਤ ਬਦਲਦੀ ਹੈ। ਦੁਨੀਆ ਵਿੱਚ ਵਿਰਲਾ ਹੀ ਕੋਈ ਖਿੱਤਾ ਹੋਵੇਗਾ, ਜਿੱਥੇ ਅਜਿਹਾ ਮੌਸਮ ਹੁੰਦਾ ਹੋਵੇਗਾ। ਪੰਜਾਬ ਦੀ ਗੁਰੂਆਂ-ਪੀਰਾਂ ਦੀ ਧਰਤੀ ਅੱਜ ਪੁਕਾਰ ਰਹੀ ਹੈ ਕਿ ਕੁਦਰਤੀ ਦਾਤਾਂ ਨੂੰ ਸੰਭਾਲ ਲਓ, ਵੱਧ ਤੋਂ ਵੱਧ ਰੁੱਖ ਲਾਓ, ਅੱਗ ਦੇ ਲਾਂਬੂ ਲਾ ਕੇ ਧਰਤੀ ਮਾਂ ਦੀ ਹਿੱਕ ਨਾ ਲੂਹੋ ਅਤੇ ਪਾਣੀਆਂ ਦਾ ਸਤਿਕਾਰ ਕਰੋ। ਇਹ ਦਾਤਾਂ ਅਨਮੋਲ ਹਨ, ਇਹਨਾਂ ਦੀ ਕਦਰ ਕਰੋ। ਸ਼ਾਇਰ ਲਿਖਦਾ ਹੈ:

ਆਪਣਾ ਆਪ ਗਵਾਈ ਜਾਂਦੇ ਫੜਿਆ ਕਿਹੜੇ ਧੰਦਿਆਂ ਨੂੰ,
ਆਓ, ਯਾਰੋ ਲੱਭਣ ਚੱਲੀਏ ਬੰਦਿਆਂ ਵਿੱਚੋਂ ਬੰਦਿਆਂ ਨੂੰ।
ਕੁਰਸੀਆਂ ਤੇ ਸੂਲੀਆਂ ਕੁਝ ਜੰਗਲ ਵੱਢ ਬਣਾ ਲਈਆਂ,
ਆਪਣੀ ਨਸਲ ਲਈ ਆਪਣੇ ਹੱਥੀਂ ਵੱਟਣ ਲੱਗੇ ਫੰਧਿਆਂ ਨੂੰ।

# ਸੰਪਰਕ : 98550-51099

# ਪ੍ਰਾਈਵੇਟ ਸਕੂਲ ਸਿੱਖਿਆ ਦੇ ਮੰਦਰ ਜਾਂ ਵਪਾਰ ਕੇਂਦਰ

ਡਾ. ਸੁਖਰਾਜ ਸਿੰਘ ਬਾਜਵਾ

ਦੇਸ਼ ਵਿਚ ਸਿੱਖਿਆ ਢਾਂਚਾ ਕਿਸ ਹੱਦ ਤੱਕ ਖਰਾਬ ਹੋ ਚੁੱਕਾ ਹੈ, ਇਸ ਬਾਰੇ ਅਨੇਕਾਂ ਵਾਰ ਗੱਲ ਹੁੰਦੀ ਹੈ, ਪਰ ਅਫਸੋਸ ਦੀ ਗੱਲ ਹੈ ਕਿ ਬੁੱਧੀਜੀਵੀ ਵਰਗ ਚੁੱਪ ਕਿਉਂ ਹੈ। ਸਿੱਖਿਆ ਦੇ ਨਾਮ ’ਤੇ ਵਪਾਰ ਹੋ ਰਿਹਾ ਹੈ। ਹੈਰਾਨੀ ਹੁੰਦੀ ਹੈ, ਜਦ ਪ੍ਰਾਈਵੇਟ ਸਕੂਲਾਂ ਵਿਚ ਨਰਸਰੀ ਜਮਾਤ ਵਿਚ ਦਾਖਲਾ ਲੈਣ ਹਿੱਤ ਵੀ 2 ਸਾਲ ਦੇ ਬੱਚੇ ਦੀ ਅਗਾਊਂ ਰਜਿਸਟਰੇਸ਼ਨ ਕਰਵਾਉਣੀ ਪੈਂਦੀ ਹੈ । ਰਜਿਸਟਰੇਸ਼ਨ ਕਰਵਾਉਣਾ ਕੋਈ ਗਲਤ ਵੀ ਨਹੀਂ, ਹੁਣ ਤਾਂ ਸਰਕਾਰੀ ਸਕੂਲਾਂ ਵਿਚ ਵੀ ਅਗਾਊਂ ਰਜਿਸਟਰੇਸ਼ਨ ਹੋਣ ਲੱਗ ਪਈ ਹੈ, ਪਰ ਜੋ ਗਲਤ ਹੈ, ਉਹ ਹੈ ਰਜਿਸਟਰੇਸ਼ਨ ਦੇ ਨਾਂਅ ’ਤੇ ਪ੍ਰਾਈਵੇਟ ਸਕੂਲਾਂ ਵੱਲੋਂ ਵੱਡੀ ਰਕਮ ਵਸੂਲ ਕਰਨਾ । ਇਹ ਰਕਮ ਦਾਖਲੇ ਤੋਂ ਬਾਅਦ ਕਿਸੇ ਫੀਸ ਵਿਚ ਵੀ ਅਡਜਸਟ ਨਹੀਂ ਕੀਤੀ ਜਾਂਦੀ । ਦੂਸਰੀ ਗੱਲ ਜੋ ਬੱਚਾ ਹਾਲੇ ਦੋ-ਢਾਈ ਸਾਲ ਦਾ ਹੈ, ਉਸ ਦਾ ਦਾਖਲੇ ਦੇ ਨਾਂਅ ’ਤੇ ਟੈਸਟ ਲਿਆ ਜਾਂਦਾ ਹੈ, ਜਿਸ ਦਾ ਪੱਧਰ ਪਹਿਲੀ ਜਾਂ ਦੂਸਰੀ ਜਮਾਤ ਦੇ ਵਿਦਿਆਰਥੀਆਂ ਵਾਲਾ ਹੁੰਦਾ ਹੈ । ਅਕਸਰ ਇਹ ਦਾਖਲਾ ਪ੍ਰੀਖਿਆ ਨੂੰ ਦੋ-ਢਾਈ ਸਾਲ ਦਾ ਬੱਚਾ ਪਾਸ ਨਹੀਂ ਕਰ ਸਕਦਾ ਤੇ ਉਹ ਨਮੋਸ਼ੀ ਮਹਿਸੂਸ ਕਰਦਾ ਹੈ ਤੇ ਨਾਲ ਹੀ ਮਾਪੇ ਵੀ ।ਅਸਲੀ ਖੇਡ ਏਥੋਂ ਸ਼ੁਰੂ ਹੁੰਦੀ ਹੈ, ਮਾਪਿਆਂ ਨੂੰ ਕਿਹਾ ਜਾਂਦਾ ਹੈ ਕਿ ਤੁਹਾਡਾ ਬੱਚਾ ਦਾਖਲੇ ਲਈ ਪਾਤਰ ਨਹੀਂ ਤੇ ਫੇਰ ਹੁੰਦੀ ਹੈ ਸੌਦੇਬਾਜੀ । ਮਾਂ-ਬਾਪ ਵੀ ਆਪਣੇ ਬੱਚੇ ਨੂੰ ਇਕ ਚੰਗੇ ਰੁਤਬੇ ਵਾਲੇ ਸਕੂਲ ਵਿੱਚ ਦਾਖਲਾ ਕਰਵਾਉਣ ਹਿੱਤ ਉਕਤ ਸੌਦੇਬਾਜ਼ੀ ਲਈ ਤਿਆਰ ਹੋ ਜਾਂਦੇ ਹਨ। ਇਸ ਤਰ੍ਹਾਂ ਸਿੱਖਿਆ ਦੇ ਨਾਂਅ ’ਤੇ ਸ਼ੁਰੂ ਹੁੰਦੀ ਹੈ ਧੰਦੇਬਾਜ਼ੀ ਅਤੇ ਠੱਗੀ। ਅੱਜ ਦੀ ਸਥਿਤੀ ਇਹ ਹੈ ਕਿ ਕਿਸੇ ਵੀ ਪ੍ਰਾਈਵੇਟ ਸਕੂਲ ਦਾ ਰੁਤਬਾ ਉਸ ਦੀ ਆਲੀਸ਼ਾਨ ਇਮਾਰਤ ਅਤੇ ਫ਼ੀਸ ਕਰਕੇ ਹੁੰਦਾ ਹੈ। ਜਿੰਨੀ ਵੱਧ ਫੀਸ ਓਨਾ ਹੀ ਉਸ ਸਕੂਲ ਨੂੰ ਵੱਧ ਰੁਤਬੇ ਵਾਲਾ ਮੰਨਿਆ ਜਾਂਦਾ ਹੈ। ਸਿੱਖਣ ਸਿਖਾਉਣ ਦੀ ਜੇਕਰ ਗੱਲ ਕਰੀਏ ਤਾਂ ਨਰਸਰੀ ਜਮਾਤ ਤੋਂ ਹੀ ਬੱਚੇ ਉਪਰ ਜਿੱਥੇ ਭਾਰੀ ਬਸਤੇ ਦਾ ਬੋਝ ਪਾ ਦਿੱਤਾ ਜਾਂਦਾ ਹੈ, ਜੋ ਕਿ ਬੱਚੇ ਦੇ ਸਰੀਰਕ ਵਿਕਾਸ ਨੂੰ ਰੋਕਦਾ ਹੈ, ਨਾਲ ਹੀ ਬੱਚੇ ਨੂੰ ਘਰ ਲਈ ਹੱਦ ਤੋਂ ਵੱਧ ਕੰਮ ਦੇ ਕੇ ਏਨਾ ਵਿਅਸਤ ਕਰ ਦਿੱਤਾ ਜਾਂਦਾ ਹੈ ਕਿ ਸਕੂਲ ਤੋਂ ਬਾਅਦ ਬੱਚਾ ਬਾਕੀ ਸਮਾਂ ਟਿਊਸ਼ਨ ’ਤੇ ਗੁਜ਼ਾਰ ਦੇਂਦਾ ਹੈ, ਬੱਚੇ ਕੋਲ ਮੰਨ ਪਰਚਾਵੇ ਲਈ ਘਰ ਤੋ ਬਾਹਰ ਖੇਡਣ ਦਾ ਸਮਾਂ ਹੀ ਨਹੀਂ ਹੁੰਦਾ , ਥੱਕਿਆ ਹੋਇਆ ਬੱਚਾ ਜਲਦੀ ਸੌਣ ਦੀ ਜ਼ਿੱਦ ਕਰਦਾ ਹੈ, ਜਿਸ ਕਾਰਨ ਉਹ ਆਪਣੇ ਮਾਤਾ-ਪਿਤਾ ਜਾਂ ਘਰ ਵਿਚ ਮੌਜੂਦ ਹੋਰ ਮੈਂਬਰਾਂ ਨਾਲ ਖੁੱਲ੍ਹ ਕੇ ਗੱਲ ਵੀ ਨਹੀਂ ਕਰਦਾ। ਇਹ ਗੱਲਾਂ ਉਸ ਦੇ ਮਾਨਸਿਕ ਵਿਕਾਸ ਵਿਚ ਰੁਕਾਵਟ ਦਾ ਕਾਰਨ ਬਣਦੀਆਂ ਹਨ । ਬੱਚੇ ਨੂੰ ਅਗਰ ਨੀਂਦ ਨਹੀਂ ਆਉਂਦੀ ਤਾਂ ਉਹ ਆਪਣਾ ਸਮਾਂ ਮੋਬਾਇਲ ’ਤੇ ਗੁਜ਼ਾਰਨ ਲਗਦਾ ਹੈ ਤੇ ਕਈ ਵਾਰ ਕੁਝ ਅਜਿਹੀਆਂ ਖੇਡਾਂ ਖੇਡਣ ਲਗਦਾ ਹੈ, ਜੋ ਉਸ ਨੂੰ ਸਾਈਬਰ ਫਰਾਡ ਵੱਲ ਜਾਂ ਕਈ ਵਾਰ ਖਤਰਨਾਕ ਕਦਮ ਚੁੱਕਣ ਵੱਲ ਲੈ ਜਾਂਦੀਆਂ ਹਨ ।

ਪ੍ਰਾਈਵੇਟ ਸਕੂਲ ਬੱਚੇ ਦੀ ਬੋਲਚਾਲ ਦੀ ਭਾਸ਼ਾ ਉਪਰ ਵੀ ਕਬਜ਼ਾ ਕਰ ਲੈਂਦੇ ਹਨ । ਬੱਚੇ ਨੂੰ ਹਰ ਵਕਤ ਅੰਗਰੇਜ਼ੀ ਬੋਲਣ ਲਈ ਮਜਬੂਰ ਕੀਤਾ ਜਾਂਦਾ ਹੈ, ਜਿਸ ਨਾਲ ਬੱਚਾ ਆਪਣੀ ਮਾਤ ਭਾਸ਼ਾ ਤੋਂ ਦੂਰ ਹੋਣ ਲਗਦਾ ਹੈ। ਜਿਨ੍ਹਾਂ ਘਰਾਂ ਵਿੱਚ ਮਾਂ-ਬਾਪ ਘੱਟ ਪੜ੍ਹੇ ਹੁੰਦੇ ਹਨ ਜਾਂ ਅੰਗਰੇਜ਼ੀ ਭਾਸ਼ਾ ਦੀ ਵਰਤੋਂ ਨਹੀਂ ਕਰ ਪਾਉਂਦੇ, ਉਹ ਬੱਚੇ ਦੇ ਅੰਗਰੇਜ਼ੀ ਬੋਲਣ ’ਤੇ ਬਹੁਤ ਖੁਸ਼ ਹੁੰਦੇ ਹਨ, ਪਰ ਜਦ ਉਨ੍ਹਾਂ ਨੂੰ ਮਾਪੇ-ਅਧਿਆਪਕ ਮਿਲਣੀ ਲਈ ਸਕੂਲ ਬੁਲਾਇਆ ਜਾਂਦਾ ਹੈ ਤਾਂ ਓਹ ਆਪ ਤਾਂ ਨਮੋਸ਼ੀ ਮਹਿਸੂਸ ਕਰਦੇ ਹੀ ਹਨ, ਨਾਲ ਹੀ ਬੱਚਾ ਵੀ ਇਸ ਗੱਲ ਲਈ ਨਮੋਸ਼ੀ ਮਹਿਸੂਸ ਕਰਦਾ ਹੈ ਕਿ ਉਸ ਦੇ ਮਾਤਾ ਪਿਤਾ ਉਸ ਦੇ ਅਧਿਆਪਕ ਜਾਂ ਦੂਸਰੇ ਵਿਦਿਆਰਥੀਆਂ ਦੇ ਮਾਤਾ-ਪਿਤਾ ਨਾਲ ਅੰਗਰੇਜ਼ੀ ’ਚ ਗੱਲ ਨਹੀਂ ਕਰਦੇ , ਇਸ ਕਰਕੇ ਬੱਚੇ ਵਿਚ ਹੀਣ ਭਾਵਨਾ ਪੈਦਾ ਹੋਣ ਲਗਦੀ ਹੈ ਅਤੇ ਬੱਚਾ ਆਪਣੇ ਮਾਤਾ-ਪਿਤਾ ਨੂੰ ਮੀਟਿੰਗ ਵਿਚ ਲੈ ਕੇ ਆਉਣ ਤੋਂ ਗ਼ੁਰੇਜ਼ ਕਰਨ ਲਗਦਾ ਹੈ। ਪ੍ਰਾਈਵੇਟ ਸਕੂਲਾਂ ਵਿਚ ਸਾਲਾਨਾ ਸਮਾਗਮ ਕਰਵਾਏ ਜਾਂਦੇ ਹਨ, ਜੋ ਕਿ ਬਹੁਤ ਵਧੀਆ ਗੱਲ ਹੈ, ਇਸ ਨਾਲ ਬੱਚੇ ਦੀ ਪ੍ਰਤਿਭਾ ਵਿਚ ਨਿਖਾਰ ਆਉਂਦਾ ਹੈ, ਪਰ ਇਥੇ ਵੀ ਕਮਾਈ ਦਾ ਕੋਈ ਵੀ ਸਾਧਨ ਪਿੱਛੇ ਨਹੀਂ ਛੱਡਿਆ ਜਾਂਦਾ । ਬੱਚੇ ਦੀ ਡਰੈੱਸ ਕਿਰਾਏ ’ਤੇ ਲੈਣ ਦੇ ਨਾਂਅ ’ਤੇ ਅਤੇ ਫੰਕਸ਼ਨ ਦੇ ਨਾਂਅ ’ਤੇ ਫੇਰ ਤੋਂ ਮੋਟੀ ਰਕਮ ਵਸੂਲ ਕੀਤੀ ਜਾਂਦੀ ਹੈ । ਹੁਣ ਤਾਂ ਇੱਕ ਨਵੀਂ ਖੇਡ ਸ਼ੁਰੂ ਕਰ ਦਿੱਤੀ ਗਈ ਹੈ, ਕੁਝ ਸਕੂਲਾਂ ਵੱਲੋਂ ਖਾਣੇ ਜਾਂ ਰਿਫਰੈਸ਼ਮੈਂਟ ਦੇ ਨਾਂਅ ’ਤੇ ਕੁਝ ਨਾਮੀ ਕੇਟਰਿੰਗ ਵਾਲਿਆਂ ਨਾਲ ਠੇਕਾ ਕਰ ਲਿਆ ਜਾਂਦਾ ਹੈ ਅਤੇ ਬੱਚਿਆਂ ਦੇ ਮਾਪਿਆਂ ਨੂੰ ਅਤੇ ਬੱਚਿਆਂ ਨੂੰ ਵੀ ਮੁੱਲ ਲੈ ਕੇ ਖਾਣਾ ਪੈਂਦਾ ਹੈ, ਜੋ ਕਿ ਆਮ ਤੌਰ ’ਤੇ ਮਹਿੰਗਾ ਵੀ ਹੁੰਦਾ ਹੈ ਅਤੇ ਆਪਣਾ ਝੂਠਾ ਰੁਤਬਾ ਵਿਖਾਉਣ ਲਈ ਮਾਪੇ ਉਥੇ ਖਾਣਾ ਖਾਣ ਲਈ ਮਜਬੂਰ ਵੀ ਹੁੰਦੇ ਹਨ । ਛੇਵੀਂ ਜਮਾਤ ਤੋਂ ਬਾਅਦ ਬੇਸ਼ਕ ਸਕੂਲਾਂ ਵਿਚ ਐੱਨ ਸੀ ਆਰ ਟੀ ਵੱਲੋਂ ਸਿਲੇਬਸ ਨਿਰਧਾਰਤ ਹੈ ਅਤੇ ਹਰ ਭਾਸ਼ਾ ਵਿਚ ਕਿਤਾਬਾਂ ਉਪਲੱਬਧ ਹਨ, ਪਰ ਪ੍ਰਾਈਵੇਟ ਸਕੂਲਾਂ ਵੱਲੋਂ ਆਪਣੀ ਮਨਮਰਜੀ ਦੀਆਂ ਕਿਤਾਬਾਂ ਅਤੇ ਸਿਲੇਬਸ ਨਿਰਧਾਰਤ ਕੀਤਾ ਜਾਂਦਾ ਹੈ ਅਤੇ ਇਹ ਵੀ ਹਰ ਸਾਲ ਬਦਲ ਦਿੱਤਾ ਜਾਂਦਾ ਹੈ, ਤਾਂ ਜੋ ਅਗਲੇ ਸਾਲ ਵਿਦਿਆਰਥੀ ਪੁਰਾਣੀਆਂ ਕਿਤਾਬਾਂ ਇਸਤੇਮਾਲ ਨਾ ਕਰ ਸਕਣ ।

ਇਸ ਸਾਰੇ ਮਸਲੇ ’ਤੇ ਜਿੱਥੇ ਸਰਕਾਰਾਂ ਆਪਣੀਆਂ ਅੱਖਾਂ ਬੰਦ ਕਰੀ ਬੈਠੀਆਂ ਹਨ, ਉਥੇ ਮਾਪੇ ਵੀ ਖਾਮੋਸ਼ ਹਨ, ਕੋਈ ਵਿਰੋਧ ਨਹੀਂ ਕਰਦਾ ।ਸਿੱਖਿਆ ਨੂੰ ਵਪਾਰ ਬਣਾਉਣ ਵਿੱਚ ਕਿਤੇ ਨਾ ਕਿਤੇ ਸਾਡਾ ਸਭ ਦਾ ਹੱਥ ਹੈ, ਜੋ ਇਸ ਸਾਰੇ ਵੀਸ਼ੇ ਉਪਰ ਚੁੱਪ ਹਨ । ਸਮਾਂ ਹੈ ਕਿ ਇਸ ਉਪਰ ਸਭ ਗੰਭੀਰਤਾ ਨਾਲ ਵਿਚਾਰ ਕਰੀਏ ਤੇ ਆਪਣੇ ਬੱਚਿਆਂ ਨੂੰ ਸਿੱਖਿਆ ਮਾਫੀਏ ਦੇ ਸ਼ੋਸ਼ਣ ਤੋਂ ਬਚਾਈਏ।

# ਸੰਪਰਕ : 78886-84597

# ਸਾਈਬਰ ਹਮਲਿਆਂ ਤੋਂ ਸੁਚੇਤ ਅਤੇ ਜ਼ਿੰਮੇਵਾਰ ਰਹਿਣਾ ਜ਼ਰੂਰੀ



ਸੁਰਜੀਤ ਸਿੰਘ ਫਲੋਰਾ

ਜਿਥੇ ਸਮਕਾਲੀ ਦ੍ਰਿਸ਼ਟੀਕੋਣ ਵਿੱਚ ਇੰਟਰਨੈੱਟ ਸਾਡੇ ਰੋਜ਼ਾਨਾ ਜੀਵਨ ਦੇ ਇੱਕ ਬੁਨਿਆਦੀ ਹਿੱਸੇ ਵਜੋਂ ਉਭਰਿਆ ਹੈ, ਇਸ ਤਕਨਾਲੋਜੀ ਨੇ ਜੀਵਨ ਦੇ ਵੱਖ-ਵੱਖ ਪਹਿਲੂਆਂ ਨੂੰ ਬਦਲ ਦਿੱਤਾ ਹੈ, ਔਨਲਾਈਨ ਬੈਂਕਿੰਗ ਅਤੇ ਸਿੱਖਿਆ ਤੋਂ ਲੈ ਕੇ ਸੋਸ਼ਲ ਨੈੱਟਵਰਕਿੰਗ ਅਤੇ ਈ-ਕਾਮਰਸ ਤੱਕ ਰੋਜ਼ਾਨਾ ਦੀਆਂ ਗਤੀਵਿਧੀਆਂ ਨੂੰ ਤੇਜ਼ ਅਤੇ ਵਧੇਰੇ ਸੁਵਿਧਾਜਨਕ ਬਣਾ ਦਿੱਤਾ ਹੈ ।

ਉਥੇ ਡਿਜੀਟਲ ਪਲੇਟਫਾਰਮਾਂ ’ਤੇ ਇਸ ਵਧਦੀ ਨਿਰਭਰਤਾ ਨੇ ਅਪਰਾਧੀਆਂ ਲਈ ਨਵੇਂ ਦਰਵਾਜ਼ੇ ਵੀ ਖੋਲ੍ਹ ਦਿੱਤੇ ਹਨ । ਸਾਈਬਰ ਅਪਰਾਧ - ਹੈਕਿੰਗ, ਪਛਾਣ ਚੋਰੀ ਅਤੇ ਫਿਸ਼ਿੰਗ ਘੁਟਾਲਿਆਂ ਤੋਂ ਲੈ ਕੇ ਸਾਈਬਰ ਧੱਕੇਸ਼ਾਹੀ ਅਤੇ ਰੈਨਸਮਵੇਅਰ ਹਮਲਿਆਂ ਤੱਕ ਸਾਡੇ ਸਮੇਂ ਦੇ ਸਭ ਤੋਂ ਵੱਡੇ ਖਤਰਿਆਂ ਵਿੱਚੋਂ ਇੱਕ ਬਣ ਗਿਆ ਹੈ।

ਭਾਰਤ ਵਿੱਚ ਆਮ ਲੋਕਾਂ ਅਤੇ ਵੱਡੀਆਂ ਸੰਸਥਾਵਾਂ ਉੱਤੇ ਸਾਈਬਰ ਹਮਲਿਆਂ ਵਿੱਚ ਵਾਧਾ ਹੋਇਆ ਹੈ । ਸੋਨਿਕਵਾਲ ਦੀ ਮੱਧ-ਸਾਲ ਦੀ ਸਾਈਬਰ ਧਮਕੀ ਰਿਪੋਰਟ ਦੇ ਅਨੁਸਾਰ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਦੇਸ਼ ਵਿੱਚ ਮਲਵੇਅਰ ਅਤੇ ਰੈਨਸਮਵੇਅਰ ਦੇ ਮਾਮਲਿਆਂ ਵਿੱਚ ਵਾਧਾ ਹੋਇਆ ਹੈ । ਅੰਕੜਿਆਂ ਮੁਤਾਬਕ 2024 ’ਚ ਹੁਣ ਤੱਕ ਮਲਵੇਅਰ ਹਮਲਿਆਂ ’ਚ 11 ਫੀਸਦੀ ਅਤੇ ਰੈਨਸਮਵੇਅਰ ਹਮਲਿਆਂ ਚ 22 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ, ਜਦੋਂ ਕਿ 2023 ਦੇ ਅੰਕੜਿਆਂ ’ਤੇ ਨਜ਼ਰ ਮਾਰੀਏ ਤਾਂ ਇਨ੍ਹਾਂ ਮਾਮਲਿਆਂ ਦੀ ਗਿਣਤੀ 12,13,528 ਸੀ, ਜੋ ਹੁਣ ਵਧ ਕੇ 13,44,566 ਹੋ ਗਈ ਹੈ।

ਇਸ ਦੇ ਨਾਲ ਹੀ ਇੰਟਰਨੈੱਟ ਆਫ ਥਿੰਗਜ਼ (ਆਈ ਓ ਟੀ) ਵਿੱਚ ਸਾਈਬਰ ਹਮਲਿਆਂ ਦੀ ਗਿਣਤੀ ਵੀ ਵਧੀ ਹੈ। ਅੰਕੜਿਆਂ ਮੁਤਾਬਕ ਇੱਥੇ 59 ਫੀਸਦੀ ਦਾ ਵਾਧਾ ਦੇਖਿਆ ਗਿਆ ਹੈ। 2023 ਵਿੱਚ ਸਾਈਬਰ ਹਮਲਿਆਂ ਦੀ ਗਿਣਤੀ 10,57,320 ਸੀ, ਜੋ 2024 ਵਿੱਚ ਵਧ ਕੇ 16,80,787 ਹੋ ਗਈ ਹੈ।

ਰਿਪੋਰਟ ਵਿੱਚ ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਸੰਗਠਨ ਨੂੰ 1,104 ਘੰਟਿਆਂ ਤੱਕ ਗੰਭੀਰ ਹਮਲਿਆਂ ਦਾ ਸਾਹਮਣਾ ਕਰਨਾ ਪਿਆ, ਜਿਸ ਕਾਰਨ ਉਨ੍ਹਾਂ ਦੀ ਸਾਲਾਨਾ ਆਮਦਨ ਦਾ ਘੱਟੋ-ਘੱਟ 12.6 ਫੀਸਦੀ ਸਾਈਬਰ ਹਮਲੇ ਦਾ ਖਤਰਾ ਸੀ।

ਰਿਪੋਰਟ ਦੇ ਅਨੁਸਾਰ ਜਿਵੇਂ ਇੰਟਰਨੈੱਟ ਟੈਕਨਾਲੋਜੀ ਵਧ ਰਹੀ, ਇਸ ਦੇ ਨਾਲ ਹੀ ਹੈਕਰ ਵੀ ਸਮੇਂ ਦੇ ਨਾਲ ਅੱਗੇ ਵਧ ਰਹੇ ਹਨ । ਤੁਸੀਂ ਇਸ ਗੱਲ ਤੋਂ ਅੰਦਾਜ਼ਾ ਲਗਾ ਸਕਦੇ ਹੋ ਕਿ 2024 ਦੇ ਪਹਿਲੇ ਪੰਜ ਮਹੀਨਿਆਂ ਵਿੱਚ 78,923 ਮਾਲਵੇਅਰ ਹਮਲੇ ਹੋਏ, ਜੋ ਪਹਿਲਾਂ ਕਦੇ ਨਹੀਂ ਦੇਖੇ ਗਏ ਸਨ, ਜਦੋਂ ਕਿ ਦੁਨੀਆ ’ਚ ਇਸ ਸਾਲ ਦੀ ਪਹਿਲੀ ਛਿਮਾਹੀ ’ਚ ਇਸ ’ਚ 30 ਫੀਸਦੀ ਦਾ ਵਾਧਾ ਹੋਇਆ ਹੈ।

ਇਸ ਦੇ ਨਾਲ ਹੀ ਭਾਰਤ ਵਿੱਚ ਸਕੂਲੀ ਜ਼ਿਲ੍ਹਿਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ 325 ਤੋਂ ਵੱਧ ਘਟਨਾਵਾਂ ਦੀ ਰਿਪੋਰਟ ਕੀਤੀ ਗਈ ਹੈ। ਇਹ ਪਰੇਸ਼ਾਨ ਕਰਨ ਵਾਲਾ ਰੁਝਾਨ ਹੌਲੀ ਹੋਣ ਦੇ ਕੋਈ ਸੰਕੇਤ ਨਹੀਂ ਦਿਖਾਉਂਦਾ । ਇਕੱਲੇ ਜਨਵਰੀ 2023 ਅਤੇ ਜੂਨ 2024 ਦੇ ਵਿਚਕਾਰ 83 ਨਵੇਂ ਰੈਨਸਮਵੇਅਰ ਹਮਲਿਆਂ ਹੋਏ, ਜਿਨ੍ਹਾਂ ਵਿੱਚੋਂ 21 ਇਸ ਸਾਲ ਦੇ ਪਹਿਲੇ ਅੱਧ ਵਿੱਚ ਹੋਏ ਸਨ।

ਅਸਲ ਵਿਚ ਇਸ ਡਿਜੀਟਲ ਯੁੱਗ ਵਿੱਚ ਸਾਈਬਰ ਅਪਰਾਧ ਜਾਗਰੂਕਤਾ ਸਿਰਫ਼ ਮਹੱਤਵਪੂਰਨ ਨਹੀਂ, ਇਹ ਨਿੱਜੀ ਅਤੇ ਰਾਸ਼ਟਰੀ ਸੁਰੱਖਿਆ ਲਈ ਜ਼ਰੂਰੀ ਹੈ। ਸਾਈਬਰ ਅਪਰਾਧ ਦੇ ਮਾਮਲਿਆਂ ਵਿੱਚ ਵਾਧਾ ਚਿੰਤਾਜਨਕ ਹੈ। ਹਰ ਮਿੰਟ, ਡੇਟਾ ਉਲੰਘਣਾ ਅਤੇ ਔਨਲਾਈਨ ਘੁਟਾਲੇ ਦੁਨੀਆ ਭਰ ਦੇ ਹਜ਼ਾਰਾਂ ਉਪਭੋਗਤਾਵਾਂ ਨੂੰ ਪ੍ਰਭਾਵਤ ਕਰਦੇ ਹਨ। ਸਾਈਬਰ ਅਪਰਾਧੀ ਸੰਵੇਦਨਸ਼ੀਲ ਜਾਣਕਾਰੀ ਚੋਰੀ ਕਰਨ ਜਾਂ ਵਿਅਕਤੀਆਂ ਨਾਲ ਛੇੜਛਾੜ ਕਰਨ ਲਈ ਮਨੁੱਖੀ ਗਲਤੀ, ਕਮਜ਼ੋਰ ਪਾਸਵਰਡ ਅਤੇ ਜਾਗਰੂਕਤਾ ਦੀ ਘਾਟ ਦਾ ਸ਼ੋਸ਼ਣ ਕਰਦੇ ਹਨ। ਵੱਡੀਆਂ ਸੰਸਥਾਵਾਂ ਅਤੇ ਸਰਕਾਰੀ ਪ੍ਰਣਾਲੀਆਂ ਵੀ ਇਹਨਾਂ ਹਮਲਿਆਂ ਦਾ ਸ਼ਿਕਾਰ ਹੋਈਆਂ ਹਨ, ਜੋ ਸਾਬਤ ਕਰਦੀਆਂ ਹਨ ਕਿ ਸਾਈਬਰ ਸਪੇਸ ਵਿੱਚ ਕੋਈ ਵੀ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਹੈ। ਸਥਿਤੀ ਨੂੰ ਹੋਰ ਵੀ ਬਦਤਰ ਬਣਾਉਣ ਵਾਲੀ ਗੱਲ ਇਹ ਹੈ ਕਿ ਬਹੁਤ ਸਾਰੇ ਲੋਕ ਇਸ ਗੱਲ ਤੋਂ ਅਣਜਾਣ ਹਨ ਕਿ ਉਨ੍ਹਾਂ ਦੇ ਨਿੱਜੀ ਡੇਟਾ ਦੀ ਔਨਲਾਈਨ ਕਿੰਨੀ ਆਸਾਨੀ ਨਾਲ ਦੁਰਵਰਤੋਂ ਕੀਤੀ ਜਾ ਸਕਦੀ ਹੈ।

ਇਥੋਂ ਤੱਕ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਕਈ ਇਸ਼ਤਿਹਾਰਾਂ ਵਿੱਚ ਇੱਕ ਨਿਵੇਸ਼ ਪਲੇਟਫਾਰਮ ਪੇਸ਼ ਕਰਦੇ ਹੋਏ ਵਰਤਿਆ ਗਿਆ ਸੀ । ਉਨ੍ਹਾ ਨੂੰ ਦਰਸ਼ਕਾਂ ਨੂੰ ਇਹ ਕਹਿੰਦੇ ਅਤੇ ਸੁਣਿਆ ਜਾ ਸਕਦਾ ਸੀ ਕਿ ਏ ਆਈ ਭਵਿੱਖ ਹੈ ਅਤੇ ਅਸੀਂ ਕੈਨੇਡੀਅਨਾਂ ਨੂੰ ਇਸ ਦਾ ਹਿੱਸਾ ਬਣਨ ਵਿੱਚ ਮਦਦ ਕਰਨ ਲਈ ਇੱਕ ਅਤਿ-ਆਧੁਨਿਕ ਪ੍ਰੋਗਰਾਮ ਬਣਾਇਆ ਹੈ, ਜਦੋਂ ਕਿ ਉਨ੍ਹਾਂ ਨੂੰ ਸਾਈਨਅੱਪ ਕਰਨ ਲਈ ਇੱਕ ਲਿੰਕ ਨਾਲ ਰਜਿਸਟਰ ਕਰਨ ਦੀ ਅਪੀਲ ਕੀਤੀ। ਜਦੋਂ ਤੁਸੀਂ ਇਸ ਲਿੰਕ ’ਤੇ ਜਾਂਦੇ ਹੋ, ਆਪਣੀ ਜਾਣਕਾਰੀ ਪਾਉਂਦੇ ਹੋ, ਬੈਂਕ ਜਾਂ ਕਰੈਡਿਟ ਕਾਰਡ, ਉਹ ਸਭ ਸਕੈਮ ਦਾ ਹਿਸਾ ਬਣਦੇ ਹਨ, ਜਿਹਨਾਂ ਵਿਚ ਸਾਰਾ ਪੈਸਾ ਗਾਇਬ ਕਰ ਦਿੱਤਾ ਜਾਂਦਾ ਹੈ ਮਿੰਟਾਂ-ਸਕਿੰਟਾਂ ਵਿਚ।

ਇਸ ਲਈ ਜਾਗਰੂਕਤਾ ਸਾਈਬਰ ਅਪਰਾਧ ਵਿਰੁੱਧ ਪਹਿਲਾ ਅਤੇ ਸਭ ਤੋਂ ਪ੍ਰਭਾਵਸ਼ਾਲੀ ਬਚਾਅ ਹੈ। ਲੋਕਾਂ ਨੂੰ ਸੁਰੱਖਿਅਤ ਔਨਲਾਈਨ ਅਭਿਆਸਾਂ ਬਾਰੇ ਸਿੱਖਿਅਤ ਕਰਨਾ - ਜਿਵੇਂ ਕਿ ਮਜ਼ਬੂਤ ਪਾਸਵਰਡਾਂ ਦੀ ਵਰਤੋਂ ਕਰਨਾ, ਸ਼ੱਕੀ ਲਿੰਕਾਂ ਤੋਂ ਬਚਣਾ, ਸਾਫਟਵੇਅਰ ਅੱਪਡੇਟ ਰੱਖਣਾ ਅਤੇ ਔਨਲਾਈਨ ਸਰੋਤਾਂ ਦੀ ਪੁਸ਼ਟੀ ਕਰਨਾ ਆਦਿ ਡਿਜੀਟਲ ਧੋਖਾਧੜੀ ਦਾ ਸ਼ਿਕਾਰ ਹੋਣ ਦੀਆਂ ਸੰਭਾਵਨਾਵਾਂ ਨੂੰ ਕਾਫ਼ੀ ਘਟਾ ਸਕਦਾ ਹੈ। ਸਕੂਲਾਂ, ਕਾਲਜਾਂ ਅਤੇ ਕਾਰਜ ਸਥਾਨਾਂ ਨੂੰ ਆਪਣੇ ਪ੍ਰੋਗਰਾਮਾਂ ਦੇ ਮੁੱਖ ਹਿੱਸੇ ਵਜੋਂ ਸਾਈਬਰ ਸੁਰੱਖਿਆ ਸਿੱਖਿਆ ਨੂੰ ਸ਼ਾਮਲ ਕਰਨਾ ਚਾਹੀਦਾ ਹੈ। ਜਿਵੇਂ ਅਸੀਂ ਸੜਕ ਸੁਰੱਖਿਆ ਜਾਂ ਅੱਗ ਸੁਰੱਖਿਆ ਸਿਖਾਉਂਦੇ ਹਾਂ, ਡਿਜੀਟਲ ਸੁਰੱਖਿਆ ਹਰੇਕ ਇੰਟਰਨੈੱਟ ਉਪਭੋਗਤਾ ਲਈ ਇੱਕ ਆਦਤ ਬਣ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ, ਸਰਕਾਰਾਂ ਅਤੇ ਸੰਗਠਨਾਂ ਨੂੰ ਸਾਈਬਰ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਮੂਹਿਕ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ।

ਇਸ ਦੇ ਨਾਲ ਹੀ ਸਰਕਾਰਾਂ ਵਲੋਂ ਸਾਈਬਰ ਅਪਰਾਧ ਵਿਰੁੱਧ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ ਅਤੇ ਪੀੜਤਾਂ ਕੋਲ ਘਟਨਾਵਾਂ ਦੀ ਰਿਪੋਰਟ ਕਰਨ ਲਈ ਪਹੁੰਚਯੋਗ ਪਲੇਟਫਾਰਮ ਹੋਣੇ ਚਾਹੀਦੇ ਹਨ।

ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ, ਸਾਈਬਰ ਸੁਰੱਖਿਆ ਮਾਹਰਾਂ ਅਤੇ ਤਕਨਾਲੋਜੀ ਕੰਪਨੀਆਂ ਵਿਚਕਾਰ ਸਹਿਯੋਗ ਸਾਈਬਰ ਹਮਲਿਆਂ ਨੂੰ ਟਰੈਕ ਕਰਨ ਅਤੇ ਰੋਕਣ ਲਈ ਵੀ ਮਹੱਤਵਪੂਰਨ ਸਾਬਿਤ ਹੋ ਸਕਦੀਆਂ ਹਨ, ਹਾਲਾਂਕਿ ਇਕੱਲੀ ਤਕਨਾਲੋਜੀ ਸਮੱਸਿਆ ਦਾ ਹੱਲ ਨਹੀਂ ਕਰ ਸਕਦੀ। ਮਨੁੱਖੀ ਕਾਰਕ ਸਾਈਬਰ ਸੁਰੱਖਿਆ ਦੇ ਕੇਂਦਰ ਵਿੱਚ ਰਹਿੰਦਾ ਹੈ। ਬਹੁਤ ਸਾਰੇ ਸਾਈਬਰ ਹਮਲੇ ਉੱਨਤ ਹੈਕਿੰਗ ਟੂਲਸ ਦੇ ਕਾਰਨ ਨਹੀਂ, ਬਲਕਿ ਵਿਅਕਤੀ ਬਹੁਤ ਜ਼ਿਆਦਾ ਔਨਲਾਈਨ ਸਾਂਝਾ ਕਰਨ, ਅਣ-ਪ੍ਰਮਾਣਿਤ ਲਿੰਕਾਂ ’ਤੇ ਕਲਿੱਕ ਕਰਨ ਜਾਂ ਸੁਰੱਖਿਆ ਅਪਡੇਟਾਂ ਨੂੰ ਅਣਗੌਲਿਆ ਕਰਨ ਕਰਕੇ ਸਫਲ ਹੁੰਦੇ ਹਨ। ਇਸ ਲਈ ਡਿਜੀਟਲ ਜ਼ਿੰਮੇਵਾਰੀ ਦਾ ਸੱਭਿਆਚਾਰ ਵਿਕਸਤ ਕਰਨਾ ਵੀ ਓਨਾ ਹੀ ਮਹੱਤਵਪੂਰਨ ਹੈ।

ਹਰੇਕ ਉਪਭੋਗਤਾ ਨੂੰ ਆਪਣੀ ਔਨਲਾਈਨ ਮੌਜੂਦਗੀ ਦੀ ਦੇਖਭਾਲ ਖੁਦ ਕਰਨੀ ਚਾਹਿੰਦੀ ਹੈ ਅਤੇ ਨਿੱਜੀ ਵੇਰਵੇ ਸਾਂਝੇ ਕਰਨ ਜਾਂ ਅਣਜਾਣ ਸਰੋਤਾਂ ’ਤੇ ਭਰੋਸਾ ਕਰਨ ਤੋਂ ਪਹਿਲਾਂ ਦੋ ਵਾਰ ਸੋਚਣਾ ਚਾਹੀਦਾ ਹੈ। ਸਾਈਬਰ ਅਪਰਾਧ ਜਾਗਰੂਕਤਾ ਇੱਕ ਸੁਰੱਖਿਅਤ ਡਿਜੀਟਲ ਸਮਾਜ ਦੀ ਨੀਂਹ ਹੈ। ਜਿਵੇਂ-ਜਿਵੇਂ ਤਕਨਾਲੋਜੀ ਵਿਕਸਤ ਹੁੰਦੀ ਹੈ, ਸਾਈਬਰ ਅਪਰਾਧੀਆਂ ਦੇ ਤਰੀਕੇ ਵੀ ਵਿਕਸਤ ਹੁੰਦੇ ਹਨ। ਸੂਚਿਤ, ਸੁਚੇਤ ਅਤੇ ਜ਼ਿੰਮੇਵਾਰ ਰਹਿਣਾ ਸੁਰੱਖਿਅਤ ਰਹਿਣ ਦਾ ਸਭ ਤੋਂ ਵਧੀਆ ਤਰੀਕਾ ਹੈ। ਇੰਟਰਨੈੱਟ ਸਿੱਖਣ, ਨਵੀਨਤਾ ਅਤੇ ਤਾਲਮੇਲ ਲਈ ਇੱਕ ਜਗ੍ਹਾ ਹੋਣੀ ਚਾਹੀਦੀ ਹੈ - ਡਰ ਅਤੇ ਧੋਖਾਧੜੀ ਲਈ ਨਹੀਂ। ਜਾਗਰੂਕਤਾ ਫੈਲਾ ਕੇ ਅਤੇ ਸੁਰੱਖਿਅਤ ਔਨਲਾਈਨ ਵਿਹਾਰ ਦਾ ਅਭਿਆਸ ਕਰਕੇ ਅਸੀਂ ਇੱਕ ਅਜਿਹਾ ਭਵਿੱਖ ਬਣਾ ਸਕਦੇ ਹਾਂ, ਜਿੱਥੇ ਤਕਨਾਲੋਜੀ ਸਾਨੂੰ ਸਸ਼ਕਤ ਬਣਾਉਂਦੀ ਹੈ, ਨਾ ਕਿ ਸਾਨੂੰ ਖ਼ਤਰੇ ਵਿੱਚ ਪਾਉਂਦੀ ਹੈ।

20 Nov Page 5.qxd 11/19/2025 10:36 PM Page 1



# ਜ਼ਿਮਨੀ ਚੋਣ ਦੇ ਵਧੀਆ ਪ੍ਰਭਾਵ ਸਦਕਾ ਅਕਾਲੀ ਆਗੂਆਂ, ਵਰਕਰਾਂ ਦੇ ਹੌਸਲੇ ਬੁਲੰਦ ਹੋਏ : ਜਥੇਦਾਰ ਹਮੀਦੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਤੋਂ ਅਗਲੇ ਪੜਾਅ ਲਈ ਰਵਾਨਾ ਹੋਇਆ।ਨਗਰ ਕੀਰਤਨ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਿਕ ਸਮਾਗਮ ਕਰਾਇਆ ਗਿਆ, ਜਿੱਥੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵੱਲੋਂ ਮੁੱਖ ਵਾਕ ਲਿਆ ਗਿਆ ਤੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਨਗਰ ਕੀਰਤਨ ਦੀ ਆਰੰਭਤਾ ਕੀਤੀ ਗਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰੂ ਮਹਾਰਾਜ ਜੀ ਦਾ ਪਾਵਨ ਸਰੂਪ ਅਦਬ ਤੇ ਸਤਿਕਾਰ ਨਾਲ ਗੁਰੂ ਸਾਹਿਬ ਜੀ ਦੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ ਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਪ੍ਰਧਾਨ ਸਾਹਿਬ ਨੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿਚ ਨਗਰ ਕੀਰਤਨ ਨੂੰ ਅਗਲੇ ਪੜਾਅ ਲਈ ਰਵਾਨਾ ਕੀਤਾ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਸਮੁੱਚਾ ਸੰਸਾਰ ਜਗਤ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ ਨੂੰ ਮਨਾ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬ ਦੀ ਵਰੋਸਾਈ ਪਾਵਨ ਧਰਤੀ 'ਤੇ 350 ਸਾਲਾ ਸ਼ਤਾਬਦੀ ਸਮਾਗਮ ਜਾਹੋ ਜਲਾਲ ਨਾਲ ਮਨਾਏ ਜਾ ਰਹੇ ਹਨ, ਜਿਥੇ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ 'ਚ ਹੁੰਮ ਹੁੰਮਾ ਕੇ ਪੁੱਜਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮੁੱਚਾ ਜੀਵਨ ਮਾਨਵਤਾ ਦੇ ਕਲਿਆਣਮਈ ਕਾਰਜਾਂ ਪ੍ਰਤੀ ਕੇਂਦਰਤ ਰਿਹਾ ਤੇ ਗੁਰੂ ਸਾਹਿਬ ਨੇ ਮਾਨਵੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਲਾਸਾਨੀ ਸ਼ਹਾਦਤ ਦਿੱਤੀ। ਨਗਰ ਕੀਰਤਨ ਦੀ ਅਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ, ਸੰਤ ਮਹਾਂਪੁਰਸ਼ਾਂ 'ਚ ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆਂ ਵਾਲੇ, ਬਾਬਾ ਨਛੱਤਰ ਸਿੰਘ ਕਾਲੀ ਕੰਬਲੀ ਵਾਲਿਆਂ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਹਰਦੀਪ ਕੌਰ ਖੋਖ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਜਥੇਦਾਰ ਹਰਪਾਲ ਸਿੰਘ ਜੱਲਾ, ਜਥੇਦਾਰ ਬਲਤੇਜ ਸਿੰਘ ਖੋਖ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਆਦਿ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।ਨਗਰ ਕੀਰਤਨ ਦੌਰਾਨ ਹੋਰਨਾਂ ਤੋਂ ਇਲਾਵਾ ਮੈਨੇਜਰ ਡੇਰਾ ਬਾਬਾ ਅਜੈਪਾਲ ਨਾਭਾ ਆਤਮ ਪ੍ਰਕਾਸ਼ ਸਿੰਘ ਬੇਦੀ, ਮੈਨੇਜਰ ਸੁਰਜੀਤ ਸਿੰਘ ਗੁਰਦੁਆਰਾ ਕਰਹਾਲੀ ਸਾਹਿਬ, ਮੀਤ ਮੈਨੇਜਰ ਜਸਵਿੰਦਰ ਸਿੰਘ ਬਿੱਲਾ, ਨਿੱਜੀ ਸਹਾਇਕ ਪ੍ਰਧਾਨ ਸਾਹਿਬ ਅਵਤਾਰ ਸਿੰਘ, ਸਾਬਕਾ ਹੈੱਡ ਗ੍ਰੰਥੀ ਸੁਖਦੇਵ ਸਿੰਘ, ਭਾਈ ਗੁਰਦੀਪ ਸਿੰਘ ਕਾਲੀ ਕੰਬਲੀ ਵਾਲੇ, ਬਲਵਿੰਦਰ ਸਿੰਘ ਨੰਧਰਾ, ਬਾਬਾ ਕੁਲਦੀਪ ਸਿੰਘ ਨਿਹੰਗ ਸਿੰਘ, ਕੰਵਲਜੀਤ ਸਿੰਘ ਗੋਨਾ, ਹਰਮਿੰਦਰਪਾਲ ਸਿੰਘ ਵਿੱਟੀ, ਜਸਵਿੰਦਰਪਾਲ ਸਿੰਘ ਚੱਢਾ, ਹਰਵਿੰਦਰ ਸਿੰਘ ਰਿਕ੍ਹ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਐਡੀਸ਼ਨਲ ਮੈਨੇਜਰ ਇਕਬਾਲ ਸਿੰਘ, ਇੰਚਾਰਜ ਰਾਜਵਿੰਦਰ ਸਿੰਘ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਸਨ।

**● ਗੁਰੂ ਸਾਹਿਬ ਨੇ ਮਾਨਵੀ ਅਧਿਕਾਰਾਂ ਦੀ ਰਾਖੀ ਲਈ ਸ਼ਹਾਦਤ ਦਿੱਤੀ : ਧਾਮੀ**

# ਨਾਭਾ ਕਬੱਡੀ ਕੱਪ ਦੇ ਸੱਭਿਆਚਾਰਕ ਪ੍ਰੋਗਰਾਮ 'ਚ ਕਲਾਕਾਰਾਂ ਨੇ ਖ਼ੂਬ ਰੰਗ ਬੰਨ੍ਹਿਆ



**ਨਾਭਾ (ਵਰਿੰਦਰ ਵਰਮਾ)**- ਆਜ਼ਾਦ ਵੈਲਫੇਅਰ ਐਂਡ ਸਪੋਰਟਸ ਕਲੱਬ ਰਜਿ ਵਲੋਂ ਐਨ ਆਰ ਆਈ ਵੀਰਾਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਰਿਪੁਦਮਨ ਕਾਲਜ ਸਟੇਡੀਅਮ ਨਾਭਾ ਵਿਖੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਹੋਏ 7ਵੇਂ ਨਾਭਾ ਕਬੱਡੀ ਕੱਪ ਦੇ ਅਖੀਰਲੇ ਦਿਨ ਇੱਕ ਸ਼ਾਮ ਗੀਤਾਂ ਦੇ ਨਾਲ ਹੋਏ ਪ੍ਰੋਗਰਾਮ ਵਿੱਚ ਪ੍ਰਸਿੱਧ ਗਾਇਕ ਆਰ ਨੇਤ, ਹਰਜੀਤ ਹਰਮਨ, ਸ਼ੈਬਾ, ਜੈਲੀ, ਕੁਲਵਿੰਦਰ ਸੋਹੀ, ਮਨਜ਼ੋਰ, ਹੁਸਨਾਂ ਦੀ ਮਲਿਕਾ ਸਤਿੰਦਰ ਸੱਤੀ, ਗਾਇਕਾ ਅੰਮ੍ਰਿਤਾ ਢਿੱਲੋਂ ਤੇ ਐਸ ਕੌਰ ਨੇ ਆਪੋ ਆਪਣੇ ਗੀਤਾਂ ਜ਼ਰੀਏ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਦਰਸ਼ਕਾਂ ਦਾ ਮਨੋਰੰਜਨ ਕੀਤਾ ਅਤੇ ਸੱਭਿਆਚਾਰਕ ਸ਼ਾਮ ਵਿੱਚ ਚੰਗਾ ਰੰਗ ਬੰਨ੍ਹਿਆ। ਇਸ ਮੌਕੇ ਕਲੱਬ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਆਏ ਗਾਇਕਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਦੇਰ ਰਾਤ ਤੱਕ ਚੱਲਿਆ ਇਹ ਮੇਲਾ ਆਪਣੀ ਵੱਖਰੀ ਪਛਾਣ ਬਣਾਉਣ ਵਿੱਚ ਪੂਰੀ ਤਰ੍ਹਾਂ ਸਫ਼ਲ ਰਿਹਾ। ਇਸ ਮੌਕੇ ਪ੍ਰਸਿੱਧ ਵੀਡੀਓ ਡਾਇਰੈਕਟਰ ਸਟਾਲਿਨਵੀਰ ਸਿੱਧੂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੇਵਲ ਸਿੰਘ ਰੰਧਾਵਾ ਇੰਗਲੈਂਡ, ਕਬੱਡੀ ਕੱਪ ਦੇ ਮੁੱਖ ਸਰਪ੍ਰਸਤ ਸਿੰਕੂ ਨਾਭਾ ਪ੍ਰਮੋਟਰ ਆਸਟ੍ਰੇਲੀਆ, ਰਾਜਿੰਦਰ ਰਾਜੂ ਭੜੀ ਇੰਗਲੈਂਡ, ਮੰਨੂ ਸ਼ਰਮਾ ਕਪੂਰਥਲਾ, ਕਲੱਬ ਦੇ ਚੇਅਰਮੈਨ ਮਨਜੀਤ ਸਿੰਘ ਜਵੈਲਰਜ਼, ਮੀਤ ਪ੍ਰਧਾਨ ਸੁਖਦੇਵ ਸਿੰਘ ਬਿਰਧਨੋਂ ਤੇ ਦੀਦਾਰ ਸਿੰਘ ਭੱਮ, ਜਨਰਲ ਸਕੱਤਰ ਪਰਮਿੰਦਰ ਸਿੰਘ ਭੰਗੂ, ਗੁਰਵਿੰਦਰ ਸਿੰਘ ਰਾਏ, ਲਾਡੀ ਖਹਿਰਾ, ਜਸਕਰਨਵੀਰ ਸਿੰਘ ਤੇਜੇ, ਗੋਬਿੰਦ ਸਿੰਘ ਜੇਡੂ, ਲਾਲੀ ਵਜ਼ੀਦਪੁਰ, ਦਵਿੰਦਰ ਸਿੰਘ ਕੁਲਾਰਾਂ, ਹੈਪੀ ਬੁੱਗਾ, ਸਰਪ੍ਰਸਤ ਮਨਜੀਤ ਸਿੰਘ ਮਠਾਰੂ, ਸਲਾਹਕਾਰ ਹਰਪਾਲ ਸਿੰਘ ਲਾਡੀ, ਮਨਜੀਤ ਸਿੰਘ ਮੰਗਾ, ਚਮਕੌਰ ਸਿੰਘ ਸਿੱਧੂ, ਸਲਾਹਕਾਰ ਨਰਿੰਦਰ ਖੇੜੀਮਾਨੀਆਂ, ਹਰਮਿੰਦਰ ਸਿੰਘ ਹੈਪੀ, ਹਰਪ੍ਰੀਤ ਸਿੰਘ ਢੀਂਡਸਾ, ਜੋਰਾ ਸਿੰਘ ਕਕਰਾਲਾ, ਗੁਰੀ ਕਕਰਾਲਾ, ਕਰਨੈਲ ਸਿੰਘ ਵਿੱਕੀ, ਜੀਵਨ ਸਿੰਘ ਹਿਆਣਾ, ਮਾ. ਸਤਪਾਲ ਸਿੰਘ ਚੌਹਾਨ, ਬੂਟਾ ਸਿੰਘ ਖੱਟੜਾ, ਸੁਖਜੀਤ ਸਿੰਘ ਹਾਂਸ, ਹਨੀ ਪਹਾੜਪੁਰ, ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ ਆਦਿ ਸਮੇਤ ਵੱਡੀ ਗਿਣਤੀ ਵਿੱਚ ਹਲਕੇ ਦੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਆਏ ਦਰਸ਼ਕਾਂ ਨੇ ਸੱਭਿਆਚਾਰਕ ਸ਼ਾਮ ਦਾ ਆਨੰਦ ਮਾਣਿਆ।

# ਡਵੀਜ਼ਨਲ ਕਮਿਸ਼ਨਰ ਵੱਲੋਂ ਸੰਗਰੂਰ ਜ਼ਿਲ੍ਹੇ ਦੇ ਮਾਲ ਅਧਿਕਾਰੀਆਂ ਨਾਲ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**- ਪਟਿਆਲਾ ਮੰਡਲ ਦੇ ਡਵੀਜ਼ਨਲ ਕਮਿਸ਼ਨਰ ਸ੍ਰੀ ਵਿਨੈ ਬੁਬਲਾਨੀ ਵੱਲੋਂ ਸੰਗਰੂਰ ਜ਼ਿਲ੍ਹੇ ਦੇ ਮਾਲ ਅਧਿਕਾਰੀਆਂ ਨਾਲ ਇਥੇ ਮਾਲ ਵਿਭਾਗ ਦੇ ਕੰਮ ਦਾ ਜਾਇਜਾ ਲੈਣ ਲਈ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ, ਏ.ਡੀ.ਸੀ. ਸ੍ਰੀ ਅਮਿਤ ਬੈਂਬੀ ਤੇ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮ., ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਮੌਜੂਦ ਸਨ। ਇਸ ਮੌਕੇ ਉਨ੍ਹਾਂ ਮਾਲ ਅਦਾਲਤਾਂ 'ਚ ਸਾਲਾਂ ਤੋਂ ਲੰਬਿਤ ਚੱਲੇ ਆ ਰਹੇ ਕੇਸਾਂ 'ਤੇ ਨੋਟਿਸ ਲੈਂਦਿਆਂ ਅਧਿਕਾਰੀਆਂ ਨੂੰ ਕੇਸਾਂ ਦੇ ਸਮਾਂਬੱਧ ਨਿਪਟਾਰੇ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਮੀਨੀ ਤਕਸੀਮ, ਨਿਸ਼ਾਨਦੇਹੀ, ਪੈਮਾਇਸ਼, ਖ਼ਸਰਾ-ਗਿਰਦਾਵਰੀ, ਨੰਬਰਦਾਰੀ ਤੇ ਚੌਕੀਦਾਰੀ ਦੇ ਕੇਸਾਂ ਨੂੰ ਬਿਨਾਂ ਕਿਸੇ ਦੇਰੀ ਦੇ ਇਨ੍ਹਾਂ ਦਾ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਡਵੀਜ਼ਨਲ ਕਮਿਸ਼ਨਰ ਨੇ ਐਸ.ਡੀ.ਐਮਜ ਨੂੰ ਤਹਿਸੀਲਦਾਰ, ਨਾਇਬ ਤਹਿਸੀਲਦਾਰ ਤੇ ਕਾਨੂੰਗੋ ਦਫ਼ਤਰਾਂ ਦਾ ਨਿਰੀਖਣ ਕਰਨ ਦੀ ਹਦਾਇਤ ਕੀਤੀ। ਡਵੀਜ਼ਨਲ ਕਮਿਸ਼ਨਰ ਸ੍ਰੀ ਵਿਨੈ ਬੁਬਲਾਨੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਹਦਾਇਤ ਅਨੁਸਾਰ ਲੋਕਾਂ ਨੂੰ ਸਮਾਂਬੱਧ ਤੇ ਪਾਰਦਰਸ਼ੀ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਉਨ੍ਹਾਂ ਵੱਲੋਂ ਡਵੀਜ਼ਨ ਦੀਆਂ ਸਾਰੀਆਂ ਸਬ-ਡਵੀਜ਼ਨਾਂ ਦਾ ਦੌਰਾ ਕਰਕੇ ਰਿਕਾਰਡ ਦਾ ਜਾਇਜ਼ਾ ਲਿਆ ਜਾ ਰਿਹਾ ਹੈ।




# ਚੇਤਨਾ ਪਰਖ਼ ਪ੍ਰੀਖਿਆ 'ਚ ਅਸ਼ੀਰਵਾਦ ਡੇ ਬੋਰਡਿੰਗ ਸਕੂਲ ਨੇ ਮਾਰੀਆਂ ਮੱਲਾਂ

**ਲੌਂਗੋਵਾਲ (ਪ੍ਰਦੀਪ ਸੱਪਲ)**- ਤਰਕਸ਼ੀਲ ਸੁਸਾਈਟੀ ਪੰਜਾਬ ਵੱਲੋਂ ਮਹਾਨ ਗ਼ਦਰੀ ਗੁਲਾਬ ਕੌਰ ਨੂੰ ਸਮਰਪਿਤ ਕੀਤੀ ਗਈ 7ਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਦੇ ਨਤੀਜੇ ਪਿਛਲੇ ਦਿਨੀਂ ਐਲਾਨ ਦਿੱਤੇ ਗਏ ਹਨ ਜਿਸ ਵਿੱਚ ਇਕਾਈ ਲੌਂਗੋਵਾਲ ਦੇ ਅਸ਼ੀਰਵਾਦ ਡੇ ਬੋਰਡਿੰਗ ਸੀਨੀਅਰ ਸੈਕੰਡਰੀ ਸਕੂਲ, ਝਾੜੋ ਦੇ ਵਿਦਿਆਰਥੀਆਂ ਨੇ ਪੰਜਾਬ, ਜ਼ੋਨ ਅਤੇ ਇਕਾਈ ਪੱਧਰ 'ਤੇ ਮੱਲਾਂ ਮਾਰ ਕੇ ਜਿੱਥੇ ਆਪਣੇ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ ਉੱਥੇ ਵਿਗਿਆਨਿਕ ਵਿਚਾਰਧਾਰਾ ਦੇ ਮਾਰਗ ਦੇ ਪਾਂਧੀ ਹੋਣ ਦਾ ਸੁਨੇਹਾ ਵੀ ਦਿੱਤਾ ਹੈ।ਇਸ ਮੌਕੇ ਇਕਾਈ ਦੇ ਮੁਖੀ ਬੀਰਬਲ ਸਿੰਘ, ਸੰਦੀਪ ਸਿੰਘ, ਸੀਨੀਅਰ ਆਗੂ ਬਲਬੀਰ ਲੌਂਗੋਵਾਲ, ਸੂਬਾ ਆਗੂ ਜੁਝਾਰ ਲੌਂਗੋਵਾਲ, ਕਮਲਜੀਤ ਵਿੱਕੀ, ਮਾ. ਚੰਦਰ ਸ਼ੇਖਰ, ਗੁਰਮੇਲ ਸਿੰਘ ਆਦਿ ਆਗੂਆਂ ਨੇ ਸਕੂਲ ਪ੍ਰਿੰਸੀਪਲ ਜਗਸੀਰ ਸਿੰਘ, ਸਮੂਹ ਸਟਾਫ, ਮਾਪਿਆਂ ਅਤੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਅਸ਼ੀਰਵਾਦ ਡੇ ਬੋਰਡਿੰਗ ਸਕੂਲ ਦੇ ਸੁਨਿਹਰੇ ਭਵਿੱਖ ਲਈ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ । ਨਤੀਜੇ ਇਸ ਤਰਾਂ ਰਹੇ ਪੰਜਾਬ ਵਿਚੋਂ ਨੌਵੀਂ ਕਲਾਸ ਦੀ ਵਿਦਿਆਰਥਣ ਗੁਰਸ਼ਾਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜ਼ੋਨ ਬਰਨਾਲਾ ਸੰਗਰੂਰ ਵਿਚੋਂ ਵੀ ਸਵਰਨਜੀਤ ਕੌਰ 9 ਵੀਂ ਤੇ ਹਰਲੀਨ ਕੌਰ 10 ਵੀਂ ਕਲਾਸ ਵਿੱਚੋਂ ਪਹਿਲੇ ਸਥਾਨ 'ਤੇ ਰਹੇ ਜਦੋਂ ਕਿ ਇਕਾਈ ਲੌਂਗੋਵਾਲ ਵਿੱਚੋਂ ਵੀ ਇਸੇ ਸਕੂਲ ਦੇ ਸਹਿਜਵੀਰ ਸਿੰਘ ਸਿੱਧੂ ਨੇ 8ਵੀਂ, ਧਰਮਜੋਤ ਸਿੰਘ ਨੇ ਦੂਜੀ ਸਵਰਨਜੀਤ ਨੇ 9ਵੀਂ ਕਲਾਸ, ਹੁਸਨਪ੍ਰੀਤ ਕੌਰ ਸਰਕਾਰੀ ਸੀਨੀਅਰ ਸਕੂਲ, ਦੁੱਗਾਂ ਨੇ 9ਵੀਂ ਕਲਾਸ, ਅਸ਼ੀਰਵਾਦ ਡੇ ਬੋਰਡਿੰਗ ਦੇ ਹੀ ਸਿਮਰਨਪ੍ਰੀਤ ਕੌਰ 11ਵੀਂ ਕਲਾਸ, ਸੁੰਦਰਵੀਰ ਕੌਰ ਕਲਾਸ 11ਵੀਂ ਅਤੇ ਸਿਮਰਨਜੀਤ ਕੌਰ 12ਵੀਂ ਕਲਾਸ ਨੇ ਉਪਰਲੇ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੁੱਗਾਂ ਦੇ ਵਿਦਿਆਰਥੀ ਦੀ ਸਫਲਤਾ ਤੇ ਆਗੂਆਂ ਨੇ ਸਕੂਲ ਪ੍ਰਿੰਸੀਪਲ ਬਲਵਿੰਦਰ ਬੋਪਾਰਾਏ ਅਤੇ ਸਟਾਫ ਨੂੰ ਵੀ ਵਧਾਈ ਦਿੱਤੀ।



# ਲੁਧਿਆਣਾ ਰੇਲਵੇ ਸਟੇਸ਼ਨ 'ਤੇ ਵਿਕਾਸ ਕਾਰਜਾਂ ਕਾਰਨ ਕਈ ਗੱਡੀਆਂ ਰੱਦ, ਕਈਆਂ ਦੇ ਬਦਲੇ ਰੂਟ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਲੁਧਿਆਣਾ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਮੁੜ ਵਿਕਾਸ ਕਾਰਜਾਂ ਦੇ ਮੱਦੇਨਜ਼ਰ 1 ਦਸੰਬਰ 2025 ਤੋਂ 23 ਫਰਵਰੀ 2026 ਤੱਕ 85 ਦਿਨਾਂ ਲਈ ਪਲੇਟਫਾਰਮ ਨੰਬਰ 2 ਅਤੇ 3 ਬੰਦ ਰਹੇਗਾ। ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਫਿਰੋਜ਼ਪੁਰ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਇਸ ਕਾਰਨ ਕਈ ਰੇਲ ਗੱਡੀਆਂ ਨੂੰ ਅਸਥਾਈ ਤੌਰ 'ਤੇ ਰੱਦ ਕੀਤਾ ਜਾਵੇਗਾ ਅਤੇ ਕਈਆਂ ਦੇ ਰੂਟ ਛੋਟੇ ਕੀਤੇ ਜਾਣਗੇ ਜਾਂ ਉਹ ਆਪਣੇ ਨਿਰਧਾਰਿਤ ਸਥਾਨ ਤੋਂ ਪਹਿਲਾਂ ਹੀ ਚੱਲਣਗੀਆਂ। ਰੱਦ ਕੀਤੀਆਂ ਗਈਆਂ ਰੇਲ ਗੱਡੀਆਂ ਵਿੱਚ ਰੇਲ ਗੱਡੀ ਨੰਬਰ 154051 ਲੁਧਿਆਣਾ-ਫਿਰੋਜ਼ਪੁਰ ਕੈਂਟ 01.12.25 ਤੋਂ 23.02.26,ਰੇਲ ਗੱਡੀ ਨੰਬਰ 54052 ਫਿਰੋਜ਼ਪੁਰ ਕੈਂਟ-ਲੁਧਿਆਣਾ 01.12.25 ਤੋਂ 23.02.26,ਰੇਲ ਗੱਡੀ ਨੰਬਰ 354603 ਹਿਸਾਰ-ਲੁਧਿਆਣਾ 01.12.25 ਤੋਂ 23.02.26,ਰੇਲ ਗੱਡੀ ਨੰਬਰ 454604 ਲੁਧਿਆਣਾ-ਚੂਰੂ 01.12.25 ਤੋਂ 23.02.26,ਰੇਲ ਗੱਡੀ ਨੰਬਰ 554053 ਜਾਖਲ-ਲੁਧਿਆਣਾ 01.12.25 ਤੋਂ 23.02.26 ,ਰੇਲ ਗੱਡੀ ਨੰਬਰ 654054 ਲੁਧਿਆਣਾ-ਜਾਖਲ 01.12.25 ਤੋਂ 23.02.26,ਰੇਲ ਗੱਡੀ ਨੰਬਰ 764523 ਅੰਬਾਲਾ ਕੈਂਟ-ਲੁਧਿਆਣਾ 01.12.25 ਤੋਂ 23.02.26,ਰੇਲ ਗੱਡੀ ਨੰਬਰ 864522 ਲੁਧਿਆਣਾ-ਅੰਬਾਲਾ ਕੈਂਟ 01.12.25 ਤੋਂ 23.02.26,ਰੇਲ ਗੱਡੀ ਨੰਬਰ 954605 ਚੂਰੂ-ਲੁਧਿਆਣਾ 01.12.25 ਤੋਂ 23.02.26,ਰੇਲ ਗੱਡੀ ਨੰਬਰ 1054606 ਲੁਧਿਆਣਾ-ਹਿਸਾਰ 01.12.25 ਤੋਂ 23.02.26 ਤੇ ਰੇਲ ਗੱਡੀ ਨੰਬਰ 1154635 ਹਿਸਾਰ-ਲੁਧਿਆਣਾ 01.12.25 ਤੋਂ 23.02.26 ਸ਼ਾਮਿਲ ਹਨ। ਰੇਲ ਗੱਡੀਆਂ ਨਾਲ ਸਬੰਧਤ ਜਾਣਕਾਰੀ ਟਰੇਨ ਡਿਸਪਲੇ ਬੋਰਡਾਂ 'ਤੇ ਵੀ ਉਪਲਬੱਧ ਹੈ।

# ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਲਗਾਇਆ ਖ਼ੂਨਦਾਨ ਕੈਂਪ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਆਵਲਾ ਪਰਿਵਾਰ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਮੇਰਾ ਪਰਿਵਾਰ ਵੈਲਫੇਅਰ ਸੋਸਾਇਟੀ, ਸ਼੍ਰੀ ਭਜਨਗੜ ਬਲੱਡ ਡੋਨੋਰਸ ਵੈਲਫੇਅਰ ਸੋਸਾਇਟੀ, ਰੋਟਰੀ ਕਲੱਬ ਗੁਰੂਹਰਸਹਾਏ ਨੇ ਸੇਵਾ ਨਿਭਾਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਰਮਿੰਦਰ ਅਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਨੌਜਵਾਨਾਂ ਦਾ ਹੌਂਸਲਾ ਵਧਾਇਆ। ਇਸ ਮੌਕੇ ਉਨ੍ਹਾ ਕਿਹਾ ਕਿ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੇ ਇਨਸਾਨੀਅਤ 'ਤੇ ਹੋ ਰਹੇ ਜ਼ੁਲਮ ਦੇ ਵਿਰੁੱਧ ਆਪਣੀ ਸ਼ਹਾਦਤ ਦਿੱਤੀ। ਅੱਜ ਉਨ੍ਹਾ ਦੀ ਯਾਦ ਵਿੱਚ ਇਹ ਉਪਰਾਲਾ ਰੱਖਿਆ ਗਿਆ ਹੈ। ਇਸ ਕੈਂਪ ਦੌਰਾਨ 100 ਦੇ ਕਰੀਬ ਖ਼ੂਨਦਾਨੀਆਂ ਵੱਲੋਂ ਖ਼ੂਨਦਾਨ ਕੀਤਾ ਗਿਆ।ਇਸ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਬਲਦੇਵ ਥਿੰਦ, ਚੇਅਰਮੈਨ ਸਤਪਾਲ ਥਿੰਦ,ਸੰਦੀਪ ਕੰਬੋਜ਼, ਵਿਜੈ ਥਿੰਦ , ਸੰਦੀਪ ਕੁਮਾਰ ਕੰਬੋਜ, ਜਸਪ੍ਰੀਤ ਸਿੰਘ ਅਮਨ,ਅਭੀ ਕਮਰਾ,ਅੰਮ੍ਰਿਤ,ਸੁਨੀਤਾ, ਕਾਜਲ,ਸੋਨੀਆ ਭੱਟੀ,ਕਮਲਪ੍ਰੀਤ ਕੌਰ, ਰਾਜਨ ਕੁਮਾਰ ਆਦਿ ਹਾਜਿਰ ਸਨ।



# ਵਣ ਵਿਭਾਗ ਦੀ ਜਮੀਨ 'ਤੇ ਤੇਜ਼ਾਬੀ ਪਾਣੀ ਸੁੱਟ ਦੇ ਦੋ ਟਰੈਕਟਰ ਕਾਬੂ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**- ਜ਼ਿਲ੍ਹਾ ਵਣ ਵਿਭਾਗ ਅਫਸਰ ਲੁਧਿਆਣਾ ਰਜੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਣ ਰੇਂਜ ਅਫਸਰ ਬੋਰੜ ਸਿੰਘ ਦੀ ਨਿਗਰਾਨੀ ਹੇਠ ਬਲਾਕ ਅਫਸਰ ਦਵਿੰਦਰ ਸਿੰਘ ਦੀ ਟੀਮ ਵੱਲੋਂ ਜਿਸ ਵਿੱਚ ਵਣ ਗਾਰਡ ਸੁਖਬੀਰ ਕੌਰ ਅਤੇ ਪਰਮਜੀਤ ਕੌਰ ਸ਼ਾਮਿਲ ਹਨ ਨੇ ਬੀਤੀ ਸ਼ਾਮ ਨੈਸ਼ਨਲ ਹਾਈਵੇ ਸਰਵਿਸ ਰੋਡ ਨਾਲ ਲੱਗਦੀ ਵਣ ਵਿਭਾਗ ਦੀ ਜ਼ਮੀਨ ਜਿਥੇ ਵਣ ਵਿਭਾਗ ਵੱਲੋਂ ਨਵੇਂ ਬੂਟੇ ਅਤੇ ਬਹੁਤ ਵੱਡੇ ਵੱਡੇ ਦਰਖਤ ਖੜੇ ਹਨ, ਵਿਚ ਕੁਝ ਲੋਕ ਟਰੈਕਟਰ ਟੈਂਕਰ ਨਾਲ ਫੈਕਟਰੀਆਂ ਦਾ ਗੰਦਾ ਤੇਜਾਬੀ ਪਾਣੀ ਲਿਆ ਕੇ ਸੁੱਟਦੇ ਮੌਕੇ ਉਪਰ ਫੜ ਲਏ ਗਏ। ਜਿਲਾ ਵਣ ਅਫਸਰ ਰਜੇਸ਼ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਵਣ ਵਿਭਾਗ ਦੇ ਦਰਖਤਾਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਫੜੇ ਗਏ ਟਰੈਕਟਰਾਂ ਟੈਂਕਰ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।



# ਮੋਗਾ 'ਚ ਭਾਜਪਾ ਆਗੂਆਂ ਵੱਲੋਂ ਸਰਦਾਰ ਵੱਲਭ ਭਾਈ ਪਟੇਲ ਨੂੰ ਸ਼ਰਧਾਂਜਲੀਆਂ

**ਮੋਗਾ : (ਇਕਬਾਲ ਸਿੰਘ ਖਹਿਰਾ)**- ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਭਾਰਤ ਦੇ ਸਾਬਕਾ ਗ੍ਰਹਿ ਮੰਤਰੀ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਮਨਾਉਣ ਲਈ ਮਾਈ ਭਾਰਤ ਯੁਵਾ ਕੇਂਦਰ, ਮੋਗਾ ਦੇ ਇੰਚਾਰਜ ਗੁਰਪ੍ਰੀਤ ਸਿੰਘ ਵਲੋਂ ਇੱਕ ਪੈਦਲ ਮਾਰਚ ਦਾ ਆਯੋਜਨ ਕੀਤਾ ਗਿਆ। ਰਾਜ ਸਭਾ ਮੈਂਬਰ ਡਾ. ਕਲਪਨਾ ਸੈਣੀ ਮੁੱਖ ਮਹਿਮਾਨ ਸਨ ਅਤੇ ਉਨ੍ਹਾਂ ਦੀ ਅਗਵਾਈ ਹੇਠ, ਇਹ ਮਾਰਚ ਗੀਤਾ ਭਵਨ ਚੌਂਕ ਤੋਂ ਸ਼ੁਰੂ ਹੋਇਆ, ਮੁੱਖ ਬਾਜ਼ਾਰ ਵਿੱਚੋਂ ਲੰਘਿਆ ਅਤੇ ਨੇਚਰ ਪਾਰਕ ਵਿਖੇ ਸਮਾਪਤ ਹੋਇਆ। ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਨੇ ਮਾਰਚ ਵਿੱਚ ਹਿੱਸਾ ਲਿਆ। ਕੈਪਟਨ ਅਮਰਜੀਤ ਸਿੰਘ ਨੇ ਪ੍ਰੋਗਰਾਮ ਵਿੱਚ ਮੁੱਖ ਭੂਮਿਕਾ ਨਿਭਾਈ ਅਤੇ ਸਟੇਜ ਸਕੱਤਰ ਵਜੋਂ ਵੀ ਸੇਵਾ ਨਿਭਾਈ । ਇਸ ਮੌਕੇ ਸੰਸਦ ਮੈਂਬਰ ਕਲਪਨਾ ਸੈਣੀ ਨੇ ਕਿਹਾ ਕਿ ਆਜ਼ਾਦੀ ਸਾਨੂੰ ਤੋਹਫ਼ੇ ਵਿੱਚ ਨਹੀਂ ਮਿਲੀ , ਇਹ ਸ਼ਹੀਦਾਂ ਦੀਆਂ ਕੁਰਬਾਨੀਆਂ ਦੀਆਂ ਨੀਂਹ 'ਤੇ ਬਣੀ ਆਜ਼ਾਦੀ ਹੈ।ਆਜ਼ਾਦੀ ਹਜਾਰਾਂ ਜਾਨਾਂ ਵਾਰ ਕੇ ਮਿਲੀ ਹੈ। ਛੋਟੀ ਉਮਰ ਵਿੱਚ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦ ਸਰਦਾਰ ਭਗਤ ਸਿੰਘ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਜਲ੍ਹਿਆਂ ਵਾਲਾ ਬਾਗ ਦੇਸ਼ ਦੁਆਰਾ ਸਹਿਣ ਕੀਤੇ ਗਏ ਅੱਤਿਆਚਾਰਾਂ ਦਾ ਗਵਾਹ ਹੈ। ਡਾ. ਹਰਜੋਤ ਕਮਲ ਨੇ ਸਰਦਾਰ ਪਟੇਲ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਦੇਸ਼ ਦੀਆਂ 565 ਰਿਆਸਤਾਂ ਨੂੰ ਇਕਜੁੱਟ ਕਰਨ ਲਈ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਵੱਲਭ ਭਾਈ ਪਟੇਲ ਨੇ ਖੂਨ-ਖਰਾਬੇ ਤੋਂ ਬਿਨਾਂ ਇਹ ਪ੍ਰਾਪਤ ਕੀਤਾ । ਇਸ ਮੌਕੇ ਸਾਬਕਾ ਐਸ.ਪੀ ਮੁਖਤਿਆਰ ਸਿੰਘ, ਦੇਵ ਪ੍ਰਿਆ ਤਿਆਗੀ, ਰਾਜਪਾਲ ਠਾਕੁਰ, ਮਨਿੰਦਰ ਕੌਰ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਲਖਵੰਤ ਸਿੰਘ ਸਫੂਵਾਲਾ, ਸੰਜੀਵ ਲਾਲਾ ਤਾਇਲ, ਜਸਵੀਰ ਸਿੰਘ ਸੀਰਾ, ਸੁਰਿੰਦਰ ਅਗਰਵਾਲ, ਭਾਵਾਧਸ ਆਗੂ ਨਰੇਸ਼ ਬੋਹਤ, ਵਿਕਾਸ ਕਪੂਰ, ਐਸ.ਕੇ. ਬਾਂਸਲ, ਅਚਾਰੀਆ ਨੰਦ ਸ਼ਰਮਾ, ਅਚਾਰੀਆ ਮੀਤ ਹੈਪੀ, ਸਾਬਕਾ ਐਸ.ਪੀ. ਮੁਖਤਿਆਰ ਸਿੰਘ, ਦੇਵ ਪ੍ਰਿਆ ਤਿਆਗੀ, ਗੁਰਪ੍ਰੀਤ ਸਿੰਘ, ਭੁਪਿੰਦਰ ਹੈਪੀ, ਰਾਓ ਵਰਿੰਦਰ ਪੱਬੀ, ਕੈਪਟਨ ਅਮਰਜੀਤ ਸਿੰਘ, ਧੀਰਜ ਸ਼ਰਮਾ, ਸਤਨਾਮ ਸਿੰਘ, ਮੈਡਮ ਗੀਤਾ ਆਰੀਆ, ਅਮਿਤ ਗੁਪਤਾ, ਉਮਾਕਾਂਤ ਸਿੰਘ, ਹਰਮਨਦੀਪ ਮੀਤਾ, ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਿਰਕਤ ਕੀਤੀ।




# ਜੀ ਐੱਨ ਗਰਲਜ਼ ਕਾਲਜ ਵਿੱਚ ਕਰਵਾਈ ਗਈ ਕਾਮਰਸ ਦੀ ਰਾਸ਼ਟਰੀ ਪ੍ਰਤੀਯੋਗਤਾ

**ਸਮਰਾਲਾ (ਸੁਰਜੀਤ ਸਿੰਘ)**- ਜੀ ਐਨ ਗਰਲਜ਼ ਕਾਲਜ ਵਿੱਚ ਕਾਮਰਸ ਦੇ ਵਿਸ਼ੇ ਨੂੰ ਲੈ ਕੇ ਰਾਸ਼ਟਰੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਇਸ ਆਯੋਜਨ ਵਿੱਚ 30 ਸਕੂਲਾਂ ਨੇ ਭਾਗ ਲਿਆ ਜੋ ਆਈ ਸੀ ਐਸ ਸੀ, ਸੀ ਬੀ ਐਸ ਈ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਬੰਧਿਤ ਸਨ। ਇਸ ਪ੍ਰਤੀਯੋਗਤਾ ਵਿੱਚ ਵਿਦਿਆਰਥੀਆਂ ਨੂੰ ਲਿਖਤੀ ਟੈਸਟ ਅਤੇ ਲਾਈਵ ਕੁਇਜ਼ ਰਾਹੀਂ ਪ੍ਰਸ਼ਨ ਪੁੱਛੇ ਗਏ ਸਨ।ਪ੍ਰਤੀਯੋਗਤਾ ਵਿੱਚ ਮੈਰੀਟੋਰੀਅਸ ਸਕੂਲ ਪਟਿਆਲਾ ਨੇ ਪਹਿਲਾ ਸਥਾਨ ਹਾਸਲ ਕੀਤਾ। ਮਾਤਾ ਗੁਜਰੀ ਸਕੂਲ ਦੇਵੀਗੜ੍ਹ ਨੇ ਦੂਸਰਾ ਸਥਾਨ ਹਾਸਿਲ ਕੀਤਾ ਹੈ। ਵਾਈ ਪੀ ਐਸ ਪਟਿਆਲਾ ਨੇ ਕਾਮਰਸ ਕੁਇੱਜ਼ ਵਿੱਚ ਤੀਸਰਾ ਸਥਾਨ ਹਾਸਿਲ ਕੀਤਾ ਹੈ। ਜੇਤੂ ਟੀਮਾਂ ਨੂੰ ਕ੍ਰਮਵਾਰ ?10,000, ?5,000 ਅਤੇ ?2,500 ਦੇ ਨਕਦ ਇਨਾਮ ਦਿੱਤੇ ਗਏ। ਇਸਦੇ ਨਾਲ ਹੀ, ਉਨ੍ਹਾਂ ਨੂੰ ਟ੍ਰਾਫੀਆਂ ਵੀ ਭੇਟ ਕੀਤੀਆਂ ਗਈਆਂ। ਡਾ. ਸੁਖਦੇਵ ਸਿੰਘ ਧੰਜੂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ । ਡਾ ਮੰਜੂ ਵਾਲੀਆ ਪ੍ਰਿੰਸੀਪਲ, ਜੀ ਐਨ ਗਰਲਜ਼ ਕਾਲਜ ਨੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਦੱਸਦੇ ਹੋਏ ਕਿਹਾ ਕਿ ਜੀ ਐਨ ਗਰਲਜ਼ ਕਾਲਜ ਲਗਾਤਾਰ ਵਿਦਿਆਰਥੀਆਂ ਦੀ ਸਿੱਖਿਆ ਨੂੰ ਲੈ ਕੇ ਗੰਭੀਰਤਾ ਨਾਲ ਕਾਰਜ ਕਰ ਰਿਹਾ ਹੈ। ਪ੍ਰੋ ਡਾ ਵਰਿੰਦਰ ਵਾਲੀਆ ਨੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਡਾ ਸਤਨਾਮ ਸਿੰਘ ਸੰਧੂ ਚੇਅਰਮੈਨ, ਜੀ ਐਨ ਗਰਲਜ਼ ਕਾਲਜ ਨੇ ਕਿਹਾ ਕਿ ਸਾਨੂੰ ਕਾਮਸ ਦੀ ਪੜ੍ਹਾਈ ਨੂੰ ਅੱਗੇ ਲਿਜਾਣ ਦੀ ਅਤੇ ਹੋਰ ਪ੍ਰੋਫੈਸ਼ਨਲ ਬਣਾਉਣ ਦੀ ਜਰੂਰਤ ਹੈ।ਕੁਇੱਜ਼ ਦਾ ਸੰਚਾਲਨ ਮੈਡਮ ਜਸਪ੍ਰੀਤ ਕੌਰ ਅਤੇ ਮੈਡਮ ਸਾਨੀਆ ਨੇ ਕੀਤਾ। ਮੈਡਮ ਬਲਵਿੰਦਰ ਅਤੇ ਮੈਡਮ ਸਤਿੰਦਰ ਨੇ ਵਿਦਿਆਰਥੀਆਂ ਦਾ ਲਿਖਤੀ ਟੈਸਟ ਲਿਆ।




# ਫ਼ਿਰੋਜ਼ਪੁਰ ਅੱਜ ਪਹੁੰਚੇਗਾ ਅਲੌਕਿਕ ਨਗਰ ਕੀਰਤਨ : ਦੀਪਸ਼ਿਖਾ ਸ਼ਰਮਾ

**ਫਿਰੋਜ਼ਪੁਰ : (ਅਸ਼ੋਕ ਸ਼ਰਮਾ)**- ਨੌਂਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸਾਲਾ ਸ਼ਹੀਦੀ ਦਿਵਸ ਅਤੇ ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਅਤੇ ਬਾਬਾ ਜੈਤਾ ਜੀ ਦੀਆਂ ਅਮਰ ਕੁਰਬਾਨੀਆਂ ਨੂੰ ਸਮਰਪਿਤ ਨਗਰ ਕੀਰਤਨ 20 ਨਵੰਬਰ ਨੂੰ ਸਵੇਰੇ ਫ਼ਰੀਦਕੋਟ ਤੋਂ ਚੱਲ ਕੇ ਫ਼ਿਰੋਜ਼ਪੁਰ ਪਹੁੰਚੇਗਾ ਅਤੇ ਅੱਗੇ ਵੱਖ-ਵੱਖ ਸ਼ਹਿਰਾਂ ਵਿੱਚੋਂ ਹੁੰਦਾ ਹੋਇਆ ਸ੍ਰੀ ਅਨੰਦਪੁਰ ਸਾਹਿਬ ਲਈ ਸੰਪੂਰਨ ਹੋਵੇਗਾ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਨੇ ਨਗਰ ਕੀਰਤਨ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਮੌਕੇ ਕੀਤਾ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਨਗਰ ਕੀਰਤਨ ਦੇ ਰੂਟ, ਸਾਫ਼-ਸਫਾਈ, ਸੜਕਾਂ ਦੀ ਹਾਲਤ, ਸਟਰੀਟ ਲਾਈਟਾਂ, ਪਾਣੀ ਦੀ ਉਪਲਬਧਤਾ, ਟਰੈਫ਼ਿਕ ਮੈਨੇਜਮੈਂਟ ਅਤੇ ਲੰਗਰ ਸਥਾਨਾਂ ਸਮੇਤ ਹੋਰ ਪ੍ਰਬੰਧਾਂ ਬਾਰੇ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਇਹ ਨਗਰ ਕੀਰਤਨ ਫਿਰੋਜ਼ਪੁਰ ਛਾਉਣੀ-ਸ਼ੇਰ ਸ਼ਾਹ ਵਲੀ ਚੌਂਕ-ਭਾਸਕਰ ਚੌਂਕ-ਗੁਰਦੁਆਰਾ ਸਾਰਾਗੜ੍ਹੀ ਸਾਹਿਬ-ਸ਼ਹੀਦ ਊਧਮ ਸਿੰਘ ਚੌਂਕ-ਮੱਲਵਾਲ ਰੋਡ ਰਾਹੀਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਜਾਮਨੀ ਸਾਹਿਬ ਬਾਜ਼ੀਦਪੁਰ ਵਿਖੇ ਪਹੁੰਚੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਡਾ. ਨਿਧੀ ਕੁਮਦ ਬੰਬਾਹ, ਐੱਸ ਡੀ ਐੱਮ ਫਿਰੋਜ਼ਪੁਰ ਗੁਰਦੇਵ ਸਿੰਘ ਧੰਮ, ਸਹਾਇਕ ਕਮਿਸ਼ਨਰ ਸਿਮਰਨਜੀਤ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।



# ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਮਮਦੋਟ ਅਤੇ ਥਾਣਾ ਤਲਵੰਡੀ ਭਾਈ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 6 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਥਾਣਾ ਮਮਦੋਟ ਪੁਲਿਸ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਅਤੇ ਚੈਕਿੰਗ ਦੌਰਾਨ ਚੁਪਾਤੀ ਰੋਡ ਸਟੇਡੀਅਮ ਮਮਦੋਟ ਮੌਜੂਦ ਸੀ ਤਾਂ ਇਸ ਦੌਰਾਨ ਕੁਲਦੀਪ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਮਾਹਲਾ ਖੁਰਦ ਜ਼ਿਲ੍ਹਾ ਮੋਗਾ ਨੂੰ ਹੈਰੋਇਨ ਪੀਂਦੇ ਹੋਏ ਕਾਬੂ ਕੀਤਾ ਗਿਆ। ਜਿਸ ਦੀ ਤਲਾਸ਼ੀ ਲੈਣ ਤੇ ਉਸ ਕੋਲੋਂ ਲਾਈਟਰ, ਪਾਈਪਨੁਮਾ ਕਾਗਜ਼ ਅਤੇ ਪੰਨੀ ਹੈਰੋਇਨ ਨਾਲ ਲਿਬੜੀ ਹੋਈ ਬਰਾਮਦ ਹੋਈ। ਥਾਣਾ ਤਲਵੰਡੀ ਭਾਈ ਪੁਲਿਸ ਦੇ ਸਹਾਇਕ ਥਾਣੇਦਾਰ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਨੇ ਖਾਸ ਮੁਖਬਰ ਦੀ ਇਤਲਾਹ 'ਤੇ ਦੋਸ਼ੀ ਸਿਮਰਨਜੀਤ ਸਿੰਘ ਉਰਫ ਸਿੰਮਾ ਜੌਹਲ ਪੁੱਤਰ ਚਰਨਜੀਤ ਸਿੰਘ ਵਾਸੀ ਜੋਈਆ ਵਾਲਾ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ।

# ਗੁਰਦੁਆਰਾ ਡੇਰਾ ਬਾਬਾ ਅਜਾਪਾਲ ਨਾਭਾ ਤੋਂ ਨਗਰ ਕੀਰਤਨ ਅਗਲੇ ਪੜਾਅ ਵੱਲ ਰਵਾਨਾ

**ਨਾਭਾ (ਵਰਿੰਦਰ ਵਰਮਾ)**- ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਮੰਗਲਵਾਰ ਨੂੰ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਜੀ ਨਾਭਾ ਤੋਂ ਅਗਲੇ ਪੜਾਅ ਗੁਰਦੁਆਰਾ ਸ੍ਰੀ ਦੂਖਨਿਵਾਰਨ ਲਈ ਰਵਾਨਾ ਕੀਤਾ ਗਿਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਮੁੱਖਵਾਕ ਅਤੇ ਅਰਦਾਸ ਉਪਰੰਤ ਗੁਰੂ ਮਹਾਰਾਜ ਜੀ ਦਾ ਪਾਵਨ ਸਰੂਪ ਅਦਬ ਤੇ ਸਤਿਕਾਰ ਨਾਲ ਗੁਰੂ ਸਾਹਿਬ ਜੀ ਦੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਨੇ ਕੀਤੀ ਅਤੇ ਗੱਤਕਾ ਪਾਰਟੀਆਂ ਨੇ ਗੱਤਕੇ ਦੇ ਜੌਹਰ ਵਿਖਾਏ। ਨਗਰ ਕੀਰਤਨ ਦੀ ਆਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਬੀਬੀ ਹਰਦੀਪ ਕੌਰ ਖੋਖ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਬਲਤੇਜ ਸਿੰਘ ਖੋਜ, ਜਥੇਦਾਰ ਜਸਮੇਰ ਸਿੰਘ ਲਾਛੜੂ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਰਾਣੀ ਪ੍ਰੀਤੀ ਸਿੰਘ, ਗੁਰਦੁਆਰਾ ਪ੍ਰਬੰਧਕ ਮੈਨੇਜਰ ਆਤਮ ਪ੍ਰਕਾਸ਼ ਸਿੰਘ ਬੇਦੀ ਤੋਂ ਇਲਾਵਾ ਪੁੱਜੇ ਸੰਤ ਮਹਾਂਪੁਰਸ਼ਾਂ ਵਿਚ ਬਾਬਾ ਗੁਲਜ਼ਾਰ ਸਿੰਘ ਫਤਿਹਗੜ੍ਹ ਸਾਹਿਬ ਵਾਲੇ, ਬਾਬਾ ਰੌਸ਼ਨ ਸਿੰਘ, ਹਲਕਾ ਇੰਚਾਰਜ ਮੱਖਣ ਸਿੰਘ ਹਲਕਾ ਉਚੇਚੇ ਤੌਰ 'ਤੇ ਸ਼ਾਮਲ ਸਨ।



# ਕੰਮ ਨਾ ਮਿਲਣ ਕਰਕੇ ਮਨਰੇਗਾ ਮਜ਼ਦੂਰ ਪਰਵਾਰਾਂ ਦੇ ਚੁੱਲ੍ਹੇ ਠੰਢੇ ਹੋਏ : ਗੁਰਪ੍ਰੀਤ ਸਿੰਘ ਮੂੰਮ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਕਹਿਰ ਦੀ ਮਹਿੰਗਾਈ ਦੇ ਦੌਰ 'ਚ ਕੰਮ ਨਾ ਮਿਲਣ ਕਰਕੇ ਮਨਰੇਗਾ ਮਜ਼ਦੂਰ ਪਰਵਾਰਾਂ ਦੇ ਚੁੱਲ੍ਹੇ ਠੰਡੇ ਹੋ ਕੇ ਰਹਿ ਗਏ ਹਨ।ਇਹ ਪ੍ਰਗਟਾਵਾ ਬਸਪਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਮੂੰਮ ਨੇ ਕੀਤਾ।ਉਨ੍ਹਾਂ ਦੱਸਿਆ ਕਿ ਬਹੁਜਨ ਸਮਾਜ ਪਾਰਟੀ ਦੇ ਸੂਬਾਈ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਐਮ ਪੀ ਦੀ ਗਤੀਸ਼ੀਲ ਅਗਵਾਈ ਹੇਠ ਪੰਜਾਬ ਭਰ ਅੰਦਰ ਪੰਜਾਬ ਸੰਭਾਲੋ ਮੁਹਿੰਮ ਤਹਿਤ ਲੋਕਾਂ ਨੂੰ ਲਾਮਬੰਦ ਕਰਕੇ ਨਸ਼ਿਆਂ ਤੇ ਹੋਰ ਸਮਾਜਿਕ ਅਲਾਮਤਾਂ ਦੇ ਖਾਤਮੇ ਲਈ ਪ੍ਰੇਰਤ ਕੀਤਾ ਜਾ ਰਿਹਾ ਹੈ। ਬਸਪਾ ਆਗੂ ਮੂੰਮ ਨੇ 'ਆਪ' ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਨੇ ਪਛੜੇ ਵਰਗਾਂ ਤੋਂ ਸਬਜ਼ਬਾਗ ਵਿਖਾ ਕੇ ਵੋਟਾਂ ਲੈਣ ਉਪਰੰਤ ਕੀਤੇ ਵਾਅਦੇ ਅਨੁਸਾਰ ਸਾਢੇ ਤਿੰਨ ਸਾਲ ਬੀਤ ਜਾਣ ਤੇ ਵੀ ਕੋਈ ਵੀ ਲਾਭ ਦੇਣ ਤੋਂ ਪਾਸਾ ਵੱਟ ਲਿਆ ਹੈ।ਇੱਥੋਂ ਤੱਕ ਕਿ ਪਿੰਡਾਂ 'ਚ ਮਨਰੇਗਾ ਕੰਮ ਵੀ ਬੰਦ ਕਰ ਦਿੱਤੇ ਗਏ ਹਨ।ਔਰਤਾਂ ਦੇ ਖਾਤਿਆਂ ਵਿੱਚ ਇੱਕ ਹਜ਼ਾਰ ਪ੍ਰਤੀ ਮਹੀਨਾ ਦੇਣ ਵਾਅਦੇ ਅਨੁਸਾਰ ਅੱਜ ਤੱਕ ਧੇਲਾ ਵੀ ਨਹੀਂ ਪਾਇਆ।ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਲੋਕਾਂ ਨੂੰ ਡੰਡੇ ਨਾਲ ਦਬਾਉਣ ਦਾ ਭਰਮ ਪਾਲਿਆ ਜਾ ਰਿਹਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੂੰ ਮਜ਼ਦੂਰ ਵਰਗ ਨਾਲ ਕੀਤੇ ਅਨਿਆਂ ਦਾ ਖਮਿਆਜਾ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਅਵੱਛ ਭੁਗਤਣਾ ਪਵੇਗਾ। ਉਨ੍ਹਾਂ ਹਰ ਵਰਗ ਦੇ ਸਮੂਹ ਲੋਕਾਂ ਨੂੰ ਬਸਪਾ ਦੇ ਮੁੱਖ ਧੁਰੇ ਨਾਲ ਜੁੜਨ ਦੀ ਅਪੀਲ ਕਰਦਿਆਂ ਦੱਸਿਆ ਕਿ ਬਸਪਾ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਖੇੜੀ, ਹਲਕਾ ਕੁਆਰਡੀਨੇਟਰ ਹਰਬੰਸ ਸਿੰਘ ਛੀਨੀਵਾਲ ਖੁਰਦ, ਪ੍ਰੇਮ ਸਿੰਘ ਸੱਦੋਵਾਲ, ਸੋਮਾ ਸਿੰਘ ਗੰਡੇਵਾਲ, ਸੁਖਦੇਵ ਸਿੰਘ ਟਿੱਬਾ, ਭੋਲਾ ਸਿੰਘ ਛੀਨੀਵਾਲ ਆਦਿ ਆਗੂਆਂ ਦੀ ਅਗਵਾਈ ਹੇਠ ਟੀਮ ਦੇ ਰੂਪ 'ਚ ਪੰਜਾਬ ਸੰਭਾਲੋ ਮੁਹਿੰਮ ਤਹਿਤ ਪਿੰਡ ਪਿੰਡ ਬਸਪਾ ਦੀਆਂ ਨਵੀਂਆਂ ਇਕਾਈਆਂ ਦਾ ਗਠਨ ਕਰਕੇ ਹਰ ਪਿੰਡ ਦੇ ਹਰ ਬੂਹੇ-ਬੂਹੇ ਤੱਕ ਪਹੁੰਚ ਕੀਤੀ ਜਾ ਰਹੀ ਹੈ, ਤਾਂ ਜੁ ਆਗਾਮੀ ਵਿਧਾਨ ਸਭਾ ਚੋਣਾਂ 2027 ਚ ਬਸਪਾ ਮਜਬੂਤ ਧਿਰ ਵਜੋਂ ਸਾਹਮਣੇ ਆ ਸਕੇ।



# ਸਮਾਣਾ ਦੇ ਪਿੰਡਾਂ ਨੂੰ ਮਿਲਣਗੇ ਖੇਡ ਮੈਦਾਨ : ਜੌੜਾਮਾਜਰਾ



**ਸਮਾਣਾ (ਗੁਰਪਿਆਰ ਸਿੰਘ ਬੱਲ)**- ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕਾ ਸਮਾਣਾ ਦੇ ਪਿੰਡਾਂ ਵਿੱਚ ਖੇਡਾਂ ਦੇ ਮੈਦਾਨ ਬਣਾ ਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ। ਵਿਧਾਇਕ ਜੌੜਾਮਾਜਰਾ ਨੇ ਇਸ ਦੌਰਾਨ ਆਪਣੇ ਹਲਕੇ ਦੇ ਦੋ ਪਿੰਡਾਂ ਸੇਖੂਪੁਰ ਅਤੇ ਸ਼ੇਰਮਾਜਰਾ ਵਿਖੇ 62 ਲੱਖ ਰੁਪਏ ਦੀ ਲਾਗਤ ਨਾਲ ਦੋ ਖੇਡ ਦੇ ਮਾਡਲ ਮੈਦਾਨ ਤਿਆਰ ਕਰਨ ਦੇ ਨੀਂਹ ਪੱਥਰ ਰੱਖ। ਉਨ੍ਹਾਂ ਦੱਸਿਆ ਕਿ ਸੇਖੂਪੁਰ ਵਿਖੇ ਸਵਾ ਏਕੜ ਵਿੱਚ ਬਣਨ ਵਾਲੇ ਇਸ ਮੈਦਾਨ 'ਤੇ ਲਗਭਗ 35 ਲੱਖ ਰੁਪਏ ਖਰਚੇ ਜਾਣਗੇ। ਇਸੇ ਤਰ੍ਹਾਂ ਪਿੰਡ ਸ਼ੇਰ ਮਾਜਰਾ ਵਿਖੇ ਵੀ ਲਗਭਗ 3 ਏਕੜ ਵਿੱਚ ਲਗਭਗ 27 ਲੱਖ ਰੁਪਏ ਦੀ ਲਾਗਤ ਨਾਲ ਮਾਡਲ ਖੇਡ ਦਾ ਮੈਦਾਨ ਤਿਆਰ ਹੋਵੇਗਾ। ਇਸ ਮੌਕੇ ਗੁਰਦੇਵ ਟਿਵਾਣਾ ਅਤੇ ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਬਲਾਕ ਇੰਚਾਰਜ ਨਵਪ੍ਰੀਤ ਉੱਚਾ ਗਾਉ, ਬਲਜਿੰਦਰ ਸਿੰਘ ਪਹਾੜਪੁਰ, ਬਲਕਾਰ ਸਿੰਘ ਰਾਜਗੜ੍ਹ, ਜਸਵੰਤ ਸਿੰਘ ਅਤੇ ਪਿੰਡ ਦੀ ਗ੍ਰਾਮ ਪੰਚਾਇਤ ਅਤੇ ਯੂਥ ਦੇ ਮੈਂਬਰ ਸਾਹਿਬਾਨ ਅਤੇ ਪਿੰਡ ਵਾਸੀ ਮੌਜੂਦ ਸਨ।

# ਬੀ ਐੱਸ ਐੱਫ ਨੇ ਡਾਇਮੰਡ ਜੁਬਲੀ ਆਊਟਰੀਚ ਪ੍ਰੋਗਰਾਮ ਕਰਵਾਇਆ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਸੀਮਾ ਸੁਰੱਖਿਆ ਬਲ (ਬੀ.ਐੱਸ.ਐੱਫ) ਨੇ ਆਪਣੀ ਦੇਸ਼ ਵਿਆਪੀ ਮੁਹਿੰਮ "ਸੰਸਥਾਗਤ ਪਹੁੰਚ ਦੀ ਇਕ ਜਨ ਮੁਹਿੰਮ" ਦੇ ਹਿੱਸੇ ਵਜੋਂ ਚੱਕ ਘੁਬਾਈ ਉਰਫ ਟਾਂਗਣ ਵਿਖੇ ਇਕ ਵਿਸ਼ੇਸ਼ ਆਊਟਰੀਚ ਪ੍ਰੋਗਰਾਮ ਆਯੋਜਿਤ ਕਰਕੇ ਆਪਣੀ ਡਾਇਮੰਡ ਜੁਬਲੀ ਮਨਾਈ। ਇਹ ਸਮਾਗਮ ਸਵੇਰੇ 10.30 ਵਜੇ ਤੋਂ ਦੁਪਹਿਰ 12.15 ਵਜੇ ਤੱਕ ਆਯੋਜਿਤ ਕੀਤਾ ਗਿਆ ਸੀ ਅਤੇ ਇਸ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਰਾਸ਼ਟਰੀ ਸੁਰੱਖਿਆ ਵਿਚ ਬੀ.ਐੱਸ.ਐੱਫ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ। ਸੈਸ਼ਨ ਦੌਰਾਨ ਬੀ.ਐੱਸ.ਐੱਫ ਅਧਿਕਾਰੀਆਂ ਨੇ 1971 ਅਤੇ 1999 ਦੀਆਂ ਭਾਰਤ-ਪਾਕਿ ਜੰਗਾਂ ਅਤੇ ਆਪ੍ਰੇਸ਼ਨ ਸੰਧੂਰ ਸਮੇਤ ਮਹੱਤਵਪੂਰਨ ਰਾਸ਼ਟਰੀ ਕਾਰਜਾਂ ਦੌਰਾਨ ਫੋਰਸ ਦੇ ਸਮਰਪਣ, ਸੰਚਾਲਨ ਜ਼ਿੰਮੇਵਾਰੀਆਂ ਅਤੇ ਇਸ ਦੇ ਮੁੱਖ ਯੋਗਦਾਨਾਂ 'ਤੇ ਚਾਨਣਾ ਪਾਇਆ। ਪ੍ਰੋਗਰਾਮ ਵਿਚ ਇਕ ਜਾਣਕਾਰੀ ਭਰਪੂਰ ਭਾਸ਼ਣ ਬੀ.ਐੱਸ.ਐੱਫ 'ਤੇ ਇਕ ਦਸਤਾਵੇਜ਼ੀ ਦੀ ਸਕ੍ਰੀਨਿੰਗ ਅਤੇ ਫੋਰਸ ਦੁਆਰਾ ਵਰਤੇ ਗਏ ਹਥਿਆਰਾਂ ਨੂੰ ਪ੍ਰਦਰਸ਼ਿਤ ਕਰਨ ਵਾਲੀ ਇਕ ਪ੍ਰਦਰਸ਼ਨੀ ਸ਼ਾਮਲ ਸੀ। ਸਕੂਲ ਦੇ ਪ੍ਰਿੰਸੀਪਲ 9 ਅਧਿਆਪਕਾਂ ਅਤੇ ਲਗਭਗ 150 ਵਿਦਿਆਰਥੀਆਂ ਨੇ ਇੰਟਰਐਕਟਿਵ ਜਾਗਰੂਕਤਾ ਸੈਸ਼ਨ ਵਿਚ ਹਿੱਸਾ ਲਿਆ। ਬੀ.ਐੱਸ.ਐੱਫ ਅਧਿਕਾਰੀਆਂ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਸਰਹੱਦੀ ਪ੍ਰਬੰਧਨ, ਚੌਕਸੀ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਵਿਚ ਬੀ.ਐੱਸ.ਐੱਫ ਕਰਮਚਾਰੀਆਂ ਦੁਆਰਾ ਕੀਤੀਆਂ ਕੁਰਬਾਨੀਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਸ਼ਿਵਾਨੀ ਮੋਂਗਾ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਸੁਰੱਖਿਆ ਬਾਰੇ ਜਾਗਰੂਕ ਕਰਨ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਲਈ ਬੀ.ਐੱਸ.ਐੱਫ ਦਾ ਧੰਨਵਾਦ ਕੀਤਾ।

# ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ

**ਲੌਂਗੋਵਾਲ (ਪ੍ਰਦੀਪ ਸੱਪਲ)**- ਸਥਾਨਕ ਧਰਮਸ਼ਾਲਾ ਬਾਬਾ ਨਾਮਦੇਵ ਮਾਰਗ ਸਲਾਈਟ ਰੋਡ ਲੌਂਗੋਵਾਲ ਵਿਖੇ ਨਾਮਦੇਵ ਸਭਾ ਅਤੇ ਟੇਲਰਜ਼ ਯੂਨੀਅਨ ਵੱਲੋਂ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ 775ਵਾਂ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਸਾਬਕਾ ਮੰਤਰੀ ਬਾਈ ਗੋਬਿੰਦ ਸਿੰਘ ਲੌਂਗੋਵਾਲ, ਪਰਮਜੀਤ ਸਿੰਘ ਜੱਸੇਕਾ, ਬਲਵਿੰਦਰ ਸਿੰਘ ਕੈਬੋਵਾਲ, ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਅਵਤਾਰ ਸਿੰਘ ਦੁੱਲਟ, ਸੁਰਜੀਤ ਸਿੰਘ, ਜਸਵਿੰਦਰ ਸਿੰਘ ਸਾਬਕਾ ਪ੍ਰਧਾਨ, ਬਲਵਿੰਦਰ ਸਿੰਘ ਢਿੱਲੋਂ, ਜਸਵਿੰਦਰ ਸਿੰਘ ਨਿਪੀ, ਕੁਲਦੀਪ ਸਿੰਘ ਦਲਿਓ, ਸ਼੍ਰੋਮਣੀ ਅਕਾਲੀ ਦਲ (ਅ) ਅਮਰਜੀਤ ਸਿੰਘ ਗਿੱਲ, ਅੰਮ੍ਰਿਤਪਾਲ ਸਿੰਘ ਸਿੱਧੂ, ਗੁਰਮੀਤ ਸਿੰਘ ਲੱਲੀ ਕੌਂਸਲਰ, ਮੇਲਾ ਸਿੰਘ ਸੂਬੇਦਾਰ, ਹਰਮੇਸ਼ ਸਿੰਘ ਸਿੱਧੂ, ਦਲਜੀਤ ਸਿੰਘ, ਵਿਜੇ ਗੋਇਲ, ਰਤਨ ਕੁਮਾਰ ਮੰਗੂ, ਮਾ. ਨਰਿੰਦਰਪਾਲ ਸ਼ਰਮਾ, ਜਸਵੀਰ ਸਿੰਘ ਜੱਸੀ, ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ, ਗੁਰਜੰਟ ਖਾਂ, ਸੁਖਪਾਲ ਬਾਜਵਾ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਕਮਲ ਬਰਾੜ, ਦਰਸ਼ਨ ਸਿੰਘ ਸਰਪੰਚ ਕੈਬੋਵਾਲ ਪਿੰਡੀ, ਨਹਿਲ ਸਿੰਘ ਸਰਪੰਚ, ਗੋਬਿੰਦ ਸਿੰਘ ਸਰਪੰਚ, ਜਰਨੈਲ ਸਿੰਘ ਸਰਪੰਚ ਲੋਹਾਖੇੜਾ, ਹਰਜਿੰਦਰ ਸਿੰਘ ਦੁੱਲਟ, ਰੁਪਿੰਦਰ ਸਿੰਘ ਨੰਬਰਦਾਰ ਤੋਂ ਇਲਾਵਾ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਆਪਣੀ ਹਾਜ਼ਰੀ ਲਗਵਾਈ। ਸਭਾ ਦੇ ਚੇਅਰਮੈਨ ਮਹਿੰਦਰ ਸਿੰਘ ਬੇਦੀ, ਪ੍ਰਧਾਨ ਰਾਜਿੰਦਰ ਸਿੰਘ ਰਾਜਾ, ਹਰਪ੍ਰੀਤ ਸਿੰਘ ਪ੍ਰੀਤ ਨੇ ਬਾਹਰੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਚੇਅਰਮੈਨ ਰਣਜੀਤ ਸਿੰਘ ਸਾਮਾ ਨੂੰ ਸੇਜਲ ਅੱਖਾਂ ਨਾਲ ਅੰਤਮ ਵਿਦਾਇਗੀ

**ਫਿਰੋਜ਼ਪੁਰ, ਮਮਦੋਟ (ਜਸਬੀਰ ਸਿੰਘ ਕੰਬੋਜ)**- ਮਾਲਵਾ ਖੇਤਰ ਦੀ ਪ੍ਰਸਿੱਧ ਹਸਤੀ ਤੇ ਲੰਮਾ ਸਮਾਂ ਕੈਬਨਟ ਮੰਤਰੀ ਰਹੇ ਸਰਦਾਰ ਜਨਮੇਜਾ ਸਿੰਘ ਸੇਖੋਂ ਦੀ ਸੱਜੀ ਬਾਂਹ ਵਜੋਂ ਇਲਾਕੇ ਭਰ ਵਿੱਚ ਸੇਵਾਵਾਂ ਨਿਭਾਉਂਦੇ ਰਹੇ ਇਲਾਕੇ ਦੀ ਬੇਦਾਗ ਸ਼ਖਸੀਅਤ ਸਰਦਾਰ ਰਣਜੀਤ ਸਿੰਘ ਸਾਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ ਬੀਤੇ ਦਿਨ ਸਵੇਰੇ ਦੇਹਾਂਤ ਹੋ ਗਿਆ। ਉਹਨਾਂ ਆਪਣਾ ਪੂਰਾ ਜੀਵਨ ਸ਼੍ਰੋਮਣੀ ਅਕਾਲੀ ਦਲ ਦੇ ਇੱਕ ਸਿਪਾਹੀ ਵਜੋਂ ਸੇਵਾ ਕਰਦਿਆਂ ਬਤੀਤ ਕੀਤਾ। ਉਨ੍ਹਾਂ ਦੀ ਦੇਹ ਨੂੰ ਅੰਤਿਮ ਸੰਸਕਾਰ ਵਾਸਤੇ ਲਿਜਾਣ ਤੋਂ ਪਹਿਲਾਂ ਉਘੇ ਰਾਗੀ ਜੱਥੇ ਨੇ ਵੈਰਾਗਮਈ ਕੀਰਤਨ ਦੁਆਰਾ ਪੁਜੀਆਂ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਦੀ ਚਿਖਾ ਨੂੰ ਉਹਨਾਂ ਦੇ ਸਪੁੱਤਰ ਉਘੇ ਪੱਤਰਕਾਰ ਹਰਚਰਨ ਸਿੰਘ ਸਾਮਾ ਅਤੇ ਜਿਲਾ ਲੋਕ ਸੰਪਰਕ ਅਫਸਰ ਵਜੋਂ ਫਰੀਦਕੋਟ ਵਿਖੇ ਸੇਵਾਵਾਂ ਨਿਭਾ ਰਹੇ ਅਮਰੀਕ ਸਿੰਘ ਸਾਮਾ ਨੇ ਅਗਨੀ ਦਿਖਾਈ। ਅੰਤਮ ਸੰਸਕਾਰ ਮੌਕੇ ਜਥੇਦਾਰ ਪ੍ਰੀਤਮ ਸਿੰਘ ਮਲਸੀਆਂ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਦਰਸ਼ਨ ਸਿੰਘ ਸ਼ੇਰ ਖਾਂ ਮੈਂਬਰ ਸ਼੍ਰੋਮਣੀ ਕਮੇਟੀ, ਜਗਿੰਦਰ ਸਿੰਘ ਜਿੰਦੂ ਸਾਬਕਾ ਐਮ ਐਲ ਏ ਹਲਕਾ ਫਿਰੋਜਪੁਰ ਦਿਹਾਤੀ, ਰਣਬੀਰ ਸਿੰਘ ਭੁੱਲਰ ਐਮ ਐਲ ਏ ਹਲਕਾ ਫਿਰੋਜਪੁਰ ਸ਼ਹਿਰੀ, ਡਾਕਟਰ ਮਲਕੀਤ ਥਿੰਦ ਚੇਅਰਮੈਨ ਬੈਕਵਰਡ ਕਲਾਸਿਸ ਪੰਜਾਬ,ਪ੍ਰਭਦੀਪ ਸਿੰਘ ਨੱਥੋਵਾਲ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ, ਇਸ਼ਵਿੰਦਰ ਸਿੰਘ ਮੱਕੜ ਡੀ ਪੀ ਆਰ ਓ ਮੋਹਾਲੀ, ਸੁਬੇਗ ਸਿੰਘ ਡੀ ਪੀ ਆਰ ਓ, ਡਾਕਟਰ ਸਤਿੰਦਰ ਸਿੰਘ ਡਿਪਟੀ ਡੀ ਓ ਸਟੇਟ ਐਵਾਰਡੀ, ਬਲਜੀਤ ਸਿੰਘ ਕੰਬੋਜ ਡਿਪਟੀ ਜਿਲਾ ਅਟਾਰਨੀ, ਭਾਈ ਧਿਆਨ ਸਿੰਘ ਮੰਡ ਸਾਬਕਾ ਮੈਂਬਰ ਪਾਰਲੀਮੈਂਟ, ਕਰਨੈਲ ਸਿੰਘ ਭਾਵੜਾ, ਗੁਰਦੀਪ ਸਿੰਘ ਢਿੱਲੋਂ, ਪਰਮਿੰਦਰ ਥਿੰਦ, ਗੁਰਜਿੰਦਰ ਸਿੰਘ, ਸ਼ਿਵ ਤਰਪਾਲ ਕੇ, ਉਘੇ ਫ਼ਿਲਮੀ ਅਦਾਕਾਰ ਹਰਿੰਦਰ ਭੁੱਲਰ, ਤਜਿੰਦਰ ਪਾਲ ਸਿੰਘ ( ਹੀਰੋ ਏਜੰਸੀ) , ਕੁਲਦੀਪ ਭੁੱਲਰ, ਪਰਮਜੀਤ ਕੌਰ ਸੋਢੀ,ਜਸਵਿੰਦਰ ਸਿੰਘ ਸੰਧੂ, ਗੁਰਿੰਦਰ ਸਿੰਘ, ਜਗਦੀਸ਼ ਥਿੰਦ ਗੁਰੂਹਰਸਹਾਏ, ਰਵਿੰਦਰ ਕਾਲਾ, ਜਸਬੀਰ ਸਿੰਘ ਕੰਬੋਜ ਸਮੇਤ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ ਤੇ ਸਾਕ ਸੰਬੰਧੀ ਹਾਜਰ ਸਨ। ਸਰਦਾਰ ਰਣਜੀਤ ਸਿੰਘ ਸਾਮਾ ਨਮਿਤ ਸ਼੍ਰੀ ਅਖੰਡ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਗੁਰਦੁਆਰਾ ਨੂਰਪੁਰ ਸੇਠਾਂ ਜਿਲ੍ਹਾ ਫਿਰੋਜ਼ਪੁਰ ਵਿਖੇ 23 ਨਵੰਬਰ ਐਤਵਾਰ ਨੂੰ ਬਾਅਦ ਦੁਪਹਿਰ ਇੱਕ ਵਜੇ ਹੋਵੇਗੀ।



# ਖੱਬੇ ਪੱਖੀ ਪਾਰਟੀਆਂ ਹੀ ਦੇਸ਼ ਨੂੰ ਬਰਬਾਦੀ ਤੋਂ ਬਚਾ ਸਕਦੀਆਂ : ਧਾਲੀਵਾਲ, ਗਦਾਈਆ




**ਨਾਭਾ (ਵਰਿੰਦਰ ਵਰਮਾ)** ਦੇਸ਼ ਦੀ ਅਜ਼ਾਦੀ ਲਈ ਅਜ਼ਾਦੀ ਤੋਂ ਬਾਅਦ ਦੇਸ਼ ਦੇ ਲੋਕਾਂ ਲਈ ਖੁਸ਼ਹਾਲੀ ਤੇ ਉਨ੍ਹਾਂ ਦੀ ਬੇਹਤਰ ਜ਼ਿੰਦਗੀ ਲਈ ਮਜ਼ਦੂਰਾਂ, ਕਿਸਾਨਾਂ, ਦੁਕਾਨਦਾਰਾਂ, ਨੌਜਵਾਨਾਂ, ਵਿਦਿਆਰਥੀਆਂ, ਔਰਤਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਭਾਰਤੀ ਕਮਿਊਨਿਸਟ ਪਾਰਟੀ ਨੇ ਅਨੇਕਾਂ ਅੰਦੋਲਨ ਕੀਤੇ। ਇਨ੍ਹਾਂ ਅੰਦੋਲਨਾਂ ਦੌਰਾਨ ਜੇਲ੍ਹਾਂ ਵੀ ਕੱਟੀਆਂ, ਬਹੁਤ ਸਾਰੇ ਸਾਥੀ ਸ਼ਹੀਦ ਵੀ ਕਰਾਏ, ਕਮਿਊਨਿਸਟ ਪਾਰਟੀਆਂ ਵੱਖ-ਵੱਖ ਸੂਬਿਆਂ 'ਚ ਸੱਤਾ ਵਿੱਚ ਵੀ ਰਹੀਆਂ ਤੇ ਹੁਣ ਵੀ ਹਨ। ਸੱਤਾ ਹੁੰਦਿਆਂ ਵੀ ਇਮਾਨਦਾਰੀ ਨਾਲ ਸਰਕਾਰਾਂ ਨੂੰ ਚਲਾਇਆਂ, ਕੇਂਦਰੀ ਸੱਤਾ 'ਚ ਵੀ ਭਾਗੀਦਾਰੀ ਰਹੀ, ਇੱਕ ਵੀ ਕਮਿਊਨਿਸਟ ਆਗੂ ਕੁਰੱਪਸ਼ਨ ਦੇ ਕੇਸ 'ਚ ਜੇਲ੍ਹ ਨਹੀਂ ਗਿਆ।ਇਸ ਲਈ ਖੱਬੀਆਂ ਪਾਰਟੀਆਂ ਨੂੰ ਸਬੂਤ ਕਰਨਾ ਚਾਹੀਦਾ ਹੈ ਤੇ ਇਹ ਹੀ ਦੇਸ਼ ਨੂੰ ਬਰਬਾਦੀ ਤੋਂ ਬਚਾ ਸਕਦੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਸਕੱਤਰੇਤ ਮੈਂਬਰਾਨ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਸੀ ਪੀ ਆਈ ਤਹਿਸੀਲ ਨਾਭਾ ਦੇ ਇਜਲਾਸ, ਜੋ ਕਾਮਰੇਡ ਦੀਪ ਚੰਦ ਹੰਸ ਤੇ ਕਾਮਰੇਡ ਬਲਜੀਤ ਕੌਰ ਗਦਾਈਆ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਨੂੰ ਸੰਬੋਧਨ ਕਰਦਿਆਂ ਕੀਤਾ। ਇਹ ਇਜਲਾਸ ਡਾ. ਭੀਮ ਰਾਓ ਅੰਬੇਡਕਰ ਚੈਰੀਟੇਬਲ ਟਰੱਸਟ ਬੌੜਾਂ ਵਿਖੇ ਹੋਇਆ। ਇਸ ਵਿੱਚ ਵੱਖ-ਵੱਖ ਪਿੰਡਾਂ ਦੀਆਂ ਬ੍ਰਾਂਚਾਂ 'ਚੋਂ ਚੁਣੇ ਹੋਏ ਨੁਮਾਇੰਦਿਆਂ ਨੇ ਭਾਗ ਲਿਆ। ਇਸ ਸਮੇਂ ਤਹਿਸੀਲ ਸਕੱਤਰ ਕਾਮਰੇਡ ਬਲਦੇਵ ਸਿੰਘ ਬਾਬਰਪੁਰ ਨੇ ਤਿੰਨ ਸਾਲ ਦੇ ਕੰਮਾਂ ਕਾਜਾਂ ਦੀ ਰਿਪੋਰਟ ਪੇਸ਼ ਕੀਤੀ, ਜਿਸ ਉਸਾਰੂ ਸੁਝਾਵਾਂ, ਕੁੱਝ ਵਾਧਿਆਂ ਸਮੇਤ ਸ਼ਾਮਲ ਨੁਮਾਇੰਦਿਆਂ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਇਸ ਤੋਂ ਬਾਅਦ ਸਰਬਸੰਮਤੀ ਨਾਲ 13 ਮੈਂਬਰੀ ਤਹਿਸੀਲ ਕਮੇਟੀ ਦੀ ਚੋਣ ਕੀਤੀ ਗਈ। ਇਸ ਵਿੱਚ ਕਾਮਰੇਡ ਕਸ਼ਮੀਰ ਸਿੰਘ ਗਦਾਈਆ, ਸੋਹਣ ਸਿੰਘ ਸਿੱਧੂ, ਦੀਪ ਚੰਦ ਹੰਸ ਨਾਭਾ, ਬਲਦੇਵ ਸਿੰਘ ਬਾਬਰਪੁਰ, ਮਹਿੰਦਰਜੀਤ ਸਿੰਘ ਨਾਭਾ, ਰਾਜਿੰਦਰ ਸਿੰਘ ਕਕਰਾਲਾ, ਬੱਗਾ ਸਿੰਘ ਗਲਵੱਟੀ, ਸ਼ਮਸ਼ੇਰ ਖ਼ਾਨ ਸਾਧੋਹੇੜੀ, ਲਵਪ੍ਰੀਤ ਖ਼ਾਨ ਸਾਧੋਹੇੜੀ, ਰੋਸ਼ਨ ਸਿੰਘ ਫ਼ੌਜੀ ਕਿਸ਼ਨਗੜ੍ਹ, ਬਲਜੀਤ ਕੌਰ ਗਦਾਈਆ, ਜ਼ੋਰਾ ਸਿੰਘ ਮਲਕੋ, ਅਮਨਦੀਪ ਕੌਰ ਕਕਰਾਲਾ ਆਦਿ ਸਾਥੀ ਚੁਣੇ ਗਏ।

# ਅੰਨ੍ਹੇ ਕਤਲ ਦੀ ਗੁੱਥੀ ਸੁਲਝੀ, ਦੋ ਮੁੱਖ ਦੋਸ਼ੀ ਗ੍ਰਿਫ਼ਤਾਰ

**ਫਿਰੋਜ਼ਪੁਰ (ਗੁਰਬਚਨ ਸਿੰਘ)** ਪੁਲਸ ਨੇ ਵੱਡੀ ਕਾਰਵਾਈ ਕਰਦੇ ਹੋਏ 15 ਨਵੰਬਰ ਨੂੰ ਫਿਰੋਜ਼ਪੁਰ ਸ਼ਹਿਰ 'ਚ ਵਾਪਰੇ ਸਨਸਨੀਖੇਜ਼ ਅੰਨ੍ਹੇ ਕਤਲ ਦੇ ਮਾਮਲੇ ਨੂੰ ਸਿਰਫ਼ ਚਾਰ ਦਿਨਾਂ ਵਿਚ ਹੀ ਸੁਲਝਾ ਲਿਆ ਹੈ।ਇਸ ਮਾਮਲੇ 'ਚ ਸ਼ਾਮਲ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਬਾਕੀ ਸਾਥੀਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ

**● ਕਤਲ ਦੀ ਸਾਜ਼ਿਸ਼ ਜਨਮ ਦਿਨ 'ਤੇ ਰਚੀ ਗਈ**

ਜਾਰੀ ਹੈ।ਭੁਪਿੰਦਰ ਸਿੰਘ ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਨੇ ਇਸ ਸਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ 15 ਨਵੰਬਰ ਨੂੰ ਫਿਰੋਜ਼ਪੁਰ ਸ਼ਹਿਰ ਦੇ ਵਸਨੀਕ ਨਵੀਨ ਅਰੋੜਾ ਪੁੱਤਰ ਬਲਦੇਵ ਅਰੋੜਾ ਦੀ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀ ਮਾਰ ਕੇ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ।ਇਸ ਦਰਦਨਾਕ ਘਟਨਾ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਮੁਕੱਦਮਾ ਨੰਬਰ 424 ਮਿਤੀ 15-11-2025 ਅ/ਧ 103, 3(5) ਬੀ.ਐਨ.ਐਸ ਅਤੇ 25, 27, 54, 59 ਅਸਲਾ ਐਕਟ ਤਹਿਤ ਦਰਜ ਕੀਤਾ ਗਿਆ ਸੀ। ਐੱਸਐੱਸਪੀ ਭੁਪਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਉਨ੍ਹਾਂ ਵੱਲੋਂ ਤੁਰੰਤ ਕਤਲ ਦੀ ਗੁੱਥੀ ਸੁਲਝਾਉਣ ਲਈ ਵੱਖ-ਵੱਖ ਮਾਹਿਰ ਪੁਲਸ ਟੀਮਾਂ ਦਾ ਗਠਨ ਕੀਤਾ



ਗਿਆ।ਇਨ੍ਹਾਂ ਟੀਮਾਂ ਨੇ ਵੱਖ-ਵੱਖ ਵਸੀਲਿਆਂ, ਖੁਫ਼ੀਆ ਜਾਣਕਾਰੀਆਂ ਤੇ ਅਤਿ-ਆਧੁਨਿਕ ਟੈਕਨੀਕਲ ਢੰਗਾਂ ਦੀ ਵਰਤੋਂ ਕਰਦਿਆਂ ਦਿਨ-ਰਾਤ ਇੱਕ ਕਰਕੇ ਜਾਂਚ ਕੀਤੀ।ਪੁਲਸ ਦੀਆਂ ਇਨ੍ਹਾਂ ਸਾਂਝੀਆਂ ਕੋਸ਼ਿਸ਼ਾਂ ਸਦਕਾ, ਪੂਰੇ ਮਾਮਲੇ ਦੀ ਪੜਤਾਲ-ਦਰ-ਪੜਤਾਲ ਜਾਂਚ ਕੀਤੀ ਗਈ ਤੇ ਕਤਲ ਵਿਚ ਸ਼ਾਮਲ ਸਾਰੇ ਦੋਸ਼ੀਆਂ ਦੀ ਪਛਾਣ ਕੀਤੀ ਗਈ। ਵਾਰਦਾਤ ਨੂੰ ਅੰਜਾਮ ਦੇਣ ਤੋਂ ਇਕ ਦਿਨ ਪਹਿਲਾਂ ਦੋਸ਼ੀਆਨ ਵੱਲੋਂ ਮ੍ਰਿਤਕ ਨਵੀਨ ਅਰੋੜਾ ਦੀ ਪੂਰੀ ਤਰ੍ਹਾਂ ਰੇਕੀ ਕੀਤੀ ਗਈ ਸੀ। ਜਾਂਚ ਵਿਚ ਇਹ ਵੀ ਖੁਲਾਸਾ ਹੋਇਆ ਹੈ ਕਿ ਦੋਸ਼ੀ ਇਸ ਘਟਨਾ ਨੂੰ ਅੰਜਾਮ ਦੇਣ ਲਈ ਵਰਤੇ ਗਏ ਹਥਿਆਰ ਉੱਤਰ ਪ੍ਰਦੇਸ਼ ਤੋਂ ਲੈ ਕੇ ਆਏ ਸਨ।ਗੋਲੀ ਚਲਾਉਣ ਵਾਲੇ ਅਣਪਛਾਤੇ ਵਿਅਕਤੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਹਰਸ਼ ਅਤੇ ਕੰਨਵ ਦੀ ਮੱਦਦ ਨਾਲ ਮੌਕੇ ਤੋਂ ਫਰਾਰ ਹੋਣ ਵਿਚ ਕਾਮਯਾਬ ਹੋ ਗਏ ਸਨ। ਗਠਿਤ ਕੀਤੀਆਂ ਟੀਮਾਂ ਦੁਆਰਾ ਹਰਸ਼ ਅਤੇ ਕੰਨਵ ਨੂੰ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕਰਕੇ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ।ਇਨ੍ਹਾਂ ਤੋਂ ਪੁੱਛਗਿੱਛ ਜਾਰੀ ਹੈ, ਜਿਸ ਤੋਂ ਬਾਕੀ ਦੋਸ਼ੀਆਨ ਬਾਰੇ ਅਹਿਮ ਜਾਣਕਾਰੀ ਮਿਲਣ ਦੀ ਸੰਭਾਵਨਾ ਹੈ।ਐੱਸਐੱਸਪੀ ਫਿਰੋਜ਼ਪੁਰ ਨੇ ਭਰੋਸਾ ਦਿਵਾਇਆ ਹੈ ਕਿ ਜਲਦ ਹੀ ਇਸ ਘਟਨਾ ਵਿਚ ਸ਼ਾਮਲ ਬਾਕੀ ਦੋਸ਼ੀਆਂ, ਜਿਨ੍ਹਾਂ ਦੀ ਸ਼ਨਾਖਤ ਹੋ ਚੁੱਕੀ ਹੈ, ਨੂੰ ਵੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਔਰਤ ਦੀ ਕੁੱਟਮਾਰ ਕਰਨ ਦੇ ਦੋਸ਼ 'ਚ 4 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਮੱਲਾਂਵਾਲਾ ਦੇ ਪਿੰਡ ਆਸਿਫ ਵਾਲਾ ਵਿਖੇ ਔਰਤ ਨਾਲ ਝਗੜਾ ਕਰਕੇ ਸੱਟਾਂ ਮਾਰਨ ਦੇ ਦੋਸ਼ ਵਿਚ ਥਾਣਾ ਮੱਲਾਂਵਾਲਾ ਪੁਲਿਸ ਨੇ 4 ਲੋਕਾਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਮਨਪ੍ਰੀਤ ਕੁਮਾਰ ਯਾਦਵ ਪੁੱਤਰ ਮਨੋਜ ਯਾਦਵ ਵਾਸੀ ਪਿੰਡ ਆਸਿਫ ਵਾਲਾ ਹਾਲ ਆਬਾਦ ਪੁਲ ਸੂਆ ਗੰਦਾ ਨਾਲਾ ਨਜ਼ਦੀਕ ਦਾਣਾ ਮੰਡਲ ਨੇ ਦੱਸਿਆ ਕਿ ਘਰ ਦੇ ਬਾਹਰ ਉਸ ਦੀ ਮਾਤਾ ਪੁਸ਼ਪਾ ਦੇਵੀ ਤੇ ਉਸ ਦਾ ਭਰਾ ਰਵੀ ਖੜੇ ਸਨ ਕਿ ਦੋਸ਼ੀਆਂ ਮਾਹਰੀਰ ਵਾਸੀ ਦਾਣਾ ਮੰਡੀ ਮੱਲਾਂਵਾਲਾ, ਪੂਜਾ ਪਤਨੀ ਅਰਜੁਨ ਵਾਸੀ ਪੁਲ ਸੂਆ ਗੰਦਾ ਨਾਲਾ ਮੱਲਾਂਵਾਲਾ, ਨੂਰੀ ਪੁੱਤਰੀ ਫੂਲ ਚੰਦ ਅਤੇ ਗੀਤਾ ਪੁੱਤਰੀ ਫੂਲ ਚੰਦ ਵਾਸੀ ਪੁਲ ਸੂਆ ਗੰਦਾ ਨਾਲਾ ਮੱਲਾਂਵਾਲਾ ਉਸ ਦੀ ਮਾਤਾ ਨਾਲ ਲੜਾਈ ਝਗੜਾ ਕਰਨ ਲੱਗ ਗਏ, ਜਿਨ੍ਹਾਂ ਨੇ ਉਸ ਦੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਤਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਕੰਪਿਊਟਰ ਅਧਿਆਪਕ ਯੂਨੀਅਨ ਵੱਲੋਂ ਸਕੂਲਾਂ ਵਿੱਚ ਨਵੇਂ ਹਾਰਡਵੇਅਰ ਦੇਣ ਲਈ ਅਪੀਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਦਵਿੰਦਰ ਸਿੰਘ ਸੰਧੂ ਅਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਦੱਸਿਆ ਕਿ 18 ਨਵੰਬਰ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਵਿਦਿਆਰਥੀਆਂ ਦੇ ਭਵਿੱਖ ਨੂੰ ਡਿਜੀਟਲ ਯੁੱਗ ਨਾਲ ਜੋੜਨ ਵੱਲ ਇਤਿਹਾਸਕ ਕਦਮ ਲੈਂਦਿਆਂ ਅਤੇ ਮੌਜੂਦਾ ਡਿਜੀਟਲ ਯੁੱਗ ਦੀਆਂ ਲੋੜਾਂ ਨੂੰ ਧਿਆਨ ਵਿਚ ਰੱਖਦੇ ਹੋਏ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਵੱਲੋਂ ਅਕਾਦਮਿਕ ਕੌਂਸਲ ਦੀ ਮੀਟਿੰਗ ਵਿਚ ਕੰਪਿਊਟਰ ਸਾਇੰਸ ਵਿਸ਼ੇ ਦੇ 10ਵੀਂ ਅਤੇ 12ਵੀਂ ਜਮਾਤ ਦੇ ਪੇਪਰ ਦੀ ਤਿਆਰੀ ਅਤੇ ਜਾਂਚ ਬੋਰਡ ਵੱਲੋਂ ਕਰਨ ਅਤੇ ਨਾਲ ਹੀ ਵਿਸ਼ੇ ਦੀ ਪ੍ਰੈਕਟੀਕਲ ਪ੍ਰੀਖਿਆ ਬਾਹਰੀ ਪ੍ਰੀਖਿਅਕਾਂ ਰਾਹੀਂ ਕਰਵਾਉਣ ਦੇ ਫੈਸਲੇ ਦਾ ਪੰਜਾਬ ਭਰ ਦੇ ਕੰਪਿਊਟਰ ਅਧਿਆਪਕਾਂ ਵਲੋਂ ਸਵਾਗਤ ਕੀਤਾ ਗਿਆ ਹੈ। ਕੰਪਿਊਟਰ ਅਧਿਆਪਕਾਂ ਵੱਲੋਂ ਦੱਸਿਆ ਗਿਆ ਕਿ ਕੰਪਿਊਟਰ ਸਾਇੰਸ ਵਿਸ਼ਾ ਜਮਾਤ 6ਵੀਂ ਤੋਂ 12ਵੀਂ ਤੱਕ ਲਾਜ਼ਮੀ ਵਿਸ਼ੇ ਦੇ ਤੌਰ 'ਤੇ ਪੜਾਇਆ ਜਾ



ਰਿਹਾ ਸੀ ਪਰ ਹੁਣ ਤੱਕ ਇਸ ਦੀ ਸਿਰਫ ਗਰੇਡਿੰਗ ਹੀ ਕੀਤੀ ਜਾਂਦੀ ਸੀ ਅਤੇ ਇਸ ਦੇ ਅੰਕਾਂ ਦਾ ਵਿਦਿਆਰਥੀਆਂ ਦੇ ਕੁੱਲ ਨਤੀਜੇ ਵਿਚ ਵੱਡਾ ਯੋਗਦਾਨ ਨਹੀਂ ਹੁੰਦਾ ਸੀ। ਪੰਜਾਬ ਬੋਰਡ ਵੱਲੋਂ ਲਏ ਇਸ ਫੈਸਲੇ ਨਾਲ ਹੁਣ ਕੰਪਿਊਟਰ ਸਾਇੰਸ ਵਿਸ਼ੇ ਦੇ ਅੰਕ ਬੋਰਡ ਦੇ ਨਤੀਜੇ ਵਿਚ ਕੁੱਲ ਅੰਕਾਂ ਵਿਚ ਸ਼ਾਮਲ ਕੀਤੇ ਜਾਣਗੇ ਅਤੇ ਮਾਰਕਸ਼ੀਟ ਵਿਚ ਦਰਜ ਹੋਣਗੇ, ਜਿਸ ਨਾਲ ਵਿਦਿਆਰਥੀਆਂ ਨੂੰ ਇਸ ਦਾ ਸਿੱਧਾ ਲਾਭ ਮਿਲੇਗਾ। ਕੰਪਿਊਟਰ ਅਧਿਆਪਕਾਂ ਵੱਲੋਂ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਨੂੰ ਅਪੀਲ ਕੀਤੀ ਹੈ ਕਿ ਵਿਸ਼ੇ ਦੇ ਪੀਰੀਅਡਾਂ ਦੀ ਗਿਣਤੀ ਵਧਾਉਣ ਦਾ ਵੀ ਫੈਸਲਾ ਕੀਤਾ ਜਾਵੇ ਅਤੇ ਸਕੂਲਾਂ ਵਿਚ ਪਿਛਲੇ 12-13 ਸਾਲ ਤੋਂ ਚੱਲ ਰਹੇ ਪੁਰਾਣੇ ਹਾਰਡਵੇਅਰ ਨੂੰ ਬਦਲਕੇ ਜਲਦ ਹੀ ਰਾਜ ਭਰ ਦੇ ਸਕੂਲਾਂ ਵਿਚ ਨਵੇਂ ਕੰਪਿਊਟਰ ਸਿਸਟਮ ਮੁਹੱਈਆ ਕਰਵਾਏ ਜਾਣ ਤਾਂ ਜੋ ਇਸ ਵਿਸ਼ੇ ਦੀ ਪ੍ਰਯੋਗੀ ਤੌਰ 'ਤੇ ਵਿਦਿਆਰਥੀਆਂ ਨੂੰ ਹੋਰ ਚੰਗੇ ਢੰਗ ਨਾਲ ਸਿਖਲਾਈ ਦਿੱਤੀ ਜਾ ਸਕੇ। ਜੱਥੇਬੰਦੀ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਵੱਲੋਂ ਪੰਜਾਬ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਵਲੋਂ ਲਏ ਇਸ ਫੈਸਲੇ ਦਾ ਸਵਾਗਤ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਹੈ।

# ਨਗਰ ਕੀਰਤਨ ਦਾ ਪਟਿਆਲਾ 'ਚ ਦਾਖਲ ਹੋਣ 'ਤੇ ਕੀਤਾ ਸਵਾਗਤ



**ਪਟਿਆਲਾ (ਰਜਿੰਦਰ ਸਿੰਘ ਥਿੰਦ)**- ਗੁਰਦੁਆਰਾ ਬਾਬਾ ਅਜੈਪਾਲ ਸਿੰਘ ਜੀ ਨਾਭਾ ਤੋਂ ਸਜਾਏ ਗਏ ਨਗਰ ਕੀਰਤਨ ਦਾ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪਟਿਆਲਾ ਵਿਚ ਦਾਖਲ ਹੋਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਭਾਗ ਸਿੰਘ ਵੱਲੋਂ ਨਗਰ ਕੀਰਤਨ ਦਾ ਜਿਥੇ ਸਵਾਗਤ ਕੀਤਾ ਗਿਆ, ਉਥੇ ਹੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਰੁਮਾਲਾ ਸਾਹਿਬ ਵੀ ਭੇਟ ਕੀਤਾ ਗਿਆ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੇ ਮੈਨੇਜਰ ਭਾਗ ਸਿੰਘ ਨੇ ਨਗਰ ਕੀਰਤਨ ਦੇ ਰੂਟ ਬਾਰੇ ਜਾਣਕਾਰੀ ਦਿੱਤੀ। ਨਗਰ ਕੀਰਤਨ ਦੇ ਸਵਾਗਤ ਕਰਨ ਮੌਕੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਮਨਜੀਤ ਸਿੰਘ ਤਲਵੰਡੀ, ਹਲਕਾ ਇੰਚਾਰਜ ਅਮਰਿੰਦਰ ਸਿੰਘ ਬਜਾਜ, ਸੁਖਮਨ ਸਿੰਘ ਸਿੱਧੂ, ਗੁਰਮੀਤ ਸਿੰਘ ਸਧਾਣਾ, ਸ਼ਮਸ਼ੇਰ ਸਿੰਘ ਬੜੈਚ, ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਦੇ ਪ੍ਰਧਾਨ ਰਵਿੰਦਰਜੀਤ ਸਿੰਘ ਗੋਨਾ, ਭਾਈ ਹਰਵਿੰਦਰ ਸਿੰਘ, ਭਵਨਪੁਨੀਤ ਸਿੰਘ, ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਟ, ਜੰਗ ਸਿੰਘ ਇਟਲੀ, ਐਡੀਸ਼ਨਲ ਮੈਨੇਜਰ ਇਕਬਾਲ ਸਿੰਘ, ਇੰਚਾਰਜ ਰਾਜਵਿੰਦਰ ਸਿੰਘ ਤੋਂ ਇਲਾਵਾ ਮੀਤ ਮੈਨੇਜਰ ਜਸਵਿੰਦਰ ਸਿੰਘ ਬਿੱਲਾ, ਅਕਾਊਟੈਂਟ ਗੁਰਮੀਤ ਸਿੰਘ, ਸਰਬਜੀਤ ਸਿੰਘ, ਸੁਖਦੇਵ ਸਿੰਘ ਕਾਹਲਵਾਂ ਅਤੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦਾ ਸਮੁੱਚਾ ਸਟਾਫ ਤੇ ਮੈਂਬਰ ਤੇ ਸੰਗਤਾਂ ਵੱਡੀ ਗਿਣਤੀ ਵਿਚ ਹਾਜਰ ਸਨ।

# ਸਰਕਾਰ ਦੀਆਂ ਲੋਕ ਪੱਖੀ ਨੀਤੀਆਂ 'ਤੇ ਮੋਹਰ ਲੱਗੀ : ਆਪ ਆਗੂ

**ਕੋਟ ਈਸੇ ਖਾਂ (ਅਰੋੜਾ)** - ਤਰਨਤਾਰਨ ਜ਼ਿਮਨੀ ਚੋਣਾਂ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਜਿਤਾ ਕੇ ਆਪ ਦੀਆਂ ਲੋਕ ਪੱਖੀ ਨੀਤੀਆਂ 'ਤੇ ਮੋਹਰ ਲਗਾਈ ਹੈ ਅਤੇ 2027 ਦੀਆਂ ਚੋਣਾਂ ਵਿੱਚ ਮੁੜ ਸਰਕਾਰ ਬਣਾਉਣ ਦਾ ਮੁੱਢ ਬੰਨ੍ਹਿਆ ਹੈ। ਇਹਪ੍ਰਗਟਾਵਾ ਸਤਵੀਰ ਸਿੰਘ ਸੱਤੀ ਸਰਪੰਚ ਤੇ ਸੀਨੀ ਆਪ ਆਗੂ, ਬਲਾਕ ਪ੍ਰਧਾਨ ਰਾਜਵੀਰ ਸਿੰਘ ਸਰਪੰਚ ਕਿੱਲੀ ਗਾਂਧਰਾ, ਬਲਾਕ ਪ੍ਰਧਾਨ ਬਲਦੇਵ



ਸਿੰਘ ਬਲਖੰਡੀ ਸਰਪੰਚ, ਨਲਕ ਪ੍ਰਧਾਨ ਪ੍ਰਕਾਸ਼ ਸਿੰਘ ਰਾਜਪੂਤ, ਸ਼ੋਸ਼ਲ ਮੀਡੀਆ ਹਲਕਾ ਧਰਮਕੋਟ ਕੋਆਰੀਡੀਨੇਟਰ ਤਲਵਿੰਦਰ ਸਿੰਘ ਵਿਰਕ, ਵਾਈਸ ਕੋਆਰਡੀਨੇਟਰ ਦਲੇਰ ਸਿੰਘ, ਗੋਪੀ ਮਾਨ ਦਾਤੇਵਾਲ ਯੂਥ ਆਗੂ ਅਤੇ ਹੋਰਨਾਂ ਆਗੂਆਂ ਨੇ ਪ੍ਰੈਸ ਨਾਲ ਸਾਂਝਾ ਕੀਤਾ।ਉਹਨਾਂ ਕਿਹਾ ਕਿ ਤਰਨਤਾਰਨ ਜ਼ਿਮਨੀ ਚੋਣ ਵਿੱਚ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਆਪਣੀ ਟੀਮ ਨਾਲ ਚੋਣ ਪ੍ਰਚਾਰ ਕੀਤਾ ਸੀ ।

# ਕਾਂਗਰਸ ਦੀ ਮਜ਼ਬੂਤੀ ਲਈ ਇਕਜੁੱਟ ਹੋਣ ਦਾ ਸੱਦਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਨੇ ਹਲਕਾ ਮਹਿਲ ਕਲਾਂ ਦੇ ਵੱਖ-ਵੱਖ ਸਮਾਗਮਾਂ ਵਿੱਚ ਸ਼ਾਮਲ ਹੋਣ ਉਪਰੰਤ ਪਿੰਡ ਖਿਆਲੀ ਵਿਖੇ ਕਾਂਗਰਸ ਪਾਰਟੀ ਦੇ ਵਰਕਰਾਂ ਨਾਲ ਭਰਵੀਂ ਮੀਟਿੰਗ ਕੀਤੀ। ਗੁਰਮੇਲ ਸਿੰਘ ਮੌੜ ਨੇ ਕਿਹਾ ਕਿ ਜ਼ਿਲ੍ਹੇ ਭਰ ਅੰਦਰ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਤਿੰਨੇ ਵਿਧਾਨ ਸਭਾ ਹਲਕਿਆਂ ਅੰਦਰ ਕਾਂਗਰਸ ਸੰਗਠਨ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਬਨਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ।

# ਸਵਾਮੀ ਜਤਿੰਦਰਨਾਥ ਗਿਰੀ ਵੱਲੋਂ ਸ਼ਹੀਦ ਭਗਤ ਸਿੰਘ ਨਰਸਿੰਗ ਕਾਲਜ ਦਾ ਦੌਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਅਨੰਤ ਸ਼੍ਰੀ ਵਿਭੂਸ਼ਤ ਜੀਵਨਦੀਪ ਪੀਠਾਧੀਸ਼ਵਰ ਮਹਾਮੰਡਲੇਸ਼ਵਰ ਜੂਨਾ ਅਖਾੜਾ, ਸਵਾਮੀ ਜਤਿੰਦਰਨਾਥ ਗਿਰੀ ਜੀ ਅੱਜ ਐੱਸ ਬੀ ਐੱਸ ਕਾਲਜ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਦੇ ਇਸ ਪਵਿੱਤਰ ਆਗਮਨ 'ਤੇ ਕਾਲਜ ਦੇ ਸਾਰੇ ਸਟਾਫ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਉਨਾਂ ਦਾ ਸਵਾਗਤ ਕੀਤਾ ਗਿਆ। ਧਰਮਪਾਲ ਬਾਂਸਲ (ਸੰਸਥਾਪਕ ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ, ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਅਤੇ ਭਗਤੀ ਭਜਨ ਗਰੁੱਪ) ਨੇ ਸਵਾਮੀ ਨੂੰ ਸ਼ਰਧਾ ਸਹਿਤ ਸਨਮਾਨਿਆ। ਸਵਾਮੀ ਜੀ ਨੇ ਧਰਮਪਾਲ ਬਾਂਸਲ ਨਾਲ ਧਾਰਮਿਕ ਮੀਡੀਆ, ਸਮਾਜਕ ਜਾਗਰੂਕਤਾ ਅਤੇ ਆਧਿਆਤਮਿਕਤਾ ਦੀ ਮਹੱਤਤਾ ਬਾਰੇ ਗੰਭੀਰ ਚਰਚਾ ਕੀਤੀ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਦੀ ਸਿੱਖਿਆ ਨੂੰ ਸੰਸਕਾਰਾਂ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਐੱਸ ਬੀ ਐੱਸ ਤੇ ਹਾਰਮਨੀ ਆਯੂਰਵੈਦਿਕ ਕਾਲਜ ਵੱਲੋਂ ਇਸ ਦਿਸ਼ਾ ਵਿੱਚ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਵਿਸ਼ੇਸ਼ ਸ਼ਲਾਘਾ ਕੀਤੀ। ਧਰਮਪਾਲ ਬਾਂਸਲ ਨੇ ਉਤਪਾਦਾਂ ਦੀ ਸ਼ੁੱਧਤਾ, ਲਾਭ ਅਤੇ ਆਯੁਰਵੈਦਿਕ ਸਿਧਾਂਤਾਂ ਦੇ ਅਧਾਰ ਬਾਰੇ ਵਿਸਥਾਰਪੂਰਨ ਜਾਣਕਾਰੀ ਦਿੱਤੀ। ਸਵਾਮੀ ਜੀ ਦੇ ਨਾਲ ਜ਼ਿਲ੍ਹਾ ਮੱਠ ਮੰਦਰ ਦੇ ਪ੍ਰਧਾਨ ਕੈਲਾਸ਼ ਸ਼ਰਮਾ ਅਤੇ ਪ੍ਰੇਮ ਗਿਰੀ ਵੀ ਸਨ।

# ਜਲ ਸਪਲਾਈ ਕਾਮਿਆਂ ਵੱਲੋਂ ਮੁਕੰਮਲ ਕੰਮ ਬੰਦ ਰੱਖਣ ਦਾ ਐਲਾਨ

**ਜਲਾਲਾਬਾਦ (ਜੀਤ ਕੁਮਾਰ)** ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਈਸੜੂ ਭਵਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਦੀ ਅਗੁਵਾਈ ਹੇਠ ਕੀਤੀ ਗਈ, ਜਿਸ 'ਚ ਸੂਬਾ ਕਮੇਟੀ ਮੈਂਬਰ, ਵੱਖ ਵੱਖ ਜਿਲ੍ਹਿਆ ਦੇ ਪ੍ਰਧਾਨ/ਜਨਰਲ ਸਕੱਤਰ ਸਮੇਤ ਹੋਰ ਸਰਗਰਮ ਆਗੂਆਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਕਈ ਅਹਿਮ ਏਜੰਡਿਆਂ 'ਤੇ



ਵਿਚਾਰ ਚਰਚਾ ਕਰਨ ਉਪਰੰਤ ਸਰਵ ਸੰਮਤੀ ਨਾਲ ਫੈਸਲੇ ਲਏ ਗਏ। ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੈਂਟ ਦੇ ਖਿਲਾਫ ਪੂਰ ਅਮਨ ਢੰਗ ਨਾਲ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ। ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਨੇ ਦੱਸਿਆ ਕਿ ਮੰਗਾਂ ਮੰਨਵਾਉਣ ਲਈ ਉਲੀਕੇ ਸੰਘਰਸ਼ ਪ੍ਰੋਗਰਾਮ ਨੂੰ ਲਾਗੂ ਕਰਦੇ ਹੋਏ ਜਲ ਸਪਲਾਈ ਵਿਭਾਗ ਦੇ ਕਾਮੇ 2, 3 ਅਤੇ 4 ਦਸੰਬਰ ਨੂੰ ਆਪਣੇ ਕੰਮਾਂ ਨੂੰ ਮੁਕੰਮਲ ਬੰਦ ਕਰਕੇ ਵਿਭਾਗੀ ਦਫਤਰਾਂ ਅੱਗੇ ਲਗਾਤਾਰ ਦਿਨ-ਰਾਤ ਸਰਕਲ, ਡਵੀਜਨ ਅਤੇ ਸਬ ਡਵੀਜਨ ਪੱਧਰੀ ਧਰਨੇ ਦੇਣਗੇ। 4 ਦਸੰਬਰ ਨੂੰ ਸਾਰੇ ਪੰਜਾਬ ਵਿੱਚ ਜਲ ਸਪਲਾਈ ਕਾਮੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਸ਼ਾਮਿਲ ਹੋਣਗੇ ਅਤੇ ਸ਼ਹਿਰਾਂ ਵਿੱਚ ਰੋਸ ਮਾਰਚ ਕਰਦੇ ਹੋਏ ਡਿਪਟੀ ਕਮਿਸ਼ਰ ਰਾਹੀ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜੇ ਜਾਣਗੇ। ਮੀਟਿੰਗ ਵਿਚ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਖਜਾਨਚੀ ਰੁਪਿੰਦਰ ਸਿੰਘ ਫਿਰੋਜਪੁਰ, ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ, ਜੁਆਇਟ ਪ੍ਰੈਸ ਸਕੱਤਰ ਜਸਵੀਰ ਸਿੰਘ ਸੀਰਾ, ਗੁਰਵਿੰਦਰ ਸਿੰਘ, ਤਜਿੰਦਰ ਸਿੰਘ ਮਾਨ, ਮੇਜਰ ਸਿੰਘ ਮੋਹਾਲੀ ਮੌਜੂਦ ਸਨ।

# ਲੁਧਿਆਣਾ ਦੇ ਸਰਕਟ ਹਾਊਸ 'ਚ ਖੱਤਰੀ ਮਹਾਂਸਭਾ ਦੀ ਮੀਟਿੰਗ ਹੋਈ



**ਦੋਰਾਹਾ (ਹਰਮਿੰਦਰ ਸੇਠ)** ਲੁਧਿਆਣਾ ਦੇ ਸਰਕਟ ਹਾਊਸ ਵਿਖੇ ਖੱਤਰੀ ਮਹਾਸਭਾ ਪੰਜਾਬ (ਲੁਧਿਆਣਾ ਇਕਾਈ) ਦੀ ਇੱਕ ਮੀਟਿੰਗ ਸਭਾ ਦੀ ਹਾਈ ਕਮਾਂਡ ਸ਼੍ਰੀ ਅਸ਼ੋਕ ਥਾਪਰ ਤੇ ਸਭਾ ਦੇ ਸੂਬਾ ਪ੍ਰਧਾਨ ਸ਼੍ਰੀ ਵਿਜੇ ਧੀਰ ਐਡਵੋਕੇਟ ਮੋਗਾ ਦੀ ਰਹਿਨੁਮਾਈ ਵਿੱਚ ਹੋਈ, ਜਿਸ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਸਭਾ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨੇ ਬਹੁਤ ਵੱਡੀ ਗਿਣਤੀ ਹਿੱਸਾ ਲਿਆ।ਮੀਟਿੰਗ ਦੇ ਇਜੰਡੇ ਮੁਤਾਬਕ ਆਉਣ ਵਾਲੇ ਸਮੇਂ ਵਿੱਚ ਪੰਜਾਬ 'ਚ ਵਸਦੇ 34 ਲੱਖ ਖੱਤਰੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਕਰਨ ਲਈ ਗਹਿਨ ਵਿਚਾਰਾਂ ਹੋਈਆਂ ਅਤੇ ਨਵੇਂ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਦੇ ਕੇ ਖੱਤਰੀ ਮਹਾਂ ਸਭਾ ਲੁਧਿਆਣਾ ਨੂੰ ਹੋਰ ਮਜਬੂਤ ਕੀਤਾ ਗਿਆ। ਮੀਟਿੰਗ ਵਿੱਚ ਸ੍ਰੀ ਅਸ਼ੋਕ ਥਾਪਰ ਹਾਈ ਕਮਾਂਡ ਖੱਤਰੀ ਮਹਾਂ ਸਭਾ ਪੰਜਾਬ ਤੇ ਸਭਾ ਦੇ ਪ੍ਰਧਾਨ ਐਡਵੋਕੇਟ ਸ਼੍ਰੀ ਵਿਜੇ ਧੀਰ ਮੋਗਾ ਨੇ ਆਪਣੇ ਵਿਚਾਰ ਰੱਖੇ।ਮੀਟਿੰਗ 'ਚ ਇਹ ਵੀ ਵਿਚਾਰਾਂ ਹੋਈਆਂ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਵੱਸਦੇ 34 ਲੱਖ ਖੱਤਰੀਆਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਸਰਕਾਰ ਨਾਲ ਤਾਲਮੇਲ ਕਰਕੇ ਕਿਵੇਂ ਕਰਾਇਆ ਜਾ ਸਕਦਾ ਹੈ।

# ਝੰਡੀ ਦੀ ਕੁਸ਼ਤੀ ਨਿਸ਼ਾਤ ਹਰਿਆਣਾ ਨੇ ਤਾਲਬ ਬਾਬਾ ਫਲਾਹੀ ਨੂੰ ਚਿੱਤ ਕਰਕੇ ਜਿੱਤੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਬੇਟ ਇਲਾਕੇ ਦੇ ਪਿੰਡ ਬੁੱਲੇਵਾਲ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੰਗਲ ਕਮੇਟੀ ਵੱਲੋਂ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 10ਵਾਂ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ ਗਿਆ। ਦੰਗਲ ਮੇਲੇ ਦੌਰਾਨ ਝੰਡੀ ਦੀ ਕੁਸ਼ਤੀ ਤਾਲਬ ਬਾਬਾ ਫਲਾਹੀ ਅਤੇ ਨਿਸ਼ਾਤ ਹਰਿਆਣਾ ਦੇ ਵਿਚਕਾਰ ਹੋਈ, ਜਿਸ ਵਿਚ ਨਿਸ਼ਾਤ ਹਰਿਆਣਾ ਨੇ ਪੁਆਇੰਟ ਬਣਾ ਕੇ ਝੰਡੀ ਦੀ ਕੁਸ਼ਤੀ 'ਤੇ ਕਬਜਾ ਕਰ ਲਿਆ। ਦੂਜੇ ਨੰਬਰ ਦੀ ਝੰਡੀ ਦੀ ਕੁਸ਼ਤੀ ਸਹਿਬਾਜ ਆਲਮਗੀਰ ਤੇ ਸ਼ੁਭਮ ਰਾਈਏਵਾਲ ਦੇ ਦਰਿਆਮ ਬਰਾਬਰ ਰਹੀ। ਜੱਸਾ ਢਿੱਲਵਾ ਨੇ ਛੋਟਾ ਗੌਰਵ ਮਾਛੀਵਾੜਾ ਨੂੰ ਅੰਕਾਂ ਦੇ ਆਧਾਰ 'ਤੇ ਹਰਾਇਆ। ਦੰਗਲ ਮੇਲੇ 'ਚ ਮੁੱਖ ਮਹਿਮਾਨ ਵਜੋਂ ਕਾਂਗਰਸ ਦੇ ਹਲਕਾ ਸਮਰਾਲਾ ਤੋਂ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਬਾਬਾ ਦੀਪਾ ਬਾਬਾ ਫਲਾਹੀ, ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ, ਗੁਰਵਿੰਦਰ ਸਿੰਘ ਸਰਪੰਚ ਛੌੜੀਆਂ, ਸਹਾਇਕ ਥਾਣੇਦਾਰ ਬੂਟਾ ਸਿੰਘ, ਮੋਹਣ ਸਿੰਘ ਲੱਖੋਵਾਲ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

# ਗੁਰਦੁਆਰਾ ਚਰਨ ਕੰਵਲ ਸਾਹਿਬ ਪਹੁੰਚੇ ਨਗਰ ਕੀਰਤਨ ਦਾ ਭਰਵਾਂ ਸਵਾਗਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਣ ਵਾਲੇ ਤਿੰਨ ਅਨਿੰਨ ਸਿੱਖਾਂ ਦੀ ਆ ਰਹੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਪਿੰਡ ਧਨਾਨਸੂ ਦੇ ਗੁਰਦੁਆਰਾ ਸਾਹਿਬ ਤੋਂ ਨਗਰ ਕੀਰਤਨ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਪਹੁੰਚਿਆ ਜਿੱਥੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਗੁਰਦੁਆਰਾ ਸਾਹਿਬ ਵਿਖੇ ਨਿਸ਼ਕਾਮ ਸੇਵਾ ਕਰਦੇ ਆ ਰਹੇ ਬਾਬਾ ਮੋਹਣ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਪਿੰਡ ਧਨਾਨਸੂ ਤੋਂ ਚੱਲ ਕੇ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ। ਨਗਰ ਕੀਰਤਨ ਨਾਲ ਆਈਆਂ ਸੰਗਤਾਂ ਦਾ ਪ੍ਰਬੰਧਕਾਂ ਵਲੋਂ ਜਿੱਥੇ ਸਨਮਾਨ ਕੀਤਾ ਗਿਆ ਉੱਥੇ ਉਨ੍ਹਾਂ ਨੂੰ ਲੰਗਰ ਵੀ ਛਕਾਇਆ ਗਿਆ। ਨਗਰ ਕੀਰਤਨ ਵਲੋਂ ਵਿਸ਼ਰਾਮ ਕਰਨ ਤੋਂ ਸਵੇਰ ਸਮੇਂ ਅਗਲੇ ਪੜਾਅ ਲਈ ਚਾਲੇ ਪਾ ਦਿੱਤੇ ਜੋ ਕਿ ਸ੍ਰੀ ਆਨੰਦਪੁਰ ਸਾਹਿਬ ਵਿਖੇ ਜਾ ਕੇ ਸਮਾਪਤ ਹੋਇਆ। ਇਸ ਮੌਕੇ ਅਮਰੀਕ ਸਿੰਘ ਅਜਨਾਲਾ, ਬਾਬਾ ਮੇਜਰ ਸਿੰਘ, ਭਾਈ ਹਰੀ ਸਿੰਘ ਧਨਾਨਸੂ, ਭਾਈ ਕੁਲਦੀਪ ਸਿੰਘ ਧਨਾਨਸੂ, ਭਾਈ ਅਵਤਾਰ ਸਿੰਘ ਧਨਾਨਸੂ, ਭਾਈ ਵਰਿੰਦਰ ਸਿੰਘ ਖਾਸੀ ਖੁਰਦ, ਭਾਈ ਤਰਲੋਚਨ ਸਿੰਘ ਧਨਾਨਸੂ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕਥਾਵਾਚਕ ਇਕਨਾਮ ਸਿੰਘ, ਗ੍ਰੰਥੀ ਬਲਦੇਵ ਸਿੰਘ ਆਦਿ ਵੀ ਮੌਜੂਦ ਸਨ।

# ਸਿਹਤ ਸੇਵਾਵਾਂ ਦਾ ਨਿੱਜੀਕਰਨ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਡਾ. ਗਿੱਲ, ਢਿੱਲੋਂ

**ਮੋਗਾ (ਇਕਬਾਲ ਸਿੰਘ ਖਹਿਰ)**- ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਤੋਂ ਆਮ ਲੋਕਾਂ ਨੂੰ ਬਿਲਕੁਲ ਵਾਂਝੇ ਕਰਨ ਅਤੇ ਸਿਹਤ ਸੇਵਾਵਾਂ ਦਾ ਖੇਤਰ ਨਿੱਜੀ ਹੱਥਾਂ ਵਿੱਚ ਦੇਣ ਦੀਆਂ ਚਾਲਾਂ ਵਿਰੁੱਧ, ਮੋਗਾ ਵਿਖੇ ਡਾ ਗਗਨਦੀਪ ਸਿੰਘ ਮੋਗਾ ਰਿਟਾਇਰਡ ਐਸ.ਐਮ.ਓ, ਡਾ.ਇੰਦਰਵੀਰ ਗਿੱਲ ਰਿਟਾਇਰਡ ਐਸ.ਐਮ.ਓ ਅਤੇ ਕੁਲਬੀਰ ਸਿੰਘ ਢਿੱਲੋਂ ਪੈਰਾ ਮੈਡੀਕਲ ਆਗੂ ਢਿੱਲੋਂ ਦੀ ਅਗਵਾਈ ਵਿੱਚ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ




ਸਿਹਤ ਸੇਵਾਵਾਂ ਵਿੱਚ ਕੰਮ ਕਰਨ ਵਾਲੀਆਂ ਜਥੇਬੰਦੀਆਂ ਤੋਂ ਬਿਨਾਂ ਹੋਰ ਵੀ ਜਨਤਕ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਿਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਉਪਰੋਕਤ ਆਗੂਆਂ ਨੇ ਦੱਸਿਆ ਕਿ ਸਿਹਤ ਸੇਵਾਵਾਂ ਨੂੰ ਪੀ.ਪੀ.ਪੀ. ਮੋਡ ਤਹਿਤ ਨਿੱਜੀਕਰਨ ਦੀ ਪ੍ਰਕਿਰਿਆ ਸਰਕਾਰ ਵੱਲੋਂ ਤੇਜ਼ ਕਰਨ ਦੀ ਚਰਚਾ ਹੈ । ਜਿਸ ਤਹਿਤ ਪਹਿਲਾਂ ਮੋਗਾ, ਫਿਰੋਜਪੁਰ, ਰਾਜਪੁਰਾ, ਗੁਰਦਾਸਪੁਰ ਅਤੇ ਮੂਨਕ ਦੇ ਸਿਵਲ ਹਸਪਤਾਲਾਂ ਨੂੰ ਨਿੱਜੀ ਖੇਤਰ ਵਿੱਚ ਲਿਆਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ ਅਤੇ ਇਸ ਦੇ ਨਾਲ ਹੀ ਸ਼ਹੀਦ ਭਗਤ ਸਿੰਘ ਨਗਰ ਅਤੇ ਸੰਗਰੂਰ ਦੇ ਵਿੱਚ ਖੋਲੇ ਜਾਣ ਵਾਲੇ ਨਵੇਂ ਮੈਡੀਕਲ ਕਾਲਜਾਂ ਨੂੰ ਵੀ ਨਿੱਜੀ ਖੇਤਰ ਰਾਹੀਂ ਲਿਆਉਣ ਦੀ ਚਰਚਾ ਹੈ । ਆਗੂਆਂ ਨੇ ਕਿਹਾ ਕਿ ਸਿਹਤ ਸੇਵਾਵਾਂ ਦਾ ਨਿਜੀਕਰਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੀਟਿੰਗ ਵਿੱਚ ਉਪਰੋਕਤ ਸਾਰੇ ਮਾਮਲੇ ਨੂੰ ਧਿਆਨ ਵਿੱਚ ਰੱਖਦਿਆਂ 'ਸਿਹਤ ਸੇਵਾਵਾਂ ਬਚਾਓ ਸੰਘਰਸ਼ ਕਮੇਟੀ ਮੋਗਾ' ਦਾ ਗਠਨ ਕੀਤਾ ਗਿਆ। ਜਿਸ ਦਾ ਮਕਸਦ ਸਿਹਤ ਸੇਵਾਵਾਂ ਨੂੰ ਬਚਾਉਣ ਦੇ ਨਾਲ ਨਾਲ ਇਹ ਸਾਰਾ ਮਸਲਾ ਆਮ ਲੋਕਾਂ ਦੀ ਕਚਹਿਰੀ ਵਿੱਚ ਲੈ ਕੇ ਜਾਣ ਦਾ ਹੈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 28 ਨਵੰਬਰ ਨੂੰ ਸਵੇਰੇ 10:30 ਵਜੇ ਮੋਗਾ ਵਿਖੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕਨਵੈਨਸ਼ਨ ਕਰਨ ਉਪਰੰਤ ਬਾਜ਼ਾਰ ਵਿੱਚ ਮੁਜ਼ਾਹਰਾ ਕੀਤਾ ਜਾਏਗਾ। ਮੀਟਿੰਗ ਤੋਂ ਬਾਅਦ ਮੁੱਖ ਮੰਤਰੀ ਦੇ ਨਾਮ 'ਤੇ ਫੀਲਡ ਅਫਸਰ ਗਗਨਦੀਪ ਨੂੰ ਮੰਗ ਪੱਤਰ ਦਿੱਤਾ ਗਿਆ। ਚੁਣੀ ਗਈ ਕਮੇਟੀ ਵਿੱਚ ਡਾ. ਗਗਨਦੀਪ ਸਿੰਘ ਮੋਗਾ ਨੂੰ ਕਨਵੀਨਰ, ਕੁਲਬੀਰ ਸਿੰਘ ਢਿੱਲੋਂ ਡਾਕਟਰ ਇੰਦਰਵੀਰ ਗਿੱਲ ਅਤੇ ਡਾਕਟਰ ਗਗਨਦੀਪ ਸਿੰਘ ਸਿੱਧੂ ਕੋ- ਕਨਵੀਨਰ, ਰਘਬੀਰ ਸਿੰਘ ਜਨਰਲ ਸਕੱਤਰ, ਸੁਰਿੰਦਰ ਪਾਲ ਸਿੰਘ ਸਕੱਤਰ, ਜਸਵਿੰਦਰ ਸਿੰਘ ਕੈਸ਼ੀਅਰ, ਸੰਦੀਪ ਕੌਰ ਸਹਾਇਕ ਕੈਸ਼ੀਅਰ, ਡਾਕਟਰ ਉਪਿੰਦਰ ਸਿੰਘ ਪ੍ਰੈਸ ਸਕੱਤਰ, ਪਰਮਿੰਦਰ ਸਿੰਘ ਹਰਦੀਪ ਸਿੰਘ ਅਤੇ ਚਮਕੌਰ ਸਿੰਘ ਇੰਚਾਰਜ ਆਈ.ਟੀ.ਸੈੱਲ ਸਰਬ ਸੰਮਤੀ ਨਾਲ ਚੁਣੇ ਗਏ।

# ਪਾਥਵੇਜ਼ ਗਲੋਬਲ ਸਕੂਲ ਨੇ ਮਨਾਇਆ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਹਫਤਾ



**ਕੋਟ ਈਸੇ ਖਾਂ (ਅਰੋੜਾ)**- ਪਾਥਵੇਜ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਾਰ ਆਈ ਸੀ ਐਸ ਈ ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਬੱਚਿਆਂ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸ਼ਹੀਦੀ ਸਮਾਗਮ ਨੂੰ ਸਮਰਪਿਤ ਸ਼ਹੀਦੀ ਹਫਤਾ ਮਨਾਇਆ। ਇਸ ਹਫਤੇ ਦੌਰਾਨ ਪਾਥਵੇਜ ਦੇ ਅਧਿਆਪਕਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਇਤਿਹਾਸ ਬਾਰੇ ਬੱਚਿਆਂ ਨੂੰ ਵਿਸ਼ੇਸ਼ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ ਪ੍ਰਧਾਨ ਡਾ ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ , ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਅਤੇ ਮਾਨਯੋਗ ਪ੍ਰਿੰਸੀਪਲ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਸਾਰੇ ਹੀ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੋਂ ਸੇਧ ਲੈਂਦੇ ਹੋਏ ਸੱਚਾਈ ਅਤੇ ਇਮਾਨਦਾਰੀ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।

# ਸੇਵਾ ਮੁਕਤ ਹੋਏ ਕਰਮਚਾਰੀਆਂ ਵੱਲੋਂ ਸਨਮਾਨ ਸਮਾਰੋਹ

**ਸੰਗਰੂਰ (ਪ੍ਰਵੀਨ ਸਿੰਘ)**- ਸਥਾਨਕ ਪੂਨੀਆ ਟਾਵਰ ਧੂਰੀ ਰੋਡ ਵਿਖੇ ਖੁਰਾਕ ਅਤੇ ਸਪਲਾਈਜ਼ ਵਿਭਾਗ ਵਿੱਚੋਂ ਸ਼ਾਨਦਾਰ ਸੇਵਾਵਾਂ ਕਰਕੇ ਸੇਵਾ ਮੁੱਕਤ ਹੋਏ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਪੈਨਸ਼ਨ ਮਿਲਣੀ, ਸਨਮਾਨ ਸਮਾਰੋਹ ਅਤੇ ਸੱਭਿਆਚਾਰਕ ਸਮਾਗਮ ਫੂਡ ਐਂਡ ਸਪਲਾਈਜ਼ ਰਿਟਾਇਰਡ ਵੈਲਫੇਅਰ ਐਸੋਸੀਏਸ਼ਨ (ਫਸਰੇਵਾ) ਦੇ ਪ੍ਰਧਾਨ ਜਗਦੇਵ ਸਿੰਘ ਖੰਡੇਵਾਦ, ਜਨਰਲ ਸਕੱਤਰ ਅਤੇ ਸੁਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ, ਸੀਨੀਅਰ ਮੀਤ ਪ੍ਰਧਾਨ ਕੋਸ਼ਲ ਰਾਓ ਸਿੰਗਲਾ ਪਟਿਆਲਾ, ਸਾਬਕਾ ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਤੇਜਿੰਦਰ ਸਿੰਘ ਲਾਲੀ ਪਟਿਆਲਾ, ਨਰਿੰਦਰ ਸਿੰਘ ਬਰਨਾਲਾ, ਸੀਤਾ ਦੇਵੀ ਸੰਗਰੂਰ, ਹਰਜੀਤ ਕੌਰ ਬਰਨਾਲਾ, ਰਣਜੀਤ ਸਿੰਘ ਕੱਟੂ ਬਰਨਾਲਾ, ਚਰਨਜੀਤ ਸਿੰਘ ਕੈਂਥ (ਧੂਰੀ) ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਵਿੱਚ ਸੰਗਰੂਰ, ਮਲੇਰਕੋਟਲਾ, ਬਰਨਾਲਾ ਅਤੇ ਪਟਿਆਲਾ ਜਿਲ੍ਹੇ ਨਾਲ ਸੰਬੰਧਤ ਅਹੁੱਦੇਦਾਰਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਮੰਚ ਸੰਚਾਲਨ ਕਰਦਿਆਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਜਿਲ੍ਹਾ ਸੰਗਰੂਰ ਦੇ ਪ੍ਰਧਾਨ ਅਤੇ ਸੁਬਾਈ ਮੁੱਖ ਬੁਲਾਰੇ ਸ੍ਰੀ ਰਾਜ ਕੁਮਾਰ ਅਰੋੜਾ ਨੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਦੀ ਪੂਰਤੀ ਨਹੀਂ ਕਰ ਰਹੀ ਜਿਸ ਕਾਰਨ ਪੰਜਾਬ ਦੇ ਸਮੁੱਚੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਸ੍ਰੀ ਨਰਿੰਦਰ ਸਿੰਘ(ਬਰਨਾਲਾ) ਨੇ ਵੀ ਆਪਣੇ



ਸੰਬੋਧਨ ਵਿੱਚ ਸੀਨੀਅਰ ਸਿਟੀਜਨ ਨੂੰ ਬਣਦਾ ਮਾਨ ਸਤਿਕਾਰ ਦੇਣ ਦੀ ਗੱਲ ਕੀਤੀ ਅਤੇ ਪੈਨਸ਼ਨਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਚਾਨਣਾ ਪਾਇਆ। ਸ੍ਰੀ ਚਰਨਜੀਤ ਸਿੰਘ ਕੈਂਥ (ਧੂਰੀ) ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਸੱਭਿਆਚਾਰਕ ਸਮਾਗਮ ਦੌਰਾਨ ਵਾਸਦੇਵ ਸ਼ਰਮਾ ਸੰਗਰੂਰ ਅਤੇ ਹਰਮੇਲ ਸਿੰਘ (ਸੁਨਾਮ) ਵੱਲੋਂ ਸੱਭਿਆਚਾਰਕ ਅਤੇ ਧਾਰਮਿਕ ਵਿਚਾਰਾਂ ਪੇਸ਼ ਕੀਤੀਆਂ ਗਈਆਂ। ਪ੍ਰੇਮ ਚੰਦ ਖੁਰਾਣਾ ਸੰਗਰੂਰ , ਕੋਸ਼ਲ ਰਾਓ ਸਿੰਗਲਾ ਪਟਿਆਲਾ, ਓਮ ਪ੍ਰਕਾਸ਼ ਖਿੱਪਲ ਸੰਗਰੂਰ, ਰਣਜੀਤ ਸਿੰਘ ਕੱਟੂ ਬਰਨਾਲਾ, ਰਜਿੰਦਰ ਸਿੰਘ ਪਟਿਆਲਾ, ਲਾਲ ਚੰਦ ਸੈਣੀ ਆਦਿ ਨੇ ਆਪਸੀ ਏਕਤਾ ਅਤੇ ਭਾਈਚਾਰਕ ਸਾਂਝ ਬਣਾਉਣ ਦਾ ਹੋਕਾ ਦਿੱਤਾ । ਸਨਮਾਨ ਸਮਾਰੋਹ ਦੌਰਾਨ ਜਗਦੇਵ ਸਿੰਘ ਖੰਡੇਵਾਦ ਨੂੰ 75 ਸਾਲ ਦਾ, ਤੇਜਿੰਦਰ ਸਿੰਘ ਲਾਲੀ ਪਟਿਆਲਾ ਨੂੰ 75 ਸਾਲ, ਸ੍ਰੀਮਤੀ ਸੀਤਾ ਦੇਵੀ ਨੂੰ 70 ਸਾਲ ਦੀ, ਸ੍ਰੀਮਤੀ ਕਿਰਨ ਬਾਲਾ ਬਰਨਾਲਾ ਨੂੰ 70 ਸਾਲ ਦੀ ਹੋਣ 'ਤੇ ਸ਼ੁਭਇਛਾਵਾਂ ਦਿੰਦੇ ਹੋਏ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਸਤਪਾਲ ਸਹਿਗਲ, ਰਮੇਸ਼ ਕੁਮਾਰ ਸਿੰਗਲਾ, ਲਾਲ ਚੰਦ ਸੈਣੀ, ਬਲਵੀਰ ਸਿੰਘ ਲੱਡੀ, ਚਰਨਜੀਤ ਕੈਂਥ, ਕੇਸ਼ਰ ਸਿੰਘ, ਓਮ ਪ੍ਰਕਾਸ਼ ਖਿੱਪਲ, ਨਰਿੰਦਰ ਸਿੰਘ, ਜੋਗਿੰਦਰ ਸਿੰਘ ਸੁਪਰਡੈਂਟ ਨੂੰ ਵੀ ਉਨ੍ਹਾਂ ਦੇ ਜਨਮ ਦਿਨ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬੀਰ ਬਜਰੰਗੀ ਲਾਲ ਧੀਰ(ਧੂਰੀ), ਰਘਵੀਰ ਸਿੰਘ ਸੋਹੀ, ਨਛੱਤਰ ਸਿੰਘ ਧੂਰੀ, ਸਿੰਦਰਪਾਲ ਸਿੰਗਲਾ, ਊਸ਼ਾ ਰਾਣੀ ਧੂਰੀ, ਗੁਰਚਰਨ ਸਿੰਘ ਨੰਬਰਦਾਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁੱਦੇਦਾਰ ਅਤੇ ਮੈਂਬਰ ਹਾਜ਼ਰ ਸਨ।

# ਪਿੰਡ ਡਾਲਾ 'ਚ ਸ਼ਰਧਾ ਪੂਰਵਕ ਮਨਾਇਆ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ



**ਮੋਗਾ (ਇਕਬਾਲ ਸਿੰਘ ਖਹਿਰਾ)** ਯੂਨਾਈਟਡ ਅਕਾਲੀ ਦਲ ਤੇ ਪਿੰਡ ਡਾਲਾ ਦੀ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਰੋੜੀ ਸਾਹਿਬ ਡਾਲਾ ਵਿਖੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦਾ 350 ਸਾਲਾ ਸ਼ਹੀਦੀ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ, ਜਿਸ ਵਿੱਚ ਵੱਡੇ ਇਕੱਠ ਦੇ ਰੂਪ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸੰਤ ਸਮਾਜ ਵਿੱਚੋਂ ਸੰਤ ਬਾਬਾ ਬਲਦੇਵ ਸਿੰਘ ਦਮਦਮੀ ਟਕਸਾਲ ਜੋਗੇਵਾਲ ਨੇ ਸੰਗਤਾਂ 'ਚ ਹਾਜ਼ਰੀ ਭਰੀ। ਗਿਆਨੀ ਹਰਪ੍ਰੀਤ ਸਿੰਘ ਜੋਗੇਵਾਲ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਸੰਤ ਬਾਬਾ ਹਰਮੇਲ ਸਿੰਘ ਡਾਲਾ, ਨਹਿੰਗ ਸਿੰਘ ਜਥੇਬੰਦੀ ਬਾਬਾ ਸਰਜੀਤ ਸਿੰਘ ਮਹਿਰੋਂ, ਬਾਬਾ ਮਹਿੰਦਰ ਸਿੰਘ ਜਨੇਰ ਅਤੇ ਉਨ੍ਹਾਂ ਦਾ ਜਥਾ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਸਮਾਗਮ ਦੌਰਾਨ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਜੱਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਭਾਈ ਬਲਵਿੰਦਰ ਸਿੰਘ ਭਗਤਾ ਭਾਈ ਨੇ ਢਾਡੀ ਵਾਰਾਂ ਨਾਲ ਸੰਗਤ ਨੂੰ ਗੁਰ ਇਤਿਹਾਸ ਨਾਲ ਜੋੜਿਆ।ਇਸ ਸਮੇਂ ਯੂਨਾਈਟਡ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਜੀ ਨੇ ਸੰਗਤਾਂ ਨੂੰ 350 ਸਾਲਾ ਸ਼ਹੀਦੀ ਪੁਰਬ ਤੇ ਗੁਰ ਇਤਿਹਾਸ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਦੱਸਿਆ ਕਿ ਕਿਸ ਤਰ੍ਹਾਂ ਜਬਰੀ ਧਰਮ ਪਰਵਰਤਨ ਦਾ ਵਿਰੋਧ ਕਰਦੇ ਹੋਏ ਤੇ ਜ਼ੁਲਮ ਦਾ ਵਿਰੋਧ ਕਰਦੇ ਹੋਏ ਔਰੰਗਜ਼ੇਬ ਨੂੰ ਲਲਕਾਰਦੇ ਹੋਏ ਸੱਚ 'ਤੇ ਪਹਿਰਾ ਦਿੰਦੇ ਹੋਏ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਤੇ ਉਨ੍ਹਾਂ ਨਾਲ ਉਨ੍ਹਾਂ ਦੇ ਪਿਆਰੇ ਸਿੱਖ ਭਾਈ ਮਤੀ ਦਾਸ ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਨੇ ਸ਼ਹਾਦਤ ਦਾ ਜਾਮ ਪੀਤਾ ਤੇ ਉਸ ਤੋਂ ਬਾਅਦ ਭਾਈ ਲੱਖੀ ਸ਼ਾਹ ਵਣਜਾਰਾ ਜੀ ਅਤੇ ਬਾਬਾ ਜੀਵਨ ਸਿੰਘ ਜੀ ਨੇ ਬਹੁਤ ਮਹਾਨ ਕੁਰਬਾਨੀ ਕੀਤੀ। ਯੂਨਾਈਟਿਡ ਅਕਾਲੀ ਦਲ ਦੇ ਪ੍ਰਧਾਨ ਜਥੇਦਾਰ ਗੁਰਦੀਪ ਸਿੰਘ ਬਠਿੰਡਾ ਨੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰੀਤ ਇੰਦਰਪਾਲ ਸਿੰਘ ਮਿੰਟੂ ਸਰਪੰਚ ਨੇ ਸੰਗਤਾਂ ਨੂੰ ਗੁਰ ਇਤਿਹਾਸ ਬਾਰੇ ਚਾਨਣਾ ਪਾਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਬਕਾ ਐਮ ਐਲ ਏ ਕਾਕਾ ਸੁਖਜੀਤ ਸਿੰਘ ਲੋਹਗੜ੍ਹ ਨੇ ਵੀ ਸੰਗਤਾਂ ਨਾਲ ਵਿਚਾਰਾਂ ਸਾਂਝੀਆਂ ਕੀਤੀਆਂ। ਯੂਨਾਈਟਡ ਅਕਾਲੀ ਦਲ ਦੇ ਸਕੱਤਰ ਜਨਰਲ ਭਾਈ ਜਤਿੰਦਰ ਸਿੰਘ ਈਸੜੂ ਨੇ ਵੀ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਯੂਨਾਈਟਿਡ ਅਕਾਲੀ ਦਲ ਦੇ ਜ਼ਿਲ੍ਹਾ ਮੋਗਾ ਪ੍ਰਧਾਨ ਜਥੇਦਾਰ ਕਰੋੜ ਸਿੰਘ ਤਲਵੰਡੀ ਭੰਗੇਰੀਆਂ ਨੇ ਸੰਗਤ ਵਿੱਚ ਹਾਜ਼ਰੀ ਭਰੀ।

20- Nov - Page - 7.qxd 11/19/2025 10:38 PM Page 1



## ਯੁਵਾ ਆਪਦਾ ਮਿੱਤਰਾ ਟਰੇਨਿੰਗ ਤਹਿਤ ਬੇਸਿਕ ਲਾਈਫ ਸਪੋਰਟ ਦੇ ਕਰਵਾਏ ਪ੍ਰੈਕਟੀਕਲ ਸੈਸ਼ਨ



ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫਿਰੋਜ਼ਪੁਰ ਵਿੱਚ ਚੱਲ ਰਹੀ 'ਯੁਵਾ ਆਪਦਾ ਮਿੱਤਰ' ਟਰੇਨਿੰਗ ਤੀਸਰੇ ਚੌਥਾ ਦਿਨ ਅੱਜ ਉਤਸ਼ਾਹ ਅਤੇ ਜੋਸ਼ ਨਾਲ ਪ੍ਰੈਕਟਿਕਲ ਕਰਵਾਏ ਗਏ। ਇਹ ਟਰੇਨਿੰਗ ਮਹਾਤਮਾ ਗਾਂਧੀ ਸਟੇਟ ਇਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ ਚੰਡੀਗੜ੍ਹ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਹੁਕਮਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੋ ਰਹੀ ਹੈ ਅਤੇ ਇਹ ਟਰੇਨਿੰਗ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ ਚੰਡੀਗੜ੍ਹ ਦੇ ਜਨਰਲ ਮੈਨੇਜਰ ਆਫ ਡਿਜਾਸਟਰ ਮੈਨੇਜਮੈਂਟ ਕਰਨਲ ਦਲਬੀਰ ਸਿੰਘ ਦੇ ਮਾਰਗਦਰਸ਼ਨ ਹੇਠ ਹੋ ਰਹੀ ਹੈ। ਅੱਜ ਚੌਥੇ ਦਿਨ ਟਰੇਨਿੰਗ ਦੌਰਾਨ ਕਮਿਊਨਿਟੀ ਬੇਸਡ ਫਸਟ ਐਡ, ਬੇਸਿਕ ਲਾਈਫ ਸਪੋਰਟ (ਬੀ ਐੱਲ ਐੱਸ) ਅਤੇ ਕਾਰਡੀਓਪਲਮੋਨਰੀ ਰੀਸੱਸੀਟੇਸ਼ਨ (ਸੀ ਪੀ ਆਰ) ਦੇ ਵਿਸ਼ਿਆਂ 'ਤੇ ਪ੍ਰੈਕਟੀਕਲ ਸੈਸ਼ਨ ਕਰਵਾਏ ਗਏ। ਟਰੇਨਿੰਗ ਟੀਮ ਨੇ ਵਿਸ਼ੇਸ਼ ਤੌਰ 'ਤੇ ਰੋਜ਼ਮਰ੍ਹਾ ਜੀਵਨ ਵਿੱਚ ਹੋਣ ਵਾਲੀਆਂ ਐਮਰਜੈਂਸੀ ਸਥਿਤੀਆਂ, ਹਾਦਸਿਆਂ ਦੌਰਾਨ ਤੁਰੰਤ ਮੱਦਦ ਦੇਣ ਦੇ ਤਰੀਕੇ, ਜੀਵਨ ਬਚਾਉਣ ਵਾਲੀਆਂ ਮੁੱਢਲੀਆਂ ਤਕਨੀਕਾਂ ਅਤੇ ਸਮਾਜ ਵਿੱਚ ਸੁਰੱਖਿਆ ਜਾਗਰੂਕਤਾ ਵਧਾਉਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਟਰੇਨਿੰਗ ਨੂੰ ਸਫਲ ਬਣਾਉਣ ਲਈ ਮਗਸੀਪਾ ਚੰਡੀਗੜ੍ਹ ਦੀ ਟਰੇਨਿੰਗ ਟੀਮ, ਜਿਸ ਵਿਚ ਅਮਰਿੰਦਰ ਸਿੰਘ, ਜਸਬੀਰ ਸਿੰਘ ਕੈਪਟਨ (ਰਿਟਾਇਰਡ), ਅਮਨ ਮਨਕੋਟੀਆ, ਸੁਮੀਤ ਸਿੰਘ, ਮਹਿਕਪ੍ਰੀਤ ਸਿੰਘ, ਜਸਵੀਰ ਸਿੰਘ, ਜੌਨਸਨ, ਨਰਿੰਦਰ ਸਿੰਘ ਅਤੇ ਰਮਨਦੀਪ ਸਿੰਘ ਸ਼ਾਮਲ ਹਨ, ਨੇ ਮਿਹਨਤ ਅਤੇ ਲਗਨ ਨਾਲ ਕੰਮ ਕੀਤਾ।

## ਸਿਹਤ ਮੰਤਰੀ ਦੀ ਕੋਠੀ ਨੇੜੇ ਬੇਰੁਜ਼ਗਾਰ ਨੌਜਵਾਨ ਪਾਣੀ ਵਾਲੀ ਟੈਂਕੀ 'ਤੇ ਚੜ੍ਹਿਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਸਿਹਤ ਵਿਭਾਗ ਵਿੱਚ ਜਾਰੀ ਹੋਈਆਂ ਭਰਤੀਆਂ ਵਿੱਚ ਅਪਲਾਈ ਕਰਨ ਦੀ ਮੰਗ ਕਰਦੇ ਬੇਰੁਜ਼ਗਾਰਾਂ ਨੇ ਅਚਾਨਕ ਦਿਨ ਚੜ੍ਹਦੇ ਸਾਰ ਹੀ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਕੋਠੀ ਦੇ ਬਿਲਕੁਲ ਨਜ਼ਦੀਕ ਪਸੀ ਰੋਡ ਉੱਤੇ ਆਮ ਆਦਮੀ ਕਲੀਨਿਕ ਦੇ ਪਿਛਲੇ ਪਾਸੇ ਪਾਣੀ ਵਾਲੀ ਟੈਂਕੀ 'ਤੇ ਚੜ੍ਹ ਕੇ ਮੋਰਚਾ ਲਾ ਦਿੱਤਾ ਹੈ।ਉਪਰ ਚੜ੍ਹੇ ਦੋ ਬੇਰੁਜ਼ਗਾਰ ਮੱਖਣ ਸਿੰਘ ਚੀਮਾ ਮੰਡੀ ਤੇ ਹੀਰਾ ਲਾਲ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਵਿਭਾਗ ਵਿੱਚ ਜਾਰੀ ਹੋਈਆਂ ਪੋਸਟਾਂ ਵਿੱਚ ਉਨ੍ਹਾਂ ਨੂੰ ਅਨੇਕਾਂ ਵਾਰ ਵਾਅਦਾ ਕਰਨ ਦੇ ਬਾਵਜੂਦ ਉਮਰ ਹੱਦ ਛੋਟ ਨਹੀਂ ਦਿੱਤੀ ਗਈ। ਉਨ੍ਹਾਂ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਰੱਖੜ ਪੁੰਨਿਆ ਮੌਕੇ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਅਤੇ ਹੋਰ ਅਨੇਕਾਂ ਵਾਰ 'ਤੇ ਬੇਰੁਜ਼ਗਾਰਾਂ ਨੂੰ ਭਰੋਸਾ ਦਿੱਤਾ ਸੀ ਕਿ ਜਿਹੜੇ ਬੇਰੁਜ਼ਗਾਰ ਰੁਜ਼ਗਾਰ ਉਡੀਕਦੇ, ਧਰਨੇ ਲਾਉਂਦੇ ਓਵਰਏਜ ਹੋ ਚੁੱਕੇ ਹਨ, ਉਨ੍ਹਾਂ ਸਭਨਾਂ ਨੂੰ ਉਮਰ ਹੱਦ ਛੋਟ ਦੇ ਕੇ ਆਉਂਦੀਆਂ ਪੋਸਟਾਂ ਵਿੱਚ ਅਪਲਾਈ ਕਰਨ ਦਾ ਮੌਕਾ ਦਿੱਤਾ ਜਾਵੇਗਾ। ਪ੍ਰੰਤੂ ਸਿਹਤ ਵਿਭਾਗ ਵਿੱਚ ਜਾਰੀ ਹੋਈਆਂ ਪੋਸਟਾਂ ਵਿੱਚ ਅਨੇਕਾਂ ਵਾਰ ਸਿਹਤ ਮੰਤਰੀ ਨਾਲ ਮੀਟਿੰਗ ਹੋਣ ਦੇ ਬਾਵਜੂਦ ਵੀ ਬੇਰੁਜ਼ਗਾਰਾਂ ਨੂੰ ਅਪਲਾਈ ਕਰਨ ਦਾ ਮੌਕਾ ਨਹੀਂ ਦਿੱਤਾ ਗਿਆ।ਇਸ ਮੰਗ ਨੂੰ ਲੈ ਕੇ ਅੱਜ ਅਚਾਨਕ ਬੇਰੁਜ਼ਗਾਰ ਜਦੋਂ ਸਿਹਤ ਮੰਤਰੀ ਡਾਕਟਰ ਬਲਜੀਤ ਸਿੰਘ ਕੋਠੀ ਦਾ ਘਿਰਾਓ ਕਰਨ ਲਈ ਇਕੱਠੇ ਹੋ ਰਹੇ ਸਨ ਤਾਂ ਦੂਜੇ ਪਾਸੇ ਬਾਬਾ ਫਰੀਦ ਯੂਨੀਵਰਸਿਟੀ ਫਰੀਦਕੋਟ ਵੱਲੋਂ 270 ਪੋਸਟਾਂ ਲਈ ਲਿਖਤੀ ਪ੍ਰੀਖਿਆ ਦੇ ਰੋਲ ਨੰਬਰ ਅਪਲੋਡ ਕਰ ਦਿੱਤੇ ਗਏ।ਇਸ ਵਿੱਚ ਆਏ ਦੋ ਬੇਰੁਜ਼ਗਾਰ ਸਥਾਨਕ ਟੈਂਕੀ ਉੱਪਰ ਚੜ੍ਹ ਗਏ। ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਢਿੱਲਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਪਿਛਲੀਆਂ ਸਰਕਾਰਾਂ ਮੌਕੇ ਓਵਰਏਜ ਹੋ ਚੁੱਕੇ ਬੇਰੁਜ਼ਗਾਰਾਂ ਨੂੰ ਅਪਲਾਈ ਕਰਨ ਦੇ ਭਰੋਸੇ ਦਿੰਦੀ ਰਹੀ, ਜਦਕਿ ਆਮ ਆਦਮੀ ਪਾਰਟੀ ਦੇ ਚਾਰ ਸਾਲ ਦੇ ਦੌਰਾਨ ਓਵਰ ਹੋ ਚੁੱਕੇ ਬੇਰੁਜ਼ਗਾਰਾਂ ਨੂੰ ਵੀ ਮੌਕਾ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿਹਤ ਵਿਭਾਗ ਵੱਲੋਂ ਜਾਰੀ ਹੋਈਆਂ 270 ਪੋਸਟਾਂ ਲਈ ਮਹਿਜ਼ 350 ਉਮੀਦਵਾਰ ਹੀ ਉਮਰ ਸੀਮਾ ਪੂਰੀ ਕਰਦੇ ਹਨ।ਅੰਦਾਜ਼ਨ 2200 ਵਿੱਚੋਂ ਬਾਕੀ 1850 ਦੇ ਕਰੀਬ ਬੇਰੁਜ਼ਗਾਰ ਓਵਰਏਜ ਹੋ ਚੁੱਕੇ ਹਨ।




## ਬੱਚਿਆਂ ਨੇ ਪਬਲਿਕ ਲਾਇਬ੍ਰੇਰੀ ਦਾ ਦੌਰਾ ਕੀਤਾ



ਧੂਰੀ (ਬਿੰਨੀ ਗਰਗ) ਸਕੂਲ ਮੁਖੀ ਸ਼੍ਰੀਮਤੀ ਮੰਜੂ ਬਾਲਾ ਦੀ ਯੋਗ ਅਗਵਾਈ ਵਿੱਚ ਸਰਕਾਰੀ ਮਿਡਲ ਸਕੂਲ ਲੱਡਮੀ ਬਾਗ ਦੇ ਅੱਠਵੀਂ ਜਮਾਤ ਦੇ ਬੱਚਿਆਂ ਨੇ ਪਬਲਿਕ ਲਾਇਬ੍ਰੇਰੀ ਦਾ ਦੌਰਾ ਕੀਤਾ ਗਿਆ।ਸਕੂਲ ਦੇ ਕੰਪਿਊਟਰ ਫੈਕਲਟੀ ਮਹਿੰਦਰ ਕੁਮਾਰ, ਵਰਿੰਦਰ ਕੌਰ ਪੰਜਾਬੀ ਮਿਸਟ੍ਰੈਸ ਤੇ ਮੋਨਿਕਾ ਰਾਣੀ ਸਾਇੰਸ ਮਿਸਟ੍ਰੈਸ ਦੀ ਦੇਖ-ਰੇਖ ਹੇਠ ਕੀਤਾ ਗਿਆ।ਬੱਚਿਆਂ ਨੇ ਵੱਖ-ਵੱਖ ਵਿਸ਼ੇ ਦੀਆਂ ਕਿਤਾਬਾਂ ਵੇਖੀਆਂ ਤੇ ਸ਼ਾਂਤਮਈ ਵਾਤਾਵਰਣ ਦੀ ਸ਼ਲਾਘਾ ਕੀਤੀ। ਵਾਈ ਫਾਈ, ਸੂਰਜੀ ਉਰਜਾ, ਡਿਜ਼ੀਟਲ ਐਨਾਲਾਗ ਤੇ ਹੋਰ ਉਚ ਪੱਧਰੀ ਸਹੂਲਤਾਂ ਨਾਲ ਲੈਸ ਇਸ ਜਨਤਕ ਲਾਇਬ੍ਰੇਰੀ ਬੱਚਿਆਂ ਨੂੰ ਆਪਣੀ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੀ ਸਾਜ਼ਗਾਰ ਮਾਹੌਲ ਪ੍ਰਦਾਨ ਕਰ ਰਹੀ ਹੈ। ਵਿਜਿਟ ਦੌਰਾਨ ਲਾਇਬ੍ਰੇਰੀ ਦਾ ਬੜਾ ਸ਼ਾਂਤ ਤੇ ਸੁੰਦਰ ਵਾਤਾਵਰਣ ਨੂੰ ਵੇਖ ਕੇ ਵਿਦਿਆਰਥੀ ਬੜੇ ਪ੍ਰਭਾਵਤ ਹੋਏ ਅਤੇ ਸਰਕਾਰ ਦੇ ਇਸ ਕਦਮ ਦੀ ਸ਼ਲਾਘਾ ਕੀਤੀ ਗਈ । ਲਾਇਬ੍ਰੇਰੀ ਇੰਚਾਰਜ ਸ਼੍ਰੀਮਤੀ ਕਵਿਤਾ ਰਾਣੀ ਨੇ ਵੀ ਬਹੁਤ ਸਹਿਯੋਗ ਦਿੱਤਾ ਤੇ ਬੱਚਿਆਂ ਨੂੰ ਰੋਜ਼ਾਨਾ ਕਿਤਾਬਾਂ ਪੜ੍ਹਨ ਲਈ ਮੋਟੀਵੇਟ ਕੀਤਾ।ਮਹਿੰਦਰ ਕੁਮਾਰ ਕੰਪਿਊਟਰ ਫੈਕਲਟੀ ਨੇ ਕਿਹਾ ਕਿ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਇਹ ਲਾਇਬ੍ਰੇਰੀ ਵਿਦਿਆਰਥੀਆਂ ਲਈ ਇੱਕ ਵਰਦਾਨ ਤੋਂ ਘੱਟ ਨਹੀਂ।


**Guru Nanak Ayurvedic Medical College & Hospital**
Barkandi Road, Sri Muktsar Sahib - 152026 (Pb)
**REQUIRED STAFF**
**ASSOCIATE PROF./PROFESSOR**
Agad Tantra, Shalakya Tantra, Panchkarma
**ASSISTANT PROFESSOR**
Samhita Siddhant, Shalya Tantra, Shalakya Tantra, Panchkarma & Kaumarbhritya.
MBA/BCA, DCA, B-Lib., BAMS, MBA, Clerk (B.Sc/BA+Computer Knowledge) DMLT, 10+2 (Med./Com), B-Pharma, B-Pharma (Ayu), BAMS+Dip in Yoga, Naturopaths, MBA-Quality Mgt., BPEd., BE-Civil, AMO's ( BAMS ) Staff Nurse, Lab Tech., Dark Room Attdt., ECG Tech., Panchkarma therapist, Physiotherapist (BPT) **Gen. Secretary**
Resume at gnamcmkt@rediffmail.com, Contact No. 9876000107, 62395-49311
Meet personally or visit office from 10 AM to 02:00 PM (Working Day)


## ਪਾਵਰਕਾਮ ਨੇ ਬਿਜਲੀ ਚੋਰਾਂ ਵਿਰੁੱਧ ਸ਼ਿਕੰਜਾ ਕੱਸਿਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ) ਪੰਜਾਬ ਦੇ ਬਿਜਲੀ ਖ਼ਪਤਕਾਰਾਂ ਨੂੰ ਸਾਵਧਾਨ ਰਹਿਣ ਦੀ ਲੋੜ ਹੈ।ਪੰਜਾਬ ਰਾਜ ਬਿਜਲੀ ਨਿਗਮ ਲਿਮਟਿਡ ਨੇ ਸੂਬੇ 'ਚ ਬਿਜਲੀ ਚੋਰੀ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਇਕ ਹੋਰ ਅਹਿਮ ਕਦਮ ਚੁੱਕਿਆ ਹੈ। ਨਿਗਮ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਬਿਜਲੀ ਚੋਰੀ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਗੁਪਤ ਤਰੀਕੇ ਨਾਲ ਪੀ. ਐੱਸ. ਪੀ. ਸੀ. ਐੱਲ. ਪ੍ਰਸ਼ਾਸਨ ਤੱਕ ਪੁਚਾਉਣ 'ਚ ਸਹਿਯੋਗ ਦੇਣ। ਇਸ ਨਵੀਂ ਪਹਿਲ ਤਹਿਤ ਲੋਕ ਹੁਣ ਬਿਜਲੀ ਚੋਰੀ ਦੀ ਸੂਚਨਾ ਦੇਣ ਲਈ ਇਕ ਵਿਸ਼ੇਸ਼ 96461-75770 ਮੋਬਾਈਲ ਨੰਬਰ ਦੀ ਵਰਤੋਂ ਕਰ ਸਕਦੇ ਹਨ।ਇਹ ਨੰਬਰ ਸਿੱਧਾ ਚੇਅਰਮੈਨ-ਕਿੰਗ ਡਾਇਰੈਕਟਰ (ਸੀ.ਐੱਮ.ਡੀ), ਪੀ.ਐੱਸ.ਪੀ.ਸੀ.ਐੱਲ. ਅਧੀਨ ਹੈ। ਸੂਚਨਾ ਦੇਣ ਲਈ ਇਸ ਨੰਬਰ 'ਤੇ ਸਿੱਧੀ ਕਾਲ ਜਾਂ ਵਟਸਐਪ ਸੁਨੇਹਾ ਭੇਜਿਆ ਜਾ ਸਕਦਾ ਹੈ।ਪੀ.ਐੱਸ.ਪੀ.ਸੀ.ਐੱਲ. ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ 100 ਫ਼ੀਸਦੀ ਗੁਪਤ ਰੱਖਣ ਦੀ ਗਾਰੰਟੀ ਦਿੰਦਾ ਹੈ।

## ਟੈਂਪਿੰਗ ਸਟੋਨਜ਼ ਸਕੂਲ ਵੱਲੋਂ ਡੀ-ਮਾਰਟ ਦਾ ਸਿੱਖਿਆਤਮਕ ਦੌਰਾ



ਦੋਰਾਹਾ (ਹਰਮਿੰਦਰ ਸੇਠ) ਸਟੈਂਪਿੰਗ ਸਟੋਨਜ਼ ਸਕੂਲ ਵੱਲੋਂ ਬੱਚਿਆਂ ਨੂੰ ਡੀ-ਮਾਰਟ ਦਾ ਦੌਰਾ ਕਰਾਇਆ ਗਿਆ, ਜਿਸ ਦੌਰਾਨ ਬੱਚਿਆਂ ਨੂੰ ਵੱਖ-ਵੱਖ ਸੈਕਸ਼ਨਾਂ ਬਾਰੇ ਜਾਣੂ ਕਰਾਇਆ ਗਿਆ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਕਿਵੇਂ ਸਮਾਨ ਚੁਣਨਾ ਹੈ, ਕੀਮਤ ਪੜ੍ਹਨੀ ਹੈ, ਬਿਲਿੰਗ ਕਰਾਉਣੀ ਹੈ ਤੇ ਸਹੀ ਤਰੀਕੇ ਨਾਲ ਸ਼ਾਪਿੰਗ ਕਰਨੀ ਹੈ। ਮੈਨੇਜਿੰਗ ਡਾਇਰੈਕਟਰ ਸ੍ਰੀ ਸਮਦੀਸ਼ ਤੇ ਪ੍ਰਿੰਸੀਪਲ ਸ੍ਰੀਮਤੀ ਜੋਤੀ ਸ਼ਰਮਾ ਨੇ ਵੀ ਕਿਹਾ ਕਿ ਬੱਚਿਆਂ ਨੂੰ ਕੇਵਲ ਕਿਤਾਬੀ ਗਿਆਨ ਹੀ ਨਹੀਂ, ਬਲਕਿ ਪ੍ਰੈਕਟੀਕਲ ਗਿਆਨ ਹੋਣਾ ਵੀ ਬਹੁਤ ਜ਼ਰੂਰੀ ਹੈ।ਇਸ ਲਈ ਐਸੇ ਸਿੱਖਿਆਤਮਕ ਦੌਰਿਆਂ ਰਾਹੀਂ ਬੱਚਿਆਂ ਨੂੰ ਅਸਲੀ ਜੀਵਨ ਦੀਆਂ ਸਥਿਤੀਆਂ ਨਾਲ ਜਾਣੂ ਕਰਾਇਆ ਜਾਂਦਾ ਹੈ ਤਾਂ ਜੁ ਉਹ ਨਿਡਰ ਤੇ ਆਤਮਵਿਸ਼ਵਾਸੀ ਬਣ ਸਕਨ। ਬੱਚਿਆਂ ਨੇ ਵੀ ਇਸ ਦੌਰੇ ਦਾ ਪੂਰਾ ਆਨੰਦ ਮਾਨਿਆ ਤੇ ਨਵੀਆਂ ਚੀਜ਼ਾਂ ਸਿੱਖ ਕੇ ਖੁਸ਼ ਨਜ਼ਰ ਆਏ।

### ਅਦਾਲਤੀ ਇਸ਼ਤਿਹਾਰ

ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਨੰਗਲ, ਜਿਲ੍ਹਾ ਰੂਪਨਗਰ।

ਵਿਸ਼ਾ:- ਮਾਲ ਰਿਕਾਰਡ ਵਿੱਚ ਨਾਂਅ ਦਰੁਸਤ ਕਰਨ ਸਬੰਧੀ ਦਰਖਾਸਤ ਵੱਲੋਂ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ (ਪਤਨੀ ਗੁਰਮੇਲ ਸਿੰਘ) ਵਾਸੀ ਪਿੰਡ ਭੱਟੋ, ਡਾਕਖਾਨਾ ਤਖਤਗੜ੍ਹ, ਤਹਿਸੀਲ ਅਨੰਦਪੁਰ ਸਾਹਿਬ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਮ ਤੇ ਖਾਸ ਅਤੇ ਜਨ ਸਧਾਰਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਵਾਸੀ ਪਿੰਡ ਭੱਟੋ ਡਾਕਖਾਨਾ ਤਖਤਗੜ੍ਹ ਤਹਿਸੀਲ ਸ੍ਰੀ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ ਨੇ ਨਿਮਨ ਹਸਤਾਖਰ ਦੇ ਦਫਤਰ ਵਿਖੇ ਲਿਖਤੀ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਨ੍ਹਾਂ ਦੀ ਪਿੰਡ ਭਲਾਣ ਵਿੱਚ ਜ਼ਮੀਨ ਪੈਂਦੀ ਹੈ। ਮਾਲ ਰਿਕਾਰਡ ਦੇ ਖੇਵਟ ਨੰਬਰ 686 ਖਤੌਨੀ ਨੰਬਰ 788 ਖਸਰਾ ਨੰਬਰ 93//23/2/2 (0-14), ਵਾਕਿਆ ਪਿੰਡ ਭਲਾਣ ਮੁਤਾਬਕ ਜਮ੍ਹਾਂਬੰਦੀ ਸਾਲ 2021-2022 ਤਹਿਸੀਲ ਨੰਗਲ ਜ਼ਿਲ੍ਹਾ ਰੂਪਨਗਰ ਦੇ ਮਾਲ ਰਿਕਾਰਡ ਵਿੱਚ ਇਨ੍ਹਾਂ ਦਾ ਨਾਂਅ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦੀ ਥਾਂ ਬਖਸ਼ੋ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦਰਜ ਹੈ। ਇਹ ਦੋਨੋਂ ਨਾਂਅ ਇੱਕ ਹੀ ਵਿਅਕਤੀ ਦੇ ਹਨ। ਦਰਖਾਸਤ ਕਰਤਾ ਮਾਲ ਰਿਕਾਰਡ ਦੇ ਉਪਰੋਕਤ ਖਸਰਾ ਨੰਬਰਾਨ ਵਿੱਚ ਬਖਸ਼ੋ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦੀ ਥਾਂ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦਰਜ ਕਰਵਾਉਣਾ ਚਾਹੁੰਦਾ ਹੈ। ਇਸ ਸਬੰਧੀ ਪਟਵਾਰੀ ਹਲਕਾ ਭਲਾਣ ਤੋਂ ਰਿਪੋਰਟ ਪ੍ਰਾਪਤ ਕੀਤੀ ਗਈ। ਪਟਵਾਰੀ ਹਲਕਾ ਦੀ ਰਿਪੋਰਟ ਅਨੁਸਾਰ "ਪ੍ਰਾਰਥੀ ਗੁਰਬਖਸ਼ ਕੌਰ ਪਤਨੀ ਗੁਰਮੇਲ ਸਿੰਘ, ਜੋ ਕਿ ਪਿੰਡ ਭਲਾਣ ਵਿੱਚ ਖੇਵਟ/ਖਤੌਨੀ 686/788 ਜਮ੍ਹਾਂਬੰਦੀ ਸਾਲ 2021-2022 ਵਿੱਚ ਬਖਸ਼ੋ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਆਪਣਾ ਪੁਰਾਣਾ ਨਾਂਅ ਦੱਸ ਰਹੀ ਹੈ ਅਤੇ ਨਵਾਂ ਨਾਂਅ ਦਰਜ ਕਰਵਾਉਣਾ ਚਾਹੁੰਦੀ ਹੈ ਜੋ ਕਿ ਮੇਰੇ ਅਧਿਕਾਰ ਖੇਤਰ ਵਿੱਚ ਨਹੀਂ ਹੈ। ਰਿਪੋਰਟ ਪੇਸ਼ ਹੈ। ਮਿਤੀ 11/11/2025." ਇਸ ਸਬੰਧੀ ਪੰਜਾਬ ਸਰਕਾਰ ਮਾਲ, ਪੁਨਰਵਾਸ ਡਿਜਾਸਟਰ ਮੈਨੇਜਮੈਂਟ ਵਿਭਾਗ (ਭੌਂ ਮਾਲੀਆ ਸ਼ਾਖਾ) ਚੰਡੀਗੜ੍ਹ ਦੇ ਦਫਤਰ ਦੇ ਮੀਮੋ ਨੰਬਰ 28/48/2012-ਭ.ਮ.- 2/12445-71 ਮਿਤੀ 26-07-2013 ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਵਿੱਚ ਮਾਲ ਰਿਕਾਰਡ ਦੇ ਉਕਤ ਖੇਵਟ/ਖਤੌਨੀ/ਖਸਰਾ ਨੰਬਰਾਨ ਵਾਕਿਆ ਪਿੰਡ ਭਲਾਣ ਮੁਤਾਬਕ ਜਮ੍ਹਾਂਬੰਦੀ ਸਾਲ 2021-2022 ਤਹਿਸੀਲ ਨੰਗਲ ਜ਼ਿਲ੍ਹਾ ਰੂਪਨਗਰ ਵਿੱਚ ਬਖਸ਼ੋ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦੀ ਥਾਂ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦੇ ਨਾਂਅ ਦੀ ਦਰੁਸਤੀ ਕਰਨ ਸੰਬੰਧੀ ਉਕਤ ਅਖਬਾਰਾਂ ਵਿੱਚ ਨੋਟਿਸ ਦਿੱਤਾ ਜਾਂਦਾ ਹੈ ਕਿ ਜੇਕਰ ਕਿਸੇ ਆਮ ਅਤੇ ਖਾਸ ਨੂੰ ਪ੍ਰਾਰਥੀ ਦਾ ਨਾਂਅ ਬਖਸ਼ੋ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਦਰੁਸਤ ਕਰਕੇ ਬਖਸ਼ੋ ਉਰਫ ਗੁਰਬਖਸ਼ ਕੌਰ ਪੁੱਤਰੀ ਪਰੀਤੋ ਪੁੱਤਰੀ ਮੰਗਤੂ ਪਿੰਡ ਭਲਾਣ ਤਹਿਸੀਲ ਨੰਗਲ ਜ਼ਿਲ੍ਹਾ ਰੂਪਨਗਰ ਕਰਨ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣੇ ਇਤਰਾਜ਼ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਦੇ 30 ਦਿਨਾਂ ਦੇ ਅੰਦਰ-ਅੰਦਰ ਕਿਸੇ ਵੀ ਕੰਮ ਵਾਲੇ ਦਿਨ ਇਸ ਅਦਾਲਤ ਵਿੱਚ ਪੇਸ਼ ਹੋ ਕੇ ਦੇ ਸਕਦਾ ਹੈ। ਸਮਾਂ ਗੁਜ਼ਰਨ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ ਨਾ-ਕਾਬਲੇ ਗੌਰ ਹੋਣਗੇ।

ਸਹੀ/- ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ, ਦਰਜਾ ਪਹਿਲਾ, ਨੰਗਲ।

ਨੰਬਰ :-325/326/ਰੀਡਰ 2 ਮਿਤੀ : 18.11.25

### COURT NOTICE

(U/O 5 Rule 20 CPC)
In The Court of Garima Gupta Civil Judge (Junior Division), Amritsar
CNR No. PBAS02-000293-2024 Next Date: 17-01-2026
CM/33/2024
Bhupinder Singh Through His Attorney Karaj Singh S/O Puran Singh R/O Village Bhoparai Kalan, District Amritsar. Vs.
Joginder Kaur Deceased Through Legal Heirs: Etc.
Publication Issued To:
1. Joginder Kaur Deceased Through Lr. Harjinder Kaur Etc. :- (I) Balwinder Singh @ Bitta (Predeceased Son) of Joginder Kaur Through its Legal Heirs:- (A) Harjinder Kaur (Widow), (B) Ravi (Son), (C) Vicky (Son), (D) Veeru (Son), (E) Rakesh Kumar. All R/o Abadi Sewa Nagar, Putlighar, Amritsar
1. (iii) Baljit Kaur D/O Joginder Kaur R/o Sabi Sabi Village Chogawan, Tehsil Ajnala, Distt. Amritsar.
(Iv) Ram Lubaya (Son), (V) Mukhtiar Singh (Son), (Vi) Ashok Kumar @Laddi (Predeceased) S/o Joginder Kaur Through Lrs. (A.) Kashmir Kaur (Widow) (B) Ankit (Son) Residents of Abadi Sewa Nagar, Putlighar, Ram Tirath Road, Amritsar.
(Vii) Balwinder Singh @ Kala Predeceased Son of Joginder Kaur Through Lrs. (A) Paramjit Kaur (Widow), (B) Rakesh Kumar @ Sonu (Son), (C) Varun (Son). All residents of Abadi Sewa Nagar, Putlighar, Ram Tirath Road, Amritsar
(Viii) Baljit Kaur @ Seema D/o Joginder Kaur and W/O Soni R/o Village Chhape Wali, Tehsil Baba Bakala, Distt. Amritsar.
(ix) Ritu D/o Joginder Kaur W/o Sandeep Singh R/o Village Padda, Distt. Gurdaspur.
(X) Kashmir Kaur D/o Joginder Kaur W/o Manjit Singh R/o Village Chhape Wali, Tehsil Baba Bakala, Distt. Amritsar.
(Xi) Harbhajan Kaur D/o Joginder Kaur W/O Harbans Singh R/o Village Baba Bakala, Distt. Amritsar.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17.01.2026 at 10:00 a.m.

For details logon to https://highcourtchd.gov.in/?trs=district_notice&district=Amritsar

Dated this day of 19-11-2025 Civil Judge (Junior Division), Amritsar

# ਕਲਾਸੀਫਾਈਡ ਇਸ਼ਤਿਹਾਰ

### Change of Name

I, Sukhmani Ahluwalia /o Sh. Amanjeet Singh Ahluwalia, R/O H.No. 15, New Light Colony, Phase 1, Near Sudhama Vihar, Jalandhar, have changed my name to Sukhmani Ahluwalia. All Concerned, Please note

I, Meenu Kapoor Mehan Wife of Dinesh Kumar Resident of H.No. 36 Friends Avenue Tehsil Jalandhar District Jalandhar have changed my Name from Meenu Kapoor Mehan to Meenu Kapoor . Please note.

I, Simranjit Singh S/O Harjinder Singh R/O H.No. 53, Kot Mit Singh, Bhai Manjh Road, Sultanwind Road, Amritsar, Punjab have changed my name from Simranjit Singh to Simranjeet Singh. Concerned note.

I, hitherto known as Jaspreet Kaur daughter of Baljit Singh resident of Village Dalla, PO. Bhogpur, District Jalandhar, Punjab 144201, have changed my name as Kaur Jaspreet and now my given name Jaspreet and my surname is Kaur.

I, Rajender Paul S/o Massa Ram R/o VPO Bolina Doaba, Jalandhar (Pb.) India declare That in my Passport my wife's name is written as Balvinder Kaur & in other documents my wife's name is written as Balwinder Kaur. On my Passport my wife's name may please be corrected as Balwinder Kaur.

I, Malkiat Singh S/o Baldev Singh R/o VPO Panwan, Tehsil Dasuya, Distt. Hoshiarpur Punjab Have changed my name from Malkiat Singh to Malkit Singh. Concerned note.

I, Harkamal Singh S/o Dalwinder Singh R/o VPO Purhiran Distt. Hoshiarpur Punjab declare that my name is Harkamal Singh. My surname is Singh and my given name is Harkamal. Concerned note.

I, Vipin Nayyar S/o Balwant Rai R/o 1949/27, Gali Kamboj Wali Old Lakkar Mandi, Amritsar have changed my name from Vipin Nayyar to Vipan Nayyar.

I, Sandeep Singh S/o Chanchal Singh R/o Vill Jahangir, Distt Tarn Taran have declare that Singh is my Surname Sandeep is my given name.

I, Rekha W/o Rakesh Kumar R/o House No-6, Gali No. 1, Near A.N. Public School, Master Avenue, Khandwala, Chheharta Amritsar-143105 have changed my name from Rekha to Rekha Kumari.

I, Charanjit Singh S/o Kashmir Singh R/o Bhikhiwind Road Near Punjab and Sind Bank Adda Chabhal, Tarn Taran I have Changed my name from Charanjit Singh to Singh is my surname and given name is Charanjit.

I, Sushil Kumar Wadhwa S/o Amrit Lal Wadhwa R/o 484, Green Avenue, Amritsar have changed my name from Sushil Kumar Wadhwa to Sushil Wadhwa.

I, Ashok Kumar s/o Surjit Ram r/o Vill. Kotrani, Po. Satnampura, Phagwara, Distt. Kapurthala, Punjab have changed my name to Kumar Ashok (Surname as Kumar) All Please Note.

I, Sudhir s/o Gopal Dass Pathak r/o H.No. 202, Kala Singha Road, Green Avenue, Jalandhar have changed my name to Sudhir Pathak (Surname as Pathak) All Please Note.

I, Mandeep W/o Madan Lal R/o Patti Mallovirk, VPO. Virk, Teh. Phillaur, Distt. Jalandhar have changed my name from Mandeep to Mandeep Kumari. All Please Note.

I, Manish Kapoor S/o Shiv Ram Kapoor R/o E.R 57-58, Pacca Bagh, Jalandhar City have changed my name from Manish Kapoor to Munish Kapoor. All Please Note.

I, Jasvinder Singh S/o Iqbal Singh R/o E.G. 971/C, Mohalla Gobindgarh, Jalandhar have changed my name from Jasvinder Singh to Jaswinder Singh. All Please Note.

### Change of Name

I, Ashok Kumar Sharma S/o Om Parkash R/o Sahni, Kapurthala, Punjab have changed my name from Ashok Kumar Sharma to Ashok Sharma. All Please Note.

I, Sajan Beer Singh Bhatti S/o Harjinder Singh R/o H.No. 13, Near Dhillon Dairy, Majitha Road, New Green Field, Amritsar, Punjab-143001 have changed my name from Sajan Beer Singh Bhatti to Sajan Beer Singh.

I, Amarjeet Singh S/o Anoop Singh R/o PO Varyam, Bhoya Fatehgarh, Amritsar, Punjab-143502 have changed my name from Amarjeet Singh to Amarjit Singh.

I, Rattan Singgh S/o Makhan Singh R/o Shahzada, Amritsar, Punjab-143504 have changed my name from Rattan Singgh to Rattan Singh.

I Kanwalpreet Kaur wife of Sukhjinder Singh resident of Street No. 2, Ajit Nagar, Saido Bhulana, Distt Kapurthala. I have changed my name from Kanwalpreet Kaur Bajwa to Kanwalpreet Kaur.

I hitherto Known as Bandana D/o Ashok Kumar R/o Sharma Colony Near Kapila Food Corner Koi Road Garhdhiwala. Tehsil Dasuya, Distt. Hoshiarpur-144207, Punjab, India have changed my name and shall hereafter be known Bandana chaudhary

I, Meenu Kaushal is legally wedded spouse of Pawan Kumar Sharma (Ex JWO676278-K) presently residing at 325, Red Rose Colony Near TV Tower & KM Hospital, Khurla Kingra, Jalandhar have changed my name from Meena Kaushal to Meenu Sharma as per Affidavit Dated 12-Nov-2025.

I, Parminder Kaur, D/o S.Didar Singh, W/o Avtar Singh (LT.Col Retd) permanent resident of 45 GF, Saraswati Vihar, Near Kapurthala Chownk, Jalandhar-144008 do hereby change my name to Mohinder Kaur.

I, Prince Gangar S/o Hans Raj R/o VPO Kahma, Nawanshahr, SBS Nagar, Punjab-144512, certified that both Prince Gangar as well as Prince, both name belongs to one and same person). All concerned please note.

I, Sarvan Singh S/o Gurbax Singh R/o H.No. 74, Raja Garden Extension, Basti Bawa Khel, Jalandhar Punjab-144021 , have changed my name from Sarvan Singh to Sarwan Singh, both name belongs to one and same person. All concerned please note.

### ਬੇਦਖਲੀ ਨੋਟਿਸ

ਮੈਂ, ਕਪਿਲ ਕੁਮਾਰ ਪੁੱਤਰ ਲੇਟ ਸ਼ਿਵਨੰਦਨ ਲਾਲ ਗੇਰਾ ਵਾਸੀ ਮਾਡਲ ਹਾਊਸ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਯੁਵਰਾਜ ਗੇਰਾ ਉਰਫ ਯੁਵੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨੀਲਮ ਪਤਨੀ ਯੂਸਫ ਵਾਸੀ ਬਹਿਰਾਮ, ਸਰਿਸ਼ਟਾ, ਜਲੰਧਰ ਕੈਂਟ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਕਾਸ਼ ਦੀਪ ਉਮਰ ਕਰੀਬ 23 ਸਾਲ, ਜੋ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਓਮ ਪ੍ਰਕਾਸ਼ ਪੁੱਤਰ ਗੁਜਰ ਮਲ ਵਾਰਡ ਨੰਬਰ 06 ਲਾਈਬਰੇਰੀ ਚੌਂਕ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਦੋਤਰਾ ਲਕਸ਼ੇ ਸ਼ਰਮਾ ਪੁੱਤਰ ਸੂਰਜ ਸ਼ਰਮਾ ਬਾਸੀ ਬਟਾਲਾ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਤ ਤੋਂ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਸੰਬੰਧਿਤ ਨੋਟ ਕਰਨ।

ਮੈਂ, ਚਰਨ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪੰਜ ਮੰਦਰੀ ਰੋਡ, ਮੇਹਲੀ ਗੇਟ, ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਅਨੂੰ ਸੈਣੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਸ਼ਿਸਨਪਾਲ ਪੁੱਤਰ ਸ੍ਰੀ ਬਚਨਾ ਰਾਮ, ਵਾਸੀ ਮਹੇਸ਼ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਗੁਰਪ੍ਰੀਤ ਸਿੰਘ, ਨੂੰਹ ਰਮਨਜੋਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜਿੰਮੇਵਾਰ ਹੋਣਗੇ।

ਮੈਂ, ਬਚਨ ਸਿੰਘ ਪੁੱਤਰ ਦਿਵਾਨ ਸਿੰਘ, ਵਾਸੀ ਗੁਰੂ ਨਾਨਕ ਕਾਲੋਨੀ ਜਲੰਧਰ, ਰੋਡ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਸੁੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾ ਜੰਗੀਰ ਕੌਰ ਪਤਨੀ ਸੁੰਦਰ ਸਿੰਘ ਵਾਸੀਆਨ ਪਿੰਡ ਧੂੜਕੋਟ ਰਣਸੀਂਹ, ਤਹਿਸੀਲ ਨਿਹਾਲ ਸਿੰਘ ਵਾਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਵਿੰਦਰ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈ, ਪਰਮਜੀਤ ਕੌਰ ਪਤਨੀ ਸ੍ਰੀ ਸਤਨਾਮ ਸਿੰਘ ਵਾਸੀ ਪਿੰਡ ਕੋਟਲੀ ਜੰਡ, ਡਾਕਖਾਨਾ ਉੜਮੁੜ, ਤਹਿਸੀਲ ਟਾਂਡਾ, ਜਿਲਾ ਹੁਸਿਆਰਪੁਰ ਦੀ ਰਹਿਣ ਵਾਲੀ ਹਾਂ ਅਤੇ ਬਿਆਨ ਕਰਦੀ ਹਾਂਕਿ ਮੇਰਾ ਲੜਕਾ ਮਹਿੰਦਰ ਪਾਲ ਸਿੰਘ ਜੋ ਕਿ ਬੁਰੀ ਸੰਗਤ ਵਿੱਚ ਪੈਗਿਆ ਹੈ, ਸਾਡੇ ਕਹਿਣੇ ਤੋਂ ਬਾਹਰ ਹੈ, ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ ਅਤੇ ਧਮਕੀਆਂ ਦਿੰਦਾ ਹੈ। ਮੈ ਮਹਿੰਦਰ ਪਾਲ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਅਗਰ ਕੋਈ ਵਿਅਕਤੀ ਇਸਦੇ ਨਾਲ ਕਿਸੇ ਪ੍ਰਕਾਰ ਦਾ ਲੈਣ-ਦੇਣ ਕਰੇਗਾ ਜਾਂ ਸੰਬੰਧ ਰੱਖੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰੀ ਅਤੇ ਬਾਕੀ ਪਰਿਵਾਰਕ ਮੈਂਬਰਾਂ ਦੀ ਕਿਸੇ ਪ੍ਰਕਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਬੰਧਤ ਨੋਟ ਕਰਨ।

ਮੈ ਸੁਰਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਵਾਰਡ ਨੰਬਰ 6 ਮੁਹੱਲਾ ਪ੍ਰੇਮ ਨਗਰ ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੇਰੀ ਲੜਕੀ ਸਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ।ਮੈਂ ਆਪਣੀ ਲੜਕੀ ਨੂੰ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਹਰਵਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਸਹਿਜੜਾ (ਬਰਨਾਲਾ) ਆਪਣੀ ਲੜਕੀ ਜੈਸਮੀਨ ਸਰਮਾਂ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾਂ ਹਾਂ। ਅੱਜ ਤੋਂ ਬਾਅਦ ਉਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖ਼ੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਕੌਰ ਪਤਨੀ ਭਿੰਦਰ ਸਿੰਘ ਵਾਸੀ ਸਹਿਜੜਾ (ਬਰਨਾਲਾ) ਆਪਣੇ ਲੜਕੇ ਨਿਰਭੈ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਅੱਜ ਤੋਂ ਬਾਅਦ ਉਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖ਼ੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਕੌਰ ਵਿਧਵਾ ਬਲਦੇਵ ਰਾਜ ਨਿਵਾਸੀ ਪਿੰਡ ਸ਼ੇਰਪੁਰ, ਡਾਕਖਾਨਾ ਸ਼ੇਖੇ, ਜ਼ਿਲ੍ਹਾ ਜਲੰਧਰ ਹਾਲ ਵਾਸੀ ਕਿਰਾਏਦਾਰ ਮਕਾਨ ਨੰਬਰ 3 ਗਲੀ ਨੰਬਰ 2 ਜਿੰਦਾ ਰੋਡ ਮਕਸੂਦਾਂ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਅਜੇ ਕੁਮਾਰ ਨਸ਼ੇ ਦਾ ਆਦੀ ਹੈ, ਮੇਰੇ ਨਾਲ ਮਾੜਾ ਵਿਵਹਾਰ ਕਰਦਾ ਹੈ ਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਜੀਤ ਕੌਰ ਪਤਨੀ ਲੇਟ ਮੇਹਰ ਸਿੰਘ ਵਾਸੀ ਸੱਜੇ ਪਾਸੇ, ਪਿੰਡ ਚੁਗਾਵਾਂ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਅਮਨਦੀਪ ਕੌਰ ਪਤਨੀ ਮਨਪ੍ਰੀਤ ਸਿੰਘ ਅਤੇ ਜਵਾਈ ਮਨਪ੍ਰੀਤ ਸਿੰਘ ਪੁੱਤਰ ਗੁਰਜੰਟ ਸਿੰਘ, ਵਾਸੀ ਗਲੀ ਨੰ: 10 ਦਸਮੇਸ਼ ਨਗਰ ਮੋਗਾ, ਜ਼ਿਲ੍ਹਾ ਮੋਗਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਚੜਤ ਸਿੰਘ ਪੁੱਤਰ ਧਰਮ ਸਿੰਘ, ਵਾਸੀ ਭਾਗੀਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਮੰਦਰ ਸਿੰਘ ਅਤੇ ਮੇਰੀ ਨੂੰਹ ਰਮਨਦੀਪ ਕੌਰ ਪਤਨੀ ਸੁਖਮੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਰਾਜੇਸ਼ ਕੁਮਾਰ ਪੁੱਤਰ ਦੌਲਤ ਰਾਮ ਅਤੇ ਸੁਮਨ ਬਾਲਾ ਪਤਨੀ ਰਾਜੇਸ਼ ਕੁਮਾਰ ਵਾਸੀਆਨ ਮਕਾਨ ਨੰ. 817, ਮੇਨ ਬਜ਼ਾਰ ਗੜ੍ਹਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਦਿਵਿਆ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

### ਨਾਂਅ ਦੀ ਬਦਲੀ

ਮੈਂ, ਮਨਜੀਤ ਰਾਮ ਸਪੁੱਤਰ ਸੋਮ ਨਾਥ ਵਾਸੀ ਪਿੰਡ ਗੜ੍ਹੀ ਫਤਿਹ ਖਾਂ, ਡਾਕਖਾਨਾ ਰਾਹੋਂ, ਤਹਿਸੀਲ ਨਵਾਂਸ਼ਹਿਰ ਜਿਲਾ ਸ਼ਹੀਦ ਭਗਤ ਸਿੰਘ ਨਗਰ, ਇਹ ਕਿ ਮੈਂ ਆਪਣੀ ਨਾਬਾਲਗ ਪੁੱਤਰੀ ਵੀਰੀਤੀ ਦਾ ਨਾਮ ਬਦਲ ਕੇ ਵਰੀਤੀ ਕੌਰ ਰੱਖ ਲਿਆ ਹੈ।

ਮੈਂ, ਕਿਰਨ ਰੱਤੂ ਪਤਨੀ ਕੁਲਵੰਤ ਸਿੰਘ ਵਾਸੀ ਪਿੰਡ ਢੇਸੀਆਂ ਕਾਹਨਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ, ਭਾਰਤ ਸੂਚਿਤ ਕਰਦੀ ਹਾਂ ਕਿ ਮੈਂ ਆਪਣੀ ਲੜਕੀ ਦਾ ਨਾਮ ਐਂਜਲ ਤੋਂ ਬਦਲ ਕੇ ਐਂਜਲ ਰੱਤੂ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਕਿਰਨ ਰੱਤੂ ਪਤਨੀ ਕੁਲਵੰਤ ਸਿੰਘ ਵਾਸੀ ਪਿੰਡ ਢੇਸੀਆਂ ਕਾਹਨਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ, ਭਾਰਤ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਕਿਰਨ ਤੋਂ ਬਦਲ ਕੇ ਕਿਰਨ ਰੱਤੂ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

### ਆਮ ਸੂਚਨਾ

ਮੈਂ ਪਲਵਿੰਦਰ ਸਿੰਘ S/o ਸੁਰਜੀਤ ਸਿੰਘ ਵਾਸੀ ਭਾਦਲਾ ਉੱਚਾ ਤਹਿਸੀਲ ਖੰਨਾ ਜ਼ਿਲ੍ਹਾ ਲੁਧਿਆਣਾ ਦਾ ਰਹਿਣ ਵਾਲਾ ਹਾਂ । ਮੇਰਾ ਮੇਰੀ ਪਤਨੀ ਅਨੂਪ ਕੌਰ ਨਾਲ ਮਾਨਯੋਗ ਅਦਾਲਤ ਰਾਹੀਂ ਤਲਾਕ ਹੋ ਚੁੱਕਾ ਹੈ। ਤਲਾਕ ਵਾਲੇ ਦਸਤਾਵੇਜ਼ਾਂ ਵਿੱਚ ਮੇਰੇ ਲੜਕੇ ਤਰਨਵੀਰ ਸਿੰਘ ਅੰਗਰੇਜ਼ੀ ਵਿੱਚ TARANBIR SINGH ਲਿਖਿਆ ਹੋਇਆ ਹੈ। ਪ੍ਰੰਤੂ ਮੇਰੇ ਲੜਕੇ ਦੇ ਆਧਾਰ ਕਾਰਡ ਅਤੇ ਜਨਮ ਸਰਟੀਫਿਕੇਟ ਤੇ ਅੰਗਰੇਜ਼ੀ ਦੇ ਸਪੈਲਿੰਗ TARANVEER SINGH ਹੈ। ਮੇਰੇ ਲੜਕੇ ਤਰਨਵੀਰ ਸਿੰਘ TARANBIR SINGH ਦੇ ਸਪੈਲਿੰਗ TARANVEER SINGH ਪੜ੍ਹੇ ਜਾਣ । ਸੰਬੰਧਤ ਨੋਟ ਕਰਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 36/114 ਬੇਲਾ ਸਿੰਘ ਪੁੱਤਰ ਘਸੀਟਾ ਸਿੰਘ ਵਾਸੀ ਮਹੇਮ ਤੋਂ ਨਾਂਅ ਬਦਲੀ ਕਰਕੇ ਨਿਸ਼ਾਨ ਸਿੰਘ ਪੁੱਤਰ ਪਿਆਰਾ ਸਿੰਘ, ਵਾਸੀ ਮਹੇਮ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ 15 ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ AP39-1052M ਲੋਡ 5 BHP ਅਤੇ AP39-0393L ਲੋਡ 5 BHP ਸੰਤ ਸਿੰਘ ਪੁੱਤਰ ਮਿਲਖਾ ਸਿੰਘ ਦੇ ਨਾਂਅ 'ਤੇ ਚਲਦੇ ਹਨ। ਜਿਸ ਨੂੰ ਮਨਪ੍ਰੀਤ ਸਿੰਘ ਪੁੱਤਰ ਜਸਪਾਲ ਸਿੰਘ ਆਪਣੇ ਨਾਂਅ 'ਤੇ ਬਦਲੀ ਕਰਵਾ ਰਿਹਾ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 15ਦਿਨਾਂ ਦੇ ਅੰਦਰ -ਅੰਦਰ ਲਿਖਤੀ ਰੂਪ ਵਿੱਚ ਐੱਸ ਡੀ ਓ ਕਾਹਨੂੰਵਾਨ ਨੂੰ ਪੇਸ਼ ਕਰੇ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਇਨ੍ਹਾਂ ਦੋਨੋਂ ਟਿਊਬਵੈੱਲ ਕੁਨੈਕਸ਼ਨ ਬਿਨਾਂ ਕਿਸੇ ਦੇ ਇਤਰਾਜ਼ ਦੇ ਬੇਨਤੀ ਕਰਤਾ ਦੇ ਨਾਂਅ 'ਤੇ ਬਦਲੀ ਕਰ ਦਿੱਤੇ ਜਾਣਗੇ।

### PUBLIC NOTICE

I, Mandeep Singh S/o Rattan Singh R/o Village Sadda, PO. Magar Mudian, Distt. Gurdaspur, Punjab, Pin code-143521 declare that my given name as Mandeep and my Surname as Singh.

I, Palwinder Singh, S/o Surjit Singh, resident of Bhadla Ucha, Tehsil Khanna, District Ludhiana, state that I have been legally divorced from my wife, Anoop Kaur, through the Hon'ble Court. In the divorce documents, my son Taranveer Singh's name is mentioned in English as TARANBIR SINGH, whereas in his Aadhaar Card and Birth Certificate, his name is written in English as TARANVEER SINGH. Therefore, it is requested that my son Taranveer Singh's name be read and considered with the correct English spelling as TARANVEER SINGH.

I, Rana Manjit Kaur W/o Rana Dasondha Singh, R/o H. No. 52, Bhau Patil Road Near Vijaya Bank, Bopodi, Pune City, Range Hills Pune, Maharashtra, 411020 at Present resident of H. No. 331-A, Street No. 2, Gurunanak Pura East, PO Choggitti, Jalandhar affirm and declare that i am also known by the name of Manjit Kaur. Rana Manjit Kaur and Manjit Kaur is one and the same lady.

I Sukhwinder Kaur W/o Harjit Kumar R/o H.No 13 Chacha Colony, Ward No. 13, Lohian Khas, Distt Jalandhar Punjab Declare that name of My Husband has been wrongly written as Jyoti Parkash in my minor Daughter Namely Pratibha aged 17 years in her 10th Class Educational Documents. The actual name of my Husband is Harjit Kumar Respectively, which may be amended accordingly.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### Lost and Found

ਮੈਂ ਜੋਗਿੰਦਰ ਕੌਰ ਪਤਨੀ ਸਵਰਨ ਸਿੰਘ ਸੇਖੋਂ ਵਾਸੀ 85, ਅਰਬਨ ਅਸਟੇਟ ਕਪੂਰਥਲਾ ਘੋਸ਼ਣਾ ਕਰਦੀ ਹਾਂ ਕਿ ਮੇਰਾ ਇੱਕ ਬੈਗ, ਜਿਸ ਵਿੱਚ ਮੇਰਾ ਪਲਾਟ ਨੰਬਰ 1131 ਦੀ ਮਲਕੀਤ ਵਸੀਕਾ ਨੰਬਰ 342 ਮਿਤੀ 23-04-2009 ਸੀ, ਮਿਤੀ 16-02-2024 ਨੂੰ ਘਰ ਤੋਂ ਨਵੀਂ ਤਹਸੀਲ ਜਾਂਦੇ ਡਿੱਗ ਕੇ ਗੁੰਮ ਹੋ ਗਿਆ ਸੀ। ਇਸ ਸੰਬੰਧੀ DDR No. 022 ਮਿਤੀ 04-03-2024 ਥਾਣਾ ਸਿਟੀ ਕਪੂਰਥਲਾ ਵਿਖੇ ਲਿਖਾਈ ਸੀ। ਪਰੰਤੂ ਅੱਜ ਤੱਕ ਉਕਤ ਬੈਗ ਅਤੇ ਵਸੀਕਾ ਨਹੀਂ ਮਿਲਿਆ। ਮੈਂ ਉਕਤ ਵਸੀਕਾ ਦਰਜ ਜਾਇਦਾਦ ਵੇਚ ਰਹੀ ਹਾਂ। ਜੇਕਰ ਕਿਸੇ ਨੂੰ ਵੀ ਉਕਤ ਵਸੀਕਾ ਮਿਲੇ ਜਾਂ ਕਿਸੇ ਨੂੰ ਇਸ ਜਾਇਦਾਦ ਦੇ ਵੇਚਣ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਮੈਨੂੰ ਇੱਕ ਸਪਤਾਹ ਵਿੱਚ ਉਪਰੋਕਤ ਪਤੇ ਪਰ ਸੰਪਰਕ ਕਰੇ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਵਿਪਨ ਕੁਮਾਰ ਨਾਇਬ ਤਹਿਸੀਲਦਾਰ ਕਰਤਾਰਪੁਰ
ਨੋਟਿਸ ਬਨਾਮ ਆਮ ਪਬਲਿਕ

ਵਿਸ਼ਾ :- ਰਿਕਾਰਡ ਮਾਲ ਵਿਚ ਨਾਂਅ ਦੀ ਦਰੁਸਤੀ ਲਈ ਬੇਨਤੀ।

ਸ੍ਰੀ ਜਸਵੀਰ ਸਿੰਘ ਪੁੱਤਰ ਆਤਮਾ ਸਿੰਘ, ਵਾਸੀ ਪਿੰਡ ਮੁਸਤਫਾਪੁਰ, ਸਬ-ਤਹਿਸੀਲ ਕਰਤਾਰਪੁਰ ਜ਼ਿਲ੍ਹਾ ਜਲੰਧਰ ਵੱਲੋਂ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਵਾਕਿਆ ਪਿੰਡ ਮੁਸਤਫਾਪੁਰ ਵਿੱਚ ਉਸ ਦਾ ਨਾਂਅ ਗੁਰਨਾਮ ਸਿੰਘ ਪੁੱਤਰ ਆਤਮਾ ਸਿੰਘ ਪੁੱਤਰ ਜਵਾਲਾ ਸਿੰਘ ਲਿਖਿਆ ਹੈ ਤੇ ਬਾਕੀ ਦਸਤਾਵੇਜ਼ਾਂ ਵਿੱਚ ਉਸ ਦਾ ਨਾਂਅ ਜਸਵੀਰ ਸਿੰਘ ਹੈ। ਜਮ੍ਹਾਂਬੰਦੀ ਵਿੱਚ ਗੁਰਨਾਮ ਸਿੰਘ ਪੁੱਤਰ ਆਤਮਾ ਸਿੰਘ ਪੁੱਤਰ ਜਵਾਲਾ ਲਿਖਿਆ ਹੈ। ਉਸ ਵੱਲੋਂ ਦੋਨੋਂ ਨਾਂਅ ਇੱਕੋ ਵਿਅਕਤੀ ਉਸੇ ਦੇ ਹੋਣ ਬਾਰੇ ਬੇਨਤੀ ਕੀਤੀ ਹੈ। ਜਿਸ ਸੰਬੰਧੀ ਉਸ ਵੱਲੋਂ ਅਧਾਰ ਕਾਰਡ, ਪਾਸਪੋਰਟ, ਹਲਫੀਆ ਬਿਆਨ, ਅਖਬਾਰ ਦੀ ਕਟਿੰਗ ਵਾ ਪਾਸਪੋਰਟ ਦੀ ਕਾਪੀ ਲਗਾਈ ਹੈ।

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਲ ਰਿਕਾਰਡ ਵਿੱਚ ਉਕਤ ਵਿਅਕਤੀ ਦਾ ਗੁਰਨਾਮ ਸਿੰਘ ਪੁੱਤਰ ਆਤਮਾ ਸਿੰਘ ਪੁੱਤਰ ਜਵਾਲਾ ਦਾ ਨਾਂਅ ਗੁਰਨਾਮ ਸਿੰਘ ਉਰਫ ਜਸਵੀਰ ਸਿੰਘ ਬਦਲਣ ਲਈ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ 15 ਦਿਨਾਂ ਅੰਦਰ ਨਿਮਨ ਹਸਤਾਖਰ ਨੂੰ ਅਦਾਲਤਾ/ਵਕਾਲਤਨ/ਮੁਖਤਿਆਰ ਜਾਂ ਖੁਦ ਆ ਕੇ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਕਿਸੇ ਪੱਖ/ਇਤਰਾਜ਼ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਮਾਲ ਰਿਕਾਰਡ ਵਿੱਚ ਸਰਕਾਰ ਦੇ ਪੱਤਰ ਨੰਬਰ 25/78/2012-ਭ.ਮ.-2/12445-71 ਚੰਡੀਗੜ੍ਹ ਮਿਤੀ 26.07.2013 ਵਿਚ ਦਰਜ ਹਦਾਇਤਾਂ ਅਨੁਸਾਰ ਬਿਨੈਕਾਰ ਦਾ ਉਕਤ ਨਾਂਅ ਮਾਲ ਰਿਕਾਰਡ ਵਿੱਚ ਦਰੁਸਤ ਕਰਨ ਸੰਬੰਧੀ ਹੁਕਮ ਜਾਰੀ ਕਰ ਦਿੱਤੇ ਜਾਣਗੇ।

ਮਿਤੀ : 19/11/25 ਸਥਾਨ :ਕਰਤਾਰਪੁਰ
ਸਹੀ/-ਨਾਇਬ ਤਹਿਸੀਲਦਾਰ ਕਰਤਾਰਪੁਰ

**Spray Engineering Devices Limited**
CIN: U00000CH2004PLC027625
Regd. Office: SCO – 107, 2nd Floor, Sector 47 – C, Chandigarh – 160047
Corporate Office: "Spray House", C-82, Industrial Area, Phase VII, Mohali, Punjab – 160055
Tel.: +91 172 3508200
Email: info@sprayengineering.com
Website: www.sprayengineering.com

ਜਨਤਕ ਨੋਟਿਸ
ਫਾਰਮ ਨੰ: ਆਈ ਐਨ ਸੀ-26
[ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼ 2014 ਦੇ ਰੂਲ 30 ਦੀ ਪਾਲਣਾ 'ਚ]

ਕੰਪਨੀ ਦੇ ਰਜਿਸਟਰਡ ਦਫਤਰ ਇਕ ਰਾਜ ਤੋਂ ਦੂਸਰੇ ਰਾਜ ਵਿਚ ਤਬਦੀਲ ਕਰਨ ਸੰਬੰਧੀ ਇਸ਼ਤਿਹਾਰ ਸਨਮੁੱਖ ਕੇਂਦਰ ਸਰਕਾਰ ਰਿਜਨਲ ਡਾਇਰੈਕਟਰ ਉੱਤਰੀ ਖੇਤਰ।

ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਤੋਂ ਪੰਜਾਬ ਰਾਜ 'ਚ ਤਬਦੀਲ ਕਰਨ ਸੰਬੰਧੀ ਇਸ਼ਤਿਹਾਰ ਸਨਮੁੱਖ ਕੇਂਦਰ ਸਰਕਾਰ, ਖੇਤਰੀ ਦਫਤਰ, ਉੱਤਰੀ ਖੇਤਰ, ਨਵੀਂ ਦਿੱਲੀ ਕੰਪਨੀਜ਼ ਐਕਟ, 2013 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਤੇ ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼ 2014 ਦੇ ਰੂਲ 30 ਦੇ ਸਬ-ਰੂਲ (5) ਦੀ ਕਲਾਜ਼ (ਏ) ਮਾਮਲੇ

ਅਤੇ

ਸਪਰੇਅ ਇੰਜੀਨੀਅਰਿੰਗ ਡਿਵਾਈਸਜ਼ ਲਿਮਟਿਡ ਰਜਿਸਟਰਡ ਦਫ਼ਤਰ ਐੱਸ ਸੀ ਓ ਨੰ: 107, ਦੂਜੀ ਮੰਜ਼ਿਲ, ਸੈਕਟਰ 47-ਸੀ, ਚੰਡੀਗੜ੍ਹ, ਇੰਡੀਆ-160047.

..... ਪਟੀਸ਼ਨਰ

ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਕੰਪਨੀ ਮੈਮੋਰੈਂਡਮ ਆਫ ਐਸੋਸੀਏਸ਼ਨ 'ਚ ਤਬਦੀਲੀ 5.11.2025 ਨੂੰ ਸਾਲਾਨਾ ਜਨਰਲ ਮੀਟਿੰਗ ਵਿਚ ਪਾਸ ਵਿਸ਼ੇਸ਼ ਮਤੇ ਦੇ ਸੰਦਰਭ 'ਚ, ਦੀ ਪੁਸ਼ਟੀ ਲਈ ਕੇਂਦਰ ਸਰਕਾਰ ਅੱਗੇ ਕੰਪਨੀਜ਼ ਐਕਟ 2013 ਦੇ ਸੈਕਸ਼ਨ 13 ਤਹਿਤ ਦਰਖਾਸਤ ਦੇਣ ਦੀ ਤਜਵੀਜ਼ ਰੱਖਦੀ ਹੈ ਤਾਂ ਜੋ ਕੰਪਨੀ ਕੇਂਦਰ ਸ਼ਾਸਤ ਖੇਤਰ ਚੰਡੀਗੜ੍ਹ ਤੋਂ ਆਪਣਾ ਦਫਤਰ ਪੰਜਾਬ ਰਾਜ ਵਿਚ ਤਬਦੀਲ ਕਰਨ ਦੇ ਸਮਰਥ ਹੋ ਸਕੇ।

ਕੋਈ ਵਿਅਕਤੀ, ਜਿਸ ਦੇ ਹਿੱਤ ਕੰਪਨੀ ਦੇ ਰਜਿਸਟਰਡ ਦਫਤਰ ਦੀ ਤਜਵੀਜ਼ਤ ਤਬਦੀਲੀ ਕਾਰਨ ਪ੍ਰਭਾਵਤ ਹੋ ਸਕਦੇ ਹਨ, ਉਹ ਐਮ ਸੀ ਏ 21 ਪੋਰਟਲ (www.mca.gov.in) 'ਤੇ ਇਨਵੈਸਟਰ ਕੰਪਲੇਂਟ ਫਾਰਮ 'ਤੇ ਦੱਸ ਸਕਦਾ ਹੈ ਜਾਂ ਵਿਰੋਧ ਦਾ ਕਾਰਨ ਹਲਫੀਆ ਬਿਆਨ ਦੇ ਨਾਲ ਆਪਣੇ ਇਤਰਾਜ਼, ਜਿੰਨਾਂ ਦੀ ਕਿਸਮ ਅਤੇ ਵਿਰੋਧ ਦਾ ਅਧਾਰ ਰਜਿਸਟਰਡ ਡਾਕ ਰਾਹੀਂ ਖੇਤਰੀ ਡਾਇਰੈਕਟਰ, ਪਤਾ : (ਉੱਤਰੀ ਖੇਤਰ)-ਪਤਾ ਬੀ-2 ਵਿੰਗ, ਦੂਜੀ ਮੰਜ਼ਿਲ, ਪੰਡਤ ਦੀਨਦਿਆਲ ਅੰਤੋਦਿਆ ਭਵਨ- ਦੂਜੀ ਮੰਜ਼ਿਲ ਸੀ ਜੀ ਓ ਕੰਪਲੈਕਸ, ਨਵੀਂ ਦਿੱਲੀ-110003 ਨੂੰ ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 14 ਦਿਨਾਂ ਦੇ ਅੰਦਰ ਭੇਜ ਸਕਦਾ ਹੈ ਜਾਂ ਦੇ ਸਕਦਾ ਹੈ। ਬਿਨੈਕਾਰ ਕੰਪਨੀ ਦੇ ਰਜਿਸਟਰਡ ਦਫਤਰ ਐੱਸ ਸੀ ਓ ਨੰ: 107, ਦੂਜੀ ਮੰਜ਼ਿਲ, ਸੈਕਟਰ 47-ਸੀ, ਸੈਕਟਰ 47, ਚੰਡੀਗੜ੍ਹ, ਇੰਡੀਆ -160047

ਵਾਸਤੇ ਅਤੇ ਤਰਫੋਂ
ਸਪਰੇਅ ਇੰਜੀਨੀਅਰਿੰਗ ਡਿਵਾਈਸਜ਼ ਲਿਮਟਿਡ
ਵਿਵੇਕ ਵਰਮਾ
ਮਿਤੀ : 20.11.2025 ਡੀ ਆਈ ਐੱਨ : 00032970
ਸਥਾਨ : ਚੰਡੀਗੜ੍ਹ ਮੈਨੇਜਿੰਗ ਡਾਇਰੈਕਟਰ

### YES BANK LIMITED

Registered & Corporate Office : Yes Bank House, Off Western Express Highway, Santacruz East, Mumbai–400055 CIN: L65190MH2003PLC143249, Email: communications@yesbank.in
website: www.yesbank.in

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇੰਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਸਕਿਉਰਡ ਕ੍ਰੈਡਿਟਰ ਨੂੰ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਜੋ ਕਿ ਸਕਿਉਰਟਡ ਕ੍ਰੈਡਿਟਰ ਹੈ, ਦੀ ਹੇਠਾਂ ਦਰਸਾਏ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਕੋਲੋਂ ਸਕਿਉਰਡ ਕ੍ਰੈਡਿਟਰ ਦੇ ਹੇਠਾਂ ਦਰਸਾਏ ਬਕਾਏ ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ" "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ " ਦੇ ਅਧਾਰ 'ਤੇ ਵਿਕਰੀ 22 ਦਸੰਬਰ 2025 ਨੂੰ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ 'ਚ ਰਾਸ਼ੀ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ | ਈ ਐਮ ਡੀ (ਰੁਪਏ 'ਚ |
|---|---|---|---|---|---|
| 1. | (1) ਓਮ ਪ੍ਰਕਾਸ਼ ਪੁੱਤਰ ਰਾਮ ਗੁਲਾਮ (ਕਰਜ਼ਦਾਰ) ਅਤੇ (2) ਪੁਸ਼ਪਾ ਮਾਰਫਤ ਓਮ ਪ੍ਰਕਾਸ਼ (ਸਹਿ-ਕਰਜ਼ਦਾਰ, ਰਹਿਣਕਾਰ ਅਤੇ ਗਰੰਟਰ) | 21 ਫਰਵਰੀ 24 ਨੂੰ ਬਕਾਇਆ ਰਾਸ਼ੀ ਆਈ ਐੱਨ ਆਰ ਰੁਪਏ 42,90,534.64/- (ਬਤਾਲੀ ਲੱਖ ਨੱਬੇ ਹਜ਼ਾਰ ਪੰਜ ਸੌ ਚੌਂਤੀ ਰੁਪਏ ਅਤੇ ਚੌਂਹਠ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜ਼ਮੀਨ, ਜੋ ਕਿ ਮਕਾਨ ਨੰ. 279-280 ਰਕਬਾ 04 ਮਰਲੇ 172 ਵਰਗ ਫੁੱਟ, ਗਰੇਵਰ ਕਾਲੋਨੀ, ਦਿਲਬਾਗ ਨਗਰ, ਐਕਸਟੇਨਸ਼ਨ, ਹੱਦਬਸਤ ਨੰ. 312, ਖੱਤਾ/ਖਤੌਨੀ ਨੰ. 208/225, 209/226, ਖਸਰਾ ਨੰ. 834, 835, 836, 1951/877, 878, 1417/879, 1418/879, 1419/879, 880, 868, 869, 870, 1370/881, 1371/881, 1372/881, 882, 883, 1652/913-915, 914, 916, 917, 919, 921, 922, 923, 910, 911, 912, 1651/913-915, 918, 920, 837 ਵਾਕਿਆ ਅਬਾਦੀ ਜਲੰਧਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) ਪੱਛਮ : ਮਕਾਨ ਨੰ. 281, ਉੱਤਰ : ਸੜਕ, ਪੂਰਬ : ਪਲਾਟ ਨੰ. 279, ਦੱਖਣ : ਹੋਰ, ਰਹਿਣਕਾਰ : ਪੁਸ਼ਪਾ ਮਾਰਫਤ ਓਮ ਪ੍ਰਕਾਸ਼। | ਰੁਪਏ 42,91,200/- (ਬਤਾਲੀ ਲੱਖ ਇਕਾਨਵੇਂ ਹਜ਼ਾਰ ਦੋ ਸੌ ਰੁਪਏ ਕੇਵਲ) | ਰੁਪਏ 4,29,120/- (ਚਾਰ ਲੱਖ ਉਨੱਤੀ ਹਜ਼ਾਰ ਇੱਕ ਸੌ ਵੀਹ ਰੁਪਏ ਕੇਵਲ) |
| 2. | (1) ਜੈ ਰਾਮ ਪੁੱਤਰ ਛੋਟੇ ਲਾਲ (ਕਰਜ਼ਦਾਰ ਅਤੇ ਰਹਿਣਕਾਰ) ਅਤੇ (2) ਮਨਪ੍ਰੀਤ ਪਤਨੀ ਜੈ ਰਾਮ (ਸਹਿ-ਕਰਜ਼ਦਾਰ) | 21 ਸਤੰਬਰ 24 ਨੂੰ ਬਕਾਇਆ ਰਾਸ਼ੀ ਆਈ ਐੱਨ ਆਰ ਰੁਪਏ 31,24,831.65/- (ਇਕੱਤੀ ਲੱਖ ਚੌਵੀ ਹਜ਼ਾਰ ਅੱਠ ਸੌ ਇਕੱਤੀ ਰੁਪਏ ਅਤੇ ਪੈਂਹਠ ਪੈਸੇ ਕੇਵਲ) | ਗੈਰ-ਖੇਤੀਬਾੜੀ ਵਾਲੀ ਜ਼ਮੀਨ ਰਕਬਾ 04 ਮਰਲੇ 03 ਸਰਸਾਈ, ਜੋ ਕਿ ਖੱਤਾ ਨੰ. 46/53, ਖਸਰਾ ਨੰ. 284/3 (4-9), 4/89 ਹਿੱਸਾ, ਜੋ ਕਿ 4 ਮਰਲੇ ਅਤੇ ਖੱਤਾ ਨੰ. 47/54 ਖਸਰਾ ਨੰ. 282/1 (4-10), 3/810 ਹਿੱਸਾ, ਜੋ ਕਿ 03 ਸਰਸਾਈ ਵਾਕਿਆ ਰਾਮਗੜ੍ਹ, ਮਕਾਨ ਨੰ. 131, ਜਮ੍ਹਾਂਬੰਦੀ ਸਾਲ 2017-18, ਫਿਲੌਰ, ਤਹਿਸੀਲ ਫਿਲੌਰ ਅਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਪੂਰਬ : ਆਸ਼ਾ ਰਾਣੀ ਪਤਨੀ ਅਸ਼ੋਕ ਕੁਮਾਰ, ਪੱਛਮ : ਬਾਕੀ ਹਿੱਸਾ, ਉੱਤਰ : ਬਾਕੀ ਹਿੱਸਾ, ਦੱਖਣ : ਰਸਤਾ, ਰਹਿਣਕਾਰ : ਜੈ ਰਾਮ ਪੁੱਤਰ ਛੋਟੇ ਲਾਲ। | ਰੁਪਏ 19,62,480/- (ਉਨੀ ਲੱਖ ਬਾਹਠ ਹਜ਼ਾਰ ਚਾਰ ਸੌ ਅੱਸੀ ਰੁਪਏ ਕੇਵਲ) | ਰੁਪਏ 1,96,248/- (ਇੱਕ ਲੱਖ ਛਿਆਨਵੇਂ ਹਜ਼ਾਰ ਦੋ ਸੌ ਅਠਤਾਲੀ ਰੁਪਏ ਕੇਵਲ) |
| 3. | (1) ਮੈਸਰਜ਼ ਰਾਇਲ ਟਰੇਡਰਜ਼ (ਕਰਜ਼ਦਾਰ) ਅਤੇ (2) ਰਸ਼ਮੀ ਅਰੋੜਾ (ਗਰੰਟਰ/ਰਹਿਣਕਾਰ) ਅਤੇ (3) ਪ੍ਰਤਿਭਾ ਅਰੋੜਾ (ਗਰੰਟਰ/ਰਹਿਣਕਾਰ) ਅਤੇ (4) ਕਪਿਲ ਅਰੋੜਾ (ਗਰੰਟਰ/ਰਹਿਣਕਾਰ) | 22.08.2023 ਨੂੰ ਬਕਾਇਆ ਰਾਸ਼ੀ ਆਈ ਐੱਨ ਆਰ ਰੁਪਏ 2,05,29,937.91/- (ਦੋ ਕਰੋੜ ਪੰਜ ਲੱਖ ਉਨੱਤੀ ਹਜ਼ਾਰ ਨੌ ਸੌ ਸੈਂਤੀ ਰੁਪਏ ਅਤੇ ਇਕਾਨਵੇਂ ਪੈਸੇ ਕੇਵਲ) | ਜਾਇਦਾਦ ਮਕਾਨ ਖਾਨਾਸ਼ੁਮਾਰੀ ਨੰ. 1189 ਐੱਮ ਸੀ ਏ, 198 ਮਿੰਨ ਅਤੇ ਮੌਜੂਦਾ ਨੰ. 357/6, ਕੁੱਲ ਖੇਤਰ 59.43 ਵਰਗ ਗਜ਼ ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਵਿਖੇ ਸਥਿਤ, ਕਟੜਾ ਮਿੱਤ ਸਿੰਘ ਅੰਦਰਵਾਰ ਮਿਊਂਸਪਲ ਕਾਰਪੋਰੇਸ਼ਨ ਹੱਦਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ। ਹੱਦਾਂ : ਪੂਰਬ : ਮੇਨ ਬਜ਼ਾਰ ਚੌਕ, ਪੱਛਮ : ਹੋਰਾਂ ਦੀ ਜਾਇਦਾਦ, ਦੱਖਣ : ਦੁਕਾਨ ਨੰ. 06, ਆਸ਼ਿਆਨਾ ਅਸਟੇਟ, ਉੱਤਰ : ਬ੍ਰਿਜ ਲਾਲ, ਆਟਾ ਸ਼ਾਪ ਨੰ. 08, ਰਹਿਣਕਾਰ : ਕਪਿਲ ਅਰੋੜਾ, ਰਸ਼ਮੀ ਅਰੋੜਾ ਅਤੇ ਸ੍ਰੀਮਤੀ ਪ੍ਰਤਿਭਾ। | ਰੁਪਏ 51,44,700/- (ਇਕਵੰਜਾ ਲੱਖ ਚੁਤਾਲੀ ਹਜ਼ਾਰ ਸੱਤ ਸੌ ਰੁਪਏ ਕੇਵਲ) | ਰੁਪਏ 5,14,470/- (ਪੰਜ ਲੱਖ ਚੌਦਾਂ ਹਜ਼ਾਰ ਚਾਰ ਸੌ ਸੱਤਰ ਰੁਪਏ ਕੇਵਲ) |
| 4. | (1) ਮੈਸਰਜ਼ ਰਾਇਲ ਟਰੇਡਰਜ਼ (ਕਰਜ਼ਦਾਰ) ਅਤੇ (2) ਰਸ਼ਮੀ ਅਰੋੜਾ (ਗਰੰਟਰ/ਰਹਿਣਕਾਰ) ਅਤੇ (3) ਪ੍ਰਤਿਭਾ ਅਰੋੜਾ (ਗਰੰਟਰ/ਰਹਿਣਕਾਰ) ਅਤੇ (4) ਕਪਿਲ ਅਰੋੜਾ (ਗਰੰਟਰ/ਰਹਿਣਕਾਰ) | 22.08.2023 ਨੂੰ ਬਕਾਇਆ ਰਾਸ਼ੀ ਰੁਪਏ 2.05,29,937.91/- (ਦੋ ਕਰੋੜ ਪੰਜ ਲੱਖ ਉਨੱਤੀ ਹਜ਼ਾਰ ਨੌ ਸੌ ਸੈਂਤੀ ਰੁਪਏ ਅਤੇ ਇਕਾਨਵੇਂ ਪੈਸੇ ਕੇਵਲ) | ਜਾਇਦਾਦ ਮਕਾਨ ਪ੍ਰਾਈਵੇਟ ਨੰ. 70 ਮਿੰਨ, ਕੁੱਲ ਖੇਤਰ ਰਕਬਾ 131 ਵਰਗ ਗਜ਼, ਖਸਰਾ ਨੰ. 1363//(2-15), 1364//(0-5), 1365// (0-7) ਅਤੇ 1366//(0-4) ਸਾਰੇ ਮਿੰਨ, ਖੇਵਟ ਖਤੌਨੀ ਨੰ. 176/372, 177/373 ਅਤੇ 178/372 ਕ੍ਰਮਵਾਰ ਹੱਦਬਸਤ ਨੰ. 387, ਜਮ੍ਹਾਂਬੰਦੀ ਸਾਲ 2015-16, ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਵਿਖੇ ਸਥਿਤ ਸਰਕਲ ਨੰ. 107, ਅਬਾਦੀ ਕੋਟ ਗੰਗਾ ਸਿੰਘ ਨਿਊ ਰੋਪ ਨਗਰ, ਅੰਦਰਵਾਰ ਮਿਊਂਸਪਲ ਕਾਰਪੋਰੇਸ਼ਨ ਹੱਦਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ। ਹੱਦਾਂ : ਪੂਰਬ : ਗਲੀ 15.0 ਫੁੱਟ ਚੌੜੀ//45.0 ਫੁੱਟ, ਪੱਛਮ : ਮਕਾਨ ਨੰ. 69//48.06, ਦੱਖਣ : ਰਸਤਾ 30.00 ਫੁੱਟ ਚੌੜਾ 27.0 ਫੁੱਟ, ਉੱਤਰ : ਹੋਰਾਂ ਦਾ ਖਾਲੀ ਪਲਾਟ//23.06 ਫੁੱਟ। ਰਹਿਣਕਾਰ : ਕਪਿਲ ਅਰੋੜਾ, ਰਸ਼ਮੀ ਅਰੋੜਾ ਅਤੇ ਸ੍ਰੀਮਤੀ ਪ੍ਰਤਿਭਾ | ਰੁਪਏ 61,30,100/- (ਇਕਾਹਠ ਲੱਖ ਤੀਹ ਹਜ਼ਾਰ ਇੱਕ ਸੌ ਰੁਪਏ ਕੇਵਲ) | ਰੁਪਏ 6,13,010/- (ਛੇ ਲੱਖ ਤੇਰਾਂ ਹਜ਼ਾਰ ਦਸ ਰੁਪਏ ਕੇਵਲ) |
| 4. | (1) ਮੈਸਰਜ਼ ਰਾਇਲ ਟਰੇਡਰਜ਼ (ਕਰਜ਼ਦਾਰ) ਅਤੇ (2) ਰਸ਼ਮੀ ਅਰੋੜਾ (ਗਰੰਟਰ/ਰਹਿਣਕਾਰ) ਅਤੇ (3) ਪ੍ਰਤਿਭਾ ਅਰੋੜਾ (ਗਰੰਟਰ/ਰਹਿਣਕਾਰ) ਅਤੇ (4) ਕਪਿਲ ਅਰੋੜਾ (ਗਰੰਟਰ/ਰਹਿਣਕਾਰ) | 22.08.2023 ਨੂੰ ਬਕਾਇਆ ਰਾਸ਼ੀ ਰੁਪਏ 2,05,29,937.91/- (ਦੋ ਕਰੋੜ ਪੰਜ ਲੱਖ ਉਨੱਤੀ ਹਜ਼ਾਰ ਨੌ ਸੌ ਸੈਂਤੀ ਰੁਪਏ ਅਤੇ ਇਕਾਨਵੇਂ ਪੈਸੇ ਕੇਵਲ) | ਜਾਇਦਾਦ ਮਕਾਨ ਪ੍ਰਾਈਵੇਟ 7 ਖਾਨਾਸ਼ੁਮਾਰੀ ਨੰ. 1195/6-7, ਕੁੱਲ ਖੇਤਰ 52 ਵਰਗ ਗਜ਼ ਅਤੇ 5 ਵਰਗ ਫੁੱਟ, ਵਾਕਿਆ ਰਕਬਾ ਅੰਮ੍ਰਿਤਸਰ ਅਰਬਨ ਵਿਖੇ ਸਥਿਤ, ਅਬਾਦੀ ਕਣਕ ਮੰਡੀ, ਚੌਕ ਛੱਤੀ ਖੂਹੀ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ। ਹੱਦਾਂ : ਪੂਰਬ : ਈ ਐੱਕਸ ਜੀ ਦੁਕਾਨ, ਪੱਛਮ : ਅਰਜ਼ੀਕਾਰ ਦੀ ਦੁਕਾਨ, ਬ੍ਰਿਜ ਲਾਲ ਆਟਾ ਸ਼ਾਪ, ਉੱਤਰ : ਹੋਰਨਾਂ ਦੀ ਜਾਇਦਾਦ, ਦੱਖਣ : ਮੇਨ ਬਜ਼ਾਰ ਕਣਕ ਮੰਡੀ। ਰਹਿਣਕਾਰ : ਕਪਿਲ ਅਰੋੜਾ, ਰਸ਼ਮੀ ਅਰੋੜਾ ਅਤੇ ਸ੍ਰੀਮਤੀ ਪ੍ਰਤਿਭਾ। | ਰੁਪਏ 65,99,150/- (ਪੈਂਹਠ ਲੱਖ ਨੜਿਨਵੇਂ ਹਜ਼ਾਰ ਇੱਕ ਸੌ ਪੰਜਾਹ ਰੁਪਏ ਕੇਵਲ) | ਰੁਪਏ 6,59,915 (ਛੇ ਲੱਖ ਉਨਾਹਠ ਹਜ਼ਾਰ ਨੌ ਸੌ ਪੰਦਰਾਂ ਰੁਪਏ ਕੇਵਲ) |
| 5. | (1) ਸੋਮੀ ਪਤਨੀ ਜੋਗਿੰਦਰ ਪਾਲ (ਕਰਜ਼ਦਾਰ ਅਤੇ ਰਹਿਣਕਾਰ) ਅਤੇ (2) ਅਜੈ ਧੀਮਾਨ ਮਾਰਫਤ ਜੋਗਿੰਦਰ ਪਾਲ (ਸਹਿ-ਕਰਜ਼ਦਾਰ) | 7 ਜੂਨ 24 ਨੂੰ ਬਕਾਇਆ ਰਾਸ਼ੀ ਆਈ ਐੱਨ ਆਰ ਰੁਪਏ 32,56,474.48/- (ਬੱਤੀ ਲੱਖ ਛਪੰਜਾ ਹਜ਼ਾਰ ਚਾਰ ਸੌ ਚਹੁੱਤਰ ਰੁਪਏ ਅਤੇ ਅਠਤਾਲੀ ਪੈਸੇ ਕੇਵਲ) | ਗੈਰ-ਖੇਤੀਬਾੜੀ ਜਾਇਦਾਦ ਰਕਬਾ 4 ਮਰਲੇ 2 ਸਰਸਾਈ ਬੱਛੋਵਾਲ ਵਿਖੇ ਸਥਿਤ, ਖੱਤਾ ਨੰ. 23/25, ਖਸਰਾ ਨੰ. 9//7/2 (0-10), 9//14 (2-0), 9//17 (3-9), 9//24 (2-4), 9//26 (0-16) 9//27 (0-16) 22//4/1 (2-10), 22//4/2 (1-3) ਕਿੱਤੇ 8, ਜਮ੍ਹਾਂਬੰਦੀ ਸਾਲ 2017-18, ਹੱਦਬਸਤ ਨੰ. 137, ਪਿੰਡ ਬੱਛੋਵਾਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) ਉੱਤਰ : ਗਲੀ 63'-9", ਦੱਖਣ : ਖਾਲੀ ਪਲਾਟ 63'-9", ਪੂਰਬ : ਜੀ ਟੀ ਰੋਡ 18'-0", ਪੱਛਮ : ਖਾਲੀ ਜ਼ਮੀਨ 18'-0", ਰਹਿਣਕਾਰ : ਸੋਮੀ ਪਤਨੀ ਜੋਗਿੰਦਰ ਪਾਲ। | ਰੁਪਏ 13,56,100/- (ਤੇਰਾਂ ਲੱਖ ਛਪੰਜਾ ਹਜ਼ਾਰ ਇੱਕ ਸੌ ਰੁਪਏ ਕੇਵਲ) | ਰੁਪਏ 1,35,610/- (ਇੱਕ ਲੱਖ ਪੈਂਤੀ ਹਜ਼ਾਰ ਛੇ ਸੌ ਦਸ ਰੁਪਏ ਕੇਵਲ) |
| 6. | (1) ਮੈਸਰਜ਼ ਪੈਨਗੁਇਨ ਇੰਡਸਟ੍ਰੀਜ਼ ਰਾਹੀਂ ਇਸ ਦੇ ਮਾਲਕ ਸ਼ਿਖਾ ਜੈਨ (ਕਰਜ਼ਦਾਰ) ਅਤੇ (2) ਸ਼ਿਖਾ ਜੈਨ ਪਤਨੀ ਅਮਿਤ ਜੈਨ (ਸਹਿ-ਕਰਜ਼ਦਾਰ, ਰਹਿਣਕਾਰ) ਅਤੇ (3) ਸ੍ਰੀ ਅਮਿਤ ਜੈਨ ਪੁੱਤਰ ਹਰਜਸ ਲਾਲ ਜੈਨ (ਸਹਿ-ਕਰਜ਼ਦਾਰ ਅਤੇ ਗਰੰਟਰ) ਅਤੇ (4) ਹਰਜਸ ਲਾਲ ਜੈਨ ਪੁੱਤਰ ਗੋਪਾਲ ਦਾਸ ਜੈਨ (ਸਹਿ-ਕਰਜ਼ਦਾਰ ਅਤੇ ਰਹਿਣਕਾਰ) | 28-03-2024 ਨੂੰ ਬਕਾਇਆ ਰਾਸ਼ੀ ਰੁਪਏ 1,20,27,979.6/- (ਇੱਕ ਕਰੋੜ ਵੀਹ ਲੱਖ ਸਤਾਈ ਹਜ਼ਾਰ ਨੌ ਸੌ ਉਨਾਸੀ ਰੁਪਏ ਅਤੇ ਛੇ ਪੈਸੇ ਕੇਵਲ ) | ਜਾਇਦਾਦ ਨੰ. 01-ਗੈਰ-ਖੇਤੀਬਾੜੀ ਵਾਲੀ ਜਾਇਦਾਦ, ਜੋ ਕਿ ਮਕਾਨ-ਕਮ-ਪਲਾਟ ਨੰ. 816-1, ਜਾਇਦਾਦ ਰਕਬਾ 100 ਵਰਗ ਗਜ਼, ਖਸਰਾ ਨੰ. 53//20/1 ਖੱਤਾ ਨੰ. 213/273, ਜਮ੍ਹਾਂਬੰਦੀ ਸਾਲ 1971-72 ਭਾਈ ਰਣਧੀਰ ਸਿੰਘ ਨਗਰ ਵਿਖੇ ਸਥਿਤ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ 60' ਚੌੜੀ, ਪੱਛਮ : ਪਲਾਟ ਨੰ. 829-1, ਉੱਤਰ : ਪਲਾਟ ਨੰ. 817-1, ਦੱਖਣ : ਪਲਾਟ ਨੰ. 815-1, ਰਹਿਣਕਾਰ : ਹਰਜਸ ਲਾਲ ਜੈਨ ਪੁੱਤਰ ਗੋਪਾਲ ਦਾਸ ਜੈਨ। ਜਾਇਦਾਦ ਨੰ. 02 : ਗੈਰ-ਖੇਤੀਬਾੜੀ ਜਾਇਦਾਦ, ਜੋ ਕਿ ਜਾਇਦਾਦ ਰਕਬਾ 120 ਵਰਗ ਗਜ਼, ਖਸਰਾ ਨੰ. 1428, 1438, 1443, 1444 ਖੇਵਟ ਨੰ. 1052, 1973, 1977, 2009, ਖਤੌਨੀ ਨੰ. 1290, 2620, 2625, 2658, ਜਮ੍ਹਾਂਬੰਦੀ ਸਾਲ 2010-11 ਪਿੰਡ ਗਿੱਲ ਨੰ. 2 ਵਿਖੇ ਸਥਿਤ, ਹੱਦਬਸਤ ਨੰ. 263, ਅਬਾਦੀ ਜਸਦੇਵ ਸਿੰਘ ਨਗਰ ਨਾਲ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗਲੀ, ਪੱਛਮ : ਰਣਜੀਤ ਸਿੰਘ, ਉੱਤਰ : ਜੈਪਾਲ ਸਿੰਘ, ਕੁਲਵੰਤ ਸਿੰਘ, ਦੱਖਣ : ਹਾਕਮ ਦਾਸ ਸ਼ਰਮਾ, ਰਹਿਣਕਾਰ : ਸ਼ਿਖਾ ਜੈਨ ਪਤਨੀ ਅਮਿਤ ਜੈਨ। | ਰੁਪਏ 27,23,300/- (ਸਤਾਈ ਲੱਖ ਤੇਈ ਹਜ਼ਾਰ ਤਿੰਨ ਸੌ ਰੁਪਏ ਕੇਵਲ) | ਰੁਪਏ 2,72,330/- (ਦੋ ਲੱਖ ਬਹੱਤਰ ਹਜ਼ਾਰ ਤਿੰਨ ਸੌ ਤੀਹ ਰੁਪਏ) |

ਈ-ਨਿਲਾਮੀ ਦੀ ਮਿਤੀ ਤੇ ਸਮਾਂ : 22 ਦਸੰਬਰ 2025, ਸਵੇਰੇ 11.00 ਵਜੇ ਤੋਂ ਸ਼ਾਮ ਦੇ 2.00 ਵਜੇ ਤੱਕ ਹਰੇਕ 5 ਮਿੰਟਾਂ ਦੇ ਵਾਧਿਆਂ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ : 20 ਦਸੰਬਰ 2025 ਸ਼ਾਮ ਦੇ 5.00 ਵਜੇ ਤੱਕ
ਜਾਇਦਾਦ ਦੇ ਨਿਰੀਖਣ ਲਈ ਮਿਤੀ ਤੇ ਸਮਾਂ : 18 ਦਸੰਬਰ 2025, ਸਵੇਰੇ 11.00 ਵਜੇ ਤੋਂ ਬਾਅਦ ਦੁਪਹਿਰ 2.00 ਵਜੇ ਤੱਕ

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵਾ ਲਈ ਕ੍ਰਿਪਾ ਕਰਕੇ https://www.yesbank.in/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈਬਸਾਈਟ www.yesbank.in ਜਾਂ https://sarfaesi.auctiontiger.net. ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਪ੍ਰਾਪਤ ਕਰਨ 'ਚ ਮੁਸ਼ਕਲ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਦੇ ਨਿਰੀਖਣ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ ਸ੍ਰੀ ਅਮਿਤ ਸ਼ਰਮਾ 99964-67419 ਜਾਂ ਈ ਮੇਲ Amit.Sharma62@yesbank.in ਅਤੇ ਮੈਸਰਜ਼ ਈ-ਪ੍ਰਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ ਦਾ ਵੈੱਬ ਪੋਰਟਲ ਪਤਾ : https://sarfaesi.auctiontiger.net,Bidder support ਨੰ. +9192655-62821/18 ਅਤੇ 9978591888, 079-68136880/68136837, ਈ-ਮੇਲ :support@auctiontiger.net ਅਤੇ ramprasad@auctiontiger.net . ਸੰਪਰਕ ਵਿਅਕਤੀ : ਸ੍ਰੀ ਰਾਮ ਸ਼ਰਮਾ-99785 91888

ਐਕਟ ਦੇ ਸੈਕਸ਼ਨ 13(8) ਤਹਿਤ ਜੇਕਰ ਨਿਲਾਮੀ/ਵਿਕਰੀ ਨੋਟਿਸ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਕਿਸੇ ਵੀ ਸਮੇਂ ਸਾਡੇ ਵੱਲੋਂ ਕੁੱਲ ਬਕਾਇਆ ਸਮੇਤ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਸਹਿਣ ਕੀਤੇ ਸਾਡੇ ਵੱਲੋਂ ਸਕਿਉਰਡ ਐਸਟ ਦੀ ਵਿਕਰੀ ਤਬਾਦਲਾ ਨਹੀਂ ਕੀਤਾ ਜਾਵੇਗਾ ਅਤੇ ਸਾਡੇ ਵੱਲੋਂ ਸਕਿਉਰਡ ਐਸਟ ਦੀ ਵਿਕਰੀ ਜਾਂ ਤਬਾਦਲੇ ਲਈ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਵਿਕਰੀ ਨੋਟਿਸ

ਉਪਰੋਕਤ ਨੂੰ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸੈਕਸ਼ਨ 9 (1) ਤਹਿਤ ਦੇ ਨੋਟਿਸ ਅਤੇ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 18-11-2025, ਸਥਾਨ : ਜਲੰਧਰ ਸਹੀ/- ਅਧਿਕਾਰਤ ਅਫਸਰ

# ਹੈੱਡ ਮਾਸਟਰਾਂ ਦੇ ਪ੍ਰਿੰਸੀਪਲ ਦੀ ਤਰੱਕੀ ਲਈ ਬਣਦੇ ਕੇਸ ਤੁਰੰਤ ਮੰਗੇ ਜਾਣ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ ਦੁਆਰਾ 14 ਨਵੰਬਰ ਨੂੰ ਇੱਕ ਪੱਤਰ ਜਾਰੀ ਕਰਕੇ ਲੈਕਚਰਾਰਾਂ ਅਤੇ ਵੋਕੇਸ਼ਨਲ ਲੈਕਚਰਾਰਾਂ ਪਾਸੋਂ ਪ੍ਰਿੰਸੀਪਲ ਦੀ ਤਰੱਕੀ ਲਈ ਕੇਸ ਮੰਗੇ ਗਏ ਹਨ, ਪਰ ਇਸ ਪੱਤਰ ਰਾਹੀਂ ਸਿੱਖਿਆ ਵਿਭਾਗ ਨੇ ਹੈੱਡ ਮਾਸਟਰ ਕਾਡਰ ਤੋਂ ਕੇਸ ਨਾ ਮੰਗ ਕੇ ਇਸ ਕਾਡਰ ਨਾਲ ਇੱਕ ਤਰ੍ਹਾਂ ਨਾਲ ਵਿਤਕਰਾ ਕੀਤਾ ਗਿਆ ਹੈ।ਇਸ ਸੰਬੰਧੀ ਵਿਸਤ੍ਰਤ ਜਾਣਕਾਰੀ ਦਿੰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਨੇ ਦੱਸਿਆ ਕਿ ਲੈਕਚਰਾਰ, ਵੋਕੇਸ਼ਨਲ ਲੈਕਚਰਾਰ ਅਤੇ ਹੈੱਡ ਮਾਸਟਰ ਕਾਡਰ ਪ੍ਰਿੰਸੀਪਲ ਦੀ ਭਰਤੀ ਲਈ ਫੀਡਰ ਕਾਡਰ ਹਨ।ਪਰ ਸਿੱਖਿਆ ਵਿਭਾਗ ਵੱਲੋਂ ਜਾਰੀ ਪੱਤਰ ਵਿੱਚ ਕੇਵਲ ਲੈਕਚਰਾਰਾਂ ਅਤੇ ਵੋਕੇਸ਼ਨਲ ਲੈਕਚਰਾਰਾਂ ਤੋਂ ਹੀ ਪ੍ਰਿੰਸੀਪਲ ਦੀ ਤਰੱਕੀ ਲਈ ਕੇਸ ਮੰਗੇ ਗਏ ਹਨ।ਇਸ ਨਾਲ ਹੈੱਡ ਮਾਸਟਰ ਕਾਡਰ ਵਿੱਚ ਭਾਰੀ ਨਿਰਾਸ਼ਾ ਹੈ ਅਤੇ ਉਨ੍ਹਾਂ ਵੱਲੋਂ ਇਸ ਨੂੰ ਉਨ੍ਹਾਂ ਨਾਲ ਕੀਤੇ ਜਾ ਰਹੇ ਵਿਤਕਰਾ ਵਜੋਂ ਵੇਖਿਆ ਜਾ ਰਿਹਾ ਹੈ। ਡੀ ਟੀ ਐੱਫ ਪੰਜਾਬ ਦੇ ਮੀਤ ਪ੍ਰਧਾਨ ਰਾਜੀਵ ਬਰਨਾਲਾ, ਬੇਅੰਤ ਫੁੱਲੇਵਾਲ, ਗੁਰਪਿਆਰ ਕੋਟਲੀ, ਜਗਪਾਲ ਬੰਗੀ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਭਵਾਨੀਗੜ੍ਹ ਨੇ ਕਿਹਾ ਕਿ ਇਸ ਸਾਲ ਦੇ ਸ਼ੁਰੂ ਵਿੱਚ ਜੱਥੇਬੰਦੀ ਵੱਲੋਂ ਪੰਜਾਬ ਭਰ ਵਿੱਚ ਪ੍ਰਿੰਸੀਪਲ ਦੀਆਂ ਖਾਲੀ ਪਈਆਂ ਅਸਾਮੀਆਂ ਬਾਰੇ ਇੱਕ ਸਰਵੇਖਣ ਦੀ ਰਿਪੋਰਟ ਜਾਰੀ ਕਰਕੇ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਸੀ।ਹੁਣ ਪ੍ਰਿੰਸੀਪਲ ਦੀਆਂ ਖਾਲੀ ਅਸਾਮੀਆਂ ਨੂੰ ਜੇਕਰ ਸਿੱਖਿਆ ਵਿਭਾਗ ਪੰਜਾਬ ਭਰਨ ਜਾ ਰਿਹਾ ਹੈ ਤਾਂ ਇਸ ਦੇ ਤਿੰਨੋਂ ਫੀਡਰ ਕਾਡਰਾਂ ਤੋਂ ਤਰੱਕੀ ਲਈ ਕੇਸ ਮੰਗਣੇ ਬਣਦੇ ਸਨ।ਪਰ ਵਿਭਾਗ ਨੇ ਕੇਸ ਮੰਗਣ ਸੰਬੰਧੀ ਪੱਤਰ ਜਾਰੀ ਕਰਨ ਸਮੇਂ ਹੈੱਡ ਮਾਸਟਰ ਕਾਡਰ ਨੂੰ ਅਣਗੌਲਿਆਂ ਕਰ ਦਿੱਤਾ ਹੈ।ਆਗੂਆਂ ਨੇ ਮੰਗ ਕੀਤੀ ਕਿ ਹੈੱਡ ਮਾਸਟਰ ਕਾਡਰ ਦੀ ਸੀਨੀਆਰਤਾ ਸੂਚੀ ਨੂੰ ਰਮਸਾ ਤੋਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਤੌਰ 'ਤੇ ਮਰਜ਼ ਕੀਤੇ ਹੈਡ ਮਾਸਟਰਜ਼ ਦੀ ਸੀਨੀਅਰਤਾ ਰੈਗੂਲਰ ਹੋਣ ਦੀ ਮਿਤੀ ਤੋਂ ਫਾਈਨਲਾਈਜ ਕਰਕੇ ਹੈੱਡਮਾਸਟਰਾਂ ਦੇ ਪ੍ਰਿੰਸੀਪਲ ਦੀ ਤਰੱਕੀ ਲਈ ਬਣਦੇ ਕੇਸ ਤੁਰੰਤ ਮੰਗੇ ਜਾਣ ਤਾਂ ਜੋ ਪੰਜਾਬ ਭਰ ਵਿੱਚ ਹੁਣ ਦੀ ਸਥਿਤੀ ਅਨੁਸਾਰ ਬਿਨਾਂ ਪ੍ਰਿੰਸੀਪਲਾਂ ਦੇ ਚੱਲ ਰਹੇ ਕਰੀਬ 50 ਫ਼ੀਸਦੀ ਖਾਲੀ ਸਕੂਲਾਂ ਨੂੰ ਬਣਦੇ ਤਰੱਕੀ ਕੋਟੇ ਅਨੁਸਾਰ ਪ੍ਰਿੰਸੀਪਲ ਮਿਲ ਸਕਣ। ਆਗੂਆਂ ਨੇ ਲੈਕਚਰਾਰ ਕਾਡਰ ਦੀ ਸੀਨੀਆਰਤਾ ਸੂਚੀ ਵਿੱਚ ਵੀ ਰਹਿੰਦੀਆਂ ਤਰੁੱਟੀਆਂ ਜਲਦ ਦੂਰ ਕਰਕੇ ਪ੍ਰਿੰਸੀਪਲ ਕਾਡਰ ਲਈ ਤਰੱਕੀਆਂ ਦੀ ਸਮੁੱਚੀ ਪ੍ਰਕਿਰਿਆ ਸਮਾਂਬਧ ਮੁਕੰਮਲ ਕਰਨ ਦੀ ਮੰਗ ਕੀਤੀ ਹੈ।

# ਭਰੋਮਜਾਰਾ ਵਿਖੇ ਸੋਨੇ ਦੇ ਗਹਿਣੇ ਤੇ ਨਗਦੀ ਚੋਰੀ



**ਬੰਗਾ (ਅਵਤਾਰ ਕਲੇਰ)**

ਥਾਣਾ ਬਹਿਰਾਮ ਅਧੀਨ ਆਉਂਦੇ ਪਿੰਡ ਭਰੋਮਜਾਰਾ ਵਿਖੇ ਬੀਤੀ ਰਾਤ ਐੱਨ. ਆਰ. ਆਈ ਦੇ ਬੰਦ ਪਏ ਘਰ ਵਿੱਚੋ ਲੱਖਾਂ ਦੇ ਸੋਨੇ ਦੇ ਗਹਿਣੇ ਅਤੇ ਵਿਦੇਸ਼ੀ ਕਰੰਸੀ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵੀਨਾ ਵਰਮਾ ਪਤਨੀ ਸਵ. ਬਲਦੇਵ ਰਾਜ ਵਰਮਾ ਵਾਸੀ ਸ਼ਨੀ ਇੰਨਕਲੇਵ, ਖਰੜ ਮੋਹਾਲੀ ਦੀ ਰਹਿਣ ਵਾਲੀ ਹਾਂ ਅਤੇ ਪਿੰਡ ਭਰੋਮਜਾਰਾ, ਥਾਣਾ ਬਹਿਰਾਮ ਵਿਖੇ ਸਾਡੀ ਪਾਣੀ ਫਿਲਟਰ ਕਰਨ ਦੀ ਫੈਕਟਰੀ ਹੈ।ਸਾਡੇ ਬਿਜਨੈਸ ਪਾਰਟਨਰ ਪਰਮਜੀਤ ਸਿੰਘ ਉਰਫ ਰਾਣਾ ਪੁੱਤਰ ਕੁਲਤਾਰ ਸਿੰਘ ਵਾਸੀ ਭਰੋਮਜਾਰਾ ਹਨ ਜੋਂ ਕਿ ਇਸ ਸਮੇਂ ਕਨੇਡਾ ਵਿੱਚ ਰਹਿੰਦੇ ਹਨ ਅਤੇ ਉਨ੍ਹਾਂ ਦੇ ਘਰ ਦੀ ਜ਼ਿੰਮੇਵਾਰੀ ਮੇਰੇ ਕੋਲ ਹੀ ਹੈ।ਸਵੇਰੇ ਬਲਦੇਵ ਸਿੰਘ ਜੋ ਕਿ ਸਾਡੀ ਫੈਕਟਰੀ ਦਾ ਵਰਕਰ ਜਿਸ ਨੇ ਫੋਨ ਕਰਕੇ ਦੱਸਿਆ ਕਿ ਪਰਮਜੀਤ ਸਿੰਘ ਦੇ ਘਰ ਦੇ ਅਤੇ ਸਾਰੇ ਕਮਰਿਆਂ ਦੇ ਜ਼ਿੰਦੇ ਟੁੱਟੇ ਹੋਏ ਹਨ। ਜਦੋਂ ਮੈਂ ਪਿੰਡ ਭਰੋਮਜਾਰਾ ਪਹੁੰਚ ਕੇ ਦੇਖਿਆ ਅਤੇ ਸਮਾਨ ਚੈੱਕ ਕੀਤਾ ਤਾਂ ਘਰ ਵਿੱਚ ਮੰਦਿਰ ਬਣਿਆ ਹੋਇਆ ਸੀ, ਜਿਸ ਵਿੱਚੋਂ ਚਾਂਦੀ ਦੀ ਰਾਧਾਕ੍ਰਿਸ਼ਨ ਜੀ ਦੀ ਮੂਰਤੀ, ਪਲੇਟ, ਕੌਲੀ, ਗਲਾਸ ਗਾਇਬ ਸੀ ਅਤੇ ਬਾਸਕ ਬੈੱਡ ਵਿੱਚੋਂ ਗੋਦਰੇਜ ਦਾ ਇਲੈਕਟ੍ਰਾਨਿਕ ਲਾਕਰ ਗਾਇਬ, ਜਿਸ 'ਚ ਸੋਨੇ ਦੇ ਗਹਿਣੇ ਇੱਕ ਕੜਾ, ਇੱਕ ਬਰੈਸਲਿੱਟ, ਤਿੰਨ ਮੁੰਦਰੀਆਂ ਜੈਂਸਟ, ਇੱਕ ਮੁੰਦਰੀ ਸਟੋਨ ਵਾਲੀ, 2500 ਕਨੇਡੀਅਨ ਡਾਲਰ, 1,25000/- ਰੁਪਏ ਭਾਰਤੀ ਕਰੰਸੀ ਸੀ ਅਤੇ ਅਲਮਾਰੀ ਤੋੜ ਕੇ ਇੱਕ ਐੱਚ. ਪੀ. ਦਾ ਲੈਪਟਾਪ, ਸੈਮਸੰਗ ਗਲੈਕਸੀ ਮੋਬਾਈਲ ਫੋਨ ਚੋਰੀ ਕਰਕੇ ਚੋਰ ਫ਼ਰਾਰ ਹੋ ਗਿਆ। ਇਸ ਚੋਰੀ ਸਬੰਧੀ ਲਿਖਤੀ ਦਰਖਾਸਤ ਦਿੱਤੀ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਸੀਨੀਅਰ ਪੁਲਸ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਉਨ੍ਹਾਂ ਦੀ ਜਾਨ ਮਾਲ ਦੀ ਰਾਖੀ ਕੀਤੀ ਜਾਵੇ ਅਤੇ ਰਾਤ ਸਮੇਂ ਪੁਲਸ ਪ੍ਰਸ਼ਾਸਨ ਵਲੋਂ ਗਸ਼ਤ ਕੀਤੀ ਜਾਵੇ।

# ਬਿਜਲੀ ਵਿਭਾਗ ਦੀਆਂ ਜ਼ਮੀਨਾਂ ਵੇਚਣ ਵਿਰੁੱਧ 26 ਨੂੰ ਸੋਧ ਬਿੱਲ ਦੀਆਂ ਕਾਪੀਆਂ ਸਾੜਨ ਦਾ ਫੈਸਲਾ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਦੇ ਆਗੂਆਂ ਕ੍ਰਿਸ਼ਨ ਸਿੰਘ ਔਲਖ, ਬਲਿਹਾਰ ਸਿੰਘ ਕਟਾਰੀਆ, ਗੁਰਵਿੰਦਰ ਸਿੰਘ ਪੰਨੂ, ਜਗਰੂਪ ਸਿੰਘ, ਬਲਵਿੰਦਰ ਸਿੰਘ ਸੈਣੀ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਥੇਬੰਦੀਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੰਘਰਸ਼ ਸੱਦੇ ਨਾਲ ਤਾਲਮੇਲ ਕਰਦਿਆਂ 26 ਨਵੰਬਰ ਨੂੰ ਡਵੀਜ਼ਨ ਪੱਧਰ 'ਤੇ ਸਾਂਝੀਆਂ ਰੈਲੀਆਂ ਕਰਕੇ ਬਿਜਲੀ ਸੋਧ ਬਿੱਲ 2025 ਦੇ ਖਰੜੇ ਦੀਆਂ ਕਾਪੀਆਂ ਸਾੜਨ ਦਾ ਫੈਸਲਾ ਕੀਤਾ ਗਿਆ। ਸੰਘਰਸ਼ ਸੱਦੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ 21 ਨਵੰਬਰ ਤੇ 22 ਨਵੰਬਰ ਨੂੰ ਬਿਜਲੀ ਖੇਤਰ ਵਿੱਚ ਕੰਮ ਕਰਦੀਆਂ ਸਮੂਹ ਭਰਾਤਰੀ ਜਥੇਬੰਦੀਆਂ ਨਾਲ ਮੀਟਿੰਗਾਂ ਕਰਕੇ ਤਿਆਰੀ ਕਰਨ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਸਾਮਰਾਜੀ ਦਿਸ਼ਾਂ ਨਿਰਦੇਸ਼ਾਂ ਤਹਿਤ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਬਿਜਲੀ ਐਕਟ 2003 ਵਿੱਚ ਲਗਾਤਾਰ ਸੋਧਾਂ ਕਰਦਿਆਂ ਹੁਣ ਬਿਜਲੀ ਸੋਧ ਬਿੱਲ 2025 ਨੂੰ ਪਾਸ ਕਰਕੇ




ਬਿਜਲੀ ਖੇਤਰ ਦਾ ਮੁਕੰਮਲ ਰੂਪ ਵਿੱਚ ਨਿੱਜੀਕਰਨ ਕਰਨ ਲਈ ਕਦਮ ਚੁੱਕੇ ਜਾ ਰਹੇ ਹਨ।ਲੋਕ ਵਿਰੋਧੀ ਨਿਜੀਕਰਨ ਦੀ ਨੀਤੀ ਲਾਗੂ ਕਰਨ ਲਈ ਸਾਰੀਆਂ ਹਾਕਮ ਜਮਾਤੀ ਪਾਰਲੀਮਾਨੀ ਪਾਰਟੀਆਂ ਇਕਮੱਤ ਹਨ।ਆਗੂਆਂ ਨੇ ਸਮੂਹ ਲੜਨ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਨਿੱਜੀਕਰਨ ਦਾ ਇਹ ਸਾਮਰਾਜੀ ਹੱਲਾ ਸਾਡੇ ਸਾਰੇ ਵਰਗਾਂ ਤੇ ਸਾਂਝਾ ਹੈ, ਇਸ ਹੱਲਾ ਨੂੰ ਪਿੱਛੇ ਮੋੜਾ ਦੇਣ ਲਈ ਸਾਂਝੇ ਤੇ ਤਿੱਖੇ ਸੰਘਰਸ਼ਾਂ ਦੇ ਰਾਹ ਪੈਣਾ ਚਾਹੀਦਾ ਹੈ।

# 200 ਗ੍ਰਾਮ ਹੈਰੋਇਨ ਸਮੇਤ ਨਸ਼ਾ ਤਸਕਰ ਕਾਬੂ

**ਆਦਮਪੁਰ, (ਪਰਮਜੀਤ ਸਿੰਘ)**- ਰਵਿੰਦਰਪਾਲ ਸਿੰਘ ਮੁੱਖ ਅਫ਼ਸਰ ਥਾਣਾ ਆਦਮਪੁਰ ਦੀ ਪੁਲਸ ਪਾਰਟੀ ਵੱਲੋਂ ਇਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ 200 ਗ੍ਰਾਮ ਹੈਰੋਇਨ ਅਤੇ ਮੋਟਰਸਾਈਕਲ ਬਰਾਮਦ ਕਰਕੇ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਰਾਜੀਵ ਕੁਮਾਰ , ਉਪ ਪੁਲਸ ਕਪਤਾਨ, ਸਬ-ਡਵੀਜ਼ਨ ਆਦਮਪੁਰ ਜ਼ਿਲ੍ਹਾ ਜਲੰਧਰ ਦਿਹਾਤੀ ਨੇ ਦੱਸਿਆ ਕਿ ਦਯਾ ਚੰਦ ਸਮੇਤ ਪੁਲਸ ਪਾਰਟੀ ਨੇ ਖੁਰਦਪੁਰ ਨਹਿਰ ਦੇ ਨਾਲ ਵਾਲੀ ਸੜਕ ਨਹਿਰੀ ਰੈਸਟ ਹਾਊਸ ਆਦਮਪੁਰ ਨਾਕਾ ਲਗਾ ਕੇ ਚੈਕਿੰਗ ਕਰਦੇ ਸੀ ਤਾਂ ਅੱਗੇ ਰੈਸਟ ਹਾਊਸ ਦੇ ਵਲੋਂ ਇੱਕ ਮੋਨਾ ਵਿਆਕਤੀ ਸਾਹਿਲ ਵਾਸੀ ਪਿੰਡ ਮੁੱਧ ਖੋਖਰ ਥਾਣਾ ਲੋਪੋਕੇ ਚੋਗਾਵਾਂ ਜ਼ਿਲ੍ਹਾ ਅੰਮ੍ਰਿਤਸਰ ਮੋਟਰਸਾਈਕਲ ਪਲੈਟੀਨਾ ਤੇ ਆਇਆ ਜਿਸ ਨੂੰ ਮੌਕੇ 'ਤੇ ਕਾਬੂ ਕਰਕੇ ਜਿਸ ਦੀ ਪਹਿਨੀ ਹੋਈ ਜੈਕਟ ਰੰਗ ਕਾਲਾ ਦੀ ਸੱਜੀ ਜੇਬ ਵਿੱਚੋਂ 200 ਗ੍ਰਾਮ ਹੈਰੋਇਨ ਬਰਾਮਦ ਕੀਤੀ ।ਜਿਸ 'ਤੇ ਮੁਕੱਦਮਾ ਦਰਜ ਕਰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਅਤੇ ਉਸ ਕੋਲੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।



ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀ

# ਪਾਕਿ ਭੇਜਣ ਲਈ ਸਰਬਜੀਤ ਕੌਰ ਦੀ ਗਵਾਹੀ ਭਰਨ ਵਾਲੇ ਸਾਬਕਾ ਨੰਬਰਦਾਰ ਨੇ ਰੱਖਿਆ ਆਪਣਾ ਪੱਖ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਕਪੂਰਥਲਾ ਦੇ ਪਿੰਡ ਅਮਾਨੀਪੁਰ ਦੀ ਪਾਕਿਸਤਾਨ ਗਈ ਸਰਬਜੀਤ ਕੌਰ ਦੇ ਮਾਮਲੇ ਵਿੱਚ ਗਵਾਹੀ ਭਰਨ ਵਾਲੇ ਸਾਬਕਾ ਨੰਬਰਦਾਰ ਵੱਲੋਂ ਵੱਡੇ ਖੁਲਾਸੇ ਸਾਹਮਣੇ ਆਏ ਹਨ। ਸਾਬਕਾ ਨੰਬਰਦਾਰ ਅਰਜਨ ਸਿੰਘ ਨੇ ਕਿਹਾ ਕਿ ਸਰਬਜੀਤ ਮੇਰੇ ਕੋਲ ਫਾਰਮ ਲੈ ਕੇ ਆਈ ਸੀ, ਕਹਿੰਦੀ ਸੀ ਕਿ ਮੈਂ ਪਾਕਿਸਤਾਨ ਜਾਣਾ ਦਰਸ਼ਨ ਕਰਨ ਲਈ ਤੇ ਤੁਸੀਂ ਦਸਤਖਤ ਕਰ ਦਿਓ ਤਾਂ ਮੈਂ ਦਸਤਖਤ ਕਰ ਦਿੱਤੇ।ਨੰਬਰਦਾਰ ਨੇ ਕਿਹਾ ਕਿ ਪਿਛਲੇ ਸਾਲ ਉਹ ਸਾਡੇ ਨਾਲ ਕਰਤਾਰਪੁਰ ਵੀ ਗਈ ਸੀ।ਉਥੇ ਅਸੀਂ 3 ਘੰਟੇ ਰੁਕੇ ਸੀ, ਉਥੇ ਉਸ ਨੂੰ ਕੋਈ ਬੰਦਾ ਨਹੀਂ ਮਿਲਿਆ। ਉਸ ਕੋਲ ਪਾਸਪੋਰਟ ਵੀ ਸੀ।ਉਸ ਨੇ ਕਿਹਾ ਕਿ ਸਾਬਕਾ ਨੰਬਰਦਾਰ ਹੋਣ ਕਰਕੇ ਉਸ ਨੇ ਮੇਰੇ ਕੋਲੋਂ ਦਸਤਖਤ ਕਰਵਾਏ ਸਨ।ਉਸ ਦੀ ਕੋਈ ਮਾੜੀ ਹਰਕਤ ਵੀ ਨਹੀਂ ਦੇਖੀ ਸੀ, ਨਾ ਹੀ ਉਸ ਦਾ ਕੋਈ ਪਿੰਡ ਵਿੱਚ ਕੋਈ ਕੇਸ ਆਇਆ। ਸਾਨੂੰ ਇਸ ਬਾਰੇ ਕੁਝ ਨਹੀਂ ਪਤਾ ਸੀ ਕਿ ਇਹ ਗਲਤ ਜਨਾਨੀ ਹੈ।ਉਸ ਨੇ ਦੱਸਿਆ ਕਿ ਉਸ ਦੇ ਪਤੀ ਦੀ 40 ਸਾਲ ਪਹਿਲਾਂ ਮੌਤ ਹੋ ਚੁੱਕੀ ਸੀ।ਉਸ ਦੇ ਪਰਵਾਰ ਵਿਚ ਦੋ ਮੁੰਡੇ ਹਨ, ਜੋ ਕਿ ਵਿਆਹੇ ਹੋਏ ਹਨ ਤੇ ਉਸ ਦੀਆਂ ਪੋਤਰੀਆਂ ਵੀ ਹਨ।ਕੋਠੀ, ਟਰੈਕਟਰ-ਟਰਾਲੀ ਜ਼ਮੀਨ ਸਭ ਕੁਝ ਹੈ।ਉਸ ਨੇ ਕਿਹਾ ਕਿ ਅਸੀਂ ਤਾਂ ਉਸ ਨੂੰ ਚੰਗੇ ਪਾਸੇ ਤੋਰਿਆ ਸੀ ਕਿ ਜਾ ਕੇ ਦਰਸ਼ਨ ਕਰਕੇ ਆਵੇ। ਜਿਕਰਯੋਗ ਹੈ ਕਿ ਭਾਰਤੀ ਇਮੀਗ੍ਰੇਸ਼ਨ ਰਿਕਾਰਡਾਂ ਅਨੁਸਾਰ ਸਰਬਜੀਤ ਕੌਰ 4 ਨਵੰਬਰ ਨੂੰ ਅਟਾਰੀ ਸਰਹੱਦ ਰਾਹੀਂ 1,932 ਸ਼ਰਧਾਲੂਆਂ ਦੇ ਸਮੂਹ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਪਾਕਿਸਤਾਨ ਗਈ ਸੀ।ਹਾਲਾਂਕਿ ਇਹ ਜਾਣਕਾਰੀ ਉਦੋਂ ਸਾਹਮਣੇ ਆਈ ਜਦੋਂ ਆਖਰੀ ਜਥਾ 10 ਦਿਨਾਂ ਦੀ ਯਾਤਰਾ ਅਤੇ ਪਾਕਿਸਤਾਨ ਦੇ ਵੱਖ-ਵੱਖ ਗੁਰਦੁਆਰਿਆਂ ਦੇ ਦਰਸ਼ਨਾਂ ਤੋਂ ਬਾਅਦ ਭਾਰਤ ਪਹੁੰਚਿਆ।ਹੁਣ ਤੱਕ 1,922 ਸ਼ਰਧਾਲੂ ਆਪਣੇ ਵਤਨ ਵਾਪਸ ਪਰਤ ਚੁੱਕੇ ਹਨ ਪਰ ਸਰਬਜੀਤ ਕੌਰ ਘਰ ਵਾਪਸ ਨਹੀਂ ਆਈ।



# ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਦਰਜਨਾਂ ਪਰਵਾਰ ਅਕਾਲੀ ਦਲ 'ਚ ਸ਼ਾਮਲ : ਲੱਖੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਹੋਰ ਮਜ਼ਬੂਤ ਕਰਨ ਅਤੇ ਪਾਰਟੀ ਵਰਕਰਾਂ ਨੂੰ ਆਪਸੀ ਭੇਦਭਾਵ ਛੱਡ ਕੇ ਇੱਕ ਮੰਚ ਉੱਤੇ ਲਾਮਬੰਦ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਗਿਲਜੀਆਂ ਦੀ ਅਗਵਾਈ ਅਤੇ ਐਸ.ਓ.ਆਈ ਦੇ ਜ਼ਿਲ੍ਹਾ ਪ੍ਰਧਾਨ ਜਸ਼ਨ ਗੁਰਾਇਆ ਦੇ ਉਦਮ ਸਦਕਾ ਪਾਰਟੀ ਦਫ਼ਤਰ ਟਾਂਡਾ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਅਕਾਲੀ ਦਲ ਦੇ ਨੇਤਾ ਅਤੇ ਵਰਕਰ ਭਾਰੀ ਗਿਣਤੀ ਵਿੱਚ ਸ਼ਾਮਲ ਹੋਏ।ਸਮਾਰੋਹ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜਿਹੜੇ ਪੰਜਾਬ ਵਿੱਚ ਵਿਕਾਸ ਕਾਰਜ ਨੇਪੜੇ ਚਾੜ੍ਹੇ ਸਨ ਉਨ੍ਹਾਂ ਕਾਰਗੁਜ਼ਾਰੀਆਂ ਤੇ ਪ੍ਰਾਪਤੀਆਂ ਨੂੰ ਵੇਖਦੇ ਹੋਏ ਪੰਜਾਬ ਦੇ ਲੋਕ ਹੁਣ ਮੁੜ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜ ਕਾਲ ਵਿੱਚ ਪੰਜਾਬ ਨੂੰ ਚੜ੍ਹਦੀ ਲੀਹ ਤੋਂ ਉਤਾਰ ਦਿੱਤਾ ਹੈ ਅਤੇ ਖੁਸ਼ਹਾਲ ਪੰਜਾਬ ਨੂੰ ਬਦਹਾਲ ਕਰਕੇ ਰੱਖ ਦਿੱਤਾ ਹੈ।ਸਮਾਰੋਹ ਦੌਰਾਨ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਨੇਤਾ ਅਮਰਜੀਤ ਸਿੰਘ ਟਾਂਡਾ, ਪੂਰਨ ਸਿੰਘ, ਜਸਪਾਲ ਸਿੰਘ, ਬਿਸ਼ਨ ਦਾਸ, ਕਸ਼ਮੀਰ ਸਿੰਘ, ਸੋਡੀ ਧੁੱਗਾ ਅਤੇ ਕਾਰਤਿਕ ਆਪਣੀ ਆਪਣੀ ਪਾਰਟੀ ਨੂੰ ਅਲਵਿਦਾ ਕਹਿ ਕੇ ਆਪਣੇ ਸਾਥੀਆਂ ਸਮੇਤ ਲਖਵਿੰਦਰ ਸਿੰਘ ਲੱਖੀ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋ ਗਏ। ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਇਨ੍ਹਾਂ ਸਾਰਿਆਂ ਦਾ ਆਦਰ ਸਤਿਕਾਰ ਕਰਦੇ ਹੋਏ ਇਨ੍ਹਾਂ ਨੂੰ ਸਰੋਪੇ ਪਾ ਕੇ ਸਨਮਾਨਤ ਕੀਤਾ। ਲੱਖੀ ਨੇ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੀ ਜਨਤਾ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਰਹੀ ਹੈ ਉਸ ਨੂੰ ਵੇਖਦੇ ਹੋਏ ਇਹ ਦਾਅਵੇ ਨਾਲ ਕਿਹਾ ਜਾ ਸਕਦਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਹੀ ਸਰਕਾਰ ਬਣਾਵੇਗੀ। ਇਸ ਮੌਕੇ ਸਰਬਜੀਤ ਸਿੰਘ ਮੂਨਕਾਂ, ਕੁਲਵਿੰਦਰ ਸਿੰਘ, ਕਰਨ ਧੁੱਗਾ, ਅਮਨ, ਗੁਰਕੀਰਤ ਬਾਲੀ, ਰਾਜੂ ਖੋਸਲਾ, ਪ੍ਰਕਾਸ਼, ਕਰਨ ਦੌਲਤਪੁਰ, ਦਵਿੰਦਰ ਟਾਂਡਾ ਅਤੇ ਹੋਰ ਹਾਜ਼ਰ ਸਨ।



# ਭਰੋਮਜਾਰਾ ਵਿਖੇ ਸਾਲਾਨਾ ਸਮਾਗਮ ਅੱਜ ਤੋਂ

**ਬੰਗਾ (ਅਵਤਾਰ ਕਲੇਰ)**-ਪਿੰਡ ਭਰੋਮਜਾਰਾ ਵਿਖੇ ਸਾਲਾਨਾ ਸਮਾਗਮ 20 ਤੇ 21 ਨਵੰਬਰ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।ਇਸ ਦੋ ਰੋਜ਼ਾ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆਂ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਵੱਲੋਂ ਦੱਸਿਆ ਕਿ 20 ਨਵੰਬਰ ਦਿਨ ਵੀਰਵਾਰ ਨੂੰ ਦਰਗਾਹ ਸ਼ਰੀਫ਼ ਪੀਰ ਲੱਖ ਦਾਤਾ ਜੀ ਵਿਖੇ ਸਲਾਨਾ ਸਮਾਗਮ ਦੀ ਸ਼ੁਰੂਆਤ ਨਿਸ਼ਾਨ ਸਾਹਿਬ ਦੀ ਤੇ ਚਿਰਾਗ ਰੌਸ਼ਨ ਦੀ ਰਸਮ ਨਾਲ ਹੋਵੇਗੀ।ਉਸ ਤੋਂ ਬਾਅਦ ਪ੍ਰੇਮ ਸੋਨੂ ਪਨਾਮ ਵਾਲੇ ਕਵਾਲ ਪੇਸ਼ ਕਰਨਗੇ।21 ਨਵੰਬਰ ਦਿਨ ਸ਼ੁੱਕਰਵਾਰ ਨੂੰ ਧਾਰਮਿਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਵੱਖ ਵੱਖ ਦਰਬਾਰਾ ਤੋਂ ਸੰਤ ਮਹਾਂਪੁਰਸ਼, ਸੂਫ਼ੀ ਫ਼ਕੀਰ ਆਪਣੀ ਹਾਜ਼ਰੀ ਲਗਵਾਉਣਗੇ।ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ, ਸੰਤ ਕ੍ਰਿਸ਼ਨ ਨਾਥ ਚਹੇੜੂ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਹਰਵਿੰਦਰ ਦਾਸ ਈਸਪੁਰ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕਰਨਗੇ। ਭਾਈ ਸਤਨਾਮ ਹੁਸੈਨਪੁਰ ਵਾਲੇ ਕੀਰਤਨ ਨਾਲ ਹਾਜ਼ਰੀ ਭਰਨਗੇ ਤੇ ਅਜ਼ਾਦ ਰੰਗ ਮੰਚ ਫਗਵਾੜਾ ਕੋਰੀਓਗ੍ਰਾਫੀਆ ਪੇਸ਼ ਕਰਨਗੇ।



# ਗੁਰੂ ਤੇਗ ਬਹਾਦਰ ਦੇ ਜੀਵਨ ਤੇ ਸ਼ਹਾਦਤ ਨੂੰ ਦਰਸਾਉਂਦਾ ਲਾਈਟ ਐਂਡ ਸਾਊਂਡ ਪ੍ਰੋਗਰਾਮ ਅੱਜ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸ਼ਤਾਬਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਬਹੁਤ ਹੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ, ਜਿਸ ਦੀਆਂ ਅਗਾਓ ਤਿਆਰੀਆਂ ਕੀਤੀਆ ਜਾ ਰਹੀਆਂ ਹਨ।ਸੰਗਤਾਂ ਦੀ ਵੱਡੇ ਪੱਧਰ ਤੇ ਆਮਦ ਨੂੰ ਧਿਆਨ ਵਿਚ ਰੱਖਦੇ ਹੋਏ ਪ੍ਰਸਾਸ਼ਨ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ।ਇਹ ਜਾਣਕਾਰੀ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਅਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਮਾਗਮਾਂ ਲਈ ਵਿਆਪਕ ਪੱਧਰ 'ਤੇ ਤਿਆਰੀਆਂ ਕੀਤੀਆ ਜਾ ਰਹੀਆਂ ਹਨ ਇਨ੍ਹਾਂ ਸਮਾਗਮਾਂ ਵਿਚ ਸ਼ਰਧਾਲੂਆਂ ਦੇ ਵੱਡੀ ਗਿਣਤੀ ਵਿਚ ਪਹੁੰਚਣ ਦੀ ਸੰਭਾਵਨਾ ਹੈ।ਪ੍ਰਸਾਸ਼ਨ ਵੱਲੋਂ ਪਿਛਲੇ ਲਗਭਗ ਦੋ ਮਹੀਨੇ ਤੋਂ ਇਸ ਸਬੰਧ ਵਿਚ ਤਿਆਰੀਆਂ ਕੀਤੀਆ ਜਾ ਰਹੀਆਂ ਹਨ।ਉਨ੍ਹਾਂ ਨੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨੂੰ ਦਰਸਾਉਂਦੇ ਰੋਸ਼ਨੀ ਅਤੇ ਅਵਾਜ਼ ਦੇ ਪ੍ਰੋਗਰਾਮ 20 ਨਵੰਬਰ ਨੂੰ ਸਥਾਨਕ ਚਰਨ ਗੰਗਾ ਸਟੇਡੀਅਮ ਵਿਚ ਕਰਵਾਏ ਜਾਣਗੇ।ਗੁਰੂ ਨਗਰੀ ਵਿੱਚ 23 ਤੋਂ 25 ਨਵੰਬਰ ਤੱਕ ਲੜੀਵਾਰ ਵਿਆਪਕ ਪੱਧਰ 'ਤੇ ਧਾਰਮਿਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ।ਕੈਬਨਿਟ ਮੰਤਰੀ ਨੇ ਦੱਸਿਆ ਕਿ ਸਥਾਨਕ ਚਰਨ ਗੰਗਾ ਸਟੇਡੀਅਮ ਜਿੱਥੇ ਰੋਸ਼ਨੀ ਅਤੇ ਆਵਾਜ ਰਾਹੀ ਹਿੰਦੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸ਼ਹਾਦਤ ਨੂੰ ਦਰਸਾਇਆ ਜਾਵੇਗਾ, ਉਸ ਸਥਾਨ ਤੇ ਸਾਫ ਸਫਾਈ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ। ਸੰਗਤਾਂ ਦੀ ਸਹੂਲਤ ਲਈ ਚਰਨ ਗੰਗਾ ਸਟੇਡੀਅਮ ਦੇ ਆਲੇ ਦੁਆਲੇ ਵਾਹਨਾ ਦੀ ਪਾਰਕਿੰਗ ਲਈ ਢੁੱਕਵੀਆਂ ਥਾਵਾ ਤਿਆਰ ਕੀਤੀਆਂ ਜਾ ਰਹੀਆਂ ਹਨ।

# ਪੰਜਾਬ ਪੈਨਸ਼ਨ ਯੂਨੀਅਨ ਏਟਕ ਬ੍ਰਾਂਚ ਨੰਗਲ ਦੀ ਮੀਟਿੰਗ



**ਨੰਗਲ (ਸੁਰਜੀਤ ਸਿੰਘ)**

ਇੱਥੇ ਪੰਜਾਬ ਪੈਨਸ਼ਨ ਯੂਨੀਅਨ ਏਟਕ ਬਰਾਂਚ ਨੰਗਲ ਦੀ ਮੀਟਿੰਗ ਮਖਤਿਆਰ ਚੰਦ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਜਿਸ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ, ਕਿਸਾਨ ਮਾਰੂ ਨੀਤੀਆਂ, ਬੇਰੁਜ਼ਗਾਰੀ, ਮਹਿੰਗਾਈ ਵਿਰੋਧੀ ਨੀਤੀਆਂ ਦੀ ਸਖਤ ਆਲੋਚਨਾ ਕੀਤੀ ਗਈ।ਪੰਜਾਬ ਸਰਕਾਰ ਵੱਡੇ ਵੱਡੇ ਵਾਅਦੇ ਕਾਰਨ ਚਾਰ ਸਾਲ ਪਹਿਲਾਂ ਬਣੀ ਸਰਕਾਰ ਦੀ ਕਾਰਗੁਜ਼ਾਰੀ ਸਰਕਾਰੀ ਅਦਾਰਿਆਂ ਪ੍ਰਤੀ ਅਤੇ ਮੁਲਾਜ਼ਮਾਂ ਪ੍ਰਤੀ ਬਿਲਕੁਲ ਵਿਰੋਧੀ ਰਹੀ ਹੈ।ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਰੋਡਵੇਜ਼ ਵਿੱਚ ਨਵੀਆਂ ਬੱਸਾਂ ਪਾ ਕੇ 2407 ਬੱਸਾਂ ਦਾ ਫਲੀਟ ਪੂਰਾ ਕੀਤਾ ਜਾਵੇ ਅਤੇ ਕਿਲੋਮੀਟਰ ਸਕੀਮ ਬੱਸਾਂ ਦਾ ਟੈਂਡਰ ਰੱਦ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਕੰਟਰੈਕਟ ਵਾਲੇ ਕਾਮੇ ਪੱਕੇ ਕੀਤੇ ਜਾਣ ਅਤੇ ਆਊਟ ਸੋਰਸ ਵਾਲੇ ਕਾਮੇ ਗੌਰਮੈਂਟ ਕੰਟਰੈਕਟ ਤੇ ਲਏ ਜਾਣ।ਪੈਨਸ਼ਨਾਂ ਦਾ 2.59 ਫਾਰਮੂਲੇ ਮੁਤਾਬਕ ਪੇ ਕਮਿਸ਼ਨ ਅਤੇ ਡੀਏ ਦੀਆਂ ਪਿਛਲਾ ਪੈਂਡਿੰਗ ਕਿਸ਼ਤਾਂ ਦਾ ਬਕਾਇਆ ਅਤੇ ਡੇ ਏ ਦੀਆਂ ਕਿਸਤਾਂ ਇੱਕ ਕਿਸ਼ਤ ਵਿੱਚ ਨਗਦ ਦਿੱਤੀਆਂ ਜਾਣ। ਬੱਸਾਂ ਦਾ ਸਪੇਅਰ ਪਾਰਟ ਪੂਰਾ ਕੀਤਾ ਜਾਵੇ ਤਾਂ ਜੋ ਡੀਪੂਆਂ ਵਿੱਚ ਖੜੀਆਂ ਬੱਸਾਂ ਚਲਾਈਆਂ ਜਾ ਸਕਣ।ਸਰਕਾਰ ਵੱਲੋਂ ਆਧਾਰ ਕਾਰਡਾਂ ਦਾ ਕਰੋੜਾਂ ਰੁਪਏ ਆ ਜਲਦ ਤੋਂ ਜਲਦ ਜਾਰੀ ਕੀਤਾ ਜਾਵੇ।ਰੋਡਵੇਜ਼ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੀਟਿੰਗਾਂ ਤੋਂ ਭੱਜ ਰਹੀ ਹੈ।ਜਿਸ ਕਾਰਨ ਪੰਜਾਬ ਸਾਂਝੇ ਮੋਰਚੇ ਵੱਲੋਂ ਵੱਡੇ ਵੱਡੇ ਐਕਸ਼ਨ ਕੀਤੇ ਗਏ ਅਤੇ ਸੂਬੇ ਵੱਲੋਂ ਧੂਰੀ ਵਿਖੇ ਬਹੁਤ ਵੱਡੀ ਰੈਲੀ ਕੀਤੀ ਗਈ।ਜੇਕਰ ਸਰਕਾਰ ਨੇ ਫਿਰ ਵੀ ਮੁਲਾਜ਼ਮਾ ਮੰਗਾਂ, ਪੈਨਸ਼ਨਰਾਂ ਦੀਆਂ ਮੰਗਾਂ ਜਾਂ ਸਰਕਾਰੀ ਅਦਾਰਿਆਂ ਵੱਲ ਨਾ ਧਿਆਨ ਦਿੱਤਾ ਤਾਂ ਹੋਰ ਵੀ ਸਰਕਾਰ ਵਿਰੁੱਧ ਵੱਡੇ ਐਕਸ਼ਨ ਕੀਤੇ ਜਾਣਗੇ। ਕੈਬਨਿਟ ਮੰਤਰੀਆਂ ਦੇ ਘਰਾਂ ਦਾ ਘਰਾਓ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਏਟਕ ਦੇ ਸੁਬਾਈ ਸਕੱਤਰ ਮਹਿੰਗਾ ਰਾਮ ਐਮ ਏ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮਹਿੰਗਾ ਰਾਮ ਨੇ ਪੈਨਸ਼ਨਰਾਂ ਨੂੰ ਆ ਰਹੀਆਂ ਮੁਸਕਲਾਂ ਵਾਰੇ ਵਿਸਥਾਰ ਨਾਲ ਦੱਸਿਆ।ਮੀਟਿੰਗ ਵਿੱਚ ਰਣਜੀਤ ਸਿੰਘ ਗੁੱਸੇ ਮਾਜਰਾ, ਮੋਹਨ ਸਿੰਘ ਬਿੱਕੋ, ਸੇਵਾ ਸਿੰਘ, ਤਰਸੇਮ ਲਾਲ ਕੈਸ਼ੀਅਰ, ਗੁਰਚਰਨ ਸਿੰਘ ਟੋਹੜਾ, ਜਮੀਤ ਸਿੰਘ ਸੰਧੂ,ਸ੍ਰੀ ਗਿਆਨ ਚੰਦ, ਦਿਆ ਰਾਮ, ਵੇਦ ਬਿਆਸ, ਦੇਵਰਾਜ, ਮਹਿੰਗਾ ਸਿੰਘ, ਸੁਰਿੰਦਰ ਸਿੰਘ, ਪੂਰਨ ਚੰਦ, ਚਰਨ ਦਾਸ, ਲਖਵਿੰਦਰ ਬਾਬਾ,ਅਮਰੀਕ ਸਿੰਘ, ਰਾਮ ਪਿਆਰਾ, ਜਸਬੀਰ ਸਿੰਘ, ਬੱਗਾ ਸਿੰਘ, ਦੀਦਾਰ ਸਿੰਘ, ਸ਼ੇਰ ਸਿੰਘ, ਤੀਰਥ ਰਾਮ ਬਾਬੂ, ਬਲਵਿੰਦਰ ਸਿੰਘ ਅਤੇ ਹੋਰ ਵੀ ਭਾਰੀ ਗਿਣਤੀ ਵਿੱਚ ਰੋਡਵੇਜ ਦੇ ਸਾਥੀ ਅਤੇ ਪੈਨਸ਼ਨਰ ਸਾਥੀ ਹਾਜ਼ਰ ਸਨ।

# ਮਨਰੇਗਾ ਕਾਮਿਆਂ ਦੀ ਬੇਮਿਸਾਲ ਕਟੌਤੀ ਗਰੀਬ ਪਰਵਾਰਾਂ 'ਤੇ ਕੇਂਦਰ ਸਰਕਾਰ ਦਾ ਵੱਡਾ ਵਾਰ : ਸਿੱਧੂ

**ਮੋਹਾਲੀ, (ਗੁਰਜੀਤ ਬਿੱਲਾ)**

ਮਨਰੇਗਾ ਡੇਟਾਬੇਸ ਵਿੱਚੋਂ ਕੇਵਲ ਇੱਕ ਮਹੀਨੇ 10 ਅਕਤੂਬਰ ਤੋਂ 14 ਨਵੰਬਰ ਦਰਮਿਆਨ ਲਗਭਗ 27 ਲੱਖ ਮਜ਼ਦੂਰਾਂ ਦੇ ਨਾਂਅ ਕੱਟੇ ਜਾਣ ਦੀ ਖ਼ਬਰ ਨੂੰ ਸਾਬਕਾ ਸਿਹਤ ਮੰਤਰੀ ਬਲਬੀਰ ਸਿੱਧੂ ਨੇ ਬਹੁਤ ਹੀ ਚਿੰਤਾਜਨਕ ਦੱਸਦਿਆਂ ਇਸ ਨੂੰ ਗਰੀਬ ਮਜ਼ਦੂਰ ਵਰਗ ਨਾਲ ਕੀਤੀ ਗਈ ਸਿੱਧੀ ਨਾਇਨਸਾਫ਼ੀ ਕਰਾਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਇਹ ਕਾਰਵਾਈ ਇਕ ਗੰਭੀਰ ਪ੍ਰਸ਼ਾਸਨਿਕ ਨਾਕਾਮੀ ਅਤੇ ਮਜ਼ਦੂਰ-ਵਿਰੋਧੀ ਫੈਸਲਾ ਹੈ।ਬਲਬੀਰ ਸਿੱਧੂ ਨੇ ਦੋਸ਼ ਲਗਾਇਆ ਕਿ ਕੇਂਦਰ ਨੇ ਈ-ਕੇ ਵਾਈ ਸੀ ਦੀ ਆੜ ਲੈ ਕੇ ਕਰੋੜਾਂ ਗਰੀਬ ਕਾਮਿਆਂ ਨੂੰ ਆਪਣੇ ਕਾਨੂੰਨੀ ਹੱਕ ਤੋਂ ਵੰਚਿਤ ਕਰਨ ਦੀ ਸਾਜ਼ਿਸ਼ ਰਚੀ ਹੈ। ਲਿਬ ਟੈਕ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਜਿੱਥੇ ਪਿਛਲੇ ਛੇ ਮਹੀਨਿਆਂ ਵਿੱਚ ਕੇਵਲ 15 ਲੱਖ ਵਰਕਰ ਹੀ ਹਟੇ ਸਨ, ਉੱਥੇ ਇੱਕ ਮਹੀਨੇ ਵਿੱਚ 27 ਲੱਖ ਨਾਂਅ ਕੱਟੇ ਜਾਣਾ ਸਾਫ਼ ਦੱਸਦਾ ਹੈ ਕਿ ਇਹ ਕੋਈ ਨਿਰੰਤਰ ਤਸਦੀਕੀ ਪ੍ਰਕਿਰਿਆ ਨਹੀਂ, ਸਗੋਂ ਜਾਣਬੁੱਝ ਕੇ ਕੀਤਾ ਗਿਆ ਵੱਡੇ ਪੱਧਰ 'ਤੇ ਡੇਟਾਬੇਸ ਸਫ਼ਾਇਆ ਹੈ।ਉਨ੍ਹਾਂ ਧਿਆਨ ਦਿਵਾਇਆ ਕਿ ਜਿਹੜੇ ਰਾਜ ਜਿਵੇਂ ਆਂਧਰਾ ਪ੍ਰਦੇਸ਼, ਤਾਮਿਲਨਾਡੂ ਅਤੇ ਛੱਤੀਸਗੜ੍ਹ, ਜਿੱਥੇ ਈ-ਕੇ ਵਾਈ ਸੀ ਦਾ ਰਿਕਾਰਡ ਸਭ ਤੋਂ ਵਧੀਆ ਹੈ, ਉਥੇ ਹੀ ਸਭ ਤੋਂ ਵੱਧ ਨਾਂਅ ਕੱਟੇ ਗਏ ਹਨ। ਇਹ ਗੱਲ ਕੇਂਦਰ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਨਹੀਂ, ਸਗੋਂ ਸ਼ੱਕੀ ਤੇ ਪੱਖਪਾਤੀ ਬਣਾਉਂਦੀ ਹੈ।ਸਿੱਧੂ ਨੇ ਕਿਹਾ ਕਿ ਮਜ਼ਦੂਰ ਤਾਂ ਪਹਿਲਾਂ ਹੀ ਬਹੁਤ ਮਹਿੰਗਾਈ ਦੀ ਮਾਰ ਝੱਲ ਰਹੇ ਹਨ, ਇਹ ਉਨ੍ਹਾਂ ਦਾ ਬਹੁਤ ਵੱਡਾ ਨੁਕਸਾਨ ਹੈ, ਮਨਰੇਗਾ ਵਿੱਚ ਕੰਮ ਕਰਨ ਉਨ੍ਹਾਂ ਦੀ ਰੋਜ਼ੀ ਰੋਟੀ ਦਾ ਸਾਧਨ ਸੀ।ਸਿੱਧੂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਤੁਰੰਤ ਸਾਰੇ ਕੱਟੇ ਗਏ ਜੌਬ ਕਾਰਡਾਂ ਦੀ ਸੁਤੰਤਰ ਜਾਂਚ ਕਰਵਾਏ, ਗਲਤ ਤਰੀਕੇ ਨਾਲ ਹਟਾਏ ਨਾਂਅ ਤੁਰੰਤ ਬਹਾਲ ਕਰੇ ਅਤੇ ਈ-ਕੇ ਵਾਈ ਸੀ ਦੀ ਆੜ ਵਿੱਚ ਚੱਲ ਰਹੀ ਇਸ ਬੇਰਹਿਮ ਕਾਰਵਾਈ ਨੂੰ ਰੋਕੇ । ਉਨ੍ਹਾਂ ਕੇਂਦਰ ਦੀ ਇਸ ਦਲੀਲ ਨੂੰ ਨਕਾਰਿਆ ਕਿ ਇਹ ਨਿਰੰਤਰ ਤਸਦੀਕੀ ਪ੍ਰਕਿਰਿਆ ਦਾ ਹਿੱਸਾ ਹੈ । ਉਨ੍ਹਾਂ ਪੁੱਛਿਆ ਕਿ ਜੇ ਇਹ ਆਮ ਪ੍ਰਕਿਰਿਆ ਸੀ, ਤਾਂ ਫਿਰ ਇੱਕੋ ਮਹੀਨੇ ਵਿੱਚ 27 ਲੱਖ ਕਾਮੇ ਕਿਵੇਂ ਗ਼ਾਇਬ ਹੋ ਸਕਦੇ ਹਨ? ਇਸ ਨਾਲ ਸਾਫ਼ ਹੈ ਕਿ ਭਾਜਪਾ ਦੀ ਕੇਂਦਰ ਸਰਕਾਰ ਮਨਰੇਗਾ ਦੇ ਬਜਟ ਅਤੇ ਅਧਿਕਾਰਾਂ ਨੂੰ ਹੌਲੀ-ਹੌਲੀ ਘਟਾਉਣ ਦੀ ਯੋਜਨਾ 'ਤੇ ਕੰਮ ਕਰ ਰਿਹਾ ਹੈ।



# ਐਡਵੋਕੇਟ ਅਮਨਦੀਪ ਕੌਰ ਨੂੰ ਅਗਿਆਤ ਫੋਨ ਤੋਂ ਧਮਕੀਆਂ ਦੇਣ ਦਾ ਗੰਭੀਰ ਨੋਟਿਸ

**ਜਲੰਧਰ (ਕੇਸਰ)**

ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਸੂਬਾ ਕਮੇਟੀ ਮੈਂਬਰ ਐਡਵੋਕੇਟ ਅਮਨਦੀਪ ਕੌਰ ਨੂੰ ਅਗਿਆਤ ਫੋਨ ਤੋਂ ਧਮਕੀਆਂ ਦੇਣ (ਆਰ ਐਸ ਐਸ ਦੀ ਨਿੰਦਿਆਂ ਨਾ ਕਰਨ, ਗਾਲ੍ਹਾਂ ਕੱਢਣ, ਪਾਕਿਸਤਾਨ ਦੇ ਏਜੰਟ ਗਰਦਾਨਣ ਅਤੇ ਦੇਸ਼ ਛੱਡ ਜਾਣ ਦਾ ਫਰਮਾਨ ਸੁਣਾਉਣ) ਦਾ ਗੰਭੀਰ ਨੋਟਿਸ ਲੈਂਦਿਆਂ ਸਭਾ ਵੱਲੋਂ ਇਸ ਨੂੰ ਵਿਚਾਰ ਪ੍ਰਗਟਾਵੇ ਦੇ ਅਧਿਕਾਰ, ਔਰਤਾਂ ਦੇ ਸਵੈਮਾਣ ਉਪਰ ਹਮਲੇ ਵਜੋਂ ਲਿਆ ਹੈ ਅਤੇ ਸੰਘੀ ਗੁੰਡੀਗਰਦੀ ਕਰਾਰ ਦਿੱਤਾ ਹੈ। ਜਮਹੂਰੀ ਅਤੇ ਜਨਤਕ ਜਥੇਬੰਦੀਆਂ ਨੂੰ ਇਕੱਠੇ ਹੋ ਕੇ ਇਸ ਵਿਰੁੱਧ ਆਵਾਜ਼ ਉਠਾਉਣ ਦੀ ਅਪੀਲ ਕੀਤੀ ਹੈ। ਸਭਾ ਦੇ ਪ੍ਰਧਾਨ ਪ੍ਰੋ ਜਗਮੋਹਨ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਬਿਆਨ ਜਾਰੀ ਕਰਦਿਆ ਦੱਸਿਆ ਕਿ ਐਡਵੋਕੇਟ ਅਮਨਦੀਪ ਕੌਰ ਨੇ ਪਿਛਲੇ ਦਿਨੀਂ ਕੇਂਦਰ ਸਰਕਾਰ ਵੱਲੋਂ ਇੱਕ ਨੋਟੀਫੀਕੇਸ਼ਨ ਰਾਹੀਂ ਪੰਜਾਬ ਯੂਨਿਵਰਿਸਟੀ ਦੀ ਸੈਨੇਟ ਨੂੰ ਭੰਗ ਕਰਨ ਦੇ ਸੰਬੰਧ ਵਿੱਚ ਕੇਂਦਰ ਸਰਕਾਰ ਦੇ ਮਨਸੂਬਿਆਂ ਬਾਰੇ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਇਤਿਹਾਸ ਬਾਰੇ ਅਤੇ ਵਿਦਿਆਰਥੀ ਅੰਦੋਲਨ ਬਾਰੇ ਭਰਪੂਰ ਜਾਣਕਾਰੀ ਦਿੰਦੀਆਂ ਵੀਡੀਓ ਜਾਰੀ ਕੀਤੀਆਂ ਸਨ। ਵੀਡੀਓ ਅੰਦਰ ਦਿੱਤੀ ਜਾਣਕਾਰੀ ਪੰਜਾਬ ਯੂਨੀਵਰਸਿਟੀ ਨਾਲ ਨੇੜਿਓਂ ਜੁੜੇ ਸੰਘਰਸ਼ੀ ਵਿਦਿਆਰਥੀਆਂ ਅਤੇ ਪੰਜਾਬ ਦੇ ਲੋਕਾਂ ਲਈ ਬਹੁਤ ਅਹਿਮ ਸੀ ਜਿਹੜੀ ਕੇਂਦਰ ਦੀ ਭਾਜਪਾ ਸਰਕਾਰ ਨੂੰ ਕਿਸੇ ਤਰ੍ਹਾਂ ਵੀ ਹਜ਼ਮ ਹੋਣ ਵਾਲੀ ਨਹੀਂ । ਐਡਵੋਕੇਟ ਅਮਨਦੀਪ ਕੌਰ ਨੇ ਇਸ ਸੰਬੰਧੀ ਬਾਰ ਐਸੋਸੀਏਸ਼ਨ ਚੰਡੀਗੜ੍ਹ ਨੂੰ ਸੂਚਿਤ ਕਰਨ ਤੋਂ ਇਲਾਵਾ ਐਸ ਐਸ ਪੀ ਚੰਡੀਗੜ੍ਹ ਨੂੰ ਸ਼ਿਕਾਇਤ ਮੇਲ ਕੀਤੀ ਹੈ ਪਰ ਪੁਲਸ ਪ੍ਰਸ਼ਾਸਨ ਚੰਡੀਗੜ੍ਹ ਅਜੇ ਤੱਕ ਕਿਸੇ ਅਗਿਆਤ ਨੰਬਰ ਰਾਹੀਂ ਇਹ ਕਾਰਵਾਈ ਕਰਨ ਵਾਲੇ ਵਿਅਕਤੀ ਖਿਲਾਫ ਕੋਈ ਕਾਰਵਾਈ ਨਹੀ ਕੀਤੀ। ਜਮਹੂਰੀ ਅਧਿਕਾਰ ਸਭਾ ਚੰਡੀਗੜ੍ਹ ਪ੍ਰਸ਼ਾਸਨ ਤੋਂ ਮੰਗ ਕਰਦੀ ਹੈ ਕਿ ਪ੍ਰਸ਼ਾਸਨ ਅਜਿਹੇ ਜਮਹੂਰੀਅਤ ਵਿਰੋਧੀ ਅਨਸਰਾਂ ਖਿਲਾਫ ਤੁਰੰਤ ਕਾਰਵਾਈ ਕਰੇ। ਸੂਬਾ ਕਮੇਟੀ ਨੇ ਸਭਾ ਦੀਆਂ ਇਕਾਈਆਂ ਨੂੰ ਜਨਤਕ ਜਮਹੂਰੀ ਜਥੇਬੰਦੀਆਂ ਦੇ ਸਾਥ ਨਾਲ ਜਨਤਕ ਵਫਦ ਰਾਹੀਂ ਮੰਗ ਪੱਤਰ ਦੇ ਕੇ ਸੰਘੀ ਗੁੰਡਾਗਰਦੀ ਖਿਲਾਫ ਆਵਾਜ਼ ਉਠਾਉਣ ਦਾ ਸੱਦਾ ਦਿੱਤਾ ਹੈ।

# 350ਵਾਂ ਸ਼ਹੀਦੀ ਦਿਹਾੜਾ: ਸ਼ਰਧਾਲੂਆਂ ਦੀ ਸੁਰੱਖਿਅਤ ਆਵਾਜਾਈ ਲਈ ਸ੍ਰੀ ਅਨੰਦਪੁਰ ਸਾਹਿਬ ਨੂੰ 25 ਸੈਕਟਰਾਂ 'ਚ ਵੰਡਿਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਨੌਵੇਂ ਪਾਤਸ਼ਾਹ ਗੁਰੂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਸਬੰਧੀ ਵਿਸ਼ਾਲ ਸਮਾਗਮਾਂ ਵਾਸਤੇ ਸੁਚਾਰੂ ਅਤੇ ਸੁਰੱਖਿਅਤ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਆਪਕ ਸੁਰੱਖਿਆ, ਸਹੂਲਤ ਅਤੇ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਮੀਡੀਆ ਨੂੰ ਸੰਬੋਧਨ ਕਰਦਿਆਂ ਡੀ ਜੀ ਪੀ ਨੇ ਦੱਸਿਆ ਕਿ ਉਨ੍ਹਾਂ ਨੇ ਸਾਰੇ ਸੁਪਰਵਾਈਜ਼ਰੀ ਅਧਿਕਾਰੀਆਂ ਨੂੰ ਪੇਸ਼ੇਵਰਤਾ, ਵਚਨਬੱਧਤਾ, ਦਇਆ-ਭਾਵਨਾ ਅਤੇ ਸ਼ਰਧਾ ਦੇ ਉੱਚਤਮ ਮਿਆਰਾਂ ਨੂੰ ਯਕੀਨੀ ਬਣਾਉਂਦਿਆਂ ਆਪਣੀ ਡਿਊਟੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਡੀ ਜੀ ਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਅਤੇ ਵਿਸ਼ੇਸ਼ ਡੀ ਜੀ ਪੀ ਇੰਟੈਲੀਜੈਂਸ ਪ੍ਰਵੀਨ ਸਿਨਹਾ ਵੀ ਮੌਜੂਦ ਸਨ। 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਵਿਸ਼ਾਲ ਯਾਦਗਾਰੀ ਸਮਾਗਮਾਂ ਵਿੱਚ ਦੁਨੀਆਂ ਭਰ ਤੋਂ ਲੱਖਾਂ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਹੈ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਸੀਨੀਅਰ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ 8,000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਇੱਕ ਵੱਡੀ ਫੋਰਸ ਤਾਇਨਾਤ ਕੀਤੀ ਗਈ ਹੈ ਤਾਂ ਜੋ ਆਉਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ, ਸੁਚਾਰੂ ਆਉਣ-ਜਾਣ ਅਤੇ ਆਰਾਮਦਾਇਕ ਅਨੁਭਵ ਨੂੰ ਯਕੀਨੀ ਬਣਾਇਆ ਜਾ ਸਕੇ।ਡੀ ਜੀ ਪੀ ਨੇ ਕਿਹਾ ਕਿ ਪੂਰੇ ਖੇਤਰ ਨੂੰ ਯੋਜਨਾਬੱਧ ਢੰਗ ਨਾਲ 25 ਸੈਕਟਰਾਂ ਵਿੱਚ ਵੰਡਿਆ ਗਿਆ ਹੈ ਅਤੇ ਹਰੇਕ ਸੈਕਟਰ ਦਾ ਆਪਣਾ ਸਬ-ਕੰਟਰੋਲ ਰੂਮ ਅਤੇ ਹੈਲਪ ਡੈਸਕ ਹੈ ਤਾਂ ਜੋ ਕੁਸ਼ਲ ਪ੍ਰਬੰਧਨ ਨੂੰ ਯਕੀਨੀ ਬਣਾਇਆ ਜਾ ਸਕੇ। ਸ਼ਰਧਾਲੂਆਂ ਦੀ ਸਹੂਲਤ ਲਈ, ਵਿਆਪਕ ਟ੍ਰੈਫਿਕ ਅਤੇ ਲੌਜਿਸਟਿਕਲ ਯੋਜਨਾਵਾਂ ਬਣਾਈਆਂ ਗਈਆਂ ਹਨ ਜਿਸ ਵਿੱਚ ਸਾਰੇ ਸਥਾਨਾਂ ਅਤੇ ਟੈਂਟ ਸਿਟੀਜ਼ ਲਈ 24*7 ਸ਼ਟਲ ਸੇਵਾਵਾਂ ਸ਼ਾਮਲ ਹਨ। ਸ਼ਰਧਾਲੂਆਂ ਲਈ ਨਿਰਵਿਘਨ ਟ੍ਰੈਫਿਕ ਪ੍ਰਬੰਧਨ ਅਤੇ ਘੱਟੋ-ਘੱਟ ਪਰੇਸ਼ਾਨੀ ਲਈ ਜ਼ਿਲ੍ਹਾ ਪੁਲਸ ਨੇ ਆਈ ਆਈ ਟੀ ਰੋਪੜ ਨਾਲ ਸਾਂਝੇਦਾਰੀ ਤਹਿਤ ਸੰਗਤ ਦੇ ਮਾਰਗਦਰਸ਼ਨ ਅਤੇ ਕੁਸ਼ਲ ਟ੍ਰੈਫਿਕ ਪ੍ਰਬੰਧਨ ਲਈ ਪਾਰਕਿੰਗ ਜ਼ੋਨਾਂ ਦੀ ਰੀਅਲ-ਟਾਈਮ ਡਿਜੀਟਲ ਮੈਪਿੰਗ ਦਾ ਪ੍ਰਬੰਧ ਕੀਤਾ ਗਿਆ ਹੈ । ਇਸ ਤੋਂ ਇਲਾਵਾ ਦੇਸ਼ ਭਰ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਅਤੇ ਢੁਕਵੀਂ ਵਿਵਸਥਾ ਨੂੰ ਬਣਾਈ ਰੱਖਣ ਲਈ ਐਡਵਾਂਸਡ ਸਰਵੇਲੈਂਸ ਗਰਿੱਡ, ਆਧੁਨਿਕ ਟ੍ਰੈਫਿਕ ਪ੍ਰਬੰਧਨ ਅਤੇ ਮਜ਼ਬੂਤ ਫੀਲਡ ਨਿਗਰਾਨ ਪ੍ਰਣਾਲੀ ਪੂਰੀ ਤਰ੍ਹਾਂ ਕਾਰਜਸ਼ੀਲ ਹਨ। ਡੀ ਜੀ ਪੀ ਨੇ ਕਿਹਾ ਕਿ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਾਗਰਿਕਾਂ ਦੇ ਅਧਿਕਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਸਮਾਗਮ ਦੀ ਪਵਿੱਤਰਤਾ ਬਣਾਈ ਰੱਖਣ ਲਈ ਨਿਮਰਤਾ ਅਤੇ ਸਤਿਕਾਰ ਨਾਲ ਆਪਣੇ ਫਰਜ਼ ਨਿਭਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।



# ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵੱਲੋਂ 203ਵਾਂ ਮਾਸਿਕ ਰਾਸ਼ਨ ਵੰਡ ਸਮਾਗਮ





**ਫਗਵਾੜਾ (ਡਾ. ਰਮਨ)**

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ, ਫਗਵਾੜਾ ਵਿਖੇ 203ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਸਰਪ੍ਰਸਤ ਕੇ ਕੇ ਸਰਦਾਨਾ ਦੀ ਰਹਿਨੁਮਾਈ ਅਤੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ। ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਦੇ ਹੋਏ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਨੇ ਦੱਸਿਆ ਕਿ ਅੱਜ ਦੇ ਸਮਾਗਮ ਵਿੱਚ 100 ਲੋੜਵੰਦ ਪਰਵਾਰਾਂ ਦੀਆਂ ਔਰਤਾਂ ਨੂੰ ਫਰੀ ਰਾਸ਼ਨ ਦੀ ਵੰਡ ਕੀਤੀ ਗਈ ਹੈ। ਇਹ ਉਪਰਾਲਾ ਕਰੀਬ 18 ਸਾਲਾਂ ਤੋਂ ਜਾਰੀ ਹੈ। ਜਿਸ ਵਿੱਚ ਸਮਾਜ ਸੇਵੀ ਰਾਜਿੰਦਰ ਸਿੰਘ ਕੋਛੜ (ਖੰਡਵਾਲੇ), ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਵਿਸ਼ਵਾਮਿੱਤਰ ਸ਼ਰਮਾ, ਅਵਤਾਰ ਸਿੰਘ ਕੋਛੜ, ਰਾਜੀਵ ਕੁਮਾਰ (ਮਾਰਬਲ ਰਿਜ਼ੋਰਟ), ਐਨ.ਆਰ.ਆਈ. ਸਤਪਾਲ ਵਰਮਾ, ਰਮਨ ਨਹਿਰਾ, ਐਡਵੋਕੇਟ ਅੰਕਿਤ ਢੀਂਗਰਾ ਆਦਿ ਦਾ ਅਹਿਮ ਯੋਗਦਾਨ ਪ੍ਰਾਪਤ ਹੁੰਦਾ ਹੈ। ਉਨ੍ਹਾਂ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ।ਇਸ ਮੌਕੇ ਤਾਰਾ ਚੰਦ ਚੁੰਬਰ, ਰਮਨ ਨਹਿਰਾ, ਮੋਹਨ ਲਾਲ ਤਨੇਜਾ, ਰਮੇਸ਼ ਗਾਬਾ, ਕ੍ਰਿਸ਼ਨ ਕੁਮਾਰ ਆਦਿ ਹਾਜ਼ਰ ਸਨ।

# ਸਿੱਖਿਆ ਬੋਰਡ ਵੱਲੋਂ ਕੰਪਿਊਟਰ ਸਾਇੰਸ ਨੂੰ ਪੜ੍ਹਾਉਣ ਤੇ ਮੁਲਾਂਕਣ 'ਚ ਸੁਧਾਰ ਕਰਨ ਦਾ ਨਿਰਣਾ

**ਮੋਹਾਲੀ (ਗੁਰਜੀਤ ਬਿੱਲਾ)**-ਅਜੋਕੇ ਸਮਾਜ ਵਿੱਚ ਕੰਪਿਊਟਰ ਅਤੇ ਡਿਜੀਟਲ ਸਾਖਰਤਾ ਦੀ ਵਧਦੀ ਮਹੱਤਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਕੰਪਿਊਟਰ ਸਾਇੰਸ ਵਿਸ਼ੇ ਨੂੰ ਪੜ੍ਹਾਉਣ ਅਤੇ ਮੁਲਾਂਕਣ ਵਿੱਚ ਮਹੱਤਵਪੂਰਨ ਸੁਧਾਰ ਕਰਨ ਦਾ ਨਿਰਣਾ ਲਿਆ ਗਿਆ ਹੈ। ਇਹ ਫੈਸਲਾ ਚੇਅਰਮੈਨ ਡਾ. ਅਮਰਪਾਲ ਸਿੰਘ, ਆਈ.ਏ.ਐਸ. (ਰਿਟਾ.) ਦੀ ਅਗਵਾਈ ਹੇਠ ਅਕਾਦਮਿਕ ਕੌਂਸਲ ਦੀ ਮੀਟਿੰਗ ਵਿੱਚ ਲਿਆ ਗਿਆ। ਹਾਲਾਂਕਿ ਕੰਪਿਊਟਰ ਸਾਇੰਸ ਦਾ ਵਿਸ਼ਾ ਕਲਾਸ 6ਵੀਂ ਤੋਂ ਪਹਿਲਾਂ ਹੀ ਲਾਜ਼ਮੀ ਤੌਰ 'ਤੇ ਪੜ੍ਹਾਇਆ ਜਾ ਰਿਹਾ ਹੈ, ਪਰੰਤੂ ਇਹ ਸਿਰਫ਼ ਗ੍ਰੇਡਿੰਗ ਵਾਲਾ ਵਿਸ਼ਾ ਹੀ ਰਿਹਾ ਹੈ, ਇਸ ਵਿਸ਼ੇ ਦੇ ਨੰਬਰ ਵਿਦਿਆਰਥੀ ਦੇ ਸਮੁੱਚੇ ਅਕਾਦਮਿਕ ਪ੍ਰਦਰਸ਼ਨ ਨੂੰ ਮੁਕੰਮਲ ਰੂਪ ਵਿੱਚ ਪ੍ਰਤੀਬਿੰਬਤ ਨਹੀਂ ਕਰਦੇ ਸਨ।ਕੰਪਿਊਟਰ ਸਾਇੰਸ ਵਿਸ਼ੇ ਦੇ ਕਲਾਸ 10ਵੀਂ ਅਤੇ 12ਵੀਂ ਲਈ ਪ੍ਰਸ਼ਨ ਪੱਤਰ ਤਿਆਰ ਕਰਨਾ ਅਤੇ ਮੁਲਾਂਕਣ ਹੁਣ ਬੋਰਡ ਦੁਆਰਾ ਖੁਦ ਹੀ ਕੀਤਾ ਜਾਵੇਗਾ, ਜਦੋਂ ਕਿ ਪਹਿਲਾਂ ਇਹ ਸਕੂਲ ਪੱਧਰ 'ਤੇ ਕੀਤਾ ਜਾਂਦਾ ਸੀ। ਹੁਣ ਪ੍ਰੈਕਟੀਕਲ ਪ੍ਰੀਖਿਆ ਬਾਹਰੀ ਪ੍ਰੀਖਿਅਕਾਂ ਦੁਆਰਾ ਲਈ ਜਾਵੇਗੀ ਤਾਂ ਜੋ ਇਮਤਿਹਾਨ ਲੈਣ ਦੇ ਅਸਲ ਉਦੇਸ਼ ਨੂੰ ਸੁਨਿਸਚਿਤ ਕੀਤਾ ਜਾ ਸਕੇ ਅਤੇ ਮੁਲਾਂਕਣ ਦੇ ਉੱਚ ਮਿਆਰ ਨੂੰ ਵੀ ਕਾਇਮ ਰੱਖਿਆ ਜਾ ਸਕੇ। ਕੰਪਿਊਟਰ ਸਾਇੰਸ ਵਿਸ਼ੇ ਦੇ ਮੁਲਾਂਕਣ ਵਿੱਚ ਤਬਦੀਲੀ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਦੋਨਾਂ ਦਾ ਧਿਆਨ ਡਿਜੀਟਲਾਈਜ਼ੇਸ਼ਨ ਦੇ ਉਪਯੋਗ ਵੱਲ ਕੇਂਦਰਿਤ ਕਰਨਾ ਹੈ।

# ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਯੰਤੀ ਮੌਕੇ ਹੁਸ਼ਿਆਰਪੁਰ 'ਚ ਕੱਢਿਆ ਜਾਵੇਗਾ ਪੈਦਲ ਮਾਰਚ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਹੁਸ਼ਿਆਰਪੁਰ ਦਿਹਾਤੀ ਜ਼ਿਲ੍ਹੇ ਦੇ ਭਾਜਪਾ ਪ੍ਰਧਾਨ ਅਜੈ ਕੌਸ਼ਲ ਸੇਠੂ, ਹੁਸ਼ਿਆਰਪੁਰ ਸ਼ਹਿਰੀ ਦੇ ਭਾਜਪਾ ਪ੍ਰਧਾਨ ਜਸਵਿੰਦਰ ਸਿੰਘ, ਹੁਸ਼ਿਆਰਪੁਰ ਸ਼ਹਿਰੀ ਦੇ ਪ੍ਰਧਾਨ ਨਿਪੁੰਨ ਸ਼ਰਮਾ, ਰਘੂਨਾਥ ਸਿੰਘ ਅਤੇ ਵਿਸ਼ੇਸ਼ ਮਹਿਮਾਨ ਸਾਬਕਾ ਐੱਮ ਪੀ ਅਵਿਨਾਸ਼ ਰਾਏ ਖੰਨਾ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਯੰਤੀ ਮੌਕੇ ਜ਼ਿਲ੍ਹੇ ਵਿੱਚ 31 ਅਕਤੂਬਰ ਤੋਂ 25 ਨਵੰਬਰ ਤੱਕ ਦੋ ਪੈਦਲ ਮਾਰਚ ਕੱਢੇ ਜਾਣਗੇ, ਜੋ ਨੌਜਵਾਨਾਂ ਨੂੰ ਸਰਦਾਰ ਪਟੇਲ ਦੀ ਏਕਤਾ ਦੇਸ਼ ਭਗਤੀ ਅਤੇ ਵਿਰਾਸਤ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕਰਨਗੇ।ਇਸ ਮੌਕੇ ਜ਼ਿਲ੍ਹਾ ਯੂਥ ਅਫਸਰ ਸੰਦੀਪ ਕੌਰ ਅਤੇ ਕਲਾਕਾਰ ਨਿਰਦੇਸ਼ਕ ਅਸ਼ੋਕਪੁਰੀ ਨੇ ਦੱਸਿਆ ਕਿ ਇਹ ਪਹਿਲ ਯੁਵਾ ਮਾਮਲਿਆਂ ਦੇ ਮੰਤਰਾਲੇ ਅਧੀਨ ਮੇਰਾ ਯੁਵਾ ਭਾਰਤ ਦੁਆਰਾ ਨੌਜਵਾਨਾਂ ਚ ਰਾਸ਼ਟਰੀ ਏਕਤਾ, ਦੇਸ਼ ਭਗਤੀ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜਬੂਤ ਕਰਨ ਦੇ ਉਦੇਸ਼ ਨਾਲ ਕੀਤੀ ਜਾ ਰਹੀ ਹੈ ਅਤੇ ਇਸ ਵਿੱਚ 31 ਅਕਤੂਬਰ ਤੋਂ 25 ਨਵੰਬਰ ਤੱਕ ਜ਼ਿਲ੍ਹੇ ਵਿੱਚ ਪੈਦਲ ਯਾਤਰਾ ਕੀਤੀਆਂ ਜਾਣਗੀਆਂ।ਇਸ ਮੌਕੇ ਜਦੋਂ ਪੱਤਰਕਾਰਾਂ ਨੇ ਹੁਸ਼ਿਆਰਪੁਰ ਦਿਹਾਤੀ ਜ਼ਿਲ੍ਹੇ ਦੇ ਬੀਜੇਪੀ ਪ੍ਰਧਾਨ ਅਜੈ ਕੌਸ਼ਲ ਸੇਠੂ, ਹੁਸ਼ਿਆਰਪੁਰ ਸ਼ਹਿਰੀ ਦੇ ਬੀਜੇਪੀ ਪ੍ਰਧਾਨ ਜਸਵਿੰਦਰ ਸਿੰਘ, ਹੁਸ਼ਿਆਰਪੁਰ ਸ਼ਹਿਰੀ ਦੇ ਪ੍ਰਧਾਨ ਨਿਪੁੰਨ ਸ਼ਰਮਾ ਨੂੰ ਪੁੱਛਿਆ ਕਿ ਪ੍ਰਧਾਨ ਮੰਤਰੀ ਮੋਦੀ ਵੱਲੋਂ ਹਰ ਸਾਲ ਦੋ ਕਰੋੜ ਸਰਕਾਰੀ ਨੌਕਰੀਆਂ ਅਤੇ ਵਧੀਆ ਸਿੱਖਿਆ ਨੌਜਵਾਨਾਂ ਨੂੰ ਨਾ ਦੇਣ ਕਰਕੇ ਕੁਰਾਹੇ ਪਈ ਨੌਜਵਾਨੀ ਨੂੰ ਆਜ਼ਾਦੀ ਘੁਲਾਟੀਆਂ ਦੇ ਜਨਮ ਦਿਨਾਂ ਤੇ ਯਾਤਰਾਵਾਂ ਕੱਢ ਕੇ ਕਿਵੇਂ ਭਾਰਤ ਨੂੰ ਇੱਕ ਰੱਖ ਸਕਦੇ ਹਾਂ, ਜਿਸ ਦਾ ਉਹ ਕੋਈ ਠੋਸ ਜਵਾਬ ਨਾ ਦੇ ਸਕੇ ਸਗੋਂ ਟਾਲਣ ਦੀ ਕੋਸ਼ਿਸ਼ ਕੀਤੀ।

# ਪੇਂਡੂ ਮਜ਼ਦੂਰ ਯੂਨੀਅਨ ਇਲਾਕਾ ਸ਼ਾਹਕੋਟ ਲੋਹੀਆਂ ਦੀ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪੇਂਡੂ ਮਜ਼ਦੂਰ ਯੂਨੀਅਨ ਇਲਾਕਾ ਸ਼ਾਹਕੋਟ ਲੋਹੀਆਂ ਦੀ ਮੀਟਿੰਗ ਸ਼ਾਹਕੋਟ ਵਿਖੇ ਗੁਰਬਖਸ਼ ਕੌਰ ਸਾਦਿਕਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ । ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਸਾਥੀ ਜੀ ਐਸ ਅਟਵਾਲ ਨੇ ਦੱਸਿਆ ਕਿ ਸ਼ਾਹਕੋਟ ਲੋਹੀਆਂ ਦਾ ਅਜਲਾਸ 26 ਨਵੰਬਰ ਨੂੰ ਸ਼ਾਹਕੋਟ ਦੇ ਬੱਗਾ ਪਿੰਡ ਵਿੱਚ ਕੀਤਾ ਜਾਵੇਗਾ। ਸ਼ਾਹਕੋਟ ਲੋਹੀਆਂ ਦੇ ਪਿੰਡਾਂ ਵਿੱਚ ਮਜ਼ਦੂਰਾਂ ਦੀ ਮੈਂਬਰਸ਼ਿਪ ਸਰਗਰਮੀ ਨਾਲ ਕੀਤੀ ਜਾ ਰਹੀ ਹੈ। ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਹੰਸ ਰਾਜ ਪੱਬਵਾਂ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨਾਂ ਕਿਹਾ ਕਿ ਜਿੰਨਾ ਚਿਰ ਗਰੀਬ ਅਮੀਰ ਦਾ ਪਾੜਾ ਖਤਮ ਨਹੀਂ ਹੁੰਦਾ, ਗੁਰੂ ਰਵਿਦਾਸ ਵਾਲਾ ਧਰਤੀ 'ਤੇ ਬੇਗਮਪੁਰਾ ਵਸਾਇਆ ਨਹੀਂ ਜਾਂਦਾ, ਲੁੱਟ ਖਸੁੱਟ ਰਹਿਤ ਸਮਾਜ ਸਿਰਜਿਆ ਨਹੀਂ ਜਾਂਦਾ, ਓਨਾ ਚਿਰ ਸੰਘਰਸ਼ ਜਾਰੀ ਰਹੇਗਾ। ਇਸ ਦੇ ਨਾਲ ਨਾਲ ਲੁੱਟੇ ਪੁੱਟੇ ਜਾ ਰਹੇ ਬੇਜ਼ਮੀਨੇ ਮਜਦੂਰਾਂ ਨੂੰ ਜਥੇਬੰਦ ਕੀਤਾ ਜਾਵੇਗਾ। ਮਜ਼ਦੂਰ ਜਥੇਬੰਦੀ, ਮਜ਼ਦੂਰਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਲਈ, ਲਾਲ ਲਕੀਰ ਵਾਲੇ ਘਰਾਂ ਦੀਆਂ ਫਰੀ ਰਾਜਿਸਟਰੀਆਂ ਸਰਕਾਰ ਤੋਂ ਬਣਾਈਆਂ ਜਾਣਗੀਆਂ, ਮਜਦੂਰਾਂ ਦੇ ਸਰਕਾਰ ਤੋਂ ਸਰਕਾਰੀ ਤੇ ਗੈਰ ਸਰਕਾਰੀ ਕਰਜੇ ਮੁਆਫ ਕਰਾਏ ਜਾਣਗੇ, ਮਜ਼ਦੂਰ ਦੀ ਦਿਹਾੜੀ 700 ਰੁਪਏ ਕੀਤੀ ਜਾਵੇ, ਸਮਾਜਿਕ ਵਿਤਕਰਾ ਅਤੇ ਮਾਨ ਸਨਮਾਨ ਵਾਲੀ ਜ਼ਿੰਦਗੀ ਜਿਊਣ ਆਦਿ ਮੰਗਾਂ ਨੂੰ ਅਮਲ ਵਿੱਚ ਲਾਗੂ ਕਰਾਉਣ ਲਈ ਜ਼ਦੂਰਾਂ ਨੂੰ ਲਾਮਬੰਦ ਕਰਕੇ , ਪੰਜਾਬ ਅਤੇ ਕੇਂਦਰ ਸਰਕਾਰ ਦੇ ਖਿਲਾਫ ਸੰਘਰਸ਼ ਵਿੱਢਿਆ ਜਾਵੇਗਾ। ਪੰਜ ਪੰਜ ਮਰਲੇ ਦੇ ਪਲਾਟ ਅਤੇ ਮਕਾਨ ਉਸਾਰੀ ਲਈ ਪੰਜ ਲੱਖ ਦੀ ਗਰਾਂਟ ਵੀ ਮਜ਼ਦੂਰ ਜਥੇਬੰਦੀ ਦੀ ਮੁੱਖ ਮੰਗ ਹੈ।

# ਅਨੀਤਾ-ਸ਼ਬਦੀਸ਼ ਇੰਗਲੈਂਡ ਤੇ ਅਮਰੀਕਾ 'ਚ ਦਸ ਸ਼ੋਅ ਕਰਕੇ ਵਾਪਸ ਪਰਤੇ

**ਮੋਹਾਲੀ (ਗੁਰਜੀਤ ਬਿੱਲਾ)**

ਸੁਚੇਤਕ ਰੰਗਮੰਚ ਮੋਹਾਲੀ ਦੀ ਨਿਰਦੇਸ਼ਕ ਅਨੀਤਾ ਸ਼ਬਦੀਸ਼ ਆਪਣਾ ਨਵਾਂ ਸੋਲੋ ਨਾਟਕ 'ਖਿੜਦੇ ਰਹਿਣ ਗੁਲਾਬ' ਇੰਗਲੈਂਡ ਤੇ ਅਮਰੀਕਾ 'ਚ ਕਰਕੇ ਦੇਸ਼ ਪਰਤੇ ਹਨ। ਇਹ ਨਾਟਕ ਗ਼ਦਰ ਲਹਿਰ ਦੀ ਨਾਇਕਾ ਗੁਲਾਬ ਕੌਰ ਦੇ ਦਿਹਾਂਤ ਦੇ ਸ਼ਤਾਬਦੀ ਸਾਲ ਨੂੰ ਸਮਰਪਤ ਸੀ। ਉਹ ਆਪਣੇ ਪਤੀ ਮਾਨ ਸਿੰਘ ਨਾਲ ਭਾਰਤ ਤੋਂ ਅਮਰੀਕਾ ਜਾਣ ਲਈ ਮਨੀਲਾ ਜਾਂਦੀ ਹੈ, ਕਿਉਂਕਿ ਉਹਨੀਂ ਦਿਨੀਂ ਕੁਝ ਸਮਾਂ ਮਨੀਲਾ ਜਾਂ ਕਿਸੇ ਹੋਰ ਟਾਪੂ 'ਤੇ ਰੁਕਣ ਤੋਂ ਬਾਅਦ ਹੀ ਅਮਰੀਕਾ ਵਿੱਚ ਦਾਖ਼ਲ ਹੋਣ ਦੀ ਆਗਿਆ ਮਿਲਦੀ ਸੀ। ਉਹ ਦੋਵੇਂ ਅਮਰੀਕਾ ਜਾਣ ਦੀ ਤਿਆਰੀ ਵਿੱਚ ਹੀ ਸਨ, ਜਦੋਂ ਗ਼ਦਰ ਪਾਰਟੀ ਨੇ ਅੰਗਰੇਜ਼ੀ ਹਕੂਮਤ ਦੇ ਖ਼ਾਤਮੇ ਲਈ ਹਥਿਆਰਬੰਦ ਵਿਦਰੋਹ ਦਾ ਸੱਦਾ ਦੇ ਦਿੱਤਾ। ਇਸ ਬਗ਼ਾਵਤ ਵਿੱਚ ਸ਼ਮੂਲੀਅਤ ਲਈ ਮਾਨ ਸਿੰਘ ਤੇ ਗੁਲਾਬ ਕੌਰ ਨੇ ਵੀ ਆਪਣੇ ਨਾਂ ਲਿਖਵਾ ਦਿੱਤੇ ਸਨ, ਪਰ ਜਦੋਂ ਅਮਰੀਕਾ ਤੋਂ ਆ ਰਿਹਾ ਸਮੁੰਦਰੀ ਜਹਾਜ਼ ਮਨੀਲਾ ਦੀ ਬੰਦਰਗਾਹ 'ਤੇ ਆਇਆ ਤਾਂ ਪਤੀ ਨੇ ਦੇਸ਼ ਆਉਣ ਤੋਂ ਇਨਕਾਰ ਕਰ ਦਿੱਤਾ ਅਤੇ ਉਸ ਨੂੰ ਵੀ ਰੋਕਿਆ, ਪਰ ਉਹ ਗੁਰੂ-ਘਰ ਵਿੱਚ ਕੀਤੇ ਪ੍ਰਣ ਦੀ ਪਾਲਣਾ ਕਰਨ ਲਈ ਦੇਸ਼ ਆ ਗਈ ਅਤੇ ਗ਼ਦਰ ਲਹਿਰ ਵਿੱਚ ਸਰਗਰਮ ਭੂਮਿਕਾ ਅਦਾ ਕੀਤੀ। ਉਸ ਦੇ ਜੀਵਨ-ਸੰਘਰਸ਼ ਨੂੰ ਪੇਸ਼ ਕਰਦਾ ਨਾਟਕ ਹੀ ਅਨੀਤਾ ਸ਼ਬਦੀਸ਼ ਵੱਲੋਂ ਇੰਗਲੈਂਡ ਤੇ ਅਮਰੀਕਾ ਦੇ ਦਸ ਥਾਵਾਂ 'ਤੇ ਖੇਡ ਕੇ ਆਏ ਹਨ, ਜਿਸ ਦੀ ਸਕ੍ਰਿਪਟ ਸ਼ਬਦੀਸ਼ ਨੇ ਤਿਆਰ ਕੀਤੀ ਹੈ। ਅਨੀਤਾ ਸ਼ਬਦੀਸ਼ ਨੇ ਦੱਸਿਆ ਕਿ ਉਹ ਪਹਿਲਾਂ ਇੰਗਲੈਂਡ ਅਤੇ ਉਥੋਂ ਹੀ ਅਮਰੀਕਾ ਗਈ ਸੀ ਅਤੇ ਦੋਵਾਂ ਮੁਲਕਾਂ ਵਿੱਚ ਦਸ ਸ਼ੋਅ ਕਰਨ ਬਾਅਦ ਦੇਸ਼ ਪਰਤੀ ਹੈ। ਇਹ ਸ਼ੋਅ ਇੰਗਲੈਂਡ ਦੇ ਸਾਊਥਹਾਲ, ਈਰਥ ਕੈਂਟ, ਲੈਸਟਰ, ਬਰਮਿੰਘਮ, ਲਾਮਿੰਗਟਨ ਵਿੱਚ ਹੋਏ ਹਨ। ਇਹ ਵੀ ਦੱਸਿਆ ਕਿ ਬਰਮਿੰਘਮ ਵਿੱਚ 'ਚਿੜੀ ਦੀ ਅੰਬਰ ਵੱਲ ਉਡਾਣ' ਨਾਟਕ ਦਾ ਸ਼ੋਅ ਵੀ ਔਰਤਾਂ ਦੇ ਪ੍ਰੋਗਰਾਮ ਵਿੱਚ ਖ਼ਾਸ ਮੰਗ 'ਤੇ ਕੀਤਾ ਗਿਆ। ਅਮਰੀਕਾ ਦੇ ਕੈਲੇਫੋਰਨੀਆ ਸਟੇਟ ਦੇ ਯੂਬਾਸਿਟੀ, ਕੌਂਕਰਡ, ਯੂਨੀਅਨ ਸਿਟੀ, ਫਰਿਜ਼ਨੋ ਸ਼ਹਿਰਾਂ ਵਿੱਚ 'ਖਿੜਦੇ ਰਹਿਣ ਗੁਲਾਬ' ਨਾਟਕ ਦੇ ਸ਼ੋਅ ਕੀਤੇ ਗਏ। ਇੱਥੇ ਪਹਿਲਾ ਸ਼ੋਅ ਅਮਰੀਕਾ ਵਿੱਚ ਮਨਾਏ ਜਾਂਦੇ 'ਮੇਲਾ ਗ਼ਦਰੀ ਬਾਬਿਆਂ ਦਾ' ਦੇ ਅਵਸਰ 'ਤੇ ਕੀਤਾ ਗਿਆ ਸੀ। ਅਨੀਤਾ ਸ਼ਬਦੀਸ਼ ਨੇ ਦੱਸਿਆ ਕਿ ਦੋਵਾਂ ਮੁਲਕਾਂ ਵਿੱਚ ਹੋਰ ਸ਼ੋਅ ਹੋ ਸਕਦੇ ਸਨ। ਇੰਗਲੈਂਡ ਵਿਚਲੇ ਸ਼ੋਅ ਅਮਰੀਕਾ ਵਿੱਚ ਪਹਿਲਾਂ ਤੋਂ ਹੀ ਤੈਅ ਪ੍ਰੋਗਰਾਮ ਕਾਰਨ ਮੁਲਤਵੀ ਕਰਨੇ ਪਏ, ਜਦਕਿ ਅਮਰੀਕਾ ਦੇ ਕੁਝ ਹੋਰ ਸ਼ੋਅ 'ਗੁਰਸ਼ਰਨ ਸਿੰਘ ਨਾਟ ਉਤਸਵ' ਉਲੀਕੇ ਜਾਣ ਕਾਰਨ ਮੁਲਤਵੀ ਕਰਨੇ ਪਏ ਹਨ, ਜੋ 7 ਦਸੰਬਰ ਤੋਂ 11 ਦਸੰਬਰ ਤੱਕ ਪੰਜਾਬ ਕਲਾ ਭਵਨ ਚੰਡੀਗੜ੍ਹ ਵਿੱਚ ਹੋਣ ਜਾ ਰਿਹਾ ਹੈ। ਅਨੀਤਾ ਸ਼ਬਦੀਸ਼ ਨੇ ਦੱਸਿਆ ਕਿ ਬਹੁਤੇ ਲੋਕ ਗ਼ਦਰ ਲਹਿਰ ਦੀ ਮਹਾਨ ਨਾਇਕਾਂ ਗੁਲਾਬ ਕੌਰ ਨੂੰ ਪਹਿਲੀ ਵਾਰ ਨਾਟਕ ਰਾਹੀਂ ਹੀ ਜਾਣ ਰਹੇ ਸਨ।

20-Nov-PAGE-9.qxd 11/19/2025 10:48 PM Page 1



# ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਫੂਕੀਆਂ ਕਾਪੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਦੇ ਸੱਦੇ 'ਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਸਕੂਲਾਂ ਅਤੇ ਦਫ਼ਤਰਾਂ ਵਿੱਚ ਪੁਰਾਣੀ ਪੈਨਸ਼ਨ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਦੀ



ਅਗਵਾਈ ਹੇਠ ਫੂਕੀਆਂ ਗਈਆਂ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੌਰਮਿੰਟ ਟੀਚਰਜ਼ ਯੂਨੀਅਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਕਿਹਾ ਕਿ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਮੁੱਖ ਮੰਤਰੀ ਪੰਜਾਬ ਨੇ ਲਾਈਵ ਹੋ ਕੇ ਕੀਤਾ ਸੀ ਅਤੇ ਕਿਹਾ ਸੀ ਕਿ ਅਸੀਂ ਪੁਰਾਣੀ ਪੈਨਸ਼ਨ ਬਹਾਲ ਕਰਨ ਜਾ ਰਹੇ ਹਾਂ, ਜਿਸ ਦੀ ਐਸ.ਓ.ਪੀ ਬਾਅਦ ਵਿੱਚ ਜਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਿਤਮਜ਼ਰੀਫੀ ਇਹ ਹੈ ਕਿ ਤਿੰਨ ਸਾਲ ਬੀਤ ਜਾਣ ਦੇ ਬਾਅਦ ਵੀ ਪੁਰਾਣੀ ਪੈਨਸ਼ਨ ਦੀ ਐਸ.ਓ.ਪੀ ਜਾਰੀ ਨਹੀਂ ਕੀਤੀ ਗਈ, ਜੋ ਕਿ ਮੁਲਾਜ਼ਮਾਂ ਨਾਲ ਬਹੁਤ ਵੱਡਾ ਧੋਖਾ ਹੈ। ਉਹਨਾਂ ਕਿਹਾ ਕਿ ਸਰਕਾਰ ਆਪਣੇ ਵਾਅਦੇ ਤੋਂ ਭੱਜ ਰਹੀ ਹੈ ਕਿ ਪੰਜਾਬ ਸਰਕਾਰ ਜੋ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਉਣ ਜਾ ਰਹੀ ਹੈ, ਉਸ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਦਾ ਐਲਾਨ ਕਰੇ ਅਤੇ ਐਨ.ਪੀ.ਐਸ ਦੇ ਖਾਤੇ ਬੰਦ ਕਰਕੇ ਜੀ.ਪੀ.ਐਫ ਦੇ ਖਾਤੇ ਤੁਰੰਤ ਖੋਲ੍ਹੇ। ਉਹਨਾਂ ਸਾਰੇ ਮੁਲਾਜ਼ਮਾਂ ਨੂੰ 25 ਨਵੰਬਰ ਦੀ ਦਿੱਲੀ ਵਿਖੇ ਹੋਣ ਜਾ ਰਹੀ ਇਤਿਹਾਸਿਕ ਮਹਾਂਰੈਲੀ ਦੀ ਜ਼ੋਰ-ਸ਼ੋਰ ਨਾਲ ਤਿਆਰੀ ਕੀਤੀ ਜਾ ਰਹੀ ਹੈ ਜਿਸ ਵਿੱਚ ਪੰਜਾਬ ਤੋਂ ਐਨ ਪੀ ਐਸ ਕਰਮਚਾਰੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਪ੍ਰਿੰਸ ਗੜ੍ਹਦੀਵਾਲ, ਸਰਬਜੀਤ ਸਿੰਘ ਡੱਫਰ, ਸਚਿਨ ਕੁਮਾਰ, ਜਗਵਿੰਦਰ ਸਿੰਘ, ਤਿਲਕ ਰਾਜ, ਹਰਜਾਪ ਸਿੰਘ, ਵਿਕਾਸ ਸ਼ਰਮਾ, ਜਸਵੰਤ ਸਿੰਘ, ਇਕਬਾਲ ,ਸੁਸ਼ੀਲ ਪਠਾਣੀਆ, ਰੋਹਿਤ ਕੁਮਾਰ, ਪਰਮਜੀਤ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ, ਸੁਰੇਸ਼ ਕੁਮਾਰ ਸ਼ਰਮਾ, ਨੈਂਸੀ ਰਾਣਾ, ਹਰਪਾਲ ਸਿੰਘ, ਇੱਕਮਿੰਦਰ ਕੌਰ, ਕਮਲਪ੍ਰੀਤ ਕੌਰ ਅਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

# ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਨਵੇਂ ਕੋਰਟ ਦਾ ਉਦਘਾਟਨ

**ਚੰਡੀਗੜ੍ਹ (ਗੁਰਜੀਤ ਬਿੱਲਾ)** -ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਨਵੇਂ ਤੌਰ 'ਤੇ ਨਿਰਮਿਤ ਕੋਰਟ ਦਾ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਸਮਾਜਿਕ ਨਿਆਂ, ਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਵੀ.



ਕੇ. ਮੀਨਾ ਵੱਲੋਂ ਰਸਮੀ ਢੰਗ ਨਾਲ ਉਦਘਾਟਨ ਕੀਤਾ ਗਿਆ। ਇਸ ਨਾਲ ਅਨੁਸੂਚਿਤ ਜਾਤੀਆਂ ਦੇ ਹੱਕਾਂ ਦੀ ਰੱਖਿਆ ਅਤੇ ਨਿਆਂ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ।ਇਸ ਕੋਰਟ ਰੂਮ ਦੀ ਵਿਸ਼ੇਸ਼ਤਾ ਇਹ ਹੈ ਕਿ ਪੰਜਾਬ ਅਨੁਸੂਚਿਤ ਜਾਤੀਆਂ ਕਮਿਸ਼ਨ ਦਾ ਇਹ ਨਵਾਂ ਕੋਰਟ ਰੂਮ-ਪੂਰੇ ਦੇਸ਼ ਵਿੱਚ ਕਿਸੇ ਵੀ ਰਾਜ ਦੇ ਐਸ.ਸੀ.ਕਮਿਸ਼ਨ ਹੇਠ ਬਣਿਆ ਸਭ ਤੋਂ ਪਹਿਲਾ ਕੋਰਟ ਰੂਮ ਹੈ। ਇਹ ਇਤਿਹਾਸਕ ਕਦਮ ਨਿਆਂ ਦੀ ਪਹੁੰਚ ਨੂੰ ਮਜ਼ਬੂਤ ਬਣਾਉਂਦਾ ਹੈ ਅਤੇ ਹੋਰ ਰਾਜਾਂ ਲਈ ਇਕ ਨਵੀਂ ਪ੍ਰੇਰਣਾ ਹੈ।ਇਸ ਮੌਕੇ ਚੇਅਰਮੈਨ ਗੜ੍ਹੀ ਨੇ ਕਿਹਾ ਕਿ ਨਵਾਂ ਕੋਰਟ ਸ਼ਿਕਾਇਤਾਂ ਦੀ ਤੇਜ਼ ਸੁਣਵਾਈ, ਮਾਮਲਿਆਂ ਦੇ ਸਮੇਂ-ਸਿਰ ਨਿਪਟਾਰੇ ਅਤੇ ਕਮਿਸ਼ਨ ਦੇ ਕੰਮਕਾਜ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪਹੁੰਚ ਅਨੁਸੂਚਿਤ ਜਾਤੀਆਂ ਦੇ ਹੱਕਾਂ ਅਤੇ ਸਮਾਨਤਾ ਦੀ ਰੱਖਿਆ ਕਰਨ ਲਈ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਦੱਸਿਆ ਕਿ ਇਸ ਕੋਰਟ ਵਿੱਚ ਆਧੁਨਿਕ ਸਹੂਲਤਾਂ, ਸੁਚਾਰੂ ਬੈਠਕ ਪ੍ਰਬੰਧ ਦੀ ਸੁਵਿਧਾ ਦਿੱਤੀ ਗਈ ਹੈ, ਜਿਸ ਨਾਲ ਹਰ ਸੁਣਵਾਈ ਪੇਸ਼ੇਵਰ, ਪਾਰਦਰਸ਼ੀ ਅਤੇ ਬਿਨਾਂ ਕਿਸੇ ਦੇਰੀ ਦੇ ਕੀਤੀ ਜਾਵੇਗੀ।ਚੇਅਰਮੈਨ ਗੜ੍ਹੀ ਨੇ ਕਿਹਾ ਕਿ ਇਸ ਕੋਰਟ ਦੇ ਸ਼ੁਰੂ ਹੋਣ ਨਾਲ ਕਮਿਸ਼ਨ ਹੋਰ ਜ਼ਿਆਦਾ ਕੁਸ਼ਲਤਾ, ਜ਼ਿੰਮੇਵਾਰੀ ਅਤੇ ਸੰਵੇਦਨਸ਼ੀਲਤਾ ਨਾਲ ਕੰਮ ਕਰੇਗਾ। ਉਨ੍ਹਾਂ ਭਰੋਸਾ ਦਵਾਇਆ ਕਿ ਕਮਿਸ਼ਨ ਵਿੱਚ ਆਉਣ ਵਾਲੀ ਹਰ ਸ਼ਿਕਾਇਤ ਨੂੰ ਤਰਜੀਹ ਦੇ ਆਧਾਰ 'ਤੇ ਸੁਣਿਆ ਜਾਵੇਗਾ ਅਤੇ ਲੋਕਾਂ ਨੂੰ ਸਮੇਂ-ਸਿਰ ਨਿਆਂ ਮੁਹੱਈਆ ਕਰਵਾਇਆ ਜਾਵੇਗਾ। ਇਸ ਮੌਕੇ ਆਮ ਰਾਜ ਪ੍ਰਬੰਧ ਵਿਭਾਗ ਦੇ ਸਕੱਤਰ ਗੌਰੀ ਪਰਾਸ਼ਰ ਜੋਸ਼ੀ, ਮੈਂਬਰ ਸਕੱਤਰ ਡਾਕਟਰ ਨਯਨ ਜੱਸਲ, ਐਸ.ਸੀ ਕਮਿਸ਼ਨ ਦੇ ਮੈਂਬਰ ਗੁਲਜ਼ਾਰ ਸਿੰਘ, ਗੁਰਪ੍ਰੀਤ ਸਿੰਘ, ਰੁਪਿੰਦਰ ਸਿੰਘ ਅਤੇ ਅਨੁਸੂਚਿਤ ਜਾਤੀਆਂ ਕਮਿਸ਼ਨ ਦਾ ਸਮੂਹ ਸਟਾਫ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਦੇ ਸ਼ਹੀਦੀ ਪੁਰਬ ਨੂੰ 'ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਹਾੜਾ' ਐਲਾਨਿਆ ਜਾਵੇ : ਜਸਟਿਸ ਅਕਬਰ ਅਨਸਾਰੀ

**ਅਰਵਿੰਦਰ ਸਿੰਘ ਬਿੰਦੀ (ਅਨੰਦਪੁਰ ਸਾਹਿਬ)**

ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਵੱਲੋਂ ਪੰਥਕ ਤਾਲਮੇਲ ਸੰਗਠਨ ਦੇ ਸਹਿਯੋਗ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇੱਕ ਅੰਤਰਰਾਸ਼ਟਰੀ ਸੈਮੀਨਾਰ 'ਵਿਰਾਸਤ-ਏ-ਖਾਲਸਾ ਆਡੀਟੋਰੀਅਮ, ਸ੍ਰੀ ਅਨੰਦਪੁਰ ਸਾਹਿਬ' ਵਿਖੇ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ।ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਜਸਟਿਸ ਅਕਬਰ ਅਨਸਾਰੀ (ਸਾਬਕਾ ਚੀਫ ਜੱਜ, ਪਟਨਾ ਹਾਈ ਕੋਰਟ) ਨੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਇੱਕ ਇਤਿਹਾਸਕ ਮੰਗ ਕੀਤੀ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਮੂਹ ਮਨੁੱਖਤਾ ਦੇ ਅਧਿਕਾਰਾਂ ਦੀ ਰਾਖੀ ਦੀ ਮਿਸਾਲ ਹੈ।ਇਸ ਲਈ, ਉਨ੍ਹਾਂ ਦੀ ਸ਼ਹੀਦੀ ਦੇ ਦਿਹਾੜੇ ਨੂੰ ਸੰਯੁਕਤ ਰਾਸ਼ਟਰ ਵੱਲੋਂ 'ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਦਿਹਾੜੇ' ਵਜੋਂ ਐਲਾਨਿਆ ਜਾਣਾ ਚਾਹੀਦਾ ਹੈ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸਿੰਘ ਸਾਹਿਬ ਪ੍ਰੋਫੈਸਰ ਮਨਜੀਤ ਸਿੰਘ (ਸਾਬਕਾ ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ) ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਨੌਜਵਾਨਾਂ ਨੂੰ ਖਾਸ ਸੰਦੇਸ਼ ਦਿੱਤਾ।ਉਨ੍ਹਾਂ ਨੌਜਵਾਨਾਂ ਨੂੰ ਸਿੱਖ ਇਤਿਹਾਸ ਵਿੱਚ ਹੋਈਆਂ ਸ਼ਹਾਦਤਾਂ ਤੋਂ ਪ੍ਰੇਰਨਾ ਲੈ ਕੇ ਮਾਨਵਤਾ ਦੀ ਨਿਸ਼ਕਾਮ ਸੇਵਾ ਕਰਨ ਅਤੇ ਸਾਰੇ ਧਰਮਾਂ ਦਾ ਸਤਿਕਾਰ ਕਰਨ ਦਾ ਸੱਦਾ ਦਿੱਤਾ।ਸੈਮੀਨਾਰ ਦੌਰਾਨ ਮਨੁੱਖੀ ਅਧਿਕਾਰਾਂ ਦੇ ਵਿਸ਼ੇ 'ਤੇ ਡੂੰਘੀ ਚਰਚਾ ਹੋਈ। ਇਸ ਮੌਕੇ ਜਸਟਿਸ



ਰਣਜੀਤ ਸਿੰਘ (ਮੁਖੀ, ਪੰਜਾਬ ਮਨੁੱਖੀ ਅਧਿਕਾਰ ਸੰਗਠਨ) ਅਤੇ ਡਾ. ਪਿਆਰਾ ਲਾਲ ਗਰਗ ਨੇ ਪੰਜਾਬ ਪੁਲਿਸ ਵੱਲੋਂ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰੇ ਗਏ ਨੌਜਵਾਨ ਨਰਿੰਦਰ ਸਿੰਘ ਦੀ ਮੌਤ ਸਬੰਧੀ ਮਾਮਲੇ 'ਤੇ ਸੰਗਠਨ ਵੱਲੋਂ ਤਿਆਰ ਕੀਤੀ ਗਈ ਪੜਤਾਲੀਆ ਰਿਪੋਰਟ ਜਾਰੀ ਕੀਤੀ। ਸੈਮੀਨਾਰ ਦੇ ਅੰਤ ਵਿੱਚ ਸਾਰੇ ਬੁਲਾਰਿਆਂ ਦਾ ਸਨਮਾਨ ਕੀਤਾ ਗਿਆ।ਪ੍ਰੋਫੈਸਰ ਸ਼ਾਮ ਸਿੰਘ ਨੇ ਧੰਨਵਾਦੀ ਸ਼ਬਦ ਬੋਲੇ ਅਤੇ ਆਯੋਜਕਾਂ ਨੇ ਕਿਹਾ ਕਿ ਉਹ ਜਸਟਿਸ ਅਨਸਾਰੀ ਵੱਲੋਂ ਕੀਤੀ ਗਈ ਮੰਗ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਉਠਾਉਣ ਲਈ ਕਦਮ ਚੁੱਕਣਗੇ।

# ਉਦਯੋਗ ਮੰਤਰੀ ਵੱਲੋਂ ਐਗਜ਼ੀਬਿਸ਼ਨ ਸੈਂਟਰਾਂ, ਪਾਵਰ ਰੋਡਮੈਪ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਕਨਫੈਡਰੇਸ਼ਨ ਆਫ ਇੰਡਿਆਨ ਇੰਡਸਟਰੀ (399) ਨਾਰਦਰਨ ਰੀਜਨ ਦੀ ਅੰਮ੍ਰਿਤਸਰ ਵਿੱਚ ਹੋਈ ਰੀਜਨਲ ਕੌਂਸਲ ਮੀਟਿੰਗ ਦੌਰਾਨ, ਪੰਜਾਬ ਸਰਕਾਰ ਨੇ ਉਦਯੋਗਿਕ ਸੁਧਾਰਾਂ, ਸੈਕਟਰ-ਵਾਈਜ਼ ਨੀਤੀ ਪਹਿਲਾਂ ਅਤੇ ਵੱਡੇ ਬੁਨਿਆਦੀ ਢਾਂਚੇ ਦੇ ਯੋਜਨਿਆਂ ਦਾ ਪ੍ਰਗਤੀਸ਼ੀਲ ਰੋਡਮੈਪ ਪੇਸ਼ ਕੀਤਾ, ਜਿਸ ਨਾਲ ਰਾਜ ਵਿੱਚ ਨਿਵੇਸ਼ ਦੀ ਗਤੀ ਹੋਰ ਤੇਜ਼ ਹੋਵੇਗੀ।ਸੀ ਆਈ ਆਈ ਨਾਰਦਰਨ ਰੀਜਨ ਦੀ ਚੇਅਰਪਰਸਨ ਮਿਸਿਜ ਅੰਜਲੀ ਸਿੰਘ ਨੇ ਮੰਤਰੀ ਸੰਜੀਵ ਅਰੋੜਾ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਤੇਜ਼ੀ ਨਾਲ ਉੱਚ-ਗੁਣਵੱਤਾ ਨਿਵੇਸ਼ਾਂ ਦਾ ਪਸੰਦੀਦਾ ਕੇਂਦਰ ਬਣਦਾ ਜਾ ਰਿਹਾ ਹੈ।ਉਨ੍ਹਾਂ ਨੇ ਸੁਜਾਨ ਵੱਲੋਂ ਪੰਜਾਬ ਦੇ ਹਸਪਤਾਲਟੀ ਸੈਕਟਰ—ਖਾਸਕਰ ਅੰਮ੍ਰਿਤਸਰ— ਵਿੱਚ 150 ਕਰੋੜ ਦੇ ਨਿਵੇਸ਼ ਨੂੰ ਰਾਜ ਦੇ ਵਧਦੇ ਨਿਵੇਸ਼ ਮਾਹੌਲ 'ਤੇ ਭਰੋਸੇ ਦੀ ਮਜ਼ਬੂਤ ਮੁਹਰ ਦੱਸਿਆ।ਉਨ੍ਹਾਂ ਨੇ ਕਿਹਾ, ਇਹ ਵੱਡਾ ਨਿਵੇਸ਼ ਪੰਜਾਬ ਦੇ ਪ੍ਰੀਮੀਅਮ ਟੂਰਿਜ਼ਮ ਸੈਕਟਰ ਨੂੰ ਮਜ਼ਬੂਤੀ ਦਿੰਦਾ ਹੈ ਅਤੇ ਰਾਜ ਦੀ ਆਰਥਿਕ ਪੁਨਰਜਾਗਰਤੀ ਵਿੱਚ ਵਧਦੇ ਭਰੋਸੇ ਨੂੰ ਦਰਸਾਉਂਦਾ ਹੈ। ਸਰਕਾਰ ਦੀਆਂ ਪ੍ਰਗਤੀਸ਼ੀਲ ਨੀਤੀਆਂ ਅਤੇ 'ਈਜ਼ ਆਫ ਡੂੰਇੰਗ ਬਿਜ਼ਨੈਸ' ਸੁਧਾਰਾਂ ਨਾਲ ਟੂਰਿਜ਼ਮ-ਅਧਾਰਿਤ ਨਿਵੇਸ਼ਾਂ ਵਿੱਚ ਵੱਡੀ ਵਾਧੇ ਦੀ ਉਮੀਦ ਹੈ। ਕੌਂਸਲ ਨੂੰ ਸੰਬੋਧਨ ਕਰਦਿਆਂ ਉਦਯੋਗ, ਵਪਾਰ, ਨਿਵੇਸ਼ ਪ੍ਰੋਮੋਸ਼ਨ, ਪਾਵਰ ਅਤੇ ਐਨ ਆਰ ਆਈ ਮਾਮਲਿਆਂ ਦੇ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਸਰਕਾਰ ਇੱਕ ਮਜ਼ਬੂਤ, ਜ਼ਿੰਮੇਵਾਰ ਅਤੇ ਭਵਿੱਖ-ਕੇਂਦਰਿਤ ਉਦਯੋਗਿਕ ਮਾਹੌਲ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਨੇ ਕਿਹਾ, ਪੰਜਾਬ ਸਪੱਸ਼ਟ ਅਤੇ ਸੁਧਾਰ-ਕੇਂਦਰਿਤ ਰੋਡਮੈਪ ਨਾਲ ਅੱਗੇ ਵੱਧ ਰਿਹਾ ਹੈ।ਅਸੀਂ 24 ਸੈਕਟਰੀਅਲ ਕਮੇਟੀਆਂ ਬਣਾਈਆਂ ਹਨ ਅਤੇ ਇੱਕ ਮਾਸਟਰ ਇੰਡਸਟਰੀਅਲ ਪਾਲਿਸੀ ਹਰੇਕ ਮੁੱਖ ਸੈਕਟਰ ਲਈ ਵਿਸ਼ੇਸ਼ ਨੀਤੀਆਂ ਸਮੇਤ ਜਲਦੀ ਜਾਰੀ ਕੀਤੀ ਜਾਵੇਗੀ, ਜਿਸ ਨਾਲ ਨਿਵੇਸ਼ਕਾਂ ਨੂੰ ਲੰਬੇ ਸਮੇਂ ਦੀ ਸਪਸ਼ਟਤਾ ਮਿਲੇਗੀ। ਮੰਤਰੀ ਨੇ ਜਾਣਕਾਰੀ ਦਿੱਤੀ ਕਿ ਪੰਜਾਬ 2035 ਤੱਕ ਦੀ ਭਵਿੱਖੀ ਊਰਜਾ ਲੋੜਾਂ ਬਾਰੇ ਵਿਸਤ੍ਰਿਤ ਪਾਵਰ ਯੋਜਨਾ ਤਿਆਰ ਕਰ ਰਿਹਾ ਹੈ, ਜਿਸ ਵਿੱਚ ਥਰਮਲ ਅਤੇ ਨਵੀਕਰਣਯੋਗ ਸਰੋਤਾਂ ਦਾ ਸੰਭਾਵੀ ਮਿਕਸ ਵੀ ਸ਼ਾਮਲ ਹੈ।




# ਮਹਾਨ ਸੀਸ ਭੇਟ ਯਾਤਰਾ 25 ਤੋਂ



**ਕਾਲਾ ਸੰਘਿਆਂ (ਮਨਜੀਤ ਮਾਨ)**

ਮਹਾਨ ਸੀਸ ਭੇਟ ਯਾਤਰਾ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਲੈ ਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਤੱਕ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਹਾਨ ਸੀਸ ਭੇਟ ਯਾਤਰਾ ਸ਼੍ਰੋਮਣੀ ਜਰਨੈਲ ਧੰਨ ਧੰਨ ਬਾਬਾ ਜੀਵਨ ਸਿੰਘ ਰੰਘਰੇਟੇ ਗੁਰੂ ਕੇ ਬੇਟੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਪਾਵਨ ਸੀਸ ਦਿੱਲੀ ਚਾਂਦਨੀ ਚੌਕ ਤੋਂ ਲੈ ਕੇ ਭਾਈ ਜੈਤਾ ਬਾਬਾ ਜੀਵਨ ਸਿੰਘ ਸ੍ਰੀ ਆਨੰਦਪੁਰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕੋਲ ਪਹੁੰਚੇ ਅਤੇ ਗੁਰੂ ਜੀ ਨੇ ਆਪਣੀ ਛਾਤੀ ਨਾਲ ਲਾ ਕੇ ਭਾਈ ਜੈਤਾ ਨੂੰ ਕਿਹਾ ਰੰਘਰੇਟੇ ਗੁਰੂ ਕੇ ਬੇਟੇ ਰਹੋ ਪੰਥ ਕੇ ਸੰਗ ਸਮੇਟੇ ਗੁਰੂ ਕੇ ਬੇਟੇ ਹੋਣ ਦੀਆਂ ਗੁਰੂ ਜੀ ਨੇ ਬਖਸ਼ਿਸ਼ਾਂ ਕੀਤੀਆਂ ਜਿਸ ਸ੍ਰਬੰਧੀ ਪ੍ਰੈੱਸ ਨੂੰ ਇਹ ਜਾਣਕਾਰੀ ਸੀਸ ਭੇਟਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਜਥੇਦਾਰ ਬਾਬਾ ਬਲਦੇਵ ਸਿੰਘ ਵੱਲ੍ਹਾ, ਬਲਵੀਰ ਸਿੰਘ ਚੀਮਾ, ਜਥੇਦਾਰ ਬਾਬਾ ਪ੍ਰਗਟ ਸਿੰਘ, ਜਥੇਦਾਰ ਬਾਬਾ ਸੁਖਪਾਲ ਸਿੰਘ, ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਾਫਾਪੁਰ, ਜਥੇਦਾਰ ਬਾਬਾ ਬਲਵੀਰ ਸਿੰਘ ਸ੍ਰੀ ਆਨੰਦਪੁਰ ਸਾਹਿਬ, ਜਥੇਦਾਰ ਬਾਬਾ ਕੁਲਵਿੰਦਰ ਸਿੰਘ, ਜਥੇਦਾਰ ਬਾਬਾ ਸ਼ਮਸ਼ੇਰ ਸਿੰਘ ਬਾਲੇ ਵਾਲੀਆ ਨੇ ਸਾਂਝੇ ਤੌਰ 'ਤੇ ਦਿੰਦੇ ਹੋਏ ਦੱਸਿਆ ਕਿ 25 ਨਵੰਬਰ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8 ਵਜੇ ਅਰੰਭ ਹੋਵੇਗਾ ਅਤੇ ਰਾਤ ਦਾ ਵਿਸ਼ਰਾਮ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ ਹੋਵੇਗਾ, 26 ਨਵੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਤਰਾਵੜੀ ਤੋਂ ਆਰੰਭ ਹੋ ਕੇ ਰਾਤ ਦਾ ਵਿਸ਼ਰਾਮ ਗੁਰਦੁਆਰਾ ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ 27 ਨਵੰਬਰ ਨੂੰ ਗੁਰਦੁਆਰਾ ਨਾਭਾ ਸਾਹਿਬ ਤੋਂ ਸਵੇਰੇ ਆਰੰਭ ਹੋ ਕੇ ਰਾਤ ਦਾ ਵਿਸ਼ਰਾਮ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗਾ 28 ਨਵੰਬਰ ਨੂੰ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਰਾਤ ਦਾ ਵਿਸ਼ਰਾਮ ਗੁਰਦੁਆਰਾ ਬੀਬਾਨਗੜ੍ਹ ਸਾਹਿਬ ਕੀਰਤਪੁਰ ਸਾਹਿਬ ਵਿਖੇ ਹੋਵੇਗਾ 29 ਨਵੰਬਰ ਨੂੰ ਗੁਰਦੁਆਰਾ ਬੀਬਾਨਗੜ੍ਹ ਸਾਹਿਬ ਤੋਂ ਸਵੇਰੇ ਆਰੰਭ ਹੋ ਕੇ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚੇਗਾ ਉਪਰੰਤ ਖੁੱਲ੍ਹੇ ਦੀਵਾਨ ਅਤੇ ਸਮਾਪਤੀ ਦੀ ਅਰਦਾਸ ਹੋਵੇਗੀ ਉਕਤ ਆਗੂਆਂ ਨੇ ਦੱਸਿਆ ਕਿ ਇਸ ਮਹਾਨ ਸੀਸ ਭੇਟ ਯਾਤਰਾ ਨੂੰ ਸਫ਼ਲ ਬਣਾਉਣ ਲਈ ਦੋਆਬੇ ਅੰਦਰ ਲੋਕਾਂ ਨੂੰ ਜਾਗਰੂਕ ਕਰਨ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਉਨ੍ਹਾਂ ਸਮੂਹ ਸਿੱਖ ਪੰਥ ਦੇ ਆਗੂਆਂ ਤੇ ਵਾਲਮੀਕਿ ਮਜ਼ਬੀ ਸਿੱਖ ਸਮਾਜ ਨੂੰ ਅਪੀਲ ਕਰਦਿਆਂ ਇਸ ਸਮਾਗਮ ਵਿੱਚ ਪਹੁੰਚਣ ਤੇ ਸਫ਼ਲ ਬਣਾਉਣ ਦੀ ਅਪੀਲ ਕੀਤੀ।

# ਐੱਨ ਆਰ ਆਈ ਐਡਵੋਕੇਟ ਨਰਿੰਦਰ ਕੌਰ ਦਾ ਸਨਮਾਨ



**ਫਗਵਾੜਾ (ਡਾ. ਰਮਨ)**

ਜਨਰਲ ਸਮਾਜ ਮੰਚ ਫਗਵਾੜਾ ਵੱਲੋਂ ਕਨੇਡਾ ਵਿੱਚ ਵਕੀਲ ਵਜੋਂ ਪੰਜਾਬ ਦਾ ਮਾਣ ਵਧਾਉਣ ਲਈ ਨਰਿੰਦਰ ਕੌਰ ਪਤਨੀ ਜਸਕਰਨ ਸਿੰਘ ਨੂੰ ਸਨਮਾਨਤ ਕਰਦਿਆਂ ਹੌਸਲਾ ਅਫਜਾਈ ਕੀਤੀ ਗਈ।ਨਰਿੰਦਰ ਕੌਰ ਜੋ ਕਿ ਜਨਰਲ ਸਮਾਜ ਮੰਚ ਫਗਵਾੜਾ ਦੇ ਪ੍ਰਧਾਨ ਮੋਹਣ ਸਿੰਘ ਸਾਈਂ ਦੀ ਨੂੰਹ ਹੈ, ਉਸ ਨੂੰ ਸਨਮਾਨਤ ਕਰਦੇ ਹੋਏ ਮੰਚ ਦੇ ਚੇਅਰਮੈਨ ਅਸ਼ੋਕ ਸੇਠੀ ਅਤੇ ਸੀਨੀਅਰ ਮੀਤ ਪ੍ਰਧਾਨ ਨਰੇਸ਼ ਭਾਰਦਵਾਜ ਨੇ ਕਿਹਾ ਕਿ ਪੰਜਾਬ ਦੀ ਇਸ ਧੀ ਨੇ ਕਨੇਡਾ ਵਿੱਚ ਜਨਰਲ ਸਮਾਜ ਅਤੇ ਫਗਵਾੜਾ ਦਾ ਮਾਣ ਵਧਾਇਆ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਧਰਤੀ ਬਹੁਤ ਹੀ ਭਾਗਾਂ ਵਾਲੀ ਧਰਤੀ ਹੈ। ਜਿੱਥੋਂ ਦੇ ਜੰਮਪਲ ਗੁਰੂ ਮਹਾਰਾਜ ਦੇ ਅਸ਼ੀਰਵਾਦ ਨਾਲ ਦੁਨੀਆ ਭਰ ਵਿੱਚ ਤਰੱਕੀਆਂ ਮਾਣ ਰਹੇ ਹਨ ਅਤੇ ਜਿਹਨਾਂ ਮੁਲਕਾਂ 'ਚ ਜਾਂਦੇ ਹਨ, ਉੱਥੋਂ ਦੀ ਆਰਥਕ ਤਰੱਕੀ 'ਚ ਵੀ ਭਰਪੂਰ ਯੋਗਦਾਨ ਪਾਉਂਦੇ ਹਨ।ਮੋਹਨ ਸਿੰਘ ਸਾਂਈ ਨੇ ਦੱਸਿਆ ਕਿ ਨਰਿੰਦਰ ਕੌਰ ਨੇ ਇਸੇ ਸਾਲ ਆਪਣੀ ਲਾਅ ਦੀ ਡਿਗਰੀ ਮੁਕੰਮਲ ਕਰਨ ਤੋਂ ਬਾਅਦ ਕਨੇਡਾ ਦੀ ਬਾਰ ਕੌਂਸਲ ਦੇ ਇਮਤਿਹਾਨ ਵਿੱਚ ਸਫਲਤਾ ਹਾਸਲ ਕਰਕੇ ਪ੍ਰੈਕਟਿਸ ਸ਼ੁਰੂ ਕੀਤੀ ਹੈ। ਐਡਵੋਕੇਟ ਨਰਿੰਦਰ ਕੌਰ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਤਾ-ਪਿਤਾ ਦੇ ਅਸ਼ੀਰਵਾਦ, ਪਤੀ ਜਸਕਰਨ ਸਿੰਘ ਦੇ ਮਾਰਗ ਦਰਸ਼ਨ ਅਤੇ ਸਹੁਰੇ ਪਰਵਾਰ ਦੇ ਸਹਿਯੋਗ ਨੂੰ ਦਿੰਦਿਆਂ ਕਿਹਾ ਕਿ ਉਹ ਆਪਣੀ ਧਰਤੀ ਪੰਜਾਬ ਤੇ ਕਨੇਡਾ 'ਚ ਵੱਸਦੇ ਪੰਜਾਬੀਆਂ ਦੀ ਭਲਾਈ ਲਈ ਕੰਮ ਕਰੇਗੀ।ਇਸ ਮੌਕੇ ਐਡਵੋਕੇਟ ਵਿਜੇ ਸ਼ਰਮਾ, ਅਵਤਾਰ ਸਿੰਘ ਮੰਡ, ਸੰਜੂ ਚਹਿਲ, ਰਾਜੂ ਚਹਿਲ, ਪ੍ਰਦੀਪ ਆਹੂਜਾ, ਨਿੱਕੀ, ਸ਼ਵਿੰਦਰ ਨਿਸ਼ਚਲ, ਸੁਮਨ ਸ਼ਰਮਾ, ਰਮੇਸ ਸਚਦੇਵਾ ਆਦਿ ਹਾਜ਼ਰ ਸਨ।

# ਜਵਾਹਰ ਨਵੋਦਿਆ ਵਿਦਿਆਲਿਆ ਰਕੌਲੀ 'ਚ ਛੇਵੀਂ ਜਮਾਤ ਲਈ ਐਡਮਿਟ ਕਾਰਡ ਵੈਬਸਾਈਟ 'ਤੇ ਉਪਲਬਧ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜਿਨ੍ਹਾਂ ਵਿਦਿਆਰਥੀਆਂ ਨੇ ਕਲਾਸ ਛੇਵੀਂ ਵਿੱਚ ਸਾਲ 2026-2027 ਵਿਚ ਦਾਖਲਾ ਲੈਣ ਲਈ ਜਵਾਹਰ ਨਵੋਦਿਆ ਵਿਦਿਆਲਿਆ ਸਲੈਕਸ਼ਨ ਟੈਸਟ ਫਾਰਮ ਭਰਿਆ ਸੀ, ਉਹ ਆਪਣਾ ਐਡਮਿਟ ਕਾਰਡ ਨਵੋਦਿਆ ਵਿਦਿਆਲਿਆ ਦੀ ਵੈਬਸਾਈਟ 'ਤੇ ਜਾ ਕੇ https://cbseitms. rcil.gov. in/ nvs/ ਪ੍ਰਾਪਤ ਕਰ ਸਕਦਾ ਹੈ। ਵਿਦਿਆਰਥੀ ਆਪਣਾ ਰਜਿਸਟ੍ਰੇਸ਼ਨ ਨੰਬਰ ਅਤੇ ਆਪਣਾ ਜਨਮ ਦੀ ਤਰੀਕ ਭਰਨ ਤੋਂ ਬਾਅਦ ਐਡਮਿਟ ਕਾਰਡ ਪ੍ਰਾਪਤ ਕਰ ਸਕਦਾ ਹੈ।ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਦੀਪਤੀ ਭਟਨਾਗਰ ਨੇ ਦੱਸਿਆ ਕਿ ਇਹ ਟੈਸਟ ਮਿਤੀ 13 ਦਸੰਬਰ 2025 ਨੂੰ ਜ਼ਿਲ੍ਹਾ ਮੁਹਾਲੀ ਦੇ 8 ਕੇਂਦਰਾਂ 'ਤੇ ਹੋਣ ਜਾ ਰਿਹਾ ਹੈ। ਵਿਦਿਆਰਥੀ ਟੈਸਟ ਦੌਰਾਨ ਆਪਣਾ ਐਡਮਿਟ ਕਾਰਡ ਅਤੇ ਇੱਕ ਪਹਿਚਾਣ ਪੱਤਰ ਕੇਂਦਰ 'ਤੇ ਲੈ ਕੇ ਜਾਵੇ। ਵਧੇਰੇ ਜਾਣਕਾਰੀ ਲਈ 8219860955 ਇਸ ਨੰਬਰ 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਰੋਟੇਰੀਅਨ ਸੇਠੀ ਨੇ ਰੋਟਰੀ ਇੰਟਰਨੈਸ਼ਨਲ ਦੇ ਪ੍ਰਧਾਨ ਫਰਾਂਸਿਸਕੋ ਅਰੇਜ਼ੋ ਨਾਲ ਕੀਤੀ ਮੁਲਾਕਾਤ



**ਫਗਵਾੜਾ (ਡਾ. ਰਮਨ)**- ਰੋਟਰੀ ਇੰਟਰਨੈਸ਼ਨਲ ਆਰ.ਆਈ.ਡੀ. 3070 ਦੇ ਸਾਬਕਾ ਗਵਰਨਰ (ਪੰਜਾਬ, ਹਿਮਾਚਲ ਅਤੇ ਜੰਮੂ-ਕਸ਼ਮੀਰ) ਰੋਟੇਰੀਅਨ ਐਸ.ਪੀ. ਸੇਠੀ ਚੇਅਰਮੈਨ ਫਾਈਨ ਗਰੁੱਪ ਆਫ਼ ਇੰਡਸਟਰੀਜ਼ ਨੇ ਦਿੱਲੀ ਵਿਖੇ ਆਯੋਜਿਤ ਰੋਟਰੀ ਇੰਸਟੀਚਿਊਟ ਦੌਰਾਨ ਰੋਟਰੀ ਇੰਟਰਨੈਸ਼ਨਲ ਦੇ ਪ੍ਰਧਾਨ ਰੋਟੇਰੀਅਨ ਫਰਾਂਸਿਸਕੋ ਅਰੇਜ਼ੋ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਰੋਟੇਰੀਅਨ ਸੇਠੀ ਨੇ ਫਾਈਨ ਗਰੁੱਪ ਆਫ਼ ਇੰਡਸਟਰੀਜ਼ ਦੁਆਰਾ ਚੈਰੀਟੇਬਲ ਟਰੱਸਟ ਰਾਹੀਂ ਕੀਤੇ ਜਾ ਰਹੇ ਸਮਾਜ ਭਲਾਈ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਰੋਟੇਰੀਅਨ ਸੇਠੀ ਨੇ ਅੰਤਰਰਾਸ਼ਟਰੀ ਪ੍ਰਧਾਨ ਨੂੰ ਦੱਸਿਆ ਕਿ ਹੁਣ ਤੱਕ 465 ਮੁਫ਼ਤ ਡੈਂਚਰ ਵੰਡ ਅਤੇ ਦੰਦਾਂ ਦੀਆਂ ਬਿਮਾਰੀਆਂ ਦੇ ਇਲਾਜ ਸਬੰਧੀ ਕੈਂਪ ਲਗਾਏ ਜਾ ਚੁੱਕੇ ਹਨ। ਇਸ ਤੋਂ ਇਲਾਵਾ 35 ਅੱਖਾਂ ਦੇ ਚੈੱਕਅੱਪ ਅਤੇ ਮੋਤੀਆਬਿੰਦ ਸਰਜਰੀ ਕੈਂਪ ਵੀ ਲਗਾਏ ਗਏ ਹਨ। ਜਿੱਥੇ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਮੁਫਤ ਸਰਜਰੀ ਕਰਕੇ ਲੈਂਸ ਲਗਾਏ ਜਾਂਦੇ ਹਨ ਅਤੇ ਇਹ ਸਮਾਜ ਸੇਵਾ ਨਿਰਵਿਘਨ ਜਾਰੀ ਹੈ। ਉਨ੍ਹਾਂ ਨੇ ਸਮਾਜ ਦੇ ਦੱਬੇ-ਕੁਚਲੇ ਅਤੇ ਪਛੜੇ ਵਰਗਾਂ ਦੀ ਮਦਦ ਲਈ ਰਾਸ਼ਨ ਵੰਡ ਵਰਗੇ ਹੋਰ ਅਨੇਕਾਂ ਭਲਾਈ ਦੇ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਰੋਟਰੀ ਇੰਟਰਨੈਸ਼ਨਲ ਵਲੋਂ ਰੋਟੇਰੀਅਨ ਐਸ.ਪੀ. ਸੇਠੀ ਨੂੰ ਸ਼ਾਲ ਭੇਟ ਕਰਦਿਆਂ ਸਨਮਾਨਤ ਵੀ ਕੀਤਾ ਗਿਆ।

# ਤੰਬਾਕੂ ਫਰੀ ਯੂਥ ਕੰਪੇਨ ਤਹਿਤ ਸਕੂਲ ਰੁੜਕੀ ਮੁਗਲਾਂ ਵਿਖੇ ਕੀਤਾ ਜਾਗਰੂਕ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ



ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਪੀ ਐੱਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਸਰਕਾਰੀ ਪ੍ਰਾਇਮਰੀ ਸਕੂਲ ਰੁੜਕੀ ਮੁਗਲਾਂ ਵਿਖੇ ਤੰਬਾਕੂ ਦੇ ਮਨੁੱਖੀ ਸਰੀਰ 'ਤੇ ਪੈਣ ਵਾਲੇ ਮਾੜੇ ਅਸਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੀ ਨੌਜਵਾਨ ਪੀੜ੍ਹੀ ਮਾੜੀ ਸੰਗਤ ਵਿੱਚ ਫਸ ਕੇ ਤੰਬਾਕੂ ਦਾ ਸੇਵਨ ਕਰਨ ਲੱਗ ਜਾਂਦੀ ਹੈ। ਜਿਸ ਦਾ ਮਨੁੱਖੀ ਸਰੀਰ 'ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਤੰਬਾਕੂ ਦਾ ਸੇਵਨ ਕਾਰਨ ਮੂੰਹ ਦਾ ਕੈਂਸਰ, ਗਲੇ ਦਾ ਕੈਂਸਰ, ਭੋਜਨ ਨਲੀ ਵਿੱਚ ਕੈਂਸਰ ਹੋਣਾ, ਮਰਦਾਂ ਵਿੱਚ ਬੱਚੇ ਪੈਦਾ ਕਰਨ ਦੀ ਸ਼ਕਤੀ ਦਾ ਘਟਣਾ ਅਤੇ ਹੋਰ ਅਨੇਕਾਂ ਪ੍ਰਕਾਰ ਦੇ ਰੋਗ ਲੱਗ ਜਾਂਦੇ ਹਨ। ਸਾਨੂੰ ਤੰਬਾਕੂ ਦੇ ਸੇਵਨ ਨਹੀਂ ਕਰਨਾ ਚਾਹੀਦਾ। ਤੰਬਾਕੂ ਐਕਟ 2003 ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਤਕ ਥਾਵਾਂ 'ਤੇ ਤੰਬਾਕੂ ਨੋਸ਼ੀ 'ਤੇ ਰੋਕ ਹੈ, 18 ਸਾਲ ਤੋਂ ਘੱਟ ਉਮਰ ਦੇ ਵਿਅਕਤੀ ਨੂੰ ਸਿਗਰਟ ਜਾਂ ਹੋਰ ਤੰਬਾਕੂ ਵੇਚਣ ਤੇ ਖਰੀਦਣ 'ਤੇ ਮਨਾਹੀ ਹੈ। ਸਕੂਲਾਂ ਦੇ 100 ਗਜ਼ ਦੇ ਘੇਰੇ ਅੰਦਰ ਸਿਗਰਟ ਜਾਂ ਤੰਬਾਕੂ ਦਾ ਸੇਵਨ ਕਰਨਾ ਤੇ ਵਿਕਰੀ 'ਤੇ ਰੋਕ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਬਿੰਦਰ ਕੁਮਾਰ ਸਕੂਲ ਅਧਿਆਪਕ ਅਤੇ ਆਂਗਣਵਾੜੀ ਵਰਕਰ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਬਹਾਲੀ ਦੇ ਅਧੂਰੇ ਨੋਟੀਫਿਕੇਸ਼ਨ ਦੀਆਂ ਫੂਕੀਆਂ ਕਾਪੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਦੇ ਐੱਨ ਪੀ ਐੱਸ ਪੀੜਤ ਮੁਲਾਜ਼ਮਾਂ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਸੀ ਪੀ ਐਫ਼ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਉਲੀਕੇ ਸਾਂਝੇ ਐਕਸ਼ਨ ਦੇ ਸੱਦੇ 'ਤੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੱਖ -ਵੱਖ ਥਾਵਾਂ 'ਤੇ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਅਤੇ ਜ਼ਿਲ੍ਹਾ ਜਨਰਲ ਸਕੱਤਰ ਤਿਲਕ ਰਾਜ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਜਾਰੀ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸੇ ਤਹਿਤ ਅਧਿਆਪਕ ਆਗੂ ਵਿਕਾਸ ਸ਼ਰਮਾ, ਰਣਵੀਰ ਸਿੰਘ, ਅਸ਼ੋਕ ਕੁਮਾਰ , ਜਸਵਿੰਦਰ ਪਾਲ ਦੀ ਅਗਵਾਈ ਹੇਠ ਜਾਰੀ ਅਧੂਰੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕੀਆਂ ਗਈਆਂ।ਇਸ ਮੌਕੇ ਆਗੂਆਂ ਨੇ ਕਿਹਾ ਕਿ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਮੁੱਖ-ਮੰਤਰੀ ਪੰਜਾਬ ਨੇ ਲਾਈਵ ਹੋ ਕੇ ਜਾਰੀ ਕੀਤਾ ਸੀ ਅਤੇ ਕਿਹਾ ਸੀ ਕਿ ਪੰਜਾਬ ਸਰਕਾਰ ਆਪਣੇ ਐੱਨ ਪੀ ਐੱਸ ਪੀੜਤ ਸਾਥੀਆਂ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਜਾ ਰਹੀ ਹੈ ਅਤੇ ਜਿਸ ਦੀ ਐਸ.ਓ.ਪੀ ਬਾਅਦ ਵਿੱਚ ਜਾਰੀ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਤਿੰਨ ਸਾਲ ਬੀਤ ਜਾਣ ਦੇ ਬਾਅਦ ਵੀ ਪੁਰਾਣੀ ਪੈਨਸ਼ਨ ਦੀ ਐਸ.ਓ.ਪੀ ਜਾਰੀ ਨਹੀਂ ਕੀਤੀ ਗਈ, ਜੋ ਕਿ ਮੁਲਾਜ਼ਮਾਂ ਨਾਲ ਬਹੁਤ ਵੱਡਾ ਧੋਖਾ ਹੈ। ਉਹਨਾਂ ਕਿਹਾ ਕਿ ਸਰਕਾਰ ਆਪਣੇ ਵਾਅਦੇ ਤੋਂ ਭੱਜ ਰਹੀ ਹੈ। ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦਾ ਐਲਾਨ ਕਰੇ ਅਤੇ ਐਨ.ਪੀ.ਐਸ ਦੇ ਖਾਤੇ ਬੰਦ ਕਰਕੇ ਜੀ.ਪੀ.ਐਫ ਦੇ ਖਾਤੇ ਤੁਰੰਤ ਖੋਲ੍ਹੇ। ਉਹਨਾਂ ਸਾਰੇ ਮੁਲਾਜ਼ਮਾਂ ਨੂੰ 25 ਨਵੰਬਰ ਦੀ ਦਿੱਲੀ ਵਿਖੇ ਹੋਣ ਜਾ ਰਹੀ ਇਤਿਹਾਸਿਕ ਮਹਾਂਰੈਲੀ ਦੀ ਜੋਰ-ਸ਼ੋਰ ਨਾਲ ਤਿਆਰੀ ਕਰਨ ਦੀ ਅਪੀਲ ਕੀਤੀ। ਇਸ ਮੌਕੇ ਰਣਵੀਰ ਸਿੰਘ, ਅਸ਼ੋਕ ਕੁਮਾਰ, ਗੁਰਵਿੰਦਰ ਸਿੰਘ, ਜਸਵਿੰਦਰ ਪਾਲ, ਅਮਰਜੀਤ ਥਾਂਦੀ, ਮਨੋਜ ਗੜ੍ਹਸੰਕਰ, ਨਵਜੋਤ ਸਿੰਘ, ਮੁਨੀਰ ਨਇਅਰ, ਸੋਮਪਾਲ, ਰਾਜਿੰਦਰ ਸਿੰਘ, ਪਵਨਵੀਰ ਸਿੰਘ ਪੱਟੀ, ਪਿੰਕੀ, ਮੋਨਿਕਾ ਗਾਂਧੀ, ਕੰਚਨ, ਅਮਰਜੀਤ ਕੌਰ, ਰਿੰਪਲ, ਬਲਜੀਤ ਸਿੰਘ, ਹਰਭਜਨ ਸਿੰਘ, ਰਵੀ ਕੁਮਾਰ ਹਰਿਆਣਾ, ਅਨੁਰਾਗ ਬੱਬਰ, ਕਮਲਜੀਤ ਕੁਮਾਰ, ਨਰਿੰਦਰ ਪਾਲ, ਪਰਦੀਪ ਕੁਮਾਰ, ਜਗਦੇਵ ਸਿੰਘ ,ਅਜੈ ਕੁਮਾਰ ਆਦਿ ਵੱਖ ਵੱਖ ਸਕੂਲਾਂ ਦੇ ਅਧਿਆਪਕ ਸ਼ਾਮਿਲ ਸਨ ।



# ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨਗਰ ਕੀਰਤਨ ਦਾ ਫਗਵਾੜਾ 'ਚ ਹੋਵੇਗਾ ਨਿੱਘਾ ਸਵਾਗਤ : ਹਰਜੀ ਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ਼੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨਗਰ ਕੀਰਤਨ ਦਾ 22 ਨਵੰਬਰ ਦਿਨ ਸ਼ਨੀਵਾਰ ਨੂੰ ਫਗਵਾੜਾ ਪੁੱਜਣ 'ਤੇ ਸਮੂਹ ਸੰਗਤਾਂ ਅਤੇ ਸਥਾਨਕ ਪ੍ਰਸ਼ਾਸਨ ਵਲੋਂ ਨਿੱਘਾ ਸਵਾਗਤ ਕੀਤਾ ਜਾਵੇਗਾ।ਇਸ ਸਬੰਧੀ ਪ੍ਰਸ਼ਾਸਨ ਵਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜਾ ਲੈਣ ਸਮੇਂ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ ਨੇ ਦੱਸਿਆ ਕਿ ਸੜਕਾਂ ਦੀ ਮੁਰੰਮਤ ਕਰਵਾਈ ਜਾ ਰਹੀ ਹੈ।ਸਟਰੀਟ ਲਾਈਟਾਂ ਨੂੰ ਠੀਕ ਕਰਵਾਇਆ ਜਾ ਰਿਹਾ ਹੈ ਅਤੇ ਸਵੱਛਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਮਨੁੱਖੀ ਅਧਿਕਾਰਾਂ ਦੇ ਪਹਿਲੇ ਰੱਖਿਅਕ ਹਨ।ਜਿਨ੍ਹਾਂ ਨੇ ਆਪਣਾ ਜੀਵਨ ਮਨੁੱਖਤਾ ਦੀ ਸੇਵਾ ਅਤੇ ਰੱਖਿਆ ਲਈ ਸਮਰਪਿਤ ਕੀਤਾ।ਹਰਜੀ ਮਾਨ ਨੇ ਭਰੋਸਾ ਦਿੱਤਾ ਕਿ ਨਗਰ ਕੀਰਤਨ ਜਿਨ੍ਹਾਂ ਥਾਵਾਂ ਤੋਂ ਲੰਘੇਗਾ, ਉਨ੍ਹਾਂ ਥਾਵਾਂ 'ਤੇ ਸ਼ਰਾਬ ਅਤੇ ਮੀਟ ਦੀਆਂ ਦੁਕਾਨਾਂ ਬੰਦ ਰੱਖਣ ਦਾ ਪ੍ਰਸ਼ਾਸਨ ਵਲੋਂ ਨਿਰਦੇਸ਼ਾ ਜਾਰੀ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਇਸ ਇਤਿਹਾਸਕ ਮੌਕੇ ਤੇ ਸਾਨੂੰ ਸੇਵਾ ਦਾ ਮੌਕਾ ਮਿਲਿਆ ਹੈ।ਉਹਨਾਂ ਨੇ ਸਮੂਹ ਫਗਵਾੜਾ ਵਾਸੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਨਗਰ ਕੀਰਤਨ ਦੇ ਸਵਾਗਤ ਲਈ ਪੂਰੀ ਸ਼ਰਧਾ ਭਾਵਨਾ ਦੇ ਨਾਲ ਆਪਣੀ ਹਾਜਰੀ ਨੂੰ ਯਕੀਨੀ ਬਣਾਇਆ ਜਾਵੇ।



# ਸੋਨਾ ਵਿਖੇ ਬਾਬਾ ਸਿੱਧ ਚਾਨੋ ਦੇ ਦਰਬਾਰ 'ਤੇ 22 ਨੂੰ ਧਾਰਮਿਕ ਮੇਲਾ

**ਜੇਜੋਂ ਦੋਆਬਾ, ( ਨਿਰਮਲ ਸਿੰਘ ਮੁੱਗੋਵਾਲ )**- ਗਰਾਮ ਪੰਚਾਇਤ ਪਿੰਡ ਸੋਨਾ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਸਿੱਧ ਚਾਨੋ ਦੇ ਦਰਬਾਰ 'ਤੇ ਪਿੰਡ ਦੀ ਸੁੱਖ-ਸ਼ਾਂਤੀ ਵਾਸਤੇ ਬਾਬਾ ਸਿੱਧ ਚਾਨੋ ਦਾ ਸਾਲ, ਸੁੱਖਣਾ ਤੇ ਦਹਾਜਾ ਸਮਾਗਮ 22 ਨਵੰਬਰ ਦਿਨ ਸ਼ਨੀਵਾਰ ਨੂੰ ਕੀਤਾ ਜਾ ਰਿਹਾ ਹੈ।ਇਸ ਮੌਕੇ ਮੂਲਾ ਡੱਲੇਵਾਲ ਐਂਡ ਪਾਰਟੀ ਵੱਲੋਂ ਧਾਰਮਿਕ ਸਮਾਗਮ ਪੇਸ਼ ਕੀਤਾ ਜਾਵੇਗਾ।ਇਹ ਜਾਣਕਾਰੀ ਭਗਤ ਪਵਨ ਕੁਮਾਰ ਤਾਜੇਵਾਲ ਵੱਲੋਂ ਪ੍ਰਾਪਤ ਹੋਈ।ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ 22 ਨਵੰਬਰ ਦਿਨ ਸ਼ਨੀਵਾਰ ਨੂੰ ਬਾਬਾ ਸਿੱਧ ਚਾਨੋ ਜੀ ਦੇ ਦਰਬਾਰ ਤੇ ਪਿੰਡ ਸੋਨਾ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨ।

# 24 ਨੂੰ ਗੁਰਦੁਆਰਾ ਭੋਰਾ ਸਾਹਿਬ ਤੋਂ ਅਰੰਭ ਹੋਵੇਗੀ ਵਿਰਾਸਤੀ ਸੈਰ : ਹਰਜੋਤ ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਅਤੇ ਵਿਧਾਇਕ ਅਨੰਦਪੁਰ ਸਾਹਿਬ ਨੇ ਦੱਸਿਆ ਕਿ 24 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤੀ ਸੈਰ ਦਾ ਅਰੰਭ ਗੁਰਦੁਆਰਾ ਭੋਰਾ ਸਾਹਿਬ ਤੋਂ ਹੋ ਕੇ ਗੁਰਦੁਆਰਾ ਸੀਸ ਗੰਜ ਸਾਹਿਬ, ਗੁਰਦੁਆਰਾ ਤੇਗ ਬਹਾਦਰ ਮਿਊਜ਼ੀਅਮ, ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਸਮਾਪਤੀ ਕੀਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਵਿਰਾਸਤੀ ਸੈਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਸਮਰਪਤ ਹੋਵੇਗੀ। ਇਸ ਵਿਸ਼ੇਸ਼ ਸੈਰ ਦਾ ਉਦੇਸ਼ ਸੰਗਤਾਂ ਨੂੰ ਪਵਿੱਤਰ ਨਗਰੀ ਸ੍ਰੀ ਅਨੰਦਪੁਰ ਸਾਹਿਬ ਨਾਲ ਜੁੜੇ ਇਤਿਹਾਸ, ਸਿੱਖ ਵਿਰਾਸਤ ਅਤੇ ਗੁਰੂ ਸਾਹਿਬਾਨ ਦੀ ਬਾਣੀ ਨਾਲ ਜੋੜਨਾ ਹੈ। ਉਹਨਾਂ ਦੱਸਿਆ ਕਿ ਵਿਰਾਸਤੀ ਸੈਰ ਦੀ ਸ਼ੁਰੂਆਤ ਗੁਰਦੁਆਰਾ ਭੋਰਾ ਸਾਹਿਬ ਤੋਂ ਕੀਤੀ ਜਾਵੇਗੀ, ਜਿੱਥੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਲੰਬੇ ਸਮੇਂ ਤੱਕ ਭਗਤੀ ਕੀਤੀ। ਇਸ ਤੋਂ ਬਾਅਦ ਸੰਗਤਾਂ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਜਾਣਗੀਆਂ, ਜੋ ਗੁਰੂ ਸਾਹਿਬ ਦੀ ਅਲੌਕਿਕ ਬਲੀਦਾਨ ਅਤੇ ਧੀਰਜ ਦਾ ਪ੍ਰਤੀਕ ਮੰਨਿਆ ਜਾਂਦਾ ਹੈ।ਇਸ ਸੈਰ ਦੇ ਅਗਲੇ ਪੜਾਅ ਵਿੱਚ ਸਾਰੀਆਂ ਸੰਗਤਾਂ ਨੂੰ ਤੇਗ ਬਹਾਦਰ ਮਿਊਜ਼ੀਅਮ ਦਾ ਦਰਸ਼ਨ ਕਰਵਾਇਆ ਜਾਵੇਗਾ, ਜਿੱਥੇ ਸਿੱਖ ਇਤਿਹਾਸ ਨਾਲ ਸੰਬੰਧਤ ਮਹੱਤਵਪੂਰਨ ਪ੍ਰਦਰਸ਼ਨੀਆਂ ਅਤੇ ਗੁਰੂ ਘਰ ਦੀ ਸ਼ਹੀਦੀ ਵਿਰਾਸਤ ਨੂੰ ਵਿਸਥਾਰ ਨਾਲ ਦਰਸਾਇਆ ਗਿਆ ਹੈ। ਇਸ ਸੈਰ ਦਾ ਕੇਂਦਰੀ ਪੜਾਅ ਤਖਤ ਸ੍ਰੀ ਕੇਸਗੜ੍ਹ ਸਾਹਿਬ, ਖਾਲਸੇ ਦੀ ਜਨਮ ਭੂਮੀ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਰਾਸਤੀ ਸੈਰ ਦੀ ਸਮਾਪਤੀ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਕੀਤੀ ਜਾਵੇਗੀ, ਜੋ ਗੁਰੂ ਸਾਹਿਬਾਨ ਵੱਲੋਂ ਸਿੱਖ ਕੌਮ ਦੀ ਰੱਖਿਆ ਲਈ ਬਣਾਏ ਗਏ ਮਹੱਤਵਪੂਰਨ ਕਿਲ੍ਹਿਆਂ ਵਿੱਚੋਂ ਇੱਕ ਹੈ।ਬੈਂਸ ਨੇ ਕਿਹਾ ਕਿ ਇਹ ਵਿਰਾਸਤੀ ਸੈਰ ਸਿਰਫ਼ ਇੱਕ ਯਾਤਰਾ ਨਹੀਂ, ਬਲਕਿ ਸਿੱਖ ਇਤਿਹਾਸ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸ੍ਰੀ ਅਨੰਦਪੁਰ ਸਾਹਿਬ ਦੀ ਰੂਹਾਨੀ ਧਰਤੀ ਦੀ ਅਸਲੀ ਮਹਾਨਤਾ ਨਾਲ ਜੁੜਨ ਦਾ ਮੌਕਾ ਹੈ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੂੰ ਇਤਿਹਾਸਕ ਅਤੇ ਯਾਦਗਾਰੀ ਬਣਾਉਣ ਲਈ ਵੱਡੇ ਪੱਧਰ 'ਤੇ ਪ੍ਰਬੰਧ ਕੀਤੇ ਜਾ ਰਹੇ ਹਨ। ਬੈਂਸ ਨੇ ਸੰਗਤਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਵਿਰਾਸਤੀ ਸੈਰ ਵਿੱਚ ਸ਼ਾਮਲ ਹੋਣ।



# ਮਮਤਾ ਕੁਮਾਰੀ ਵੱਲੋਂ ਸਖੀ-ਵਨ ਸਟਾਪ ਸੈਂਟਰ ਦਾ ਦੌਰਾ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਭਾਰਤ ਸਰਕਾਰ ਦੀ ਰਾਸ਼ਟਰੀ ਮਹਿਲਾ ਕਮਿਸ਼ਨ ਦੀ ਮੈਂਬਰ ਸ਼੍ਰੀਮਤੀ ਮਮਤਾ ਕੁਮਾਰੀ ਵੱਲੋਂ ਅੱਜ ਜ਼ਿਲ੍ਹਾ ਪ੍ਰੀਸ਼ਦ ਦੇ ਦਫਤਰ ਵਿਖੇ ਸਥਿਤ ਸਖੀ-ਵਨ ਸਟਾਪ ਸੈਂਟਰ, ਸਿਵਲ ਹਸਪਤਾਲ ਫੇਜ਼-6 ਦੇ ਜੱਚਾ-ਬੱਚਾ ਵਾਰਡ ਦਾ ਦੌਰਾ ਕੀਤਾ ਗਿਆ ਕਿ ਅਤੇ ਪਾਈਆਂ ਗਈਆ ਕਮੀਆਂ ਨੂੰ ਦੂਰ ਕਰਨ ਲਈ ਸਬੰਧਤਾਂ ਨੂੰ ਜ਼ਰੂਰੀ ਹਦਾਇਤਾਂ ਜਾਰੀ ਕੀਤੀਆ ਗਈਆ।ਇਸ ਉਪਰੰਤ ਉਨ੍ਹਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਐਸ ਏ ਐਸ ਨਗਰ, ਵਿਖੇ ਰਾਸ਼ਟਰੀ ਮਹਿਲਾ ਆਯੋਗ 'ਆਪ ਦੇ ਦੁਆਰ' ਪਹੁੰਚ ਕੇ 'ਮਹਿਲਾ ਜਨਤਕ ਸੁਣਵਾਈ' ਕੀਤੀ ਅਤੇ ਕਿਹਾ ਕਿ ਸਖੀ ਵਨ ਸਟਾਪ ਸੈਂਟਰ ਦਾ ਮੁੱਖ ਉਦੇਸ਼ ਪੀੜ੍ਹਤ ਔਰਤਾਂ ਨੂੰ ਜਿਥੇ ਸਹਾਰਾ ਦੇਣਾ ਹੈ ਓਥੇ ਉਨ੍ਹਾਂ ਵਿੱਚ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਲਿਆਉਣਾ ਵੀ ਹੈ।ਸ਼੍ਰੀਮਤੀ ਮਮਤਾ ਕੁਮਾਰੀ ਵੱਲੋਂ ਜਨਤਕ ਸੁਣਵਾਈ ਦੌਰਾਨ 60 ਕੇਸਾਂ ਦੀ ਸੁਣਵਾਈ ਕੀਤੀ ਅਤੇ 25 ਕੇਸਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਉਨ੍ਹਾਂ ਦੇ ਅਧਿਕਾਰਾਂ ਤੋਂ ਜਾਣੂ ਕਰਵਾਉਣ ਸਬੰਧੀ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਖੀ-ਵਨ ਸਟਾਪ ਸੈਂਟਰ ਕਾਫੀ ਲਾਭਦਾਇਕ ਸਾਬਤ ਹੋ ਰਿਹਾ ਹੈ ਜਿੱਥੇ ਕਿ ਲੋੜਵੰਦ ਔਰਤਾਂ ਨੂੰ ਵੱਖ-ਵੱਖ ਅਧਿਕਾਰਾਂ ਤੇ ਸਕੀਮਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਨਿਖਿਲ ਅਰੋੜਾ ਨੇ ਦੱਸਿਆ ਕਿ ਔਰਤਾਂ ਨੂੰ ਬੇਟੀ ਬਚਾਓ ਬੇਟੀ ਪੜ੍ਹਾਓ, ਸਖੀ-ਵਨ ਸਟਾਪ ਸੈਂਟਰ ਵਿੱਚ ਐਮਰਜੈਂਸੀ ਸੇਵਾਵਾਂ, ਪੁਲਸ ਸਹਾਇਤਾ, ਡਾਕਟਰੀ ਸਹਾਇਤਾ, ਮਨੋ-ਸਮਾਜਿਕ ਸਲਾਹ/ ਕਾਂਊਂਸਲਿੰਗ, ਕਾਨੂੰਨੀ ਸਲਾਹ ਅਤੇ ਸਹਾਇਤਾ, ਵੀਡਿਓ ਕਾਨਫ਼ਰੈਂਸਿੰਗ, ਅਸਥਾਈ ਆਸਰਾ, ਮੁਫ਼ਤ ਕਾਨੂੰਨੀ ਸਹਾਇਤਾ, ਮਹਿਲਾ ਹੈਲਪਲਾਈਨ ਨੰਬਰ 181 ਆਦਿ ਸੇਵਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਉਪਰੰਤ ਉਨ੍ਹਾਂ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ ਅਤੇ ਔਰਤਾਂ ਦੀ ਸੁਰੱਖਿਆ ਦੇ ਸਬੰਧ ਵਿੱਚ ਸਬੰਧਤ ਅਧਿਕਾਰਾਂ ਪ੍ਰਤੀ ਜਾਗਰੂਕ ਕਰਵਾਇਆ ਗਿਆ।



# ਡਾਕਟਰਾਂ ਦੀ ਘਾਟ ਤੇ ਸਹੂਲਤਾਂ ਤੋਂ ਵਾਂਝਾ ਅੱਜ ਵੀ ਸਿਵਲ ਹਸਪਤਾਲ ਗੜ੍ਹਸ਼ੰਕਰ : ਪੁਰਖੋਵਾਲ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਹਲਕਾ ਗੜ੍ਹਸ਼ੰਕਰ ਦੇ ਸਿਵਲ ਹਸਪਤਾਲ ਦੀ ਗੱਲ ਕੀਤੀ ਜਾਵੇ ਤਾ ਕਰੀਬ ਤਾਂ ਇਹ ਹਸਪਤਾਲ ਡਾਕਟਰਾਂ ਸਮੇਤ ਹੋਰ ਕਈ ਸਹੂਲਤਾਂ ਤੋਂ ਅੱਜ ਵੀ ਵਾਂਝਾ ਹੀ ਹੈ।ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ।ਇੱਥੇ ਦੱਸਣਾ ਬਣਦਾ ਹੈ ਕਿ ਜਿੱਥੇ ਇਸ ਹਸਪਤਾਲ ਨੂੰ ਹਰ ਸਮੇਂ ਡਾਕਟਰਾਂ ਦੀ ਘਾਟ ਹੀ ਰਹੀ ਹੈ ਉੱਥੇ ਹੀ ਲੱਗੀ ਡਾਇਲਿਸਿਸ ਮਸ਼ੀਨ ਸ਼ੁਰੂ ਹੋਣ ਤੋਂ ਪਹਿਲਾਂ ਦੀ ਹੀ ਬੰਦ ਹੋ ਚੁੱਕੀ ਹੈ।ਇੱਥੇ ਬਲੱਡ ਬੈਂਕ ਵੀ ਕਈ ਸਾਲਾਂ ਤੋਂ ਬੰਦ ਪਿਆ ਹੋਇਆ ਹੈ।ਜਿਸ ਨਾਲ ਲੋਕਾਂ ਨੂੰ ਬਲੱਡ ਲੈਣ ਲਈ ਲੋਕਾ ਨੂੰ ਦੂਰ ਦਰਾਡੇ ਦੀਆਂ ਬਲੱਡ ਬੈਂਕਾਂ ਜਾਂ ਹਸਪਤਾਲਾਂ ਵਿੱਚ ਜਾਣਾ ਪੈਂਦਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕਾਂਗਰਸੀ ਆਗੂ ਜਸਬੀਰ ਸਿੰਘ ਪੁਰਖੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਬੇਸ਼ੱਕ ਸਿਹਤ ਕ੍ਰਾਂਤੀ ਨੂੰ ਲੈ ਕੇ ਕਾਫੀ ਦਾਅਵੇ ਕਰਦੀ ਨਜ਼ਰ ਆ ਰਹੀ ਸੀ ਪਰ ਜਿਸ ਦੀ ਜਮੀਨੀ ਹਕੀਕਤ ਕੁਝ ਹੋਰ ਹੀ ਹੈ ਉਹਨਾਂ ਕਿਹਾ ਕਿ ਗੜ੍ਹਸੰਕਰ ਵਿੱਚ ਲੱਗੀ ਡਾਇਲਿਸਿਸ ਮਸ਼ੀਨ ਆਮ ਲੋਕਾ ਲਈ ਸਿਰਫ ਚਿੱਟਾ ਹਾਥੀ ਸਾਬਤ ਹੋ ਰਹੀ ਹੈ। ਇਸ ਡਾਇਲਿਸਿਸ ਮਸ਼ੀਨ ਨੂੰ ਚਲਾਉਣ ਲਈ ਕੋਈ(ਡਾਕਟਰ ਨਹੀਂ ਹੈ ਅਤੇ ਆਮ ਲੋਕਾ ਨੂੰ ਪ੍ਰਾਈਵੇਟ ਹਸਪਤਾਲਾ 'ਚ ਮਹਿੰਗੇ ਭਾਅ 'ਤੇ ਜਾ ਕੇ ਡਾਇਲਿਸਿਸ ਕਰਵਾਉਣ ਲਈ ਜਾਣਾ ਪੈਂਦਾ ਹੈ ਅਤੇ ਜਾਣਕਾਰੀ ਮੁਤਾਬਕ ਸਿਵਲ ਹਸਪਤਾਲ 'ਚ ਪਿਛਲੇ ਲੰਮੇ ਸਮੇਂ ਤੋਂ ਡਾਕਟਰਾਂ ਦੀ ਘਾਟ ਤਾਂ ਚੱਲ ਰਹੀ ਹੈ ਜਿਸ ਵਿੱਚ ਸਿਵਲ ਹਸਪਤਾਲ ਵਿੱਚ ਜੋ ਔਰਤਾਂ ਨੂੰ ਸਮੱਸਿਆ ਆ ਰਹੀ ਕਿ ਗਾਇਨੀ ਡਿਪਾਰਮੈਂਟ ਜਿਸ ਵਿੱਚ ਕੋਈ ਵੀ ਡਾਕਟਰ ਨਹੀਂ ਹੈ ਹਸਪਤਾਲ ਵਿੱਚ ਨਰਸਿੰਗ ਸਿਸਟਰ ਦੀ ਵੀ ਘਾਟ ਹੈ। ਪੁਰਖੋਵਾਲ ਨੇ ਕਿਹਾ ਕਿ ਸਿਵਲ ਹਸਪਤਾਲ 'ਚ ਬਲੱਡ ਬੈਂਕ ਕਾਫੀ ਲੰਮੇ ਸਮੇਂ ਤੋਂ ਬੰਦ ਪਿਆ ਹੈ ਜਿਸ ਕਰਕੇ ਆਮ ਲੋਕਾ ਨੂੰ ਲੋੜ ਪੈਣ ਤੇ ਬਲੱਡ ਲੈਣ ਲਈ ਜਾਂ ਤਾਂ ਹੁਸ਼ਿਆਰਪੁਰ ਜਾਂ ਫਿਰ ਨਵਾਂਸ਼ਹਿਰ ਜਾਣਾ ਪੈਂਦਾ ਹੈ ਜੇਕਰ ਸਿਵਲ ਹਸਪਤਾਲ ਗੜ੍ਹਸ਼ੰਕਰ ਚ ਬਲੱਡ ਬੈਕ ਸ਼ੁਰੂ ਹੋ ਜਾਵੇ ਤਾਂ ਆਮ ਲੋਕਾ ਨੂੰ ਵੱਡੇ ਪੱਧਰ 'ਤੇ ਫਾਇਦਾ ਹੋ ਸਕਦਾ ਹੈ। ਅਖੀਰ ਪੁਰਖੋਵਾਲ ਨੇ ਕਿਹਾ ਹੈ ਕਿ ਆਪ ਸਰਕਾਰ ਨੂੰ ਕਰੀਬ ਚਾਰ ਸਾਲ ਦਾ ਸਮਾਂ ਹੋ ਚੁੱਕਾ ਹੈ ਪਰ ਗੜ੍ਹਸ਼ੰਕਰ 'ਚ ਸਿਵਲ ਹਸਪਤਾਲ ਦੇ ਹਲਾਤ ਨਹੀਂ ਬਦਲੇ ਅੱਜ ਵੀ ਡਾਕਟਰਾਂ ਦੀ ਘਾਟ ਵੱਡੇ ਪੱਧਰ 'ਤੇ ਚੱਲ ਰਹੀ ਹੈ।ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਹੈ ਕਿ ਜਲਦ ਹੀ ਸਿਵਲ ਹਸਪਤਾਲ ਗੜ੍ਹਸ਼ੰਕਰ ਵਿੱਚ ਖਾਲੀ ਪੋਸਟਾਂ ਭਰੀਆਂ ਜਾਣ ਅਤੇ ਆਮ ਲੋਕਾਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾਣ।



# ਨਗਰ ਕੀਰਤਨ ਯਾਤਰਾ ਦਾ ਸਢੌਰਾ ਤੋਂ ਹੋਇਆ ਸ਼ਾਨਦਾਰ ਸ਼ੁੱਭ ਅਰੰਭ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗ ਬਹਾਦਰ ਦੇ 350ਵੇਂ ਸ਼ਹੀਦੀ ਸਾਲ ਦੇ ਪਵਿੱਤਰ ਮੌਕੇ ਹਰਿਆਣਾ ਦੇ ਯਮੁਨਾਨਗਰ ਜ਼ਿਲ੍ਹੇ ਦੇ ਸਢੌਰਾ ਤੋਂ ਚੌਥੀ ਪਵਿੱਤਰ ਨਗਰ ਕੀਰਤਨ ਯਾਤਰਾ ਦਾ ਸ਼ਾਨਦਾਰ ਸ਼ੁਭਾਰੰਭ ਕੀਤਾ ਗਿਆ।ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗੁਰਦੁਆਰਾ ਡਿਓਡੀ ਸਾਹਿਬ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਾਹਮਣੇ ਅਰਦਾਸ ਕਰਦੇ ਹੋਏ ਸ਼੍ਰੀ ਗੁਰੂ ਤੇਗ ਬਹਾਦਰ ਦੇ ਤਪ-ਤਿਆਗ ਦਾ ਸੰਦੇਸ਼ ਜਨ-ਜਨ ਤੱਕ ਪਹੁੰਚਾਉਣ ਦੀ ਅਪੀਲ ਕੀਤੀ।ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਆਪਣੇ ਕੋਟੇ ਤੋਂ ਗੁਰਦੁਆਰਾ ਡਿਓਡੀ ਸਾਹਿਬ ਨੂੰ 31 ਲੱਖ ਰੁਪਏ ਦੇਣ ਦਾ ਵੀ ਐਲਾਨ ਕੀਤਾ। ਇਨ੍ਹਾਂ ਯਾਤਰਾਵਾਂ ਦਾ ਸਮਾਪਨ 24 ਨਵੰਬਰ ਨੂੰ ਕੁਰੂਕਸ਼ੇਤਰ ਵਿੱਚ ਹੋਵੇਗਾ। 25 ਨਵੰਬਰ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਦੇ ਸ਼ਹੀਦੀ ਦਿਵਸ ਮੌਕੇ ਕੁਰੂਕਸ਼ੇਤਰ ਵਿੱਚ ਮਹਾ ਸਮਾਗਮ ਦਾ ਆਯੋਜਨ ਹੋਵੇਗਾ ਜਿਸ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਣਗੇ।

# ਪ੍ਰਦੂਸ਼ਣ ਵਿਰੁੱਧ ਚੱਲ ਰਹੇ ਸੰਘਰਸ਼ ਦੀ ਪਹਿਲੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੇ ਯੂਨਿਟ ਦੀ ਮੀਟਿੰਗ ਬੀਬੀ ਸੱਸੀ ਰਾਣਾ ਸਾਬਕਾ ਸਰਪੰਚ ਅਤੇ ਸੁਖਦੇਵ ਕਟਾਰੀਆ ਸਾਬਕਾ ਸਰਪੰਚ ਦੀ ਅਗਵਾਈ ਹੇਠ ਹੋਈ।ਮੀਟਿੰਗ ਨੇ ਪ੍ਰਦੂਸ਼ਣ ਵਿਰੁੱਧ ਚੱਲ ਰਹੇ ਸੰਘਰਸ਼ ਦੀ ਪਹਿਲੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਸਮੂਹ ਸੰਘਰਸ਼ਸ਼ੀਲ ਲੋਕਾਂ ਨੂੰ ਵਧਾਈ ਦਿੱਤੀ। ਪਿਛਲੇ ਕੱਲ੍ਹ ਤੋਂ ਹਵਾ ਵਿੱਚ ਕੇਰੀ ਦਾ ਆਉਣਾ ਬੰਦ ਹੋ ਗਿਆ ਹੈ ਅਤੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ।ਆਸ ਪੇਪਰ ਮਿਲ ਬਣਾ ਦੀ ਮੈਨੇਜਮੈਂਟ ਦੇ ਅਧਿਕਾਰੀ ਚੱਲ ਰਹੀ ਮੀਟਿੰਗ ਵਿੱਚ ਪੁੱਜੇ ਅਤੇ ਉਹਨਾਂ ਨੇ ਭਰੋਸਾ ਦਿੱਤਾ ਕਿ ਅੱਗੇ ਤੋਂ ਹਵਾ ਵਿੱਚ ਕੇਰੀ ਨਹੀਂ ਆਵੇਗੀ। ਇਸ ਜਿੱਤ ਕਾਰਨ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ ਅਤੇ ਸਮੂਹ ਸੰਘਰਸ਼ਸ਼ੀਲ ਲੋਕਾਂ ਨੂੰ ਵਧਾਈ ਦਿੱਤੀ।ਇਸ ਮੌਕੇ ਜਥੇਬੰਦੀ ਦੇ ਸੂਬਾਈ ਆਗੂ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਪ੍ਰਦੂਸ਼ਣ ਵਿਰੁੱਧ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਮਨੋਹਰ ਲਾਲ, ਪ੍ਰਤਾਪ ਸਿੰਘ ਰਾਣਾ, ਗੁਰਦੇਵ ਸਿੰਘ, ਸ੍ਰੀ ਰਾਮ, ਜਗਦੀਸ਼ ਰਾਮ, ਆਸਾ ਰਾਣੀ, ਸੁਨੀਤਾ ਰਾਣਾ, ਕਮਲਜੀਤ ਬਬਲੀ, ਸੀਤਾ ਰਾਣੀ, ਸਤਪਾਲ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਨੇ ਸੰਗਤਾਂ ਨੂੰ ਦਿੱਤਾ ਸੇਵਾ, ਸਿਮਰਨ ਦਾ ਸੰਦੇਸ਼

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਨਿਰਮਲ ਕੁਟੀਆ ਟੂਟੋਮਜਾਰਾ ਜਨਮ ਅਸਥਾਨ ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਮਹਾਰਾਜ ਵਿਖੇ ਸਾਲਾਨਾ ਸਮਾਗਮਾਂ ਨੂੰ ਮੁੱਖ ਰੱਖਦੇ ਹੋਏ ਪਿਛਲੇ ਦਿਨਾਂ ਤੋਂ ਚੱਲ ਰਹੇ ਰਾਤ ਦੇ ਦੀਵਾਨਾਂ ਵਿੱਚ ਕਥਾ ਕੀਰਤਨ ਕਰਦਿਆਂ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਨੇ ਸੰਗਤਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਉਹਨਾਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਿਆ ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਿਤਪਾਲਣਾ ਕਰ ਰਿਹਾ ਹੈ। ਉਹਨਾ ਕਿਹਾ ਕਿ ਸਾਨੂੰ ਆਪਣੀ ਸੰਸਾਰਕ ਜੀਵਨ ਯਾਤਰਾ ਦੌਰਾਨ ਸੁੱਖਮਈ ਤੇ ਆਨੰਦਮਈ ਜ਼ਿੰਦਗੀ ਜਿਉਣ ਲਈ ਰੋਜ਼ਾਨਾ ਨਾਮ ਸਿਮਰਨ ਦਾ ਅਭਿਆਸ ਕਰਨ, ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣ, ਇੱਕ ਦੂਜੇ ਦੇ ਦੁੱਖ ਸੁੱਖ ਵਿੱਚ ਸਹਾਇਕ ਹੋਣ ਅਤੇ ਮਹਾਂਪੁਰਸ਼ਾਂ ਦੀ ਸੰਗਤ ਕਰਕੇ ਆਪਣੇ ਜੀਵਨ ਦਾ ਚਿੰਤਨ ਕਰਨਾ ਚਾਹੀਦਾ ਹੈ।ਇਸ ਮੌਕੇ ਸੰਤ ਬਾਬਾ ਮੱਖਣ ਸਿੰਘ ਮਹਾਰਾਜ ਨੇ ਸੰਗਤਾਂ ਨੂੰ 'ਸਤਿਨਾਮ ਵਾਹਿਗੁਰੂ' ਦਾ ਜਾਪ ਕਰਵਾਇਆ।ਰਾਤ ਦੇ ਇਸ ਦੀਵਾਨ ਵਿੱਚ ਪਿੰਡ ਟੂਟੋਮਜਾਰਾ, ਮੁੱਗੋਵਾਲ, ਢਾਡਾ ਖੁਰਦ,ਸਕਰੂਲੀ ਅਤੇ ਹੋਰ ਲਾਗਲੇ ਪਿੰਡਾਂ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਆਈਆਂ ਹੋਈਆਂ ਸਨ।



# ਪੰਜਾਬ 'ਚ ਕਾਂਗਰਸ 2027 'ਚ ਸਰਕਾਰ ਬਣਾ ਕੇ ਨਵਾਂ ਇਤਿਹਾਸ ਸਿਰਜੇਗੀ : ਰੰਧਾਵਾ, ਸੰਧੂ

**ਪਟਿਆਲਾ/ਸਨੌਰ (ਰਜਿੰਦਰ ਸਿੰਘ ਥਿੰਦ)**- ਪੰਜਾਬ ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਤੇ ਪਟਿਆਲਾ ਕਾਂਗਰਸ (ਦਿਹਾਤੀ) ਦੇ ਪ੍ਰਧਾਨ ਸਾਬਕਾ ਚੇਅਰਮੈਨ ਬੀਬਾ ਗੁਰਸ਼ਰਨ ਕੌਰ ਰੰਧਾਵਾ ਤੇ ਕਾਂਗਰਸ ਕਿਸਾਨ ਸੈੱਲ ਦੇ ਜਨਰਲ ਸਕੱਤਰ ਗੌਰਵ ਸੰਧੂ ਨੇ ਆਖਿਆ ਕਿ ਦੇਸ਼ ਤੇ ਪੰਜਾਬ ਨੂੰ ਬਚਾਉਣ ਲਈ ਕਾਂਗਰਸ ਨੂੰ ਰਾਹੁਲ ਗਾਂਧੀ ਦੀ ਅਗਵਾਈ ਹੇਠ ਮਜ਼ਬੂਤ ਕਰਨ ਦੀ ਲੋੜ ਹੈ ਤਾਂ ਜੋ ਪੰਜਾਬ ਤੇ ਦੇਸ਼ ਅੰਦਰ ਇਕ ਚੰਗਾ ਮਾਹੌਲ ਸਿਰਜਿਆ ਜਾ ਸਕੇ।ਇਸ ਮੌਕੇ ਸੰਧੂ ਵੱਲੋਂ ਬੀਬਾ ਗੁਰਸ਼ਰਨ ਕੌਰ ਰੰਧਾਵਾ ਨੂੰ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਵਧਾਈ ਦਿੰਦੇ ਹੋਏ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਦੀ ਅਗਵਾਈ ਹੇਠ ਕਾਂਗਰਸ ਦੀ ਚੜ੍ਹਦੀਕਲਾ ਲਈ ਦਿਨ-ਰਾਤ ਇਕ ਕਰ ਦੇਣਗੇ। ਇਨ੍ਹਾਂ ਦੋਵੇਂ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ 2027 ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਆਪਣੀ ਸਰਕਾਰ ਬਣਾ ਕੇ ਇੱਕ ਨਵਾਂ ਇਤਿਹਾਸ ਸਿਰਜੇਗੀ।ਉਨ੍ਹਾਂ ਆਖਿਆ ਕਿ ਸਿਰਫ ਕਾਂਗਰਸ ਵਿੱਚੋਂ ਕੁਝ ਦੋਗਲੇ ਨੇਤਾਵਾਂ ਦੀ ਛਾਂਟੀ ਕਰਨੀ ਜ਼ਰੂਰੀ ਹੈ ਤੇ ਰਾਹੁਲ ਗਾਂਧੀ ਤੇ ਉਨ੍ਹਾਂ ਦੀ ਟੀਮ ਹੁਣ ਇਸ ਉੱਪਰ ਬੜੀ ਬਰੀਕੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਲੋਕਾਂ ਦੀ ਆਪਣੀ ਪਾਰਟੀ ਹੈ, ਜਿਸ ਨੂੰ ਹਮੇਸ਼ਾ ਹੀ ਲੋਕਾਂ ਨੇ ਸਮੇਂ ਸਮੇਂ ਸਿਰ ਆਪਣਾ ਸਾਥ ਵੋਟਾਂ ਪਾ ਕੇ ਦਿੱਤਾ ਹੈ ਤੇ ਅੱਜ ਵੀ ਲੋਕਾਂ ਵੱਲੋਂ ਪਾਰਟੀ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਦ ਵੀ ਕਾਂਗਰਸ ਪਾਰਟੀ ਨੂੰ ਸੱਤਾ ਦੇਸ਼ ਤੇ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਵਾਸੀਆਂ ਨੇ ਸੌਂਪੀ ਤਦ-ਤਦ ਕਾਂਗਰਸ ਨੇ ਦੇਸ਼ ਦੇ ਹੱਕ 'ਚ ਚੰਗੇ ਫੈਸਲੇ ਲਏ ਹਨ।



# ਮਨੁੱਖੀ ਅਧਿਕਾਰਾਂ ਦੀ ਆਜ਼ਾਦੀ ਦਾ ਪ੍ਰਤੀਕ ਹੈ ਗੁਰੂ ਜੀ ਦੀ ਕੁਰਬਾਨੀ : ਪ੍ਰੋ: ਗਣੇਸ਼ੀ ਲਾਲ

**ਨਗਰ ਕੀਰਤਨ ਦਾ ਸਿਰਸਾ ਦੀ ਰਾਇਲ ਹਵੇਲੀ ਪਹੁੰਚਣ 'ਤੇ ਭਰਪੂਰ ਸਵਾਗਤ**

**ਸਿਰਸਾ (ਸੁਰਿੰਦਰ ਪਾਲ ਸਿੰਘ)** : ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮਾਂ ਦੇ ਸਬੰਧ ਵਿੱਚ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਕੱਢੇ ਜਾ ਰਹੇ ਸ਼ਹੀਦੀ ਨਗਰ ਕੀਰਤਨ ਦੇ ਸਿਰਸਾ ਦੀ ਹਿਸਾਰ ਰੋਡ 'ਤੇ ਸਥਿਤ ਰਾਇਲ ਹਵੇਲੀ ਵਿਖੇ ਪਹੁੰਚਣ 'ਤੇ ਓੜੀਸ਼ਾ ਦੇ ਸਾਬਕਾ ਰਾਜਪਾਲ ਪ੍ਰੋਫੈਸਰ ਗਣੇਸ਼ੀ ਲਾਲ ਦੇ ਪਰਿਵਾਰ ਵੱਲੋਂ ਸ਼ਹਿਰ ਦੇ ਪਤਵੰਤਿਆਂ ਨਾਲ ਮਿਲ ਕੇ ਗੁਰੂ ਜੀ ਦੀ ਅਸਵਾਰੀ 'ਤੇ ਫੁੱਲ ਵਰਸਾਏ ਗਏ ਤੇ ਪੰਜ ਪਿਆਰਿਆਂ ਨੂੰ ਸਰੋਪਾਓ ਦਿੱਤੇ ਗਏ। ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਪ੍ਰਤੀ ਸਾਬਕਾ ਰਾਜਪਾਲ ਪ੍ਰੋਫੈਸਰ ਗਣੇਸ਼ੀ ਲਾਲ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜੀਵਨ ਤੇ ਕੁਰਬਾਨੀ ਮਨੁੱਖੀ ਅਧਿਕਾਰਾਂ ਤੇ ਧਾਰਮਿਕ ਆਜ਼ਾਦੀ ਦੀ ਰੱਖਿਆ ਦੀ ਸਰਵਉੱਚ ਉਦਾਹਰਣ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਕੁਰਬਾਨੀ ਸਮੁੱਚੇ ਰਾਸ਼ਟਰ ਦੀ ਚੇਤਨਾ ਦਾ ਪ੍ਰਤੀਕ ਹੈ। ਭਾਜਪਾ ਦੇ ਸੂਬਾ ਵਰਕਿੰਗ ਕਮੇਟੀ ਮੈਂਬਰ ਮਨੀਸ਼ ਸਿੰਗਲਾ ਨੇ ਕਿਹਾ ਕਿ ਗੁਰੂ ਜੀ ਦੀ ਕੁਰਬਾਨੀ ਸਾਨੂੰ ਧਰਮ, ਨਿਆਂ ਤੇ ਮਨੁੱਖੀ ਆਜ਼ਾਦੀ ਦਾ ਸਬਕ ਸਿਖਾਉਂਦੀ ਹੈ। ਗੁਰੂ ਜੀ ਨੇ ਆਪਣੀ ਜਾਨ ਕਿਸੇ ਇੱਕ ਭਾਈਚਾਰੇ ਲਈ ਨਹੀਂ, ਸਗੋਂ ਸਾਰੀ ਮਨੁੱਖਤਾ ਦੀ ਧਾਰਮਿਕ ਆਜ਼ਾਦੀ ਲਈ ਕੁਰਬਾਨ ਕੀਤੀ। ਉਨ੍ਹਾਂ ਦਾ ਜੀਵਨ ਦਰਸ਼ਨ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦਾ ਹੈ। ਇਸ ਯਾਤਰਾ ਦਾ ਸਵਾਗਤ ਕਰਨ ਵਾਲਿਆਂ ਵਿੱਚ ਮੁੱਖ ਤੌਰ ਤੇ ਮਨੀਸ਼ ਸਿੰਗਲਾ, ਪ੍ਰਕਾਸ਼ ਸਿੰਘ ਸਾਹੂਵਾਲਾ, ਕਰਮਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਕੁਲਦੀਪ ਸਿੰਘ ਫੱਗੂ, ਹਰਪਾਲ ਸਿੰਘ ਮੈਨੇਜਰ, ਗੁਰਮੇਜ ਸਿੰਘ, ਬੇਅੰਤ ਸਿੰਘ, ਹਰਪਿੰਦਰ ਸ਼ਰਮਾ, ਯੋਗੇਸ਼ ਗੱਜਣਵਾਲ, ਸਵਰਮਲ ਗੁੱਜਰ, ਕੌਸ਼ਲਿਆ, ਮਨੀਸ਼, ਮੁਕੇਸ਼, ਜਸਵਿੰਦਰ, ਬਲਵੰਤ, ਆਨੰਦ ਰਾਵਤ, ਇੰਦਰਜੀਤ ਪ੍ਰੇਮਜੀਤ ਸਮੇਤ ਸਿਰਸਾ ਖੇਤਰ ਦੇ ਬਹੁਤ ਸਾਰੀਆਂ ਸਮਾਜਿਕ ਤੇ ਧਾਰਮਿਕ ਹਸਤੀਆਂ ਸ਼ਾਮਲ ਸਨ।



# 69ਵੀਆਂ ਸਕੂਲ ਨੈਸ਼ਨਲ ਖੇਡਾਂ (ਸ਼ਤਰੰਜ) ਦੇ ਟਰਾਇਲ ਕਰਾਏ

**ਸੰਗਰੂਰ (ਪ੍ਰਵੀਨ ਸਿੰਘ)** 69ਵੀਆਂ ਰਾਸ਼ਟਰੀ ਸਕੂਲ ਖੇਡਾਂ ਅੰਡਰ 17 ਮੁੰਡੇ ਤੇ ਕੁੜੀਆਂ, ਜੋ ਤ੍ਰਿਪੁਰਾ ਦੀ ਰਾਜਧਾਨੀ ਅਗਰਤਲਾ ਵਿਖੇ 27 ਤੋਂ 30 ਨਵੰਬਰ ਤੱਕ ਹੋ ਰਹੀਆਂ ਹਨ, ਜਿਸਦੇ ਟ੍ਰਾਇਲ ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸੰਗਰੂਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ: ਸਿ) ਸ੍ਰੀਮਤੀ ਤਰਵਿੰਦਰ ਕੌਜ ਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ੍ਰੀਮਤੀ ਨਰੇਸ਼ ਸੈਣੀ ਜੀ ਦੀ ਅਗਵਾਈ ਹੇਠ ਕਰਾਈਆਂ ਗਈਆਂ। ਸ੍ਰੀ ਰਕੇਸ਼ ਗੁਪਤਾ ਨੇ ਦੱਸਿਆ ਕਿ ਇਨ੍ਹਾਂ ਦੇ ਟ੍ਰਾਇਲਜ਼ ਸੁਤੰਤਰਤਾ ਸੰਗਰਾਮੀ ਜਥੇਦਾਰ ਕਰਤਾਰ ਸਿੰਘ ਦਰਵੇਸ਼ ਸਕੂਲ ਆਫ਼ ਐਮੀਨੈਂਸ ਸੰਗਰੂਰ ਵਿਖੇ 17 ਨਵੰਬਰ ਨੂੰ ਕਰਾਏ ਗਏ, ਜਿਸ ਵਿਚ ਸੂਬੇ ਭਰ ਤੋਂ 69ਵੀਆਂ ਪੰਜਾਬ ਸਕੂਲ ਖੇਡਾਂ ਵਿਚ ਚੁਣੇ ਗਏ ਸ਼ਤਰੰਜ ਖਿਡਾਰੀਆਂ ਨੇ ਭਾਗ ਲਿਆ। ਇਨ੍ਹਾਂ ਟ੍ਰਾਇਲਜ਼ ਨੂੰ ਕਰਾਉਣ ਲਈ ਸਿੱਖਿਆ ਵਿਭਾਗ ਵੱਲੋਂ ਬਤੌਰ ਸਿਲੈਕਟਰ ਮਨਦੀਪ ਸਿੰਘ ਡੀ.ਪੀ.ਈ, ਰਾਕੇਸ਼ ਗੁਪਤਾ ਹਿੰਦੀ ਅਧਿਆਪਕ, ਰਾਜਪ੍ਰੀਤ ਗੋਇਲ, ਹਰਪ੍ਰੀਤ ਸਿੰਘ, ਸੁਖਵਿੰਦਰ ਕੌਰ ਦੀ ਡਿਊਟੀ ਲਾਈ ਗਈ, ਜਿਨ੍ਹਾਂ ਨੇ ਦਿੱਤੀ ਜ਼ਿੰਮੇਵਾਰੀ ਨੂੰ ਬਾਖ਼ੂਬੀ ਨਿਭਾਇਆ। ਇਨ੍ਹਾਂ ਟ੍ਰਾਇਲਜ਼ ਦੀ ਸ਼ੁਰੂਆਤ ਸ੍ਰੀ ਵਿਪਨ ਚਾਵਲਾ ਪ੍ਰਿੰਸੀਪਲ ਸੁਤੰਤਰਤਾ ਸੰਗਰਾਮੀ ਜਥੇ: ਕਰਤਾਰ ਸਿੰਘ ਦਰਵੇਸ਼ ਸਕੂਲ ਆਫ਼ ਐਮੀਨੈਂਸ ਸੰਗਰੂਰ ਵੱਲੋਂ ਕੀਤੀ ਗਈ ਤੇ ਖਿਡਾਰੀਆਂ ਨੂੰ ਆਪਣੇ ਚੰਗੇ ਪ੍ਰਦਰਸ਼ਨ ਨਾਲ ਪੰਜਾਬ ਦਾ ਨਾਮ ਰੌਸ਼ਨ ਕਰਨ ਦਾ ਸੁਨੇਹਾ ਦਿੱਤੀ। ਸ੍ਰੀ ਰਕੇਸ਼ ਗੁਪਤਾ ਨੇ ਦੱਸਿਆ ਕਿ ਇਨ੍ਹਾਂ ਹੋਣ ਵਾਲੀਆਂ ਨੈਸ਼ਨਲ ਖੇਡਾਂ ਵਿਚ 17 ਸਾਲ ਲੜਕਿਆਂ ਦੀ ਟੀਮ ਵਿਚ ਪੁਨੀਤ ਵਰਮਾ ਹੁਸ਼ਿਆਰਪੁਰ, ਭਵਰਾਜ ਸਿੰਘ ਸੋਹੀ ਪਟਿਆਲਾ, ਪ੍ਰੀਤੀਸ਼ ਹੁਸ਼ਿਆਰਪੁਰ, ਕੁਸ਼ਨੂਰ ਬਠਿੰਡਾ ਅਤੇ ਰਿਪੁਦਮਨ ਸਿੰਘ ਬਠਿੰਡਾ ਚੁਣੇ ਗਏ। ਇਸੇ ਤਰ੍ਹਾਂ 17 ਸਾਲਾਂ ਲੜਕੀਆਂ 'ਚ ਅਰਸ਼ੀਆ ਬਠਿੰਡਾ, ਲਵਨਯ ਮੋਗਾ, ਰੀਤ ਗਰਚਾ ਲੁਧਿਆਣਾ, ਪਰੀ ਬਠਿੰਡਾ, ਕ੍ਰਿਤੀ ਲੁਧਿਆਣਾ ਚੁਣੇ ਗਏ।



# ਨੌਜਵਾਨ ਭਾਰਤ ਸਭਾ ਨੇ ਢੁੱਡੀਕੇ 'ਚ ਮਨਾਇਆ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ

**● ਸ਼ਹੀਦ ਸਰਾਭਾ ਦੇ ਗ਼ਦਰ ਲਹਿਰ ਤੇ ਦੇਸ਼ ਦੀ ਆਜ਼ਾਦੀ ਲਈ ਕੀਤੀ ਕੁਰਬਾਨੀ ਤੋਂ ਨੌਜਵਾਨਾਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ : ਕਰਮਜੀਤ ਮਾਣੂਕੇ**

**ਮੋਗਾ (ਇਕਬਾਲ ਸਿੰਘ ਖਹਿਰ)**- ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਢੁੱਡੀਕੇ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਉੱਤੇ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ ਨੂੰ ਮੁੱਖ ਬੁਲਾਰੇ ਵਜੋਂ ਸੱਦਿਆ ਗਿਆ। ਇਸ ਮੌਕੇ ਸਮਾਗਮ ਦੇ ਸ਼ੁਰੂ ਵਿੱਚ ਇਨਕਲਾਬੀ ਗੀਤ ਸੰਗੀਤ ਪੇਸ਼ ਕੀਤਾ ਗਿਆ।ਪੰਜਾਬ ਸਟੂਡੈਂਟਸ ਯੂਨੀਅਨ ਤੋਂ ਹਰਪ੍ਰੀਤ ਸਿੰਘ ਢੁੱਡੀਕੇ ਨੇ ਸਭ ਨੂੰ ਜੀ ਆਇਆਂ ਆਖਿਆ।ਇਸ ਤੋਂ ਬਾਅਦ ਕਰਮਜੀਤ ਮਾਣੂੰਕੇ ਨੇ ਗ਼ਦਰ ਲਹਿਰ ਦੇ ਇਤਿਹਾਸ ਬਾਰੇ ਦੱਸਦਿਆਂ ਕਰਤਾਰ ਸਿੰਘ ਸਰਾਭਾ ਦੇ ਗ਼ਦਰ ਲਹਿਰ ਵਿੱਚ ਯੋਗਦਾਨ ਬਾਰੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਸ਼ਹੀਦ ਸਰਾਭਾ ਦੇ ਗ਼ਦਰ ਲਹਿਰ ਤੇ ਦੇਸ਼ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਕੀਤੀ ਕੁਰਬਾਨੀ ਤੋਂ ਅੱਜ ਦੇ ਨੌਜਵਾਨਾਂ ਨੂੰ ਵੀ ਪ੍ਰੇਰਨਾ ਲੈਣੀ ਚਾਹੀਦੀ ਹੈ। ਅੱਜ ਵੀ ਸਾਡੇ ਸਾਹਮਣੇ ਆਰਥਿਕ ਤੇ ਸਮਾਜਿਕ ਤੌਰ 'ਤੇ ਬਹੁਤ ਵੱਡੀਆਂ ਸਮੱਸਿਆਵਾਂ ਖੜ੍ਹੀਆਂ ਹਨ। ਜਿਸ ਲਈ ਨੌਜਵਾਨਾਂ ਨੂੰ ਇੱਕਜੁੱਟ ਹੋ ਕੇ ਸੰਘਰਸ਼ ਕਰਨਾ ਪਵੇਗਾ।ਇਸ ਦੇ ਨਾਲ ਹੀ ਸਾਨੂੰ ਸ਼ਹੀਦ ਸਰਾਭਾ ਦੇ ਨਾਲ਼ ਸ਼ਹੀਦ ਹੋਏ ਬਾਕੀ ਸੱਤ ਸਾਥੀਆਂ ਨੂੰ ਵੀ ਯਾਦ ਕਰਨਾ ਚਾਹੀਦਾ ਹੈ।ਇਸ ਤੋਂ ਬਾਅਦ ਰਾਜਾ ਸਿੰਘ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ।ਸਟੇਜ ਦੀ ਕਾਰਵਾਈ ਰਣਜੀਤ ਸਿੰਘ ਨੇ ਨਿਭਾਈ।ਅੰਤ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਨੌਜਵਾਨਾਂ ਨਾਲ਼ ਵਿਚਾਰ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਦੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।



# ਸਪਰਿੰਗ ਡਿਊ ਪਬਲਿਕ ਸਕੂਲ 'ਚ ਸਾਇੰਸ ਪ੍ਰਦਰਸ਼ਨੀ ਸਫਲਤਾਪੂਰਵਕ ਸੰਪੰਨ

**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**- ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਸ਼ਾਨਦਾਰ ਸਾਇੰਸ ਐਂਡ ਨੌਲੇਜ ਐਗਜ਼ੀਬੀਸ਼ਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਵਿਭਾਗਾਂ ਦੇ ਰਚਨਾਤਮਕ ਤੇ ਗਿਆਨਵਰਧਕ ਮਾਡਲ ਪੇਸ਼ ਕਰਕੇ ਦਰਸ਼ਕਾਂ ਦਾ ਦਿਲ ਜਿੱਤ ਲਿਆ। ਪ੍ਰਦਰਸ਼ਨੀ ਵਿੱਚ ਸਾਇੰਸ, ਤਕਨਾਲੋਜੀ, ਗਣਿਤ, ਸਮਾਜਿਕ ਵਿਗਿਆਨ, ਕਾਮਰਸ ਤੇ ਭਾਸ਼ਾਈ-ਸੱਭਿਆਚਾਰਕ ਵਿਰਾਸਤ ਦੇ ਵਿਸ਼ਿਆਂ ਨੂੰ ਇੱਕ ਹੀ ਛੱਤ ਹੇਠ ਸੁੰਦਰਤਾ ਨਾਲ ਪ੍ਰਗਟਾਇਆ ਗਿਆ। ਸਾਇੰਸ ਸੈਕਸ਼ਨ ਵਿੱਚ ਐਸਿਡ ਰੇਨ, ਗਲੋਬਲ ਵਾਰਮਿੰਗ ਤੇ ਭਾਰਤ ਦੇ ਪਹਾੜੀ ਤੇ ਦਰਿਆਈ ਤੰਤਰ ਦੀ ਬਣਤਰ ਜਿਹੇ ਵਿਸ਼ਿਆਂ ਨਾਲ ਸੰਬੰਧਤ ਆਕਰਸ਼ਕ ਮਾਡਲ ਪੇਸ਼ ਕੀਤੇ ਗਏ। ਇਸ ਸੈਕਸ਼ਨ ਦਾ ਸਭ ਤੋਂ ਜ਼ਿਆਦਾ ਵੇਖਿਆ ਗਿਆ ਤੇ ਪ੍ਰਭਾਵਸ਼ਾਲੀ ਮਾਡਲ ਹੋਮ ਡਾਇਐਲਿਸਿਸ ਸਿਸਟਮ ਰਿਹਾ। ਭਾਰਤੀ ਅਰਥਵਿਵਸਥਾ ਦਾ ਮਾਡਲ ਵੀ ਦਰਸ਼ਕਾਂ ਲਈ ਖਾਸ ਆਕਰਸ਼ਣ ਬਣਿਆ। ਕਾਮਰਸ ਸੈਕਸ਼ਨ ਵਿੱਚ ਸੈਕਟਰ ਆਫ ਇਕਾਨੋਮੀ ਦਾ ਮਾਡਲ ਸਭ ਤੋਂ ਵਧੀਆ ਰਿਹਾ, ਜਿਸ ਨੇ ਪ੍ਰਾਇਮਰੀ, ਸੈਕੰਡਰੀ ਤੇ ਟਰਸ਼ੀਅਰੀ ਸੈਕਟਰ ਦੀ ਭੂਮਿਕਾ ਨੂੰ ਸਪੱਸ਼ਟ ਕੀਤਾ। ਸੋਸ਼ਲ ਸਾਇੰਸ ਸੈਕਸ਼ਨ ਵਿੱਚ ਜੁਡੀਸ਼ੀਅਰੀ ਸਿਸਟਮ ਦਾ ਮਾਡਲ ਸਭ ਤੋਂ ਪ੍ਰਭਾਵਸ਼ਾਲੀ ਰਿਹਾ, ਜਿਸ ਵਿੱਚ ਨਿਆਂ ਪ੍ਰਣਾਲੀ ਤੇ ਅਦਾਲਤੀ ਬਣਤਰ ਨੂੰ ਵਿਸਤਾਰ ਨਾਲ ਦਰਸਾਇਆ ਗਿਆ। ਗਣਿਤ ਵਿਭਾਗ ਵਿੱਚ ਅਲਜੈਬ੍ਰਿਕ ਆਈਡੈਂਟਿਟੀਜ਼ ਦਾ ਮਾਡਲ ਸਭ ਤੋਂ ਲੋਕਪਰੀਯ ਰਹਿਆ, ਜਿਸ ਨੇ ਮੁਸ਼ਕਲ ਗਣਿਤਕ ਧਾਰਨਾਵਾਂ ਨੂੰ ਆਸਾਨ ਰੂਪ ਵਿੱਚ ਸਮਝਾਇਆ। ਭਾਸ਼ਾ ਤੇ ਸੱਭਿਆਚਾਰਕ ਸੈਕਸ਼ਨ ਵਿੱਚ ਤਿਆਰ ਕੀਤਾ ਗਿਆ ਪੁਰਾਣੀ ਪੰਜਾਬੀ ਸੱਭਿਆਚਾਰ ਤੇ ਵਿਰਾਸਤ ਨੂੰ ਦਰਸਾਉਂਦਾ ਵਿਸ਼ੇਸ਼ ਕਲਚਰ ਕੋਰਨਰ ਪੂਰੀ ਪ੍ਰਦਰਸ਼ਨੀ ਦਾ ਸਭ ਤੋਂ ਵੱਧ ਆਕਰਸ਼ਣ ਬਣਿਆ। ਇਸ ਵਿੱਚ ਪੰਜਾਬ ਦੇ ਰਿਵਾਜਾਂ, ਪਹਿਰਾਵਿਆਂ ਤੇ ਲੋਕ-ਜੀਵਨ ਨੂੰ ਨਿਖਰ ਕੇ ਪੇਸ਼ ਕੀਤਾ ਗਿਆ। ਪੂਰੇ ਪ੍ਰੋਗਰਾਮ ਦੀ ਦੇਖਭਾਲ ਤੇ ਸਫ਼ਲ ਆਯੋਜਨ ਲਈ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ੀ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ। ਮਹਿਮਾਨਾਂ ਤੇ ਮਾਪਿਆਂ ਨੇ ਵੀ ਵਿਦਿਆਰਥੀਆਂ ਦੀ ਕਾਬਲੀਅਤ ਦੀ ਖੁੱਲ੍ਹ ਕੇ ਤਾਰੀਫ਼ ਕੀਤੀ। ਇਸ ਸਮੇਂ ਪ੍ਰਧਾਨ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਆਦਿ ਹਾਜ਼ਰ ਸਨ।



# 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਅੰਮ੍ਰਿਤ ਸੰਚਾਰ ਕਰਵਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਪੰਜ ਪਿਆਰਿਆਂ ਦੀ ਅਗਵਾਈ ਹੇਠ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ ਗਿਆ।ਇਸ ਸਬੰਧੀ ਗੁਰਦੁਆਰਾ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਦੱਸਿਆ ਕਿ ਸੱਚਖੰਡ ਅੰਮ੍ਰਿਤ ਸੰਚਾਰ ਜਥਾ ਜੰਡੀ ਸ੍ਰੀ ਚਮਕੌਰ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਕਰਵਾਏ ਅੰਮ੍ਰਿਤ ਸੰਚਾਰ ਮੌਕੇ 35 ਪ੍ਰਾਣੀਆਂ ਨੇ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣਨ ਦਾ ਪ੍ਰਣ ਕੀਤਾ।ਇਸ ਮੌਕੇ ਉਨ੍ਹਾਂ ਬਾਣੀ ਤੇ ਬਾਣੇ ਦੇ ਧਾਰਨੀ ਬਨਣ ਤੇ ਸਮੂਹ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਨਸ਼ਿਆਂ ਤੇ ਹੋਰ ਸਮਾਜਿਕ ਅਲਾਮਤਾਂ ਦੇ ਖਾਤਮੇ ਲਈ ਗੁਰਮਤਿ ਨਾਲ ਜੁੜ ਕੇ ਲੋਕ ਭਲਾਈ ਦੇ ਕਾਰਜਾਂ 'ਚ ਸੰਗਤਾਂ ਨੂੰ ਅਹਿਮ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਗਿਆਨੀ ਕਰਮ ਸਿੰਘ ਆਸਟ੍ਰੇਲੀਆ, ਭਾਈ ਹਰਦੇਵ ਸਿੰਘ ਜੰਡੀ, ਅਮਰਜੀਤ ਸਿੰਘ ਬੱਸੀਆਂ, ਨੰਬਰਦਾਰ ਆਤਮਾ ਸਿੰਘ, ਗੁਰਮੇਲ ਸਿੰਘ ਮੇਲੀ, ਕਰਨੈਲ ਸਿੰਘ ਢੈਪਈ, ਅਜਮੇਰ ਸਿੰਘ ਧਾਲੀਵਾਲ, ਹਰਬੰਸ ਸਿੰਘ ਛੰਨਾਂ, ਨਿੱਕਾ ਸਿੰਘ, ਹਰੀ ਸਿੰਘ ਮੈਂਬਰ, ਹੈੱਡ ਗ੍ਰੰਥੀ ਭਾਈ ਨੱਥਾ ਸਿੰਘ, ਗਰੰਥੀ ਚਮਕੌਰ ਸਿੰਘ, ਕਰਨੈਲ ਸਿੰਘ ਆਦਿ ਹਾਜ਼ਰ ਸਨ।

# ਕਾਂਗਰਸੀ ਵਫ਼ਦ ਸਾਬਕਾ ਮੁੱਖ ਮੰਤਰੀ ਚੰਨੀ ਨੂੰ ਮਿਲਿਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਦੀ ਅਗਵਾਈ 'ਚ ਕਾਂਗਰਸੀ ਆਗੂਆਂ ਦਾ ਵਫ਼ਦ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਨੂੰ ਮਿਲ ਕੇ ਹਲਕਾ ਸ਼ੁਤਰਾਣਾ ਨਾਲ ਸੰਬੰਧਤ ਮੁਸ਼ਕਲਾਂ ਤੇ ਮੰਗਾਂ ਸਬੰਧੀ ਜਾਣਕਾਰੀ ਦਿੱਤੀ। ਸਾਬਕਾ ਮੁੱਖ ਮੰਤਰੀ ਨੂੰ ਮਿਲਣ ਉਪਰੰਤ ਕਾਂਗਰਸ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਨੇ ਕਿਹਾ ਕਿ ਪਾਰਟੀ ਦੇ ਕੌਮੀ ਆਗੂ ਰਾਹੁਲ ਗਾਂਧੀ ਵੱਲੋਂ ਭਾਜਪਾ ਦੀ ਵੋਟ ਚੋਰੀ ਮੁਹਿੰਮ ਖਿਲਾਫ ਸ਼ੁਰੂ ਕੀਤੀ ਗਈ। ਮੁਹਿੰਮ ਨੂੰ ਦੇਸ਼ ਭਰ 'ਚ ਵੱਡਾ ਹੁੰਗਾਰਾ ਮਿਲ ਰਿਹਾ ਹੈ।ਪੰਜਾਬ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਸੂਬੇ ਨੂੰ ਨਾ ਸਿਰਫ਼ ਆਰਥਿਕ ਮੰਦੀ ਵੱਲ ਧੱਕ ਦਿੱਤਾ ਹੈ, ਸਗੋਂ ਫੋਕੀ ਰਾਜਨੀਤੀ ਕੀਤੀ ਜਾ ਰਹੀ ਹੈ।ਸੂਬੇ 'ਤੇ ਕਰਜ਼ੇ ਦੀ ਪੰਡ ਪਹਿਲਾਂ ਨਾਲੋਂ ਬਹੁਤ ਵੱਡੀ ਹੋ ਗਈ ਹੈ।ਉਨ੍ਹਾਂ ਦੱਸਿਆ ਕਿ ਹਲਕਾ ਸ਼ੁਤਰਾਣਾ 'ਚ ਕਾਂਗਰਸ ਪਾਰਟੀ ਵੱਲੋਂ ਲਗਾਤਾਰ ਲੋਕ ਸਮੱਸਿਆਵਾਂ ਨੂੰ ਉਜਾਗਰ ਕੀਤਾ ਜਾ ਰਿਹਾ ਹੈ, ਜਿਨ੍ਹਾਂ 'ਤੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਈ ਧਿਆਨ ਨਹੀਂ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਸਰਕਾਰ ਤੋਂ ਅੱਕ ਚੁੱਕੇ ਹਨ ਤੇ ਸੂਬੇ ਵਿੱਚ ਕਾਂਗਰਸ ਦੀ ਸਰਕਾਰ ਲਿਆਉਣ ਲਈ ਮਨ ਬਣਾ ਚੁੱਕੇ ਹਨ। ਹੋਰਾਂ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਦਲੇਰ ਸਿੰਘ ਹਰਿਆਊ, ਗੁਰਦੀਪ ਸਿੰਘ ਧਨੇਠਾ, ਨੌਜਵਾਨ ਆਗੂ ਸਿਕੰਦਰ ਸਿੰਘ ਦੁਤਾਲ ਤੇ ਕੌਂਸਲਰ ਵਿਜੈ ਕੁਮਾਰ ਭੋਲਾ ਹਾਜ਼ਰ ਸਨ।



# ਡੀ ਸੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ, ਪ੍ਰਬੰਧਾਂ ਦਾ ਲਿਆ ਜਾਇਜ਼ਾ

**ਮਾਨਸਾ (ਆਤਮਾ ਸਿੰਘ ਪਮਾਰ)** ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਜ਼ਿਲ੍ਹਾ ਮਾਨਸਾ ਦੇ ਤਿੰਨੋ ਵਿਧਾਨ ਸਭਾ ਹਲਕਿਆਂ ਮਾਨਸਾ, ਬੁਢਲਾਡਾ ਤੇ ਸਰਦੂਲਗੜ੍ਹ ਤੋਂ 21 ਨਵੰਬਰ ਨੂੰ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਧਾਰਮਿਕ ਸਥਾਨਾਂ ਲਈ ਬੱਸਾਂ ਰਵਾਨਾ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਨੇ ਅਗਾਮੀ ਤਿਆਰੀਆਂ ਬਾਰੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਮੌਕੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਇਹ ਯਾਤਰਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੈ ਅਤੇ ਸ਼ਰਧਾਲੂਆਂ ਦੀ ਚੋਣ ਪਾਰਦਰਸ਼ੀ ਢੰਗ ਨਾਲ ਡਰਾਅ ਰਾਹੀਂ ਕੀਤੀ ਜਾਵੇਗੀ ਜਿਨ੍ਹਾਂ ਦੇ ਬੀਐਲਓਜ਼ ਰਾਹੀਂ ਫਾਰਮ ਭਰਵਾਏ ਜਾਣਗੇ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਾਏ ਜਾਣਗੇ। ਸੂਬਾ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਤਿੰਨ ਦਿਨ ਤੇ ਦੋ ਰਾਤਾਂ ਦੀ ਮੁਫ਼ਤ ਠਹਿਰ ਅਤੇ ਖਾਣੇ ਲਈ ਵਿਸਤ੍ਰਿਤ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂਆਂ ਨੂੰ ਯਾਤਰਾ ਲਈ ਰਜਿਸਟਰਡ ਕੀਤਾ ਜਾਵੇਗਾ ਤੇ ਰਜਿਸਟ੍ਰੇਸ਼ਨ ਲਈ ਵੋਟਰ ਆਈ.ਡੀ. ਕਾਰਡ ਲਾਜ਼ਮੀ ਹੋਵੇਗਾ । ਉਨ੍ਹਾਂ ਸ਼ਹਿਰਾਂ 'ਚ ਕਾਰਜਸਾਧਕ ਅਫ਼ਸਰਾਂ ਤੇ ਪਿੰਡਾਂ 'ਚ ਬੀਡੀਪੀਓਜ਼ ਨੂੰ ਸਕੀਮ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਤੇ ਤਾਲਮੇਲ ਬਣਾਉਣ ਦੇ ਨਿਰਦੇਸ਼ ਦਿੱਤੇ।



# ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਧਾਰਮਿਕ ਪ੍ਰੀਖਿਆ 23 ਨੂੰ

**ਬੁਢਲਾਡਾ (ਅਸ਼ੋਕ ਲਾਕੜਾ)** ਧਾਰਮਿਕ ਤੇ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਹਿੰਦ ਦੀ ਚਾਦਰ ਲਾਸਾਨੀ ਸ਼ਹੀਦ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਸਮਾਗਮਾਂ ਮੌਕੇ ਧਾਰਮਿਕ ਪ੍ਰੀਖਿਆ ਲਈ ਜਾ ਰਹੀ ਹੈ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਬਲਬੀਰ ਸਿੰਘ ਕੈਂਥ ਨੇ ਦੱਸਿਆ ਕਿ ਇਹ ਪ੍ਰੀਖਿਆ 23 ਨਵੰਬਰ ਸਵੇਰੇ 8 ਤੋਂ 10 ਵਜੇ ਤੱਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਲਈ ਜਾਵੇਗੀ, ਜਿਸ ਦਾ ਨਤੀਜਾ 25 ਨਵੰਬਰ ਸ਼ਹੀਦੀ ਗੁਰਪੁਰਬ ਵਾਲੇ ਦਿਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਮੁੱਖ ਸਮਾਗਮ ਦੌਰਾਨ ਕੱਢਿਆ ਜਾਵੇਗਾ ਤੇ ਬੱਚਿਆਂ ਨੂੰ ਸਨਮਾਨਤ ਕੀਤਾ ਜਾਵੇਗਾ। ਪ੍ਰੀਖਿਆ 'ਚ ਤਿੰਨ ਗਰੁੱਪ ਬਣਾਏ ਗਏ ਹਨ। ਪਹਿਲਾ ਗਰੁੱਪ 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦਾ, ਦੂਜਾ ਗਰੁੱਪ 13 ਤੋਂ 18 ਸਾਲ ਤੱਕ ਦੇ ਬੱਚੇ, ਤੀਜਾ ਗਰੁੱਪ 18 ਤੋਂ ਉੱਪਰ ਤੇ 25 ਸਾਲ ਤੱਕ ਦੇ ਬੱਚਿਆਂ ਦਾ ਹੋਵੇਗਾ।ਤਿੰਨੇ ਗਰੁੱਪਾਂ ਦੇ ਪਹਿਲੇ ਪੰਜ ਬੱਚਿਆਂ ਨੂੰ ਕ੍ਰਮਵਾਰ 3100 ਰੁਪਏ, 2100 ਰੁਪਏ, 1100 ਰੁਪਏ , 700 ਰੁਪਏ ਤੇ 500 ਰੁਪਏ ਨਕਦ ਇਨਾਮ ਦੇ ਨਾਲ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦਿੱਤੇ ਜਾਣਗੇ।ਉਸ ਤੋਂ ਬਾਅਦ ਹਰ ਗਰੁੱਪ ਦੇ ਦਸ ਬੱਚਿਆਂ ਨੂੰ ਸ਼ਾਨਦਾਰ ਗਿਫਟ ਦਿੱਤੇ ਜਾਣਗੇ।ਇਸ ਤਰ੍ਹਾਂ ਤਿੰਨੇ ਗਰੁੱਪਾਂ ਦੇ ਕੁੱਲ 45 ਬੱਚਿਆਂ ਨੂੰ ਇਨਾਮ ਦਿੱਤਾ ਜਾਵੇਗਾ।ਸਰਟੀਫਿਕੇਟ ਸਾਰੇ ਭਾਗ ਲੈਣ ਵਾਲੇ ਬੱਚਿਆਂ ਨੂੰ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਦਾਖਲੇ 21 ਨਵੰਬਰ ਤੱਕ ਬੱਸ ਸਟੈਂਡ ਦੇ ਨੇੜੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਦਫ਼ਤਰ ਵਿਖੇ ਰੋਜ਼ਾਨਾ ਸਵੇਰੇ 10 ਤੋਂ 12 ਅਤੇ ਸ਼ਾਮ ਨੂੰ 4 ਤੋਂ 6 ਵਜੇ ਤੱਕ ਭਰੇ ਜਾਂਦੇ ਹਨ। ਪੇਪਰ ਦਾ ਵਿਸ਼ਾ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜੀਵਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੋਵੇਗਾ।ਸਾਰੇ ਇਨਾਮ ਦਾਨੀ ਸੱਜਣਾਂ ਵਲੋਂ ਦਿੱਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੰਸਥਾ ਦਾ ਇਹ ਉਪਰਾਲਾ ਬੱਚਿਆਂ ਨੂੰ ਦੇਸ਼ ਕੌਮ ਲਈ ਮਹਾਨ ਬਲੀਦਾਨ ਦੇਣ ਵਾਲੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਪ੍ਰਤੀ ਜਾਣਕਾਰੀ ਦੇਣ ਲਈ ਹੈ।



# ਗੈਰੀ ਬੜਿੰਗ ਵੱਲੋਂ 65.60 ਲੱਖ ਦੀ ਲਾਗਤ ਵਾਲੇ ਕਮਿਊਨਿਟੀ ਸੈਂਟਰ ਦਾ ਉਦਘਾਟਨ

**ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)** ਪੰਜਾਬ ਸਰਕਾਰ ਹਰੇਕ ਕੰਮ, ਲੋਕਾਂ ਦੇ ਵਿਆਪਕ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਕਰਦੀ ਹੈ ਤੇ ਇਹ ਕਮਿਊਨਿਟੀ ਸੈਂਟਰ ਵੀ ਮੰਡੀ ਗੋਬਿੰਦਗੜ੍ਹ ਦੇ ਵਾਸੀਆਂ ਨੂੰ ਹਰੇਕ ਸਹੂਲਤ ਮੁਹਈਆ ਕਰਾਉਣ ਦੀ ਦਿਸ਼ਾ ਵਿੱਚ ਚੁੱਕਿਆ ਗਿਆ ਸਾਰਥਕ ਕਦਮ ਹੈ।ਇਹ ਪ੍ਰਗਟਾਵਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ 65.60 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਕਮਿਊਨਿਟੀ ਸੈਂਟਰ ਦਾ ਉਦਘਾਟਨ ਕਰਨ ਮੌਕੇ ਕੀਤਾ। ਵਿਧਾਇਕ ਗੈਰੀ ਬੜਿੰਗ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਜਨਤਕ ਭਲਾਈ ਪ੍ਰਤੀ ਵਚਨਬੱਧਤਾ 'ਤੇ ਜ਼ੋਰ ਦਿੰਦੇ ਕਿਹਾ ਕਿ ਇਹ ਸਹੂਲਤਾਂ, ਭਾਈਚਾਰਕ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਹਨ, ਜੋ ਨਿਵਾਸੀਆਂ ਨੂੰ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਦੀਆਂ ਹਨ। ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਮੈਨੂੰ ਬਹੁਤ ਖੁਸ਼ੀ ਹੈ ਕਿ ਸਾਡੇ ਇਲਾਕੇ ਦੇ ਲੋਕਾਂ ਲਈ ਇਹ ਨਵੀਂ ਤੇ ਸ਼ਾਨਦਾਰ ਸਹੂਲਤ ਅੱਜ ਖੋਲ੍ਹੀ ਗਈ ਹੈ।ਉਨ੍ਹਾਂ ਕਿਹਾ ਕਿ ਇਹ ਕਮਿਊਨਿਟੀ ਸੈਂਟਰ ਸਿਰਫ਼ ਇੱਕ ਇਮਾਰਤ ਨਹੀਂ, ਸਗੋਂ ਸਾਡੇ ਸਮਾਜ ਦੇ ਇਕੱਠੇ ਹੋਣ, ਸਿੱਖਣ ਅਤੇ ਵਿਕਾਸ ਕਰਨ ਦਾ ਇੱਕ ਕੇਂਦਰ ਬਣੇਗਾ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਨੇ ਦੱਸਿਆ ਕਿ ਕਮਿਊਨਿਟੀ ਕਲੱਬ ਸੱਭਿਆਚਾਰਕ ਪ੍ਰੋਗਰਾਮਾਂ, ਵਿਆਹਾਂ ਅਤੇ ਸਮਾਜਿਕ ਇਕੱਠਾਂ ਲਈ ਇੱਕ ਹੱਬ ਵਜੋਂ ਕੰਮ ਕਰੇਗਾ ਜੋ ਬਹੁਤ ਹੀ ਮਾਮੂਲੀ ਕਿਰਾਏ ਦੀ ਫੀਸ 'ਤੇ ਆਪਣੇਪਣ ਦੀ ਭਾਵਨਾ ਨੂੰ ਉਤਸ਼ਾਹਤ ਕਰੇਗਾ।

# ਰਸੋਈ ਬਾਗਬਾਨੀ ਵਿਸ਼ੇ 'ਤੇ ਇਕ ਰੋਜ਼ਾ ਵਰਕਸ਼ਾਪ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਖੇਤੀਬਾੜੀ ਵਿਭਾਗ ਵੱਲੋਂ ਖੇਤੀ ਵਿਰਾਸਤ ਮਿਸ਼ਨ ਦੇ ਸਹਿਯੋਗ ਨਾਲ ਰਸੋਈ ਬਾਗਬਾਨੀ ਬਾਰੇ ਇਕ-ਦਿਨੀ ਵਰਕਸ਼ਾਪ ਆਯੋਜਤ ਕੀਤੀ ਗਈ।ਵਰਕਸ਼ਾਪ ਦਾ ਮੁੱਖ ਉਦੇਸ਼ ਟਿਕਾਊ, ਵਿਸ਼-ਰਹਿਤ ਤੇ ਘਰੇਲੂ ਖਾਦ ਉਤਪਾਦਨ ਪ੍ਰਣਾਲੀਆਂ ਨੂੰ ਉਤਸ਼ਾਹਤ ਕਰਨਾ ਸੀ। ਵਰਕਸ਼ਾਪ ਦੀ ਅਗਵਾਈ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਵਾਈਸ ਚਾਂਸਲਰ ਨੇ ਕੀਤੀ, ਜਿਨ੍ਹਾਂ ਨੇ ਵਿਭਾਗ ਦੁਆਰਾ ਕੀਤੀਆਂ ਪਹਿਲਾਂ ਦੀ ਸ਼ਲਾਘਾ ਕਰਦਿਆਂ ਭਾਗੀਦਾਰਾਂ ਨੂੰ ਕੁਦਰਤੀ ਤੇ ਸਵੈ-ਨਿਰਭਰ ਖੁਰਾਕ ਪ੍ਰਣਾਲੀਆਂ ਅਪਨਾਉਣ ਲਈ ਪ੍ਰੇਰਿਤ ਕੀਤਾ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਤੇ ਡੀਨ, ਫੈਕਲਟੀ ਆਫ਼ ਐਗਰੀਕਲਚਰ ਨੇ ਕਿਹਾ ਕਿ ਰਸੋਈ ਬਾਗਬਾਨੀ ਭੋਜਨ ਸੁਰੱਖਿਆ ਤੇ ਪੋਸ਼ਣ ਸੰਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਵਾਤਾਵਰਣ ਦੀ ਸੰਭਾਲ ਵਿੱਚ ਵੀ ਯੋਗਦਾਨ ਪਾਉਂਦੀ ਹੈ।ਸਵਾਗਤ ਭਾਸ਼ਣ ਡਾ. ਜਸਪ੍ਰੀਤ ਕੌਰ ਢਿੱਲੋਂ, ਮੁਖੀ ਖੇਤੀਬਾੜੀ ਵਿਭਾਗ ਨੇ ਪ੍ਰਸਤੁਤ ਕੀਤਾ। ਵਰਕਸ਼ਾਪ ਵਿੱਚ ਮੁੱਖ ਬੁਲਾਰੇ ਵਜੋਂ ਡਾ. ਜੇ.ਐਨ.ਭਾਟੀਆ, ਰਸ਼ਪਿੰਦਰ ਸਿੰਘ, ਗੁਰਮਿੱਤਰ ਸਿੰਘ (ਖੇਤੀ ਵਿਰਾਸਤ ਮਿਸ਼ਨ ਨਾਲ ਜੁੜੇ ਪ੍ਰੋਗ੍ਰੈਸੀਵ ਕਿਸਾਨ) ਤੇ ਸ੍ਰੀ ਰਜੇਵ ਭਾਸਕਰ (ਪ੍ਰੋਗ੍ਰੈਸੀਵ ਕਿਸਾਨ) ਨੇ ਕੁਦਰਤੀ ਖੇਤੀ, ਜ਼ਹਿਰ-ਰਹਿਤ ਉਤਪਾਦਨ ਤੇ ਵਾਤਾਵਰਣ-ਮਿਤ੍ਰ ਖੇਤੀ ਪ੍ਰਣਾਲੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

# ਸਪੈਸ਼ਲ ਡੀ ਜੀ ਪੀ ਨੇ ਪੰਕਜ ਅਰੋੜਾ ਦਾ ਕੀਤਾ ਸਨਮਾਨ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਪਿਛਲੇ ਕਈ ਸਾਲਾਂ ਤੋਂ ਸੜਕ ਸੁਰੱਖਿਆ ਜਾਗਰੂਕਤਾ ਪੰਜਾਬ ਪੱਧਰ 'ਤੇ ਕੰਮ ਕਰ ਰਹੇ ਪੰਕਜ ਅਰੋੜਾ ਨੂੰ ਪੰਜਾਬ ਦੇ ਸਪੈਸ਼ਲ ਡੀ.ਜੀ.ਪੀ ਸ੍ਰੀ ਏ.ਐਸ.ਰਾਏ ਟ੍ਰੈਫ਼ਿਕ ਤੇ ਸੜਕ ਸੁਰੱਖਿਆ ਵੱਲੋਂ ਪ੍ਰਸ਼ੰਸਾ ਪੱਤਰ ਭੇਜਿਆ ਗਿਆ। ਇਹ ਪ੍ਰਸ਼ੰਸ਼ਾ ਪੱਤਰ ਐਸ.ਐਸ.ਪੀ ਸ੍ਰੀ ਸਰਤਾਜ ਸਿੰਘ ਚਹਿਲ (ਆਈ.ਪੀ.ਐਸ) ਵੱਲੋਂ ਦਿੱਤਾ ਗਿਆ। ਇਹ ਪੱਤਰ ਪੰਕਜ ਅਰੋੜਾ ਮੈਂਬਰ ਪੰਜਾਬ ਰਾਜ ਸੜਕ ਸੁਰੱਖਿਆ ਸਲਾਹਕਾਰ ਕਮੇਟੀ ਨੂੰ ਦਿੱਤਾ ਗਿਆ। ਇਹ ਵਿਅਕਤੀ ਪਿਛਲੇ ਕਈ ਸਾਲਾਂ ਤੋਂ ਸੜਕ ਸੁਰੱਖਿਆ ਜਾਗਰੂਕਤਾ ਤੇ ਕੰਮ ਕਰ ਰਿਹਾ ਹੈ। ਪੰਕਜ ਅਰੋੜਾ ਨੇ ਡੀਜੀਪੀ ਸਪੈਸ਼ਲ ਪੰਜਾਬ ਅਮਰਦੀਪ ਸਿੰਘ ਰਾਏ ਆਈ.ਪੀ.ਐਸ ਟ੍ਰੈਫ਼ਿਕ ਤੇ ਸੜਕ ਸੁਰੱਖਿਆ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਂ ਪਿਛਲੇ 11 ਸਾਲਾਂ ਤੋਂ ਸੜਕ ਸੁਰੱਖਿਆ ਜਾਗਰੂਕਤਾ 'ਤੇ ਕੰਮ ਕਰ ਰਿਹਾ ਹਾਂ। ਦਿਨ-ਰਾਤ ਜੋ ਵੀ ਸੜਕ ਸੁਰੱਖਿਆ ਸੇ ਜੁੜੀ ਜਾਗਰੂਕਤਾ ਗਤੀਵਿਧੀਆਂ ਹੁੰਦੀਆਂ ਹਨ, ਮੈਂ ਹਮੇਸ਼ਾ ਉਹਨਾਂ ਦੀ ਮਦਦ ਲਈ ਪਹੁੰਚ ਜਾਂਦਾ ਹਾਂ । ਪੰਕਜ ਅਰੋੜਾ ਨੇ ਕਿਹਾ ਸੜਕ ਹਾਦਸਿਆਂ ਦੇ ਵਿੱਚ ਹੋਣ ਵਾਲੀਆਂ ਕੀਮਤੀ ਜਾਨਾਂ ਨੂੰ ਬਚਾਉਣਾ ਉਨ੍ਹਾਂ ਦੀ ਪਹਿਲ ਹੈ।ਆਈਪੀਐਸ ਸ੍ਰੀ ਸਰਤਾਜ ਸਿੰਘ ਚਹਿਲ ਐਸ.ਐਸ.ਪੀ ਸੰਗਰੂਰ ਨੇ ਪੰਕਜ ਅਰੋੜਾ ਨੂੰ ਵਧਾਈ ਦਿੱਤੀ।



# ਓ ਐੱਸ ਡੀ ਸੁਖਵੀਰ ਸਿੰਘ ਸੁੱਖੀ ਨੇ ਧਰਮਸ਼ਾਲਾ ਦਾ ਨੀਂਹ ਪੱਥਰ ਰੱਖਿਆ

**ਉਸਾਰੀ 'ਤੇ 25 ਲੱਖ ਦੀ ਲਾਗਤ ਆਵੇਗੀ**

**ਧੂਰੀ (ਮਨੋਹਰ ਸਿੰਘ ਸੱਗੂ)**- ਸਥਾਨਕ ਸ਼ਹਿਰ ਦੇ ਵਾਰਡ ਨੰਬਰ-8 ਅੰਦਰ ਸਾਂਝੇ ਕਾਰਜਾਂ ਲਈ ਉਸਾਰੀ ਜਾਣ ਵਾਲੀ ਧਰਮਸ਼ਾਲਾ ਦੀ ਇਮਾਰਤ ਦਾ ਨੀਂਹ ਪੱਥਰ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਸੁਖਵੀਰ ਸਿੰਘ ਸੁੱਖੀ ਨੇ ਰੱਖਿਆ।ਧਰਮਸ਼ਾਲਾ ਦੀ ਉਸਾਰੀ 'ਤੇ 25 ਲੱਖ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਉਨ੍ਹਾਂ ਨਾਲ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵੀ ਮੌਜੂਦ ਸਨ। ਇਸ ਮੌਕੇ ਓ ਐੱਸ ਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਧਰਮਸ਼ਾਲਾ ਦੀ ਇਮਾਰਤ ਦਾ ਨਿਰਮਾਣ ਕਾਰਜ ਮੁਕੰਮਲ ਹੋਣ ਨਾਲ ਲੋਕਾਂ ਨੂੰ ਆਪਣੇ ਸਾਂਝੇ ਕਾਰਜ ਕਰਨ ਦੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਲਕੇ ਦੇ ਵਿਕਾਸ ਵੱਲ ਉਚੇਚਾ ਧਿਆਨ ਦਿੰਦਿਆਂ ਧੂਰੀ ਹਲਕੇ ਦੀ ਨੁਹਾਰ ਬਦਲੀ ਜਾ ਰਹੀ ਹੈ।ਇਸ ਮੌਕੇ ਅਨਿਲ ਮਿੱਤਲ, ਨਰੇਸ਼ ਸਿੰਗਲਾ, ਰਾਜਿੰਦਰ ਲੱਧੜ, ਗਗਨ ਜਵੰਧਾ, ਪੁਸ਼ਪਿੰਦਰ ਸ਼ਰਮਾ, ਰਛਪਾਲ ਸਿੰਘ ਭੁੱਲਰਹੇੜੀ, ਸੁਖਪਾਲ ਸਿੰਘ ਪਾਲਾ, ਵੀਰ ਭਾਨ, ਦਰਸ਼ਨ ਪਾਠਕ, ਭਿੰਦਾ ਵਿਰਕ ਤੇ ਜਗਤਾਰ ਸਿੰਘ ਬਾਗੜੀ ਆਦਿ ਮੌਜੂਦ ਸਨ।



# ਹਾਰਵਰਡ ਕਾਨਵੈਂਟ ਸਕੂਲ 'ਚ ਸਾਲਾਨਾ ਸਮਾਗਮ ਐਵਲੂਸ਼ਨ 2025 ਅਮਿੱਟ ਯਾਦਾਂ ਛੱਡਦਾ ਸੰਪੰਨ

**ਬਾਘਾ ਪੁਰਾਣਾ (ਮਨੀ ਸਿੰਗਲਾ)** ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਸਾਲਾਨਾ ਸਮਾਗਮ ਐਵਲੂਸ਼ਨ 2025 ਅਮਿੱਟ ਯਾਦਾਂ ਛੱਡਦਾ ਸਮਾਪਤ ਹੋ ਗਿਆ। ਸੂਕਲ ਚੇਅਰਮੈਨ ਨਵਦੀਪ ਸਿੰਘ ਬਰਾੜ ਤੇ ਡਾਇਰੈਕਟਰ ਇੰਜ: ਜਗਦੀਪ ਸਿੰਘ ਬਰਾੜ ਨੇ ਦੱਸਿਆ ਕਿ ਹਾਰਵਰਡ ਸਕੂਲ ਦੇ ਵਿਦਿਆਰਥੀ ਇਸ ਸਮਾਗਮ ਦੀ ਪਿਛਲੇ ਵੀਹ ਦਿਨਾਂ ਤੋਂ ਤਿਆਰੀ ਕਰ ਰਹੇ ਸਨ।ਸਮਾਗਮ ਵਿੱਚ ਬੱਚਿਆਂ ਨੇ ਭਾਰਤ ਦੇ ਹਰ ਰਾਜ ਦੇ ਲੋਕ ਨਾਚ ਨੂੰ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ।ਬੱਚਿਆਂ ਨੇ ਕੋਰੀਓਗ੍ਰਾਫਰ ਸੋਨੂੰ ਜੈਕਸ਼ਨ ਤੇ ਉਨ੍ਹਾਂ ਦੀ ਟੀਮ ਅਤੇ ਸਕੂਲ ਦੇ ਸਟਾਫ਼ ਦੀ ਅਗਵਾਈ ਵਿਚ ਗਿੱਧ, ਸੰਮੀ, ਰਾਜਸਥਾਨੀ, ਹਰਿਆਣਵੀ, ਐਕਟ, ਹਿੱਪ ਹੋਪ ਆਦਿ ਲਗਭਗ 35 ਆਈਟਮਾਂ ਤਿਆਰ ਕੀਤੀਆਂ, ਜਿਸ ਦਾ ਬੱਚਿਆਂ ਦੇ ਮਾਪਿਆਂ ਅਤੇ ਪਹੁੰਚੇ ਹੋਏ ਮਹਿਮਾਨਾ ਨੇ ਖੂਬ ਆਨੰਦ ਮਾਣਿਆ। ਸਮਾਗਮ ਵਿਚ ਇਲਾਕੇ ਦੀਆਂ ਨਾਮਵਰ ਸਖਸ਼ੀਅਤਾਂ ਨੇ ਵੀ ਸ਼ਮੂਲੀਅਤ ਕੀਤੀ, ਜਿਸ ਵਿਚ ਜਗਜੀਵਨ ਸਿੰਘ ਗਿੱਲ ਸਰਪੰਚ ਲੁਹਾਰਾ, ਡੀਐਸਪੀ ਦਲਵੀਰ ਸਿੰਘ, ਇੰਸਪੈਕਟਰ ਜਤਿੰਦਰ ਸਿੰਘ, ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ਼ ਬਾਘਾ ਪੁਰਾਣਾ, ਜਗਸੀਰ ਸਿੰਘ ਕਾਲੇਕੇ ਕਾਂਗਰਸੀ ਆਗੂ, ਧਰਮਪਾਲ ਸਿੰਘ ਡੀਪੀ ਨਿਹਾਲ ਸਿੰਘ ਵਾਲਾ ਕਾਂਗਰਸੀ ਆਗੂ, ਕਮਲਜੀਤ ਸਿੰਘ ਬਰਾੜ ਖੋਟੇ ਨੌਜਵਾਨ ਆਗੂ, ਐਡਵੋਕੇਟ ਨਰ ਸਿੰਘ ਬਰਾੜ, ਰਣਜੀਤ ਸਿੰਘ ਟੀਟੂ ਬਰਾੜ ਵਾਇਸ ਪ੍ਰਧਾਨ ਨਗਰ ਕੌਂਸਲ ਬਾਘਾ ਪੁਰਾਣਾ, ਗੁਰਬਚਨ ਸਿੰਘ ਬਰਾੜ ਕਾਂਗਰਸੀ ਆਗੂ, ਗੁਰਜੰਟ ਸਿੰਘ ਧਾਲੀਵਾਲ, ਜਸਵੀਰ ਕੌਰ ਬਰਾੜ ਬਾਘਾ ਪੁਰਾਣਾ ਆਦਿ ਹਾਜ਼ਰ ਸਨ। ਨਾਮਵਰ ਸਖਸ਼ੀਅਤਾਂ ਵਲੋਂ ਬੱਚਿਆਂ ਦੁਆਰਾ ਪੇਸ਼ ਕੀਤੇ ਗਏ ਪ੍ਰੋਗਰਾਮ ਦਾ ਆਨੰਦ ਮਾਣਿਆ ਗਿਆ ਤੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਤੋਂ ਬਾਅਦ ਬੋਰਡ ਦੀਆਂ ਪ੍ਰੀਖਿਆਵਾਂ ਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਡਾਇਰੈਕਟਰ ਇੰਜ. ਜਗਦੀਪ ਸਿੰਘ ਬਰਾੜ ਨੇ ਕਿਹਾ ਕਿ ਹਰ ਬੱਚੇ ਵਿੱਚ ਕੋਈ ਨਾ ਕੋਈ ਪ੍ਰਤਿਭਾ ਛੁਪੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਹਾਰਵਰਡ ਇਨ੍ਹਾਂ ਬੱਚਿਆਂ ਦੀ ਅੰਦਰਲੀਆਂ ਪ੍ਰਤਿਭਾਵਾਂ ਨੂੰ ਪਹਿਚਾਣ ਕੇ ਉਨ੍ਹਾਂ ਨੂੰ ਅੱਗੇ ਲਿਆਉਣ ਦੀ ਕੋਸ਼ਿਸ਼ ਕਰਦਾ ਹੈ।



# ਗਾਇਨ ਮੁਕਾਬਲੇ 'ਚ ਵਿਸ਼ਵਜੀਤ ਨੇ ਦੂਜਾ ਸਥਾਨ ਲਿਆ

**ਲਹਿਰਾਗਾਗਾ (ਪਵਨ ਸ਼ਰਮਾ)** ਮਹਾਨ ਸੰਗਰਾਮਣ ਗਦਰੀ ਗੁਲਾਬ ਕੌਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਤ ਦੇਸ਼ ਭਗਤ ਯਾਦਗਾਰ ਲੌਂਗੋਵਾਲ ਵੱਲੋਂ ਕਰਵਾਏ 21ਵੇਂ 'ਮੇਲਾ ਦੇਸ਼ ਭਗਤਾਂ ਦਾ' ਦੇ ਗਾਇਨ ਮੁਕਾਬਲੇ ਵਿੱਚੋਂ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਦੇ ਵਿਦਿਆਰਥੀ ਵਿਸ਼ਵਜੀਤ ਸਪੁੱਤਰ ਕਿਰਨਪਾਲ ਸਿੰਘ/ਜਸਵੀਰ ਕੌਰ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਭ ਦੇ ਨਾਂਅ ਨੂੰ ਰੌਸ਼ਨ ਕੀਤਾ ਹੈ। ਸਕੂਲ ਪ੍ਰਬੰਧਕ ਐੱਲ.ਕੇ. ਖੋਖਰ, ਪ੍ਰਵੀਨ ਖੋਖਰ, ਅਨਿਰੁੱਧ ਕੌਸ਼ਲ, ਪ੍ਰਿੰਸੀਪਲ ਦੇਵ ਪਰਾਸ਼ਰ ਨੇ ਦੱਸਿਆ ਕਿ ਵਿਸ਼ਵਜੀਤ ਨੇ ਲੌਂਗੋਵਾਲ ਵਿਖੇ ਗਾਇਨ ਮੁਕਾਬਲੇ 'ਚ ਭਾਗ ਲਿਆ ਸੀ ਤੇ ਉਸਨੇ 'ਹਰ ਮੋੜ 'ਤੇ ਸਲੀਬਾਂ, ਹਰ ਪੈਰ ਤੇ ਹਨੇਰਾ' ਗਾ ਕੇ ਸਰੋਤਿਆਂ ਨੂੰ ਪ੍ਰਭਾਵਤ ਕਰਨ ਦੇ ਨਾਲ-ਨਾਲ ਦੂਜਾ ਸਥਾਨ ਪ੍ਰਾਪਤ ਕੀਤਾ।ਸਵੇਰ ਦੀ ਸਭਾ ਵਿੱਚ ਇਸ ਵਿਦਿਆਰਥੀ ਦਾ ਸਕੂਲ ਪ੍ਰਬੰਧਕਾਂ ਵੱਲੋਂ ਸਨਮਾਨ ਕਰਨ ਦੇ ਨਾਲ-ਨਾਲ ਮੁਬਾਰਕਬਾਦ ਵੀ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਵਿਦਿਆਰਥੀ ਦਾ ਅਗਾਂਹਵਧੂ ਵਿਚਾਰਾਂ ਦੇ ਧਾਰਨੀ ਬਲਵੀਰ ਚੰਦ ਲੌਂਗੋਵਾਲ, ਜੁਝਾਰ ਸਿੰਘ ਲੌਂਗੋਵਾਲ, ਡਾ. ਅਵਤਾਰ ਸਿੰਘ ਢੀਂਡਸਾ, ਵਿਸ਼ੇਸ਼ਰ ਰਾਮ ਆਦਿ ਨੇ ਸਨਮਾਨ ਕਰਕੇ ਇਸਦੇ ਹੌਸਲੇ ਵਿੱਚ ਵਾਧਾ ਕੀਤਾ।



# ਪੰਜਾਬ ਪਬਲਿਕ ਸਕੂਲ 'ਚ ਸਾਲਾਨਾ ਇੰਟਰ-ਹਾਊਸ ਅਥਲੈਟਿਕਸ ਚੈਂਪੀਅਨਸ਼ਿਪ ਸਮਾਪਤ, ਬਿਆਸ ਹਾਊਸ ਬਣਿਆ ਓਵਰਆਲ ਚੈਂਪੀਅਨ

**ਨਾਭਾ (ਵਰਿੰਦਰ ਵਰਮਾ)** ਪੰਜਾਬ ਪਬਲਿਕ ਸਕੂਲ ਵਿਖੇ ਸਾਲਾਨਾ ਇੰਟਰ-ਹਾਊਸ ਅਥਲੈਟਿਕਸ ਚੈਂਪੀਅਨਸ਼ਿਪ 16 ਨਵੰਬਰ ਨੂੰ ਸਮਾਪਤ ਹੋਈ।ਬਿਆਸ ਹਾਊਸ ਦੇ ਕੁਵਰਦੇਸ਼ਵਰ ਸਿੰਘ, ਬਖਸ਼ਦੀਪ ਸਿੰਘ ਸਿੱਧੂ ਤੇ ਰਾਵੀ ਹਾਊਸ ਦੇ ਸੁਖਮਨਵੀਰ ਸਿੰਘ ਸਿੱਧੂ ਨੂੰ ਕ੍ਰਮਵਾਰ ਸੈਕਸ਼ਨ-ਏ, ਸੈਕਸ਼ਨ-ਬੀ ਅਤੇ ਸੈਕਸ਼ਨ-ਸੀ 'ਚ ਸਰਵੋਤਮ ਐਥਲੀਟ ਐਲਾਨਿਆ ਗਿਆ।ਬਿਆਸ ਹਾਊਸ ਦੀ ਗੁਰਲੀਨ ਕੌਰ ਅਤੇ ਰਾਵੀ ਹਾਊਸ ਦੀ ਅਰਵਿੰਦਰ ਕੌਰ ਨੂੰ ਸੈਕਸ਼ਨ-ਏ ਵਿੱਚ ਸਰਵੋਤਮ ਐਥਲੀਟ ਐਲਾਨਿਆ ਗਿਆ, ਜਦੋਂਕਿ ਬਿਆਸ ਹਾਊਸ ਦੀ ਰਹਿਮਤ ਕੌਰ ਨੇ ਸੈਕਸ਼ਨ-ਬੀ ਵਿੱਚ ਵੱਕਾਰੀ ਖਿਤਾਬ ਜਿੱਤਿਆ।ਲਗਭਗ ਸਾਰੇ ਈਵੈਂਟਾਂ 'ਚ ਬਿਆਸ ਹਾਊਸ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਦਬਦਬਾ ਬਣਾਈ ਰੱਖਿਆ। ਸੀਨੀਅਰ ਗਰਲਜ਼, ਜੂਨੀਅਰ ਗਰਲਜ਼ ਤੇ ਮਿਡਲ ਹਾਊਸਜ਼ ਦੀ ਅਥਲੈਟਿਕਸ ਟਰਾਫੀ ਦੇ ਨਾਲ-ਨਾਲ ਸੀਨੀਅਰ ਹਾਊਸਜ਼ ਦਾ ਖਿਤਾਬ ਵੀ ਹਾਸਲ ਕੀਤਾ।ਰਾਵੀ ਹਾਊਸ ਨੇ ਜੂਨੀਅਰ ਹਾਊਸਜ਼ ਦੀ ਐਥਲੈਟਿਕਸ ਟਰਾਫੀ ਜਿੱਤੀ, ਜਦੋਂਕਿ ਬਿਆਸ ਹਾਊਸ ਨੇ ਮੁੰਡਿਆਂ ਲਈ ਓਵਰਆਲ ਅਥਲੈਟਿਕਸ ਚੈਂਪੀਅਨਸ਼ਿਪ ਟਰਾਫੀ ਜਿੱਤ ਕੇ ਲੀਡ ਨੂੰ ਹੋਰ ਮਜ਼ਬੂਤ ਕੀਤਾ।ਆਪਣੇ ਸ਼ਾਨਦਾਰ ਪ੍ਰਦਰਸ਼ਨ ਨੂੰ ਜੋੜਦੇ ਹੋਏ ਬਿਆਸ ਹਾਊਸ ਨੇ ਮਾਰਚ ਪਾਸਟ ਟਰਾਫੀ ਵੀ ਜਿੱਤੀ।ਬ੍ਰਿਗੇਡੀਅਰ ਅਦਿੱਤਿਆ ਮਦਾਨ (ਸੇਵਾਮੁਕਤ), ਸਕੂਲ ਦੇ ਹੀ ਪੁਰਾਣੇ ਵਿਦਿਆਰਥੀ ਨੇ ਇਸ ਚੈਂਪੀਅਨਸ਼ਿਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਨੇ ਵੱਖ-ਵੱਖ ਸ਼੍ਰੇਣੀਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦਿੱਤੀਆਂ।ਉਨ੍ਹਾਂ ਆਪਣੇ ਸਕੂਲ ਦੇ ਪੁਰਾਣੇ ਸੁਨਹਿਰੀ ਦਿਨਾਂ ਨੂੰ ਯਾਦ ਕੀਤਾ ਤੇ ਆਪਣੇ ਅਧਿਆਪਕਾਂ ਅਤੇ ਸਲਾਹਕਾਰਾਂ ਦਾ ਵਿਸ਼ੇਸ਼ ਜ਼ਿਕਰ ਕੀਤਾ ।





# ਵਿਨੋਦ ਗੁਪਤਾ ਦੇ ਪਰਵਾਰ ਨਾਲ ਦੁੱਖ ਸਾਂਝਾ

**ਸੰਗਰੂਰ (ਪ੍ਰਵੀਨ ਸਿੰਘ)** ਭਾਜਪਾ ਦੇ ਸੀਨੀਅਰ ਆਗੂ ਤੇ ਸਾਬਕਾ ਰਾਸ਼ਟਰੀ ਉਪ ਪ੍ਰਧਾਨ ਸ੍ਰੀ ਅਵਿਨਾਸ਼ ਰਾਏ ਖੰਨਾ ਪਹੁੰਚੇ ਤੇ ਭਾਜਪਾ ਪਰਵਾਰ ਦੇ ਮੈਂਬਰ ਸ੍ਰੀ ਵਿਨੋਦ ਗੁਪਤਾ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਸ੍ਰੀ ਖੰਨਾ ਨੇ ਸਵ: ਵਿਨੋਦ ਗੁਪਤਾ ਦੇ ਨਿਵਾਸ ਸਥਾਨ 'ਤੇ ਜਾ ਕੇ ਉਨ੍ਹਾਂ ਦੀ ਪਤਨੀ ਸ਼੍ਰੀਮਤੀ ਪਰਵੀਨ ਲਤਾ ਤੇ ਸਮੂਹ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ।ਉਨ੍ਹਾਂ ਪਰਵਾਰ ਨਾਲ ਦੁੱਖ ਦੀ ਘੜੀ ਵਿੱਚ ਹਮਦਰਦੀ ਪ੍ਰਗਟਾਈ ਤੇ ਪ੍ਰਮਾਤਮਾ ਅੱਗੇ ਵਿਛੜੀ ਰੂਹ ਨੂੰ ਸ਼ਾਂਤੀ ਬਖ਼ਸ਼ਣ ਤੇ ਪਰਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਦੇਣ ਦੀ ਅਰਦਾਸ ਕੀਤੀ। ਸ੍ਰੀ ਖੰਨਾ ਨੇ ਸ੍ਰੀ ਵਿਨੋਦ ਗੁਪਤਾ ਦੇ ਸਮਾਜ ਪ੍ਰਤੀ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਤੇ ਉਨ੍ਹਾਂ ਦਾ ਨਿਧੜਕ ਸੁਭਾਅ ਪਾਰਟੀ ਵਰਕਰਾਂ ਲਈ ਪ੍ਰੇਰਨਾ ਸਰੋਤ ਰਹੇਗਾ।

# ਬਾਬਾ ਗਾਂਧਾ ਸਿੰਘ ਪਬਲਿਕ ਸਕੂਲ 'ਚ ਖੇਡ ਮੁਕਾਬਲੇ ਕਰਵਾਏ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਮਹਿਲ ਕਲਾਂ ਵੱਲੋਂ ਚਿਲਡਰਨ ਡੇਅ ਮੌਕੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ।ਇਨ੍ਹਾਂ ਵਿੱਚ ਦੌੜ ਮੁਕਾਬਲੇ ਬੱਚਿਆਂ ਲਈ ਖਾਸ ਖਿੱਚ ਦਾ ਕੇਂਦਰ ਰਹੇ। ਪਿੰਡ ਵਜੀਦਕੇ ਕਲਾਂ ਵਾਸੀ ਬਲਵੀਰ ਸਿੰਘ ਦੇ 4 ਸਾਲਾ ਪੁੱਤਰ ਸੁਖਮਨਵੀਰ ਸਿੰਘ ਦੁੱਗ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੂਜਾ ਸਥਾਨ ਹਾਸਲ ਕਰਕੇ ਨਾਂਅ ਰੌਸ਼ਨ ਕੀਤਾ।ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਬੱਚਿਆਂ ਦਾ ਮਾਣ-ਸਨਮਾਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਹਿਮਾਂਸ਼ੂ ਦੱਤ ਨੇ ਦੱਸਿਆ ਕਿ ਚਿਲਡਰਨ ਡੇਅ ਸਮਾਗਮ ਬੱਚਿਆਂ ਦੀ ਸਰਗਰਮੀਆਂ, ਖੇਡਾਂ ਤੇ ਉਨ੍ਹਾਂ ਦੀ ਸਮੂਹਕ ਵਿਕਾਸ ਪ੍ਰਤੀ ਜਾਗਰੂਕਤਾ ਵਧਾਉਣ ਲਈ ਕਰਵਾਏ ਜਾਂਦੇ ਹਨ।ਉਨ੍ਹਾਂ ਕਿਹਾ ਕਿ ਨੰਨ੍ਹੇ ਬੱਚਿਆਂ ਦੀਆਂ ਖੂਬੀਆਂ ਨੂੰ ਨਿਖਾਰਨ ਲਈ ਅਜਿਹੇ ਸਮਾਗਮ ਬਹੁਤ ਮਹੱਤਵਪੂਰਨ ਹੁੰਦੇ ਹਨ। ਉਨ੍ਹਾਂ ਜੇਤੂ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਵਿੱਚ ਭਰੋਸਾ ਵਧਾਉਂਦੇ ਹੋਏ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।ਇਸ ਮੌਕੇ ਮਨਦੀਪ ਸਿੰਘ ਗੰਡੇਵਾਲ, ਸਮੂਹ ਸਟਾਫ ਮੈਂਬਰ, ਵਿਦਿਆਰਥੀ ਹਾਜ਼ਰ ਸਨ।




# ਡਾ. ਸੁਰਿੰਦਰਪਾਲ ਸਿੰਘ ਨੇ ਮਾਸਟਰ ਆਫ਼ ਫਿਜ਼ਿਓਥਰੇਪੀ ਦੀ ਡਿਗਰੀ ਪਾਸ ਕੀਤੀ

**ਧੂਰੀ, (ਮੋਹਿਤ ਗਰਗ, ਬਿੰਨੀ ਗਰਗ)** ਭਲਵਾਨ ਵਾਲਾ ਅੱਡਾ 'ਚ ਲੰਮੇ ਸਮੇਂ ਤੋਂ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰ ਰਹੇ ਡਾ. ਸੁਰਿੰਦਰਪਾਲ ਸਿੰਘ (ਪੁਲੀ ਵਾਲੇ) ਨੇ ਆਪਣੇ ਖੇਤਰ ਵਿੱਚ ਹੋਰ ਤਰੱਕੀ ਕਰਦੇ ਹੋਏ ਦੇਸ਼ ਭਗਤ ਯੂਨੀਵਰਸਿਟੀ, ਗੋਬਿੰਦਗੜ੍ਹ ਤੋਂ ਮਾਸਟਰ ਆਫ਼ ਫਿਜ਼ਿਓਥਰੇਪੀ ਦੀ ਡਿਗਰੀ ਸਫ਼ਲਤਾਪੂਰਵਕ ਪਾਸ ਕਰ ਲਈ ਹੈ।ਇਸ ਉਪਲਬਧੀ ਨਾਲ ਸਿਹਤ ਖੇਤਰ ਵਿੱਚ ਉਨ੍ਹਾਂ ਦੀ ਮਾਹਰਤਾ ਹੋਰ ਮਜ਼ਬੂਤ ਹੋ ਗਈ ਹੈ। ਡਾ. ਸੁਰਿੰਦਰਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਲੋਕਾਂ ਨੂੰ ਹੋਰ ਸੁਧਰੀਆਂ ਤੇ ਆਧੁਨਿਕ ਢੰਗ ਨਾਲ ਇਲਾਜ ਸੇਵਾਵਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਆਪਣੀ ਸਫਲਤਾ ਦਾ ਸਿਹਰਾ ਪਰਵਾਰ, ਗੁਰੂਆਂ ਅਤੇ ਮਰੀਜ਼ਾਂ ਦੇ ਵਿਸ਼ਵਾਸ ਨੂੰ ਦਿੱਤਾ, ਜਿਨ੍ਹਾਂ ਦੇ ਸਹਿਯੋਗ ਨਾਲ ਉਹ ਇਹ ਮੰਜ਼ਿਲ ਹਾਸਲ ਕਰ ਸਕੇ।ਇਲਾਕੇ ਦੇ ਲੋਕਾਂ ਅਤੇ ਸਿਹਤ ਪ੍ਰੇਮੀਆਂ ਵੱਲੋਂ ਡਾ. ਸੁਰਿੰਦਰਪਾਲ ਸਿੰਘ ਨੂੰ ਇਸ ਪ੍ਰਾਪਤੀ 'ਤੇ ਮੁਬਾਰਕਬਾਦ ਦਿੱਤੀ ਜਾ ਰਹੀ ਹੈ ਤੇ ਉਮੀਦ ਜਤਾਈ ਜਾ ਰਹੀ ਹੈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਮਰਪਣ ਨਾਲ ਸੇਵਾਵਾਂ ਨਿਭਾਉਂਦੇ ਰਹਿਣਗੇ।



# ਕੈਬਨਿਟ ਮੰਤਰੀ ਭੁੱਲਰ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਵਿਧਾਨ ਸਭਾ ਹਲਕਾ ਪੱਟੀ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ।ਇਸ ਦੌਰਾਨ ਪਿੰਡ ਕੋਟ ਬੁੱਢਾ, ਜੱਲੋਕੇ, ਸਭਰਾਂ ਅਤੇ ਨੇੜਲੇ ਹੜ੍ਹ ਪ੍ਰਭਾਵਿਤ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹੜ੍ਹ ਨਾਲ ਹੋਏ ਨੁਕਸਾਨ ਦੀ ਭਰਪਾਈ ਤਾਂ ਨਹੀਂ ਹੋ ਸਕਦੀ ਪਰ ਸਰਕਾਰ ਉਨ੍ਹਾਂ ਦੇ ਦੁੱਖ ਘਟਾਉਣ ਲਈ ਵੱਡੇ ਪੱਧਰ ਤੇ ਰਾਹਤ ਕਾਰਜ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਕਈ ਵਾਰ ਹੜ੍ਹ ਦੇ ਪਾਣੀ ਨਾਲ ਫਸਲਾਂ ਖਰਾਬ ਹੁੰਦੀਆਂ ਰਹੀਆਂ ਹਨ ਪਰ ਇਹ ਪਹਿਲੀ ਵਾਰ ਹੈ ਜਦ ਭਗਵੰਤ ਮਾਨ ਸਰਕਾਰ ਨੇ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪ੍ਰਭਾਵਿਤ ਲੋਕਾਂ ਨੂੰ ਜਿੱਥੇ ਫੌਰੀ ਰਾਹਤ ਦੇ ਤੌਰ ਤੇ ਪਸ਼ੂਆਂ ਲਈ ਚਾਰਾ, ਚੌਕਰ ਅਤੇ ਡੀਜ਼ਲ ਦਿੱਤਾ ਉਥੇ ਮੁਫਤ ਕਣਕ ਦੇ ਬੀਜ ਦਾ ਵੀ ਪ੍ਰਬੰਧ ਕੀਤਾ ਗਿਆ ਜਿਸ ਤਹਿਤ ਹੁਣ ਤੱਕ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਰਕਬੇ ਵਿੱਚ 8000 ਕੁਇੰਟਲ ਦੇ ਕਰੀਬ ਕਣਕ ਦਾ ਬੀਜ਼ ਮੁਫ਼ਤ ਵੰਡਿਆ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਤੇ ਜ਼ਿਲ੍ਹੇ ਵਿੱਚ ਹੁਣ ਤੱਕ 10 ਕਰੋੜ ਦੀ ਸਬਸਿਡੀ ਦਿੱਤੀ ਜਾ ਚੁੱਕੀ ਹੈ।ਇਸ ਮੌਕੇ ਤਹਿਸੀਲਦਾਰ ਅੰਮ੍ਰਿਤਪਾਲ ਕੌਰ, ਮੁੱਖ ਖੇਤੀਬਾੜੀ ਅਫਸਰ ਡਾ. ਤੇਜਬੀਰ ਸਿੰਘ, ਬਲਾਕ ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ, ਚੇਅਰਮੈਨ ਦਿਲਬਾਗ ਸਿੰਘ ਪੀਏ,



ਰਣਜੀਤ ਸਿੰਘ ਸਰਪੰਚ ਕੋਟ ਬੁੱਢਾ, ਰਜਿੰਦਰ ਕੁਮਾਰ ਏਈਓ, ਮਨਮੋਹਨ ਸਿੰਘ ਏਈਓ, ਗੁਰਪ੍ਰੀਤ ਸਿੰਘ ਬੀਟੀਐੱਮ, ਵਿਕਰਮ ਸੂਦ, ਸੁਨੀਲ ਕੁਮਾਰ, ਡਾ. ਹਰਗਿਆਨ ਸਿੰਘ, ਜਗਰੂਪ ਸਿੰਘ ਬਲਾਕ ਪ੍ਰਧਾਨ, ਰਾਜੂ ਸਰਪੰਚ, ਸੁਖਜਿੰਦਰ ਸਿੰਘ ਸਰਪੰਚ, ਭੋਲਾ ਪ੍ਰਧਾਨ, ਅਵਤਾਰ ਸਿੰਘ ਮੈਂਬਰ, ਲਵਪ੍ਰੀਤ ਸਿੰਘ ਮੈਂਬਰ, ਸੁਰਜੀਤ ਸਿੰਘ ਦੋਧੀ, ਬਾਬਾ ਬਲਵਿੰਦਰ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਹਾਜ਼ਰ ਹੋਏ।ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ 'ਚ ਲੋਕਾਂ ਨੇ ਹਾਜ਼ਰ ਹੋ ਕੇ ਸਰਕਾਰ ਦਾ ਧੰਨਵਾਦ ਕੀਤਾ।

# ਪੰਜਾਬ ਦੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਅਤੇ ਡਾਇਰੈਕਟਰ ਅਕਾਲ ਤਖ਼ਤ ਸਾਹਿਬ 'ਤੇ ਤਲਬ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਅੰਮ੍ਰਿਤਸਰ ਵਿਖੇ ਮੀਡੀਆ ਨਾਲ ਗੱਲ ਕਰਦਿਆਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਉਨ੍ਹਾਂ ਦੇ ਅਨਿੰਨ ਸਿੱਖਾਂ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖ਼ਾਲਸਾ ਪੰਥ ਦੇ ਸਹਿਯੋਗ ਨਾਲ 23 ਤੋਂ 29 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਜਾ ਰਹੇ ਸਮਾਗਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਤਹਿਤ ਗੁਰਦੁਆਰਾ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ 23 ਨਵੰਬਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਗੁਰਿਆਈ ਪੁਰਬ, 25 ਨਵੰਬਰ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਦੇ ਸ਼ਹੀਦੀ ਸਾਕੇ ਦਾ 350 ਸਾਲਾ ਦਿਹਾੜਾ ਅਤੇ 29 ਨਵੰਬਰ ਨੂੰ ਨੌਵੇਂ ਪਾਤਸ਼ਾਹ ਜੀ ਦਾ ਸੀਸ ਸਸਕਾਰ ਦਿਵਸ ਮਨਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿਉਂਕਿ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅਨਿੰਨ ਸਿੱਖਾਂ ਦੀ ਸ਼ਹਾਦਤ ਦਿੱਲੀ ਵਿਖੇ ਹੋਈ ਹੈ ਤਾਂ 25 ਨਵੰਬਰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਵੀ ਵਿਸ਼ੇਸ਼ ਗੁਰਮਤਿ ਸਮਾਗਮ ਹੋਣਗੇ।ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦਿੱਲੀ ਤੋਂ 25 ਨਵੰਬਰ ਨੂੰ ਅਰੰਭ ਹੋਣ ਵਾਲਾ ਸ਼ਹੀਦੀ ਨਗਰ ਕੀਰਤਨ 28 ਨਵੰਬਰ ਨੂੰ ਗੁਰਦੁਆਰਾ ਬਿਬਾਨਗੜ੍ਹ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁੱਜੇਗਾ, ਜਿੱਥੇ ਸਮੁੱਚੇ ਖ਼ਾਲਸਾ ਪੰਥ ਵੱਲੋਂ ਸੁਆਗਤ ਕੀਤਾ ਜਾਵੇਗਾ ਅਤੇ ਗੁਰੂ ਸਾਹਿਬ ਜੀ ਨੂੰ ਸਿਜਦਾ ਕੀਤਾ ਜਾਵੇਗਾ।

ਇਹ ਨਗਰ ਕੀਰਤਨ 29 ਨਵੰਬਰ ਨੂੰ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਤੋਂ ਅਰੰਭ ਹੋ ਕੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।ਜਥੇਦਾਰ ਗੜਗੱਜ ਨੇ ਸਮੁੱਚੇ ਖ਼ਾਲਸਾ ਪੰਥ ਨੂੰ ਸੱਦਾ ਦਿੱਤਾ ਕਿ ਜਿਵੇਂ ਪੰਥ ਹੋਲੇ ਮਹੱਲੇ ਮੌਕੇ ਆਪੋ-ਆਪਣੇ ਸਾਧਨਾਂ ਅਤੇ ਟ੍ਰੈਕਟਰ ਟ੍ਰਾਲੀਆਂ ਉਤੇ ਖ਼ਾਲਸਾਈ ਨਿਸ਼ਾਨ ਸਾਹਿਬ ਲਗਾ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਦਾ ਹੈ, ਉਸੇ ਤਰ੍ਹਾਂ ਸ਼ਤਾਬਦੀ ਸਮਾਗਮਾਂ ਮੌਕੇ ਵੀ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ।ਇਸੇ ਤਰ੍ਹਾਂ ਖ਼ਾਲਸਾਈ ਸੋਚ ਅਤੇ ਚੜ੍ਹਦੀ ਕਲਾ ਦਾ ਪ੍ਰਗਟਾਵਾ ਕਰਨ ਲਈ 23 ਤੋਂ 29 ਨਵੰਬਰ ਤੱਕ ਸਮੁੱਚਾ ਖ਼ਾਲਸਾ ਪੰਥ ਆਪੋ-ਆਪਣੇ ਘਰਾਂ ਅਤੇ ਕਾਰੋਬਾਰਾਂ ਵਾਲੀਆਂ ਥਾਵਾਂ ਉਤੇ ਵੀ ਖ਼ਾਲਸਾਈ ਨਿਸ਼ਾਨ ਸਾਹਿਬ ਝੁਲਾਏ।ਜਥੇਦਾਰ ਗੜਗੱਜ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਦ ਤੇ ਇਸ ਵਿਭਾਗ ਦੇ ਡਾਇਰੈਕਟਰ ਪਾਸੋਂ ਭਾਈ ਜੀਵਨ ਸਿੰਘ (ਭਾਈ ਜੈਤਾ ਜੀ) ਯਾਦਗਾਰ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖ ਸਿਧਾਂਤਾਂ, ਪ੍ਰੰਪਰਾਵਾਂ ਤੇ ਮਰਯਾਦਾ ਵਿਰੁੱਧ ਪੇਸ਼ਕਾਰੀ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰਫੋਂ ਸਪਸ਼ਟੀਕਰਨ ਮੰਗਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਕੈਬਨਿਟ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਦ ਨੂੰ ਆਪਣਾ ਸਪਸ਼ਟੀਕਰਨ ਇੱਕ ਹਫ਼ਤੇ ਦੇ ਅੰਦਰ-ਅੰਦਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿੱਚ ਪਹੁੰਚ ਕੇ ਦੇਣ ਲਈ ਆਖਿਆ ਗਿਆ ਹੈ ਜਦਕਿ ਵਿਭਾਗ ਦੇ ਡਾਇਰੈਕਟਰ ਲਿਖਤੀ ਰੂਪ ਵਿੱਚ ਸਪਸ਼ਟੀਕਰਨ ਭੇਜਣਗੇ।

# ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਜਥੇਬੰਦਕ ਚੋਣ ਸੰਪੰਨ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸੂਬਾ ਕਮੇਟੀ ਦੇ ਫ਼ੈਸਲੇ ਮੁਤਾਬਕ ਮੰਡਲ ਯੂਨਿਟ ਕਾਦੀਆਂ ਦੀ ਜਥੇਬੰਦੀ ਦੀ ਜਥੇਬੰਦਕ ਚੋਣ ਸਾਥੀ ਪਿਆਰਾ ਸਿੰਘ ਭਾਮੜੀ ਅਤੇ ਕੁਲਦੀਪ ਸਿੰਘ ਅਠਵਾਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਸਾਥੀ ਬਲਵਿੰਦਰ ਉਦੀਪੁਰ ਅਤੇ ਮੀਤ ਪ੍ਰਧਾਨ ਸਾਹਿਬ ਸਿੰਘ ਧਾਲੀਵਾਲ ਬਤੌਰ ਨਿਗਰਾਨ ਸ਼ਾਮਲ ਹੋਏ।ਇਸ ਮੌਕੇ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਕੇਂਦਰ ਦੀ ਸਰਕਾਰ ਬਿਜਲੀ ਬਿੱਲ-2025 ਪਾਸ ਕਰਨ ਜਾ ਰਹੀ ਹੈ, ਜਿਸ ਨਾਲ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਦਾ ਰਾਹ ਪੱਧਰਾ ਹੋ ਜਾਵੇਗਾ ਅਤੇ ਮਿਲਦੀਆਂ ਸਬਸਿਡੀਆਂ ਹੌਲੀ ਹੌਲੀ ਖ਼ਤਮ ਕਰ ਦਿੱਤੀਆਂ ਜਾਣਗੀਆਂ ਅਤੇ ਵੱਡੇ ਪੱਧਰ ਤੇ ਕਾਰਪੋਰੇਟ ਘਰਾਣਿਆਂ ਨੂੰ ਲੋਕਾਂ ਨੂੰ ਲੁੱਟਣ ਦੀ ਖੁੱਲੀ ਛੁੱਟੀ ਦਿੱਤੀ ਜਾਵੇਗੀ। ਇਸ ਲਈ ਸਾਨੂੰ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਦੀ ਲੋੜ ਹੈ।ਇਸ ਮੌਕੇ ਮੰਡਲ ਯੂਨਿਟ ਕਾਦੀਆਂ ਦੀ ਜਥੇਬੰਦੀ ਦੀ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਹਰਪ੍ਰੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਕੁਲਵਿੰਦਰ ਸਿੰਘ, ਮੀਤ ਪ੍ਰਧਾਨ ਸੁਰਿੰਦਰ ਸਿੰਘ, ਮੋਹਿਤ ਕੁਮਾਰ, ਸਕੱਤਰ ਦਲਜੀਤ ਸਿੰਘ ਸਿੱਧਵਾਂ, ਸਹਾਇਕ ਸਕੱਤਰ ਸਾਥੀ ਸੁਖਵਿੰਦਰ ਸਿੰਘ, ਯਾਦਵਿੰਦਰ ਸਿੰਘ, ਬਲਜੀਤ ਸਿੰਘ, ਕੈਸ਼ੀਅਰ ਰਛਪਾਲ ਸਿੰਘ, ਐਡੀਟਰ ਮਨਦੀਪ ਰਾਮ, ਗੁਰਭੇਜ ਸਿੰਘ ਅਤੇ ਮੁੱਖ ਸਲਾਹਕਾਰ ਸਾਥੀ ਪਿਆਰਾ ਸਿੰਘ ਭਾਮੜੀ ਚੁਣੇ ਗਏ।

# ਚਾਰ ਦਿਨ ਪਹਿਲਾਂ ਘਰ 'ਚੋਂ ਸੋਨਾ ਤੇ ਨਕਦੀ ਲੁੱਟਣ ਵਾਲੇ ਦੋ ਮੁਲਜ਼ਮ ਕਾਬੂ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਚਾਰ ਕੁ ਦਿਨ ਪਹਿਲਾਂ ਭਿੱਖੀਵਿੰਡ 'ਚ ਪਹੂਵਿੰਡ ਰੋਡ ਤੇ ਸਥਿਤ ਘਰ ਵਿੱਚ ਦਾਖ਼ਲ ਹੋ ਕੇ ਲੁੱਟ-ਖੋਹ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਵੇਂ ਮੁਲਜ਼ਮਾਂ ਨੂੰ ਭਿੱਖੀਵਿੰਡ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ।ਵਰਣਨਯੋਗ ਹੈ ਕਿ ਮੁਲਜ਼ਮ ਘਰ ਵਿੱਚ ਮੌਜੂਦ ਚਾਰ ਸਾਲ ਦੀ ਬੱਚੀ ਦੇ ਸਿਰ ਤੇ ਪਿਸਤੌਲ ਰੱਖ ਕੇ ਡੇਢ ਲੱਖ ਰੁਪਏ ਦੀ ਨਕਦੀ ਤੇ ਸੋਨੇ ਦੇ ਗਹਿਣੇ ਲੁੱਟ ਕੇ ਫ਼ਰਾਰ ਹੋ ਗਏ ਸਨ। ਜਾਣਕਾਰੀ ਅਨੁਸਾਰ ਭਿੱਖੀਵਿੰਡ ਪੁਲਸ ਵੱਲੋਂ ਸੀਸੀਟੀਵੀ ਫੁਟੇਜ ਤੇ ਟੈਕਨੀਕਲ ਸੋਰਸਿਜ਼ ਦੀ ਮਦਦ ਨਾਲ ਜਾਂਚ ਅੱਗੇ ਵਧਾਉਂਦਿਆਂ ਵਾਰਦਾਤ ਵਿੱਚ ਲੋੜੀਂਦੇ ਦੋਵੇਂ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਪੰਜ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ।ਫੜੇ ਗਏ ਦੋਵਾਂ ਮੁਲਜ਼ਮਾਂ ਦੀ ਪਹਿਚਾਣ ਲਵਜੀਤ ਸਿੰਘ ਉਰਫ ਖੱਬੂ ਪੁੱਤਰ ਹਰਜੀਤ ਸਿੰਘ ਅਤੇ ਜਗਰੂਪ ਸਿੰਘ ਉਰਫ ਵਿਸ਼ਾਲਜੀਤ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਪਹੂਵਿੰਡ ਵਜੋਂ ਹੋਈ ਹੈ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ



ਥਾਣਾ ਮੁਖੀ ਭਿੱਖੀਵਿੰਡ ਹਰਪ੍ਰੀਤ ਸਿੰਘ ਵਿਰਕ ਨੇ ਦੱਸਿਆ ਕਿ 15 ਨਵੰਬਰ ਨੂੰ ਰਾਤ ਸਮਾਂ ਕਰੀਬ 7 ਕੁ ਵਜੇ ਪਹੂਵਿੰਡ ਰੋਡ ਤੇ ਰਿਸ਼ੀ ਕੁਮਾਰ ਨਾਮਕ ਵਿਅਕਤੀ ਦੇ ਘਰ ਵਿੱਚ ਦਾਖ਼ਲ ਹੋ ਕੇ ਦੋ ਨਕਾਬਪੋਸ਼ ਲੁਟੇਰੇ ਚਾਰ ਸਾਲ ਦੀ ਬੱਚੀ ਦੇ ਸਿਰ 'ਤੇ ਪਿਸਤੌਲ ਤਾਣ ਕੇ ਡੇਢ ਲੱਖ ਰੁਪਏ ਦੀ ਨਕਦੀ ਤੇ ਸੋਨੇ ਦੇ ਗਹਿਣੇ ਲੁੱਟ ਕੇ ਮੌਕੇ ਤੋਂ ਫਰਾਰ ਹੋ ਗਏ ਸਨ।ਘਟਨਾ ਦੀ ਜਾਣਕਾਰੀ ਮਿਲਣ ਉਪਰੰਤ ਭਿੱਖੀਵਿੰਡ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਘਟਨਾ ਸੰਬੰਧੀ ਬਰੀਕੀ ਨਾਲ ਜਾਂਚ ਪੜਤਾਲ ਕਰਦਿਆਂ ਸੀਸੀਟੀਵੀ ਕੈਮਰਿਆਂ ਅਤੇ ਟੈਕਨੀਕਲ ਸੋਰਸਿਜ਼ ਦੀ ਸਹਾਇਤਾ ਨਾਲ ਲੁੱਟ-ਖੋਹ ਕਰਨ ਵਾਲੇ ਲਵਜੀਤ ਸਿੰਘ ਉਰਫ ਖੱਬੂ ਪੁੱਤਰ ਹਰਜੀਤ ਸਿੰਘ ਅਤੇ ਜਗਰੂਪ ਸਿੰਘ ਉਰਫ ਵਿਸ਼ਾਲਜੀਤ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਪਹੂਵਿੰਡ ਨਾਮਕ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਥਾਣਾ ਮੁਖੀ ਨੇ ਦੱਸਿਆ ਕਿ ਦੋਵਾਂ ਮੁਲਜ਼ਮਾਂ ਨੂੰ ਲੁੱਟਦੇ ਮੁਕੱਦਮੇ ਵਿੱਚ ਨਾਮਜ਼ਦ ਕਰਨ ਮਗਰੋਂ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੰਜ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਰਿਮਾਂਡ ਦੌਰਾਨ ਦੋਵਾਂ ਮੁਲਜ਼ਮਾਂ ਪਾਸੋਂ ਲੁੱਟੇ ਗਏ ਪੈਸੇ ਤੇ ਗਹਿਣਿਆਂ ਦੀ ਬਰਾਮਦਗੀ ਹੋਣ ਦੀ ਪੂਰੀ ਸੰਭਾਵਨਾ ਹੈ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਨੌਵੀਂ ਸਪੋਰਟਸ ਮੀਟ ਸ਼ਾਨੋ ਸ਼ੌਕਤ ਨਾਲ ਸੰਪੰਨ

**ਮਜੀਠਾ (ਸੋਇਮ ਆਨੰਦ)**-ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਸੋਹੀਆਂ ਕਲਾਂ ਰੋਡ, ਮਜੀਠਾ ਵਿਖੇ ਨੌਵੀਂ ਸਪੋਰਟਸ ਮੀਟ ਡਾਇਰੈਕਟਰ ਮੈਡਮ ਅਮਨਦੀਪ ਕੌਰ ਥਿੰਦ ਦੀ ਰਹਿਨੁਮਾਈ ਅਧੀਨ ਪੂਰੇ ਉਤਸ਼ਾਹ ਅਤੇ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਈ।ਮੁੱਖ ਮਹਿਮਾਨ ਵਜੋਂ ਮਿਸ ਮੋਨਾ ਸਿੰਘ ਚੇਅਰਪਰਸਨ ਫਿੱਕੀ ਵੱਲੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਦੇ ਨਾਲ ਡਾ. ਗੁਨਗੀਤ ਕੌਰ ਡੈਂਟਿਸਟ, ਨਵਦੀਪ ਸਿੰਘ ਸੋਨਾ ਮਜੀਠਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਇਸ ਮੌਕੇ ਛੋਟੇ-ਛੋਟੇ ਕਲਾਕਾਰਾਂ ਨੇ ਜੀ ਆਇਆਂ ਨੂੰ ਗੀਤ ਗਾ ਕੇ ਡਾਂਸ ਕੀਤਾ।ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਦੇ ਨਾਲ ਨਾਲ ਉਨਾਂ ਦੇ ਮਾਪਿਆਂ ਦੀਆਂ ਕਰਵਾਈਆਂ ਗਈਆਂ ਖੇਡਾਂ ਨੇ ਸਾਰੇ ਸਰੋਤਿਆਂ ਦੀ ਵਾਹ-ਵਾਹ ਲੁੱਟੀ।

ਐੱਮਡੀ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਬਹੁਪੱਖੀ ਵਿਕਾਸ ਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਇਆ।ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੁੱਖ ਪ੍ਰਬੰਧਕ ਹਰਜਿੰਦਰਪਾਲ ਕੌਰ ਨੇ ਵੀ ਆਪਣੇ ਵਧਾਈ ਸੰਦੇਸ਼ ਭੇਜੇ। ਪ੍ਰਿੰ. ਲਕਸ਼ਿਤਾ ਵਰਮਾ, ਵਾਈਸ ਪ੍ਰਿੰ. ਭੁਪਿੰਦਰ ਬਿਸ਼ਨੋਈ ਤੇ ਸਮੂਹ ਸਟਾਫ ਨੇ ਐਥਲੈਟਿਕਸ ਕੋਚ ਸੁਖਜੀਤ ਸਿੰਘ ਬੱਲ ਦੀ ਕਰੜੀ ਘਾਲਣਾ ਤੋਂ ਸਾਰੇ ਮਾਪਿਆਂ ਨੂੰ ਜਾਣੂ ਕਰਵਾਇਆ।ਸਮੂਹ ਸਟਾਫ ਤੇ ਕੋਆਰਡੀਨੇਟਰ ਪ੍ਰਿਅੰਕਾ ਸ਼ਰਮਾ, ਡੀ. ਪੀ. ਰਵੇਲ ਸਿੰਘ ਅਤੇ ਕਿਰਨਜੀਤ ਕੌਰ ਦੀ ਅਣਥੱਕ ਮਿਹਨਤ ਸਦਕਾ ਸਪੋਰਟਸ ਮੀਟ ਯਾਦਗਾਰੀ ਹੋ ਨਿੱਬੜੀ।



# ਅਕਾਲੀ ਆਗੂਆਂ ਤੇ ਵਰਕਰਾਂ 'ਤੇ ਕੀਤੇ ਜਾ ਰਹੇ ਝੂਠੇ ਪਰਚੇ ਨਿੰਦਣਯੋਗ ਵਰਤਾਰਾ : ਔਲਖ, ਲਾਹੌਰੀਆ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬੀਤੇ ਦਿਨੀਂ ਅੰਮ੍ਰਿਤਸਰ ਦੇ ਇੱਕ ਕੈਫੇ ਤੋਂ ਗ੍ਰਿਫਤਾਰ ਕੀਤੇ ਗਏ ਸ਼੍ਰੋਮਣੀ ਅਕਾਲੀ ਦਲ ਆਈਟੀ ਵਿੰਗ ਦੇ ਪ੍ਰਧਾਨ ਨਛੱਤਰ ਸਿੰਘ ਗਿੱਲ ਅਤੇ ਉਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਸੇਵਕ ਸਿੰਘ ਸ਼ੇਖ ਦੀ ਕੀਤੀ ਗਈ ਗ੍ਰਿਫਤਾਰੀ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵਿੱਚ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਅਤੇ ਯੂਥ ਅਕਾਲੀ ਦਲ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ ਨੇ ਕਿਹਾ ਕਿ ਕਿ ਤਰਨ ਤਾਰਨ ਜ਼ਿਮਨੀ ਚੋਣ ਵਿੱਚ ਅਕਾਲੀ ਦਲ ਦੀ ਕਾਰਗੁਜ਼ਾਰੀ ਨੂੰ ਵੇਖਦੇ ਹੋਏ ਮੌਜੂਦਾ ਆਮ ਆਦਮੀ ਪਾਰਟੀ ਬੁਖਲਾਹਟ ਵਿੱਚ ਆ ਗਈ ਹੈ, ਅਤੇ ਅਕਾਲੀ ਦਲ ਦੇ ਸਿਰਕੱਢ ਆਗੂਆਂ ਨੂੰ ਤੰਗ ਪਰੇਸ਼ਾਨ ਕਰਨ ਦੇ ਨਾਲ ਨਾਲ ਉਨ੍ਹਾਂ ਉਪਰ ਝੂਠੇ ਪਰਚੇ ਦਰਜ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੂੰ ਡਰਾਉਣਾ ਚਾਹੁੰਦੀ ਹੈ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਈਟੀ ਵਿੰਗ ਦੇ ਪ੍ਰਧਾਨ ਨਛੱਤਰ ਸਿੰਘ ਗਿੱਲ ਦੀ ਗ੍ਰਿਫਤਾਰੀ 'ਤੇ ਸਵਾਲ ਖੜੇ ਕੀਤੇ। ਉਨ੍ਹਾਂ ਪੰਜਾਬ ਸਰਕਾਰ ਦੇ ਹੱਥ ਠੋਕਾ ਬਣੇ ਪੁਲਸ ਅਫਸਰਾਂ ਨੂੰ ਵੀ ਤਾੜਨਾ ਕੀਤੀ ਕਿ ਉਹ ਸਰਕਾਰ ਦੇ ਦਬਾਅ ਹੇਠ ਕੋਈ ਵੀ ਅਜਿਹਾ ਕੰਮ ਨਾ ਕਰਨ ਜੋ ਗੈਰ-ਕਾਨੂੰਨੀ ਹੋਵੇ ਅਤੇ ਰਾਜਨੀਤੀ ਤੋਂ ਪ੍ਰੇਰਿਤ ਹੋਵੇ।

ਉਨ੍ਹਾਂ ਕਿਹਾ ਕਿ ਅਕਾਲੀ ਆਗੂਆਂ ਅਤੇ ਵਰਕਰਾਂ ਵਿੱਚ ਡਰ ਪੈਦਾ ਕਰਨ ਲਈ ਹੀ ਅਜਿਹੀਆਂ ਗੈਰ-ਕਾਨੂੰਨੀ ਕਾਰਵਾਈਆਂ ਪੁਲਸ ਅਫਸਰਾਂ 'ਤੇ ਦਬਾਅ ਬਣਾ ਕੇ ਕਰਵਾਈਆਂ ਜਾ ਰਹੀਆਂ ਜਿਨ੍ਹਾਂ ਨੂੰ ਸਫਲ ਨਹੀਂ ਹੋਣ ਦਿੱਤਾ ਜਾਵੇਗਾ।



# 'ਉਡਾਨ' ਨੇ ਗ਼ਰੀਬ ਅਤੇ ਲੋੜਵੰਦਾਂ ਨੂੰ ਵੰਡੇ ਗਰਮ ਕੱਪੜੇ ਅਤੇ ਰਜਾਈਆਂ




ਗੁਰਦਾਸਪੁਰ (ਦਿਨੇਸ਼ ਕੁਮਾਰ)-'ਉਡਾਨ' ਐੱਨ ਜੀ ਓ ਵੱਲੋਂ ਗੁਰਦਾਸਪੁਰ ਵਿਖੇ ਗ਼ਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਗਰਮ ਕੱਪੜੇ, ਰਜਾਈਆਂ, ਤਲਾਈਆਂ, ਕੰਬਲ ਅਤੇ ਸਰਦੀਆਂ ਵਾਸਤੇ ਹੋਰ ਜ਼ਰੂਰੀ ਸਾਮਾਨ ਵੰਡਿਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਉਡਾਨ ਦੇ ਸੰਚਾਲਕ ਬਲਜੀਤ ਸਿੰਘ ਨੇ ਦੱਸਿਆ ਕਿ ਸਰਦੀਆਂ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ ਅਤੇ ਇਸ ਮੌਸਮ ਵਿਚ ਗਰੀਬ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਕਈ ਲੋਕ ਸਰਦੀ ਵਿਚ ਦਿਨ ਰਾਤ ਦਿਨ ਗੁਜ਼ਾਰ ਰਹੇ ਹਨ ।ਉਨ੍ਹਾਂ ਕਿਹਾ ਕਿ ਉਡਾਨ ਵੱਲੋਂ ਜ਼ਰੂਰਤਮੰਦ ਲੋਕਾਂ ਨੂੰ ਸਰਦੀ ਤੋਂ ਬਚਾਉਣ ਲਈ ਗਰਮ ਕੱਪੜੇ ਵੰਡਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਅਤੇ ਵਿਸ਼ੇਸ਼ ਤੌਰ 'ਤੇ ਵੱਖ-ਵੱਖ ਪਿੰਡਾਂ ਵਿਚ ਪਹੁੰਚ ਕਰਕੇ ਗਰੀਬਾਂ ਨੂੰ ਗਰਮ ਕੰਬਲ, ਰਜਾਈਆਂ ਆਦਿ ਵੰਡੀਆਂ ਗਈਆਂ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਹੋਰ ਪਿੰਡਾਂ ਵਿਚ ਵੀ ਜਾ ਕੇ ਅਜਿਹੇ ਜ਼ਰੂਰਤਮੰਦ ਲੋਕਾਂ ਨੂੰ ਸਰਦੀ ਦਾ ਸਾਮਾਨ ਵੰਡਿਆ ਜਾਵੇਗਾ।

# ਕੂੜੇ ਦਾ ਡੰਪ ਕਿਸੇ ਹੋਰ ਥਾਂ ਸ਼ਿਫਟ ਕਰਨ ਲਈ ਅਰੁਣਾ ਚੌਧਰੀ ਨੇ ਡੀਸੀ ਨੂੰ ਲਿਖਿਆ ਪੱਤਰ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਐੱਨਜੀਟੀ ਦੇ ਹੁਕਮਾਂ ਅਤੇ ਸਥਾਨਕ ਸਰਕਾਰ ਮੰਤਰੀ ਸ. ਰਵਜੋਤ ਸਿੰਘ ਵੱਲੋਂ ਦਿੱਤੇ ਭਰੋਸੇ ਦੇ ਬਾਵਜੂਦ ਨਗਰ ਕੌਂਸਲ ਦੀਨਾਨਗਰ ਦਾ ਕੂੜਾ ਡੰਪ ਸ਼ਿਫਟ ਨਹੀਂ ਕੀਤਾ ਗਿਆ ਹੈ, ਜਿਸ ਬਾਰੇ ਦੀਨਾਨਗਰ ਦੀ ਮੌਜੂਦਾ ਵਿਧਾਇਕਾ ਅਤੇ ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਵੱਲੋਂ ਤੁਰੰਤ ਕਾਰਵਾਈ ਕਰਨ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਪੱਤਰ ਲਿਖਿਆ ਗਿਆ ਹੈ। ਮੁੱਖ ਸੜਕ 'ਤੇ ਸਥਿਤ ਕੂੜਾ ਡੰਪ ਬਾਰੇ ਮਾਨਯੋਗ ਰਾਸ਼ਟਰੀ ਗ੍ਰੀਨ ਟ੍ਰਿਬਿਊਨਲ (ਐੱਨਜੀਟੀ) ਨੇ ਇਸ ਡੰਪ ਨੂੰ ਦੂਰ ਸ਼ਿਫਟ ਕਰਨ ਦੇ ਹੁਕਮ ਪਹਿਲਾਂ ਹੀ ਜਾਰੀ ਕੀਤੇ ਹੋਏ ਸਨ।ਸਥਾਨਕ ਸਰਕਾਰਾਂ ਮੰਤਰੀ ਰਵਜੋਤ ਸਿੰਘ ਨੇ ਭਰੋਸਾ ਦਿੱਤਾ ਸੀ ਕਿ ਡੰਪ ਨੂੰ ਜਲਦੀ ਸ਼ਿਫਟ ਕੀਤਾ ਜਾਵੇਗਾ ਪ੍ਰੰਤੂ ਇਸਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਜੇ ਤੱਕ ਕੋਈ ਢੰਗ ਦੀ ਕਾਰਵਾਈ ਨਹੀਂ ਕੀਤੀ ਗਈ। ਅਤੇ ਨਾ ਹੀ ਡੰਪ ਦੀ ਸਫ਼ਾਈ ਜਾਂ ਇਸਨੂੰ ਸ਼ਿਫਟ ਕਰਨ ਲਈ ਕੋਈ ਦਿੱਖਣਯੋਗ ਯਤਨ ਹੁੰਦੇ ਨਜ਼ਰ ਆ ਰਹੇ ਹਨ।ਲੋਕ ਬਦਬੂ, ਗੰਦਗੀ, ਮੱਖੀਆਂ, ਮੱਛਰਾਂ, ਅਵਾਰਾ ਜਾਨਵਰਾਂ ਅਤੇ ਵਾਤਾਵਰਣ ਪ੍ਰਦੂਸ਼ਣ ਨਾਲ ਗੰਭੀਰ ਤੌਰ 'ਤੇ ਪ੍ਰਭਾਵਿਤ ਹੋ ਰਹੇ ਹਨ।ਮੁੱਖ ਸੜਕ 'ਤੇ ਹੋਣ ਕਾਰਨ ਇਹ ਮਸਲਾ ਰੋਜ਼ਾਨਾ ਆਵਾਜਾਈ ਅਤੇ ਲੋਕ ਸੁਰੱਖਿਆ ਲਈ ਵੀ ਖ਼ਤਰਾ ਬਣ ਚੁੱਕਾ ਹੈ।ਪੱਤਰ ਦੀਆਂ ਕਾਪੀਆਂ ਐੱਨਜੀਟੀ ਅਤੇ ਅਡੀਸ਼ਨਲ ਮੁੱਖ ਸਕੱਤਰ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਨੂੰ ਵੀ ਭੇਜੀਆਂ ਹਨ।



# ਤਲਬੀਰ ਗਿੱਲ ਨੇ ਸ਼ਾਮ ਨਗਰ 'ਚ ਸੜਕ ਅਤੇ ਨਾਲੇ ਦਾ ਰੱਖਿਆ ਨੀਂਹ ਪੱਥਰ

ਮਜੀਠਾ (ਸੋਇਮ ਆਨੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਰ ਖੇਤਰ ਵਿਚ ਬਿਨਾਂ ਕਿਸੇ ਪੱਖਪਾਤ ਵੱਧ ਤੋਂ ਵੱਧ ਵਿਕਾਸ ਕਰਾਉਣ ਦਾ ਟੀਚਾ ਹੈ ਜਿਸ ਸਬੰਧੀ ਪੰਜਾਬ ਵਿਚ ਵੱਡੀ ਪੱਧਰ ਤੇ ਵਿਕਾਸ ਕਾਰਜ ਚੱਲ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਸ਼ਾਮਨਗਰ ਵਿਖੇ ਸੜਕ ਤੇ ਨਿਕਾਸੀ ਨਾਲੇ ਦਾ ਨੀਂਹ ਪੱਥਰ ਰੱਖਣ ਮੌਕੇ ਗੱਲਬਾਤ ਕਰਦਿਆਂ ਕੀਤਾ।ਗਿੱਲ ਨੇ ਕਿਹਾ ਕਿ ਹਲਕਾ ਮਜੀਠਾ ਵਿੱਚ ਹਰੇਕ ਤਰ੍ਹਾਂ ਦੇ ਵਿਕਾਸ ਕਾਰਜ ਜੰਗੀ ਪੱਧਰ ਤੇ ਚੱਲ ਰਹੇ ਹਨ।ਤਲਬੀਰ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਕੋਲ ਹਲਕਾ ਮਜੀਠਾ ਦੀਆਂ ਸਮੱਸਿਆਂਵਾਂ ਨੂੰ ਰੱਖਿਆ ਜਿਨ੍ਹਾਂ ਨੇ ਤੁਰੰਤ ਸਾਰੇ ਕੰਮਾਂ ਦੀ ਮਨਜ਼ੂਰੀ ਦੇ ਦਿੱਤੀ ਜਿਸ ਤਹਿਤ ਨੀਂਹ ਪੱਥਰ ਰੱਖੇ ਜਾ ਰਹੇ ਹਨ।ਇਸ ਮੌਕੇ ਤਲਬੀਰ ਸਿੰਘ ਗਿੱਲ ਨਾਲ ਸਿਆਸੀ ਸਕੱਤਰ ਬਲਜਿੰਦਰ ਸਿੰਘ ਛੀਨਾ, ਮੰਡੀ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਹਰਸ਼ਰਨਜੀਤ ਸਿੰਘ, ਐੱਸਡੀਓ ਜਤਿੰਦਰ ਕੁਮਾਰ, ਜੇਈ ਹਰਪ੍ਰੀਤ ਸਿੰਘ, ਸਰਪੰਚ ਬਿਕਰਮਜੀਤ ਸਿੰਘ, ਸਾਬਕਾ ਸਰਪੰਚ ਹਰਿੰਦਰ ਸਿੰਘ, ਨੰਬਰਦਾਰ ਗੁਰਦੇਵ ਸਿੰਘ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸੁਖਚੈਨ ਸਿੰਘ ਸੁੱਖ ਭਗਵਾਂ, ਸਤਨਾਮ ਸਿੰਘ ਨਾਗ ਨਵੇਂ, ਪ੍ਰਮਿੰਦਰ ਸਿੰਘ ਉਪਲ, ਲਖਵਿੰਦਰ ਸਿੰਘ ਬੇਗੇਵਾਲ, ਚਮਕੌਰ ਸਿੰਘ, ਸਾਰੇ ਸਰਪੰਚ, ਗੁਰਿੰਦਰ ਸਿੰਘ ਭੋਮਾ, ਨਵਰੂਪ ਸਿੰਘ, ਪੰਚ ਗੁਰਪ੍ਰੀਤ ਸਿੰਘ, ਦਲਬੀਰ ਸਿੰਘ, ਨਰਿੰਦਰ ਸਿੰਘ, ਹਰਭਾਲ ਸਿੰਘ, ਸੁਪ੍ਰੀਤ ਸਿੰਘ ਸਾਰੇ ਪੰਚ, ਅਵਤਾਰ ਸਿੰਘ ਸਿੱਧੂ, ਮਨਰਾਜ ਸਿੰਘ, ਡਾ. ਸਿਮਰਨਜੀਤ ਸਿੰਘ, ਛੀਰਾ ਸਿੰਘ, ਪ੍ਰਭਜੀਤ ਸਿੰਘ, ਰੇਸ਼ਮ ਸਿੰਘ ਬੇਗੇਵਾਲ, ਆਕਾਸ਼ ਭੰਗੂ, ਸੋਨਾ ਮਾਨ, ਸਰਿੰਦਰ ਸਿੰਘ ਸੋਨੂੰ, ਬਚਿੱਤਰ ਸਿੰਘ, ਸਾਹਬ ਸਿੰਘ, ਮਨਿੰਦਰ ਸਿੰਘ ਮਰੜੀ ਖੁਰਦ, ਸਮੇਤ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।



## 10ਵੇਂ ਸਾਹਿਤ ਉਤਸਵ ਅਤੇ ਪੁਸਤਕ ਮੇਲੇ ਦਾ ਚੌਥਾ ਦਿਨ:

# 'ਪੰਜਾਬ ਦੇ ਰਾਜਸੀ-ਪ੍ਰਸ਼ਾਸਕੀ ਵਿਹਾਰ' ਵਿਸ਼ੇ ਉੱਤੇ ਕਰਵਾਇਆ ਸੈਮੀਨਾਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਯੂਨੀਵਰਸਿਟੀ ਵੱਲੋਂ ਖ਼ਾਲਸਾ ਕਾਲਜ ਵਿਖੇ 15 ਨਵੰਬਰ ਤੋਂ ਚੱਲ ਰਹੇ 5 ਰੋਜ਼ਾ '10ਵੇਂ ਸਾਹਿਤ ਉਤਸਵ ਅਤੇ ਪੁਸਤਕ ਮੇਲੇ' ਦੇ ਚੌਥੇ ਦਿਨ ਮੇਜ਼ਬਾਨ ਕਾਲਜ ਦੇ ਸਹਿਯੋਗ ਨਾਲ ਕਰਵਾਏ ਗਏ ਸੈਮੀਨਾਰ ਦੇ ਪਹਿਲੇ ਅਕਾਦਮਿਕ ਸੈਸ਼ਨ 'ਚ ਪੁੱਜੇ ਸਾਬਕਾ ਆਈ. ਏ. ਐੱਸ ਸ: ਕਾਹਨ ਸਿੰਘ ਪੰਨੂ ਨੇ 'ਪੰਜਾਬ ਦੇ ਰਾਜਸੀ-ਪ੍ਰਸ਼ਾਸਕੀ ਵਿਹਾਰ' ਵਿਸ਼ੇ 'ਤੇ ਗੱਲਬਾਤ ਦੌਰਾਨ ਵੱਖ-ਵੱਖ ਰਾਜਾਂ, ਦੇਸ਼ਾਂ ਅਤੇ ਵਿਸ਼ਵ ਪੱਧਰ ਦੀ ਰਾਜਨੀਤਕ ਪ੍ਰਬੰਧਾਂ ਬਾਰੇ ਭਰਪੂਰ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਭਾਰਤ ਦੇ ਮੁਕਾਬਲੇ ਦੂਸਰੇ ਵਿਕਸਿਤ ਦੇਸ਼ਾਂ ਦੇ ਅਰਥਚਾਰੇ ਅਤੇ ਸਮਾਜਿਕ ਵਿਵਹਾਰ 'ਚ ਬਹੁਤ ਵੱਡੇ ਪੱਧਰ 'ਤੇ ਅੰਤਰ ਮਿਲਦਾ ਹੈ।ਭਾਰਤੀ ਲੋਕਤੰਤਰ ਦੀ ਗੱਲ ਕਰਦਿਆਂ ਸ: ਪਨੂੰ ਨੇ ਕਿਹਾ ਕਿ ਇਸਦਾ ਵਿਵਹਾਰਕ ਰੂਪ ਸਿਧਾਂਤ ਨਾਲੋਂ ਵੱਖਰੀ ਕਿਸਮ ਦਾ ਹੈ, ਜਿਸ 'ਚ ਆਮ ਮਨੁੱਖ ਦੀ ਰਾਜਨੀਤਕ ਪੱਧਰ 'ਤੇ ਕੋਈ ਉਸਾਰੂ ਭੂਮਿਕਾ ਨਹੀਂ ਹੁੰਦੀ।'ਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਡਾ. ਸੁਰਿੰਦਰ ਕੌਰ ਨੇ ਸਵਾਗਤੀ ਸ਼ਬਦਾਂ ਨਾਲ ਆਏ ਮਹਿਮਾਨਾਂ ਸ: ਪਨੂੰ, ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਅਤੇ ਕਾਲਜ ਪ੍ਰਿੰ. ਡਾ. ਆਤਮ ਸਿੰਘ ਰੰਧਾਵਾ ਦਾ ਸਵਾਗਤ ਕੀਤਾ।ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਅੱਜ ਦੇ ਦਿਨ ਨੂੰ ਵਡਭਾਗਾ ਦੱਸਦਿਆਂ ਸ: ਪਨੂੰ ਦੇ ਵੱਖ-ਵੱਖ ਅਹੁਦਿਆਂ 'ਤੇ ਸੇਵਾਵਾਂ ਦੀ ਜਾਣਕਾਰੀ ਸਰੋਤਿਆਂ ਨਾਲ ਸਾਂਝੀ ਕੀਤੀ।ਸੈਮੀਨਾਰ ਦੇ ਦੂਜੇ ਸੈਸ਼ਨ 'ਚ ਪੰਜਾਬੀ ਵਿਭਾਗ ਦੇ ਮੁਖੀ ਡਾ. ਪਰਮਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਨਾਲ ਜਾਣ-ਪਛਾਣ ਕਰਵਾਈ।ਡਾ. ਹਰਿਭਜਨ ਸਿੰਘ ਭਾਟੀਆ, ਡਾ. ਮਨਜਿੰਦਰ ਸਿੰਘ, ਡਾ. ਕੰਵਲਜੀਤ ਸਿੰਘ ਅਤੇ ਡਾ. ਅਮਰਜੀਤ ਸਿੰਘ ਨੇ ਮੁੱਲਵਾਨ ਗਿਆਨ ਭਰਪੂਰ ਖੋਜ-ਪੱਤਰ ਪੜ੍ਹੇ।ਉਪਰੰਤ ਖ਼ਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਆਯੋਜਿਤ 'ਪੰਜਾਬ ਦੀ ਸਿਆਸਤ ਦਾ ਇਤਿਹਾਸਕ ਪਰਿਪੇਖ ਵਿਸ਼ੇ' ਅਧੀਨ ਪੈਨਲ ਚਰਚਾ ਕਰਵਾਈ ਗਈ ਜਿਸ ਵਿਚ ਵਿਸ਼ਾ ਮਾਹਿਰ ਵਜੋਂ ਖ਼ਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ-ਚਾਂਸਲਰ ਅਤੇ ਜੀਡੀਯੂ ਦੇ ਰਾਜਨੀਤੀ ਸ਼ਾਸਤਰ ਵਿਭਾਗ ਦੇ ਸਾਬਕਾ ਮੁਖੀ ਡਾ. ਜਗਰੂਪ ਸਿੰਘ ਸੇਖੋਂ ਨੇ ਸੰਬੰਧਿਤ ਵਿਸ਼ੇ ਤੇ ਗਿਆਨ ਭਰਪੂਰ ਵਿਚਾਰ ਚਰਚਾ ਕੀਤੀ।ਸ. ਗੁਰਮੁਖ ਸਿੰਘ ਐੱਮ.ਏ. ਦਾ ਜਥਾ, ਧੰਨਾ ਸਿੰਘ ਗੁਲਸ਼ਨ (ਸ਼ਹਿਬਾਜ਼), ਲਵਪ੍ਰੀਤ ਸਿੰਘ ਬੈਂਕਾ (ਕਵੀਸ਼ਰੀ ਜਥਾ) ਨੇ ਆਪਣੇ ਫਨ ਦਾ ਮੁਜ਼ਾਹਰਾ ਕਰਦਿਆਂ ਮੇਲੇ ਨੂੰ ਚਾਰ-ਚੰਨ ਲਗਾਏ।ਲੋਕ ਨਾਚ ਗਿੱਧੇ ਦੀ ਖ਼ੂਬਸੂਰਤ ਪੇਸ਼ਕਾਰੀ ਨਾਲ ਮੇਲਾ ਆਪਣੇ ਸਿਖਰ 'ਤੇ ਪੁੱਜਾ।



# 'ਵਾਹ ਉਸਤਾਦ ਵਾਹ' ਪੁਸਤਕ ਲੋਕਾਂ ਨੂੰ ਅਰਪਣ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸਾਹਿਤ ਅਤੇ ਸੰਗੀਤ ਨਾਲ ਜੁੜੀ ਬਹੁ-ਪੱਖੀ ਸ਼ਖ਼ਸ਼ੀਅਤ ਇਕਵਾਕ ਸਿੰਘ ਪੱਟੀ ਦੀ ਪੁਸਤਕ 'ਵਾਹ ਉਸਤਾਦ ਵਾਹ-ਜੀਵਨੀਆਂ ਮਹਾਨ ਤਬਲਾ ਵਾਦਕ ਅਤੇ ਉਸਤਾਦ ਸਹਿਬਾਨ' ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਚੱਲ ਰਹੇ 10ਵੇਂ ਅੰਮ੍ਰਿਤਸਰ ਸਾਹਿਤ ਉਤਸਵ ਦੌਰਾਨ ਲੋਕ ਅਰਪਣ ਕੀਤੀ ਗਈ। ਇਸ ਮੌਕੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫਰ, ਪ੍ਰਿੰਸੀਪਲ ਆਤਮ ਸਿੰਘ ਰੰਧਾਵਾ, ਸੁਖੀ ਬਾਠ ਕੈਨੇਡਾ, ਡਾ. ਪਰਮਿੰਦਰ ਸਿੰਘ ਮੁਖੀ ਪੰਜਾਬੀ ਵਿਭਾਗ, ਡਾ. ਹੀਰਾ ਸਿੰਘ ਅਤੇ ਹੋਰ ਨਾਮਵਰ ਸ਼ਖ਼ਸ਼ੀਅਤਾਂ ਹਾਜ਼ਰ ਸਨ। ਕਿਤਾਬ ਬਾਰੇ ਗੱਲਬਾਤ ਕਰਦਿਆਂ ਲੇਖਕ ਇਕਵਾਕ ਸਿੰਘ ਪੱਟੀ ਨੇ ਕਿਹਾ ਕਿ ਇਸ ਕਿਤਾਬ ਵਿਚ 40 ਤੋਂ ਵੱਧ ਮਹਾਨ ਤਬਲਾ ਵਾਦਕ ਅਤੇ ਉਸਤਾਦ ਸਾਹਿਬਾਨ ਦੀਆਂ ਜੀਵਨੀਆਂ ਸ਼ਾਮਿਲ ਕੀਤੀਆਂ ਗਈਆਂ ਹਨ। ਇਸ ਕਿਸਮ ਦੀ ਇਹ ਪਹਿਲੀ ਕਿਤਾਬ ਹੈ। ਇਹ ਜੀਵਨੀਆਂ ਵੱਖ-ਵੱਖ ਕਾਲਜਾਂ, ਯੂਨੀਵਰਸਿਟੀਆਂ ਅਤੇ ਸੰਗੀਤ ਵਿਦਿਆਲਿਆਂ ਤੋਂ ਤਬਲਾ ਵਾਦਨ ਦਾ ਕੋਰਸ ਕਰ ਰਹੇ ਵਿਦਿਆਰਥੀਆਂ ਦੇ ਸਿਲੇਬਸ ਵਿੱਚ ਵੀ ਸ਼ਾਮਿਲ ਹਨ। ਇਸ ਸਭ ਦੇ ਨਾਲ ਪੰਜਾਬ ਘਰਾਣੇ ਦੇ ਮਹਾਨ ਤਬਲਾ ਵਾਦਕਾਂ ਅਤੇ ਪਖਾਵਜ ਵਾਦਕਾਂ ਬਾਰੇ ਵੀ ਵਿਸਥਾਰਤ ਜਾਣਕਾਰੀ ਸ਼ਾਮਿਲ ਕੀਤੀ ਗਈ ਹੈ। ਇਸ ਮੌਕੇ ਸ੍ਰ. ਸਤਿੰਦਰ ਸਿੰਘ ਓਠੀ, ਡਾ. ਪੁਨੀਤ ਕੌਰ, ਪ੍ਰਦੀਪ ਕੌਰ, ਗੀਤਕਾਰ ਆਰਜੀਤ, ਬਲਦੀਪ ਸਿੰਘ ਰਾਮੂੰਵਾਲੀਆ, ਕੁਲਦੀਪ ਸਿੰਘ ਅਜ਼ਾਦ ਬੁੱਕ ਡਿਪੋ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਜਨਰਲ ਸਟੋਰ ਨੂੰ ਅੱਗ ਲੱਗਣ ਨਾਲ ਲੱਖਾਂ ਦਾ ਸਾਮਾਨ ਸੜ ਕੇ ਸੁਆਹ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਦੀਨਾਨਗਰ ਵਿੱਚ ਇੱਕ ਜਨਰਲ ਸਟੋਰ ਨੂੰ ਅੱਗ ਲੱਗਣ ਨਾਲ ਲੱਖਾਂ ਦਾ ਸਾਮਾਨ ਸੜ ਕੇ ਰਾਖ ਹੋ ਗਿਆ।ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਚੱਲਿਆ, ਪਰ ਅੱਗ ਲੱਗਣ ਨਾਲ ਬਾਜ਼ਾਰ ਵਿੱਚ ਅਫਰਾ-ਤਫਰੀ ਮਚ ਗਈ।ਆਸ-ਪਾਸ ਦੇ ਸਾਰੇ ਦੁਕਾਨਦਾਰਾਂ ਅਤੇ ਲੋਕਾਂ ਨੇ ਬਾਲਟੀਆਂ ਵਿੱਚ ਪਾਣੀ ਭਰ ਕੇ ਅੱਗ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਪਰ ਕਾਬੂ ਨਹੀਂ ਪਾਇਆ ਗਿਆ।ਫਿਰ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਗਈ। ਜਦੋਂ ਤੱਕ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅੱਗ ਬੁਝਾਉਣ ਲਈ ਪਹੁੰਚੀਆਂ ਉਦੋਂ ਤਕ ਦੁਕਾਨਦਾਰ ਦਾ ਲੱਖਾਂ ਦਾ ਸਾਮਾਨ ਸੜ ਕੇ ਸੁਆਹ ਹੋ ਚੁੱਕਿਆ ਸੀ।ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਦੀਨਾਨਗਰ ਵਿੱਚ ਵੀ ਇੱਕ ਫਾਇਰ ਬ੍ਰਿਗੇਡ ਦੀ ਗੱਡੀ ਹੋਣੀ ਚਾਹੀਦੀ ਹੈ। ਜੇਕਰ ਕਦੇ ਅੱਗ ਲੱਗਣ ਦੀ ਘਟਨਾ ਵਾਪਰਦੀ ਹੈ, ਤਾਂ ਉਹ ਗੱਡੀ ਮੌਕੇ 'ਤੇ ਨਗਰ ਤੱਕ ਪਹੁੰਚ ਸਕਦੀ ਹੈ। ਲੋਕ ਕਈ ਵਾਰ ਇਸ ਗੱਡੀ ਦੀ ਪ੍ਰਸ਼ਾਸਨ ਤੋਂ ਮੰਗ ਕਰ ਚੁੱਕੇ ਹਨ, ਪਰ ਪ੍ਰਸ਼ਾਸਨ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।



# ਡੀ ਆਰ ਹੈਰੀਟੇਜ ਪਬਲਿਕ ਸਕੂਲ ਬਟਾਲਾ ਵਿਖੇ ਬਾਲ ਦਿਵਸ ਮਨਾਇਆ

**ਬਟਾਲਾ (ਡਾ. ਮਲਵਿੰਦਰ ਸਿੰਘ)**- ਡੀ. ਆਰ. ਹੈਰੀਟੇਜ ਪਬਲਿਕ ਸਕੂਲ ਵਿਖੇ ਬਾਲ ਦਿਵਸ ਮਨਾਇਆ ਗਿਆ ।ਇਸ ਮੌਕੇ ਵਿਦਿਆਰਥੀਆਂ ਨੇ ਬਾਲ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਦੱਸਿਆ ਕਿ ਅਸੀਂ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਚਾਚਾ ਨਹਿਰੂ ਦੇ ਜਨਮ ਦਿਵਸ ਨੂੰ ਬਾਲ ਦਿਵਸ ਦੇ ਰੂਪ ਵਿੱਚ ਮਨਾਉਂਦੇ ਹਾਂ ਕਿਉਂਕਿ ਚਾਚਾ ਨਹਿਰੂ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਦੀ ਅਗਵਾਈ ਵਿੱਚ ਐੱਲਕੇਜੀ/ਯੂਕੇਜੀ ਅਤੇ ਪਹਿਲੀ ਜਮਾਤ ਦੀ ਫੈਂਸੀ ਡਰੈੱਸ ਪ੍ਰਤੀ ਯੋਗਤਾ ਕਰਵਾਈ ਗਈ।ਇਨ੍ਹਾਂ ਵਿਦਿਆਰਥੀਆਂ ਨੇ ਵੱਖਰੇ-ਵੱਖਰੇ ਲਿਬਾਸ ਪਾ ਕੇ ਵੱਖ-ਵੱਖ ਕਿਰਦਾਰ ਨਿਭਾਏ।ਵੱਖੋ-ਵੱਖਰੇ ਪਹਿਰਾਵੇ ਵਿੱਚ ਨੰਨ੍ਹੇ-ਮੁੰਨੇ ਬੱਚੇ ਬਹੁਤ ਹੀ ਸੁੰਦਰ ਲੱਗ ਰਹੇ ਸਨ।ਬਾਲ ਦਿਵਸ ਮੌਕੇ ਬੱਚਿਆਂ ਦੇ ਮਨੋਰੰਜਨ ਲਈ ਉਨ੍ਹਾਂ ਨੂੰ ਫਨ ਜ਼ੋਨ ਲੈ ਕੇ ਗਏ ਜਿੱਥੇ ਬੱਚਿਆਂ ਨੇ ਕਾਫੀ ਆਨੰਦ ਮਾਣਿਆ।ਉਪਰੰਤ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਪੜ੍ਹ ਲਿਖ ਕੇ ਚੰਗੇ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ।




# ਕੋਟਲਾ ਸ਼ਾਹੀਆਂ 'ਚ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਧਾਰਮਿਕ ਸਮਾਗਮ 29 ਤੇ 30 ਨੂੰ

ਬਟਾਲਾ, (ਡਾ. ਮਲਵਿੰਦਰ ਸਿੰਘ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ ਪਿੰਡ ਕੋਟਲਾ ਸ਼ਾਹੀਆਂ ਦੇ ਸਟੇਡੀਅਮ ਵਿਖੇ ਸੁਰਜੀਤ ਸਪੋਰਟਸ ਐਸੋਸੀਏਸ਼ਨ ਰਜਿ: ਬਟਾਲਾ ਵੱਲੋਂ 29 ਅਤੇ 30 ਨਵੰਬਰ ਨੂੰ ਕਰਵਾਏ ਜਾਣਗੇ।ਉਕਤ ਸਮਾਗਮ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਨੂੰ ਸ਼ਾਨਾਮੱਤਾ ਬਣਾਉਣ ਵਾਲੇ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਅਤੇ ਭਾਈ ਸਤੀ ਦਾਸ ਜੀ ਦੀ ਲਾਸਾਨੀ ਕੁਰਬਾਨੀ ਨੂੰ ਵੀ ਯਾਦਗਾਰ ਵਜੋਂ ਮਨਾਉਣ ਲਈ ਹੋਣਗੇ।ਇਸ ਦੌਰਾਨ ਕੀਰਤਨ ਦਰਬਾਰ, ਕਵੀ ਦਰਬਾਰ ਤੇ ਸੈਮੀਨਾਰ ਕਰਵਾਏ ਜਾਣਗੇ।ਇਸ ਦੌਰਾਨ ਗਤਕੇ ਤੇ ਦਸਤਾਰਬੰਦੀ ਦੇ ਮੁਕਾਬਲੇ ਵੀ ਹੋਣਗੇ ਅਤੇ ਬੁਲੰਦ ਆਵਾਜ਼ ਪੰਮਾ ਡੂੰਮੇਵਾਲ ਦਾ ਵਿਸ਼ੇਸ਼ ਧਾਰਮਿਕ ਗੀਤ ਪੇਸ਼ ਕੀਤਾ ਜਾਵੇਗਾ।ਇਸ ਵਰ੍ਹੇ ਦੀਆਂ ਕਮਲਜੀਤ ਖੇਡਾਂ ਦੇਸ਼ ਭਰ ਵਿਚ ਚੱਲ ਰਹੇ ਸ਼ਹੀਦੀ ਪੰਦਰਵਾੜੇ ਕਾਰਨ ਨਹੀਂ ਕਰਵਾਈਆਂ ਜਾ ਰਹੀਆਂ, ਪਰ ਗੁਰੂ ਦੀ ਸ਼ਹਾਦਤ ਦੇ ਪ੍ਰਤੀਕ ਵਜੋਂ ਸ੍ਰੀ ਬਾਬਾ ਬਕਾਲਾ ਸਾਹਿਬ ਤੋਂ ਮੈਰਾਥਨ ਦੌੜ ਕਰਵਾਈ ਜਾ ਰਹੀ ਹੈ, ਜਿਸ ਵਿਚ ਅੰਤਰਰਾਸ਼ਟਰੀ ਪੱਧਰ ਦੇ ਦੌੜਾਕ ਹਿੱਸਾ ਲੈਣਗੇ।

ਇਸ ਮੌਕੇ ਨਿਸ਼ਾਨ ਸਿੰਘ ਰੰਧਾਵਾ ਜਨਰਲ ਸਕੱਤਰ, ਜਸਵੰਤ ਸਿੰਘ ਢਿੱਲੋਂ ਸੀਨੀਅਰ ਮੀਤ ਪ੍ਰਧਾਨ, ਖੁਸ਼ਕਰਨ ਸਿੰਘ ਹੇਅਰ ਦਫਤਰ ਸਕੱਤਰ, ਤਰੁਣਪ੍ਰੀਤ ਸਿੰਘ ਕਲਸੀ ਸਰਪੰਚ ਕੋਟਲਾ ਸਾਹੀਆ ਹਾਜ਼ਰ ਸਨ।



# ਸ਼ੈਰੀ ਕਲਸੀ ਵੱਲੋਂ ਹੰਸਲੀ ਪੁਲ ਤੋਂ ਬਾਈਪਾਸ ਬਟਾਲਾ-ਜਲੰਧਰ ਰੋਡ ਤੱਕ ਲਾਈਟਾਂ ਲਾਉਣ ਦਾ ਉਦਘਾਟਨ

**ਬਟਾਲਾ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸ਼ਿੰਘ, ਸੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕੰਮਾਂ ਨੂੰ ਅੱਗੇ ਵਧਾਉਂਦਿਆਂ 94 ਲੱਖ ਰੁਪਏ ਦੀ ਲਾਗਤ ਨਾਲ ਹੰਸਲੀ ਪੁਲ ਜਲੰਧਰ ਤੋਂ ਬਾਈਪਾਸ ਬਟਾਲਾ-ਜਲੰਧਰ ਰੋਡ ਤੱਕ 136 ਲਾਈਟਾਂ ਲਗਾਉਣ ਦਾ ਦੁਕਾਨਦਾਰਾਂ ਦੀ ਮੌਜੂਦਗੀ ਵਿੱਚ ਉਦਘਾਟਨ ਕੀਤਾ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਡਾਇਰੈਕਟਰ ਮਨਜੀਤ ਸਿੰਘ ਭੁੱਲਰ, ਚੇਅਰਮੈਨ ਮਾਨਿਕ ਮਹਿਤਾ, ਪ੍ਰਧਾਨ ਵਿਜੇ ਕੁਮਾਰ ਸੋਨੀ ਸਮੇਤ ਦੁਕਾਨਦਾਰ ਅਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਜਲੰਧਰ ਰੋਡ ਤੇ ਦੁਕਾਨਦਾਰਾਂ ਵੱਲੋਂ ਲਾਈਟਾਂ ਨਾ ਲੱਗਣ ਹੋਣ ਦੀ ਮੁਸ਼ਕਿਲ ਉਨ੍ਹਾਂ ਨੇ ਧਿਆਨ ਵਿੱਚ ਲਿਆਂਦੀ ਸੀ, ਜਿਸ ਨੂੰ ਹੱਲ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਹੁਣ ਰਾਤ ਵੇਲੇ ਅਤੇ ਸਵੱਖਤੇ ਲੋਕਾਂ ਨੂੰ ਲਾਈਟਾਂ ਲੱਗਣ ਨਾਲ ਆਵਾਜਾਈ ਦੌਰਾਨ ਮੁਸ਼ਕਿਲ ਤੋਂ ਨਿਜਾਤ ਮਿਲੇਗੀ।ਉਨ੍ਹਾਂ ਦੱਸਿਆ ਕਿ ਹੰਸਲੀ ਪੁਲ ਤੋਂ ਲੈ ਕੇ ਜਲੰਧਰ-ਬਟਾਲਾ ਬਾਈਪਾਸ ਜਿਥੇ ਨਵੇਂ ਗੇਟ ਦੀ ਉਸਾਰੀ ਚੱਲ ਰਹੀ ਤੱਕ 136 ਲਾਈਟਾਂ ਲਗਾਈਆਂ ਜਾਣਗੀਆਂ।ਇਸ ਮੌਕੇ ਸੀਨੀਅਰ ਆਗੂ ਮਾਸਟਰ ਤਿਲਕ ਰਾਜ, ਬਲਬੀਰ ਸਿੰਘ ਬਿੱਟੂ, ਚੇਅਰਮੈਨ ਚਰਨਜੀਤ ਸਿੰਘ, ਐੱਸਡੀਓ ਪਰਵੀਨ ਕੁਮਾਰ, ਐੱਮਸੀ ਬਲਵਿੰਦਰ ਸਿੰਘ ਮਿੰਟਾ, ਪ੍ਰਧਾਨ ਵੀਨੂੰ ਕਾਹਲੋਂ, ਬੰਟੀ ਟਰੈਂਡਜ਼, ਅਮਰੀਕ ਸਿੰਘ ਲੰਬੜਦਾਰ, ਵਿੱਕੀ ਚੌਹਾਨ, ਭੁਪਿੰਦਰ ਸਿੰਘ, ਰਜਿੰਦਰ ਸਿੰਘ, ਪਰਦੀਪ ਕੁਮਾਰ ਸਮੇਤ ਦੁਕਾਨਦਾਰ ਅਤੇ ਵੱਖ-ਵੱਖ ਸ਼ਖ਼ਸੀਅਤਾਂ ਮੌਜੂਦ ਸਨ।

# ਲਾਈਟ ਐਂਡ ਸਾਊਂਡ ਸ਼ੋਅ ਦੀ ਦਿਲ ਹਿਲਾਊ ਪੇਸ਼ਕਾਰੀ ਦੌਰਾਨ ਸੰਗਤਾਂ ਭਾਵੁਕ ਹੋ ਗਈਆਂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਗੁਰੂ ਸਾਹਿਬ ਦੇ ਜੀਵਨ, ਲਾਸਾਨੀ ਸ਼ਹਾਦਤ ਅਤੇ ਸਿੱਖਿਆਵਾਂ ਤੇ ਆਧਾਰਿਤ ਲਾਈਟ ਐਂਡ ਸਾਊਂਡ ਸ਼ੋਅ ਹਿੰਦ ਦੀ ਚਾਦਰ ਨੇ ਸ਼ਾਮ ਪੁਲਸ ਸਟੇਡੀਅਮ, ਤਰਨ ਤਾਰਨ ਵਿਖੇ ਹਜ਼ਾਰਾਂ ਦੀ ਗਿਣਤੀ ਵਿਚ ਜੁੜੀ ਸੰਗਤ ਨੂੰ ਭਾਵੁਕ ਕਰ ਦਿੱਤਾ।45 ਮਿੰਟ ਦੇ ਇਸ ਸ਼ੋਅ 'ਚ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਤੇ ਵਿਸ਼ਵਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫਲਸਫ਼ੇ ਨੂੰ ਸੁੰਦਰਤਾ ਨਾਲ ਦਰਸਾਇਆ ਗਿਆ, ਜਿਸਨੂੰ ਸੰਗਤ ਨੇ ਪੂਰੀ ਇਕਾਗਰਤਾ ਤੇ ਸ਼ਰਧਾ-ਭਾਵਨਾ ਨਾਲ ਵੇਖਿਆ ।ਹਿੰਦ ਦੀ ਚਾਦਰ ਸ਼ੋਅ ਵਿੱਚ 350 ਸਾਲ ਪਹਿਲਾਂ ਗੁਰੂ ਸਾਹਿਬ ਵੱਲੋਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਸਮੇਤ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਦਿੱਤੀ ਗਈ ਲਾਸਾਨੀ ਸ਼ਹਾਦਤ ਨਾਲ ਬੁਲੰਦ ਕੀਤੀ ਗਈ ਹੱਕ, ਸੱਚ, ਨਿਆਂ, ਪਰਉਪਕਾਰ ਤੇ ਮਨੁੱਖੀ ਅਧਿਕਾਰਾਂ ਦੀ ਆਵਾਜ਼ ਨੂੰ ਵਿਲੱਖਣ ਢੰਗ ਨਾਲ ਪੇਸ਼ ਕੀਤਾ ਗਿਆ। ਸ਼ੋਅ ਮੌਕੇ ਸੰਗਤ, ਜਿਸ 'ਚ ਬੱਚੇ, ਬਜ਼ੁਰਗ, ਨੌਜਵਾਨ ਤੇ ਵੱਡੀ ਗਿਣਤੀ ਵਿੱਚ ਔਰਤਾਂ ਸ਼ਾਮਲ ਸਨ, ਨੇ ਧੰਨ ਗੁਰੂ ਤੇਗ ਬਹਾਦਰ ਜੀ ਉਚਾਰਦੇ ਹੋਏ ਜੈਕਾਰੇ ਵੀ ਲਗਾਏ।



# ਜੀ ਐੱਨ ਡੀ ਯੂ ਦੇ ਮੁਲਾਜ਼ਮਾਂ ਵੱਲੋਂ ਰੋਸ ਮਾਰਚ, ਐਕਸ਼ਨ ਹੋਰ ਤਿੱਖਾ ਕਰਨ ਦੀ ਦਿੱਤੀ ਚਿਤਾਵਨੀ

ਛੇਹਰਟਾ, (ਮਨੋਜ ਕੁਮਾਰ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਨ-ਟੀਚਿੰਗ ਇੰਪਲਾਈਜ਼ ਐਸੋਸੀਏਸ਼ਨ ਵੱਲੋਂ ਪ੍ਰਧਾਨ ਹਰਦੀਪ ਸਿੰਘ ਨਾਗਰਾ ਦੀ ਪ੍ਰਧਾਨਗੀ ਹੇਠ ਅਫਸਰ ਐਸੋਸੀਏਸ਼ਨ ਤੇ ਟੀਜਰਜ਼ ਐਸੋਸੀਏਸ਼ਨ ਦੇ ਸਹਿਯੋਗ ਨਾਲ ਵੱਡੀ ਗਿਣਤੀ ਵਿਚ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਰੋਸ ਮਾਰਚ ਕੱਢਿਆ ਗਿਆ। ਇਸ ਮੌਕੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਨਾਗਰਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕਹਿਣੀ ਤੇ ਕਥਨੀ ਵਿਚ ਬਹੁਤ ਫ਼ਰਕ ਹੈ। ਯੂ-ਟਰਨ ਵਾਲੀਆਂ ਨੀਤੀਆਂ 'ਤੇ ਪਹਿਰਾ ਦਿੰਦਿਆਂ ਜੋ ਵਾਅਦਾ ਮੁਲਾਜ਼ਮਾਂ ਨਾਲ ਕੀਤਾ ਗਿਆ ਸੀ ਕਿ ਪੰਜਾਬ ਦੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ, ਪਰ ਨੋਟੀਫਿਕੇਸ਼ਨ ਜਾਰੀ ਕਰਨ ਤੋਂ ਬਾਅਦ ਵੀ ਇਹ ਵਾਅਦਾ ਪੂਰਾ ਨਹੀਂ ਕੀਤਾ ਗਿਆ। ਗੁਆਂਢੀ ਸੂਬਿਆਂ ਤੋਂ ਪੰਜਾਬ ਦੇ ਮੁਲਾਜ਼ਮਾਂ ਨੂੰ 16 ਫ਼ੀਸਦੀ ਡੀਏ ਘੱਟ ਮਿਲ ਰਿਹਾ ਹੈ। ਪੁਰਾਣੇ ਡੀਏ ਦੇ ਬਕਾਇਆ ਵੀ ਉਸੇ ਤਰ੍ਹਾਂ ਖੜ੍ਹਾ ਹੈ। ਆਈਏਐੱਸ ਤੇ ਪੀਸੀਐੱਸ ਅਫਸਰਾਂ ਨੂੰ ਹੁਣ ਤੱਕ ਬਣਦਾ ਡੀਏ ਪੂਰਾ ਦਿੱਤਾ ਜਾ ਰਿਹਾ ਹੈ। ਨਾਗਰਾ ਨੇ ਅੱਗੇ ਕਿਹਾ ਕਿ 4-9-14 ਮੁਲਾਜ਼ਮਾਂ ਵਿਚ ਖੜੋਤ ਨੂੰ ਜੋ ਦੂਰ ਕਰਦੀ ਸੀ, ਉਹ ਬੰਦ ਪਈ ਹੈ।

ਸੈਂਟਰ ਸਰਕਾਰ ਆਪਣੇ ਮੁਲਾਜ਼ਮਾਂ ਲਈ 8ਵਾਂ ਪੇ-ਕਮਿਸ਼ਨ ਜਨਵਰੀ 2026 ਵਿੱਚ ਦੇਣ ਜਾ ਰਹੀ ਹੈ, ਪਰ ਪੰਜਾਬ ਸਰਕਾਰ 6ਵਾਂ ਪੇ-ਕਮਿਸ਼ਨ ਵੀ ਅੱਜੇ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਕਰ ਸਕੀ। ਸਰਕਾਰ ਪ੍ਰਚਾਰ ਕਰ ਰਹੀ ਹੈ ਕਿ ਵਿੱਦਿਆ ਦਾ ਮਿਆਰ ਉਚਾ ਚੁੱਕਣਾ ਹੈ ਪਰ ਵਿੱਦਿਅਕ ਅਦਾਰਿਆਂ (ਯੂਨੀਵਰਸਿਟੀ) ਨੂੰ ਉਨ੍ਹਾਂ ਦੀਆਂ ਬਣਦੀਆਂ ਗ੍ਰਾਂਟਾਂ ਵੀ ਜਾਰੀ ਨਹੀਂ ਕੀਤੀਆਂ ਜਾਂਦੀਆਂ। ਸਾਂਝੇ ਬਿਆਨ ਵਿਚ ਤਿੰਨੇ ਐਸੋਸੀਏਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇ ਇਸ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਮੁਲਾਜ਼ਮ ਵਰਗ ਆਪਣਾ ਐਕਸ਼ਨ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗਾ। ਰੋਸ ਮਾਰਚ ਨੂੰ ਪ੍ਰਧਾਨ ਨਾਗਰਾ ਤੋਂ ਇਲਾਵਾ ਟੀਜਰਜ਼ ਐਸੋਸ਼ੀਏਸ਼ਨ ਦੇ ਪ੍ਰਧਾਨ ਡਾ. ਬਲਵਿੰਦਰ ਸਿੰਘ, ਸਕੱਤਰ ਰਜਿੰਦਰ ਸਿੰਘ, ਅਫਸਰ ਐਸੋਸ਼ੀਏਸ਼ਨ ਦੇ ਸਕੱਤਰ ਮਨਪ੍ਰੀਤ ਸਿੰਘ, ਅਮਨ ਅਰੋੜਾ ਤੇ ਅਜਮੇਰ ਸਿੰਘ ਨੇ ਵੀ ਸੰਬੋਧਨ ਕੀਤਾ।




# ਰਾਜ ਪੱਧਰੀ ਵੱਖ-ਵੱਖ ਡਿਬੇਟ ਮੁਕਾਬਲਿਆਂ 'ਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ ਵਿੱਚ ਰਾਜ ਪੱਧਰ 'ਤੇ ਅੰਤਰ ਸਕੂਲ ਸੱਭਿਆਚਾਰਕ ਅਤੇ ਟੈਕਨਾਲੋਜੀਕਲ ਮੇਲਾ ਕਰਵਾਇਆ ਗਿਆ ਜਿਸ ਵਿੱਚ ਬਹੁਤ ਸਾਰੇ ਵਿਸ਼ਿਆਂ ਅਧੀਨ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਦਾ ਸਰਵ-ਪੱਖੀ ਵਿਕਾਸ ਅਤੇ ਉਹਨਾਂ ਅੰਦਰ ਇੱਕ-ਜੁੱਟਤਾ ਦੀ ਭਾਵਨਾ ਪੈਦਾ ਕਰਨਾ ਸੀ। ਇਸ ਮੇਲੇ ਵਿੱਚ ਪੰਜਾਬ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਇਹ ਮੁਕਾਬਲੇ ਡਾ. ਰਾਜੇਸ਼ ਕੁਮਾਰ ਸ਼ਰਮਾ, ਡੀ.ਈ.ਓ. ਅੰਮ੍ਰਿਤਸਰ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਗੌਰਵ ਤੇਜਪਾਲ ਦੀ ਰਹਿਨੁਮਾਈ ਹੇਠ ਕਰਵਾਏ ਗਏ। ਇੱਥੇ ਦੱਸਣਯੋਗ ਹੈ ਕਿ ਇਹ ਮੇਲਾ ਲਗਾਤਾਰ ਤਿੰਨ ਦਿਨ ਚੱਲਿਆ ਜਿਸ ਵਿੱਚ ਹਰ ਵਿਦਿਆਰਥੀ ਨੇ ਉਚ-ਕੋਟੀ ਦਾ ਪ੍ਰਦਰਸ਼ਨ ਕੀਤਾ ਅਤੇ ਆਪਣੀ ਕਲਾ ਨੂੰ ਸਾਰਿਆਂ ਸਾਹਮਣੇ ਪੇਸ਼ ਕੀਤਾ। ਇਸ ਮੇਲੇ ਵਿੱਚ ਮੁਕਾਬਲੇ ਕਾਫ਼ੀ ਕਠਿਨ ਹੋਣ ਦੇ ਬਾਵਜੂਦ ਵੀ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀਆਂ ਵਿਦਿਆਰਥਣਾਂ ਅਮਨਦੀਪ ਕੌਰ ਕੁਲਾਰ ਸਪੁੱਤਰੀ ਸ. ਗੁਰਪ੍ਰਤਾਪ ਸਿੰਘ ਜਮਾਤ ਬਾਰ੍ਹਵੀਂ ਅਤੇ ਪ੍ਰਭਲੀਨ ਕੌਰ ਸਪੁੱਤਰੀ ਸ. ਤੇਜਪਾਲ ਸਿੰਘ ਜਮਾਤ ਬਾਰ੍ਹਵੀਂ ਨੇ ਆਪਣੀ ਲਗਨ ਅਤੇ ਅਧਿਆਪਕ ਭਾਨੂ ਮਿਹਰਾ ਦੀ ਯੋਗ ਅਗਵਾਈ ਸਦਕਾ ਡਿਬੇਟ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਅੰਮ੍ਰਿਤਸਰ ਦੇ ਡੀਈਓ ਅਤੇ ਕਾਲਜ ਦੇ ਪ੍ਰਿੰਸੀਪਲ ਦੁਆਰਾ ਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।ਖੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥਣਾਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ।



20 Nov Page 12.qxd 11/19/2025 10:40 PM Page 1



# 350ਵੇਂ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਸਿਆਸੀ ਕਾਨਫਰੰਸ 28 ਨੂੰ : ਪੰਡੋਰੀ, ਟਾਂਡਾ, ਰਟੋਲ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਰਾਜਸੀ ਕਾਨਫਰੰਸ 28 ਨਵੰਬਰ ਨੂੰ ਇਤਿਹਾਸਕ ਪਿੰਡ ਰਟੋਲ ਵਿਖੇ ਕੀਤੀ ਜਾ ਰਹੀ ਹੈ। ਰਾਜਨੀਤਕ ਕਾਨਫਰੰਸ ਦੀਆਂ ਤਿਆਰੀਆਂ ਪੂਰੇ ਜ਼ੋਰਾਂ ਨਾਲ ਚੱਲ ਰਹੀਆਂ ਹਨ।ਵੱਖ-ਵੱਖ ਪਿੰਡਾਂ 'ਚ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਭਾਰਤੀ ਇਨਕਲਾਬੀ ਮਾਰਸਵਾਦੀ ਪਾਰਟੀ ਦੇ ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ, ਮੰਗਲ ਸਿੰਘ ਟਾਂਡਾ, ਨਰਿੰਦਰ ਸਿੰਘ ਰਟੋਲ ਨੇ ਇੱਕ ਪ੍ਰੈੱਸ ਬਿਆਨ ਰਾਹੀਂ ਦਿੱਤੀ। ਇਨ੍ਹਾਂ ਆਗੂਆਂ ਨੇ ਦੱਸਿਆ ਕਿ ਕਾਨਫਰੰਸ 'ਚ ਗੁਰੂਆਂ ਦੇ ਪਦ ਚਿੰਨ੍ਹਾਂ 'ਤੇ ਚੱਲਣ, ਦੇਸ਼ ਅੰਦਰ ਕੱਟੜਵਾਦ ਦੇ ਖਿਲਾਫ ਗੁਰੂਆਂ ਦੇ ਮਿਸ਼ਨ ਨੂੰ ਪੂਰਾ ਕਰਨ ਲਈ ਪ੍ਰਣ ਕੀਤਾ ਜਾਵੇਗਾ। ਇਸ ਸ਼ਹੀਦੀ ਸ਼ਤਾਬਦੀ ਮੌਕੇ ਕਾਨਫਰੰਸ ਨੂੰ ਆਰਐੱਮਪੀਆਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤਾ ਪਾਸਲਾ, ਪਾਰਟੀ ਤੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਹੋਰ ਆਗੂ ਵੀ ਆਪਣੇ ਵਿਚਾਰ ਰੱਖਣਗੇ।



# ਅਜੋਕੇ ਯੁੱਗ 'ਚ ਭਾਸ਼ਾ ਤੇ ਸਾਹਿਤ ਨੂੰ ਚੁਣੌਤੀਆਂ ਤੇ ਸੰਭਾਵਨਾਵਾਂ ਵਿਸ਼ੇ 'ਤੇ ਸੈਮੀਨਾਰ

**● 'ਪੰਜਾਬੀ ਦਲਿਤ ਕਹਾਣੀ : ਦ੍ਰਿਸ਼ ਅਤੇ ਦ੍ਰਿਸ਼ਟੀ' ਅਤੇ 'ਜਾਦੂਨਗਰੀ ਦੇ ਜਾਦੂਗਰ' ਪੁਸਤਕਾਂ ਕੀਤੀਆਂ ਲੋਕ ਅਰਪਿਤ**

**ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)**- ਭਾਸ਼ਾ ਵਿਭਾਗ ਪੰਜਾਬ ਨੇ 'ਅੰਮ੍ਰਿਤਸਰ ਸਾਹਿਤ ਉਤਸਵ' ਦੇ ਤੀਸਰੇ ਦਿਨ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ 'ਅਜੋਕੇ ਯੁੱਗ ਵਿੱਚ ਭਾਸ਼ਾ ਤੇ ਸਾਹਿਤ ਨੂੰ ਚੁਣੌਤੀਆਂ ਤੇ ਸੰਭਾਵਨਾਵਾਂ' ਵਿਸ਼ੇ 'ਤੇ ਸੈਮੀਨਾਰ ਕਰਵਾਇਆ। ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਕਰਵਾਏ ਗਏ ਇਸ ਸੈਮੀਨਾਰ ਦੀ ਪ੍ਰਧਾਨਗੀ ਉੱਘੇ ਚਿੰਤਕ ਡਾ. ਅਮਰਜੀਤ ਸਿੰਘ ਗਰੇਵਾਲ ਨੇ ਕੀਤੀ ਅਤੇ ਡਾ. ਰਾਜੇਸ਼ ਸ਼ਰਮਾ ਪਟਿਆਲਾ ਨੇ ਮੁੱਖ ਭਾਸ਼ਣ ਦਿੱਤਾ। ਨਾਮਵਰ ਵਿਦਵਾਨ ਡਾ. ਮਨਮੋਹਨ ਤੇ ਡਾ. ਯੋਗਰਾਜ ਅੰਗਰਿਸ਼ ਨੇ ਵਿਸ਼ੇਸ਼ ਭਾਸ਼ਣ ਦਿੱਤਾ। ਮੇਜ਼ਬਾਨ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਸਭ ਦਾ ਧੰਨਵਾਦ ਕੀਤਾ।ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਇਸ ਸੈਮੀਨਾਰ ਨੇ ਭਾਸ਼ਾ ਤੇ ਸਾਹਿਤ ਬਾਰੇ ਚਿੰਤਨ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਕੀਤੀਆਂ ਹਨ।ਇਸ ਸੰਸਾਰ ਵਿੱਚ ਸਭ ਕੁਝ ਚੱਲਣਹਾਰ ਹੈ। ਸਾਹਿਤ ਅਤੇ ਭਾਸ਼ਾ ਵਿੱਚ ਤਬਦੀਲੀਆਂ ਸਹਿਜ ਨਾਲ ਆਉਂਦੀਆਂ ਹਨ ਅਤੇ ਤਕਨਾਲੋਜੀ ਬਹੁਤ ਜਲਦੀ ਬਦਲਦੀ ਹੈ।ਇਸ ਕਰਕੇ ਦੋਵਾਂ ਦੌਰਾਨ ਸੰਤੁਲਨ ਬਣਾ ਕੇ ਰੱਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਵਿਦਵਾਨਾਂ ਵੱਲੋਂ ਪੇਸ਼ ਕੀਤੇ ਵਿਚਾਰਾਂ ਨੂੰ ਲਿਖਤੀ ਰੂਪ 'ਚ ਸੰਭਾਲਣ ਤੇ ਹੋਰਨਾਂ ਲੋਕਾਂ ਤੱਕ ਪਹੁੰਚਾਉਣ ਲਈ ਵਿਭਾਗ ਵੱਲੋਂ ਪੰਜਾਬੀ ਦੁਨੀਆ ਰਸਾਲੇ ਵਿੱਚ ਛਾਪਿਆ ਜਾਵੇਗਾ।ਉਨ੍ਹਾਂ ਇੱਕ ਵਧੀਆ ਵਿਸ਼ੇ 'ਤੇ ਸੈਮੀਨਾਰ ਕਰਵਾਉਣ ਲਈ ਪ੍ਰਬੰਧਕਾਂ ਦਾ ਧੰਨਵਾਦ ਕੀਤਾ।ਮੁੱਖ ਵਕਤਾ ਡਾ. ਰਾਜੇਸ਼ ਸ਼ਰਮਾ ਪਟਿਆਲਾ ਨੇ ਕਿਹਾ ਕਿ ਸਾਹਿਤ ਦੇ ਅਧਿਐਨ ਦਾ ਭਵਿੱਖ ਖਤਰੇ 'ਚ ਜਾਪਦਾ ਹੈ।ਇਸ ਸੰਕਟ ਨਾਲ ਨਜਿੱਠਣ ਲਈ ਸਿਧਾਂਤਵਾਦ ਦੀ ਜੰਗ ਤੋਂ ਛੁਟਕਾਰਾ ਪਾਉਣਾ ਚਾਹੀਦਾ ਹੈ। ਸੈਮੀਨਾਰ 'ਚ ਸ਼ਮੂਲੀਅਤ ਕਰਨ ਵਾਲੇ ਵਿਦਵਾਨਾਂ ਦਾ ਭਾਸ਼ਾ ਵਿਭਾਗ ਤੇ ਖ਼ਾਲਸਾ ਕਾਲਜ ਵੱਲੋਂ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਡਾ. ਨਵਜੋਤ ਕੌਰ ਦੁਆਰਾ ਸੰਪਾਦਤ ਪੁਸਤਕ 'ਪੰਜਾਬੀ ਦਲਿਤ ਕਹਾਣੀ: ਦ੍ਰਿਸ਼ ਤੇ ਦ੍ਰਿਸ਼ਟੀ' ਅਤੇ ਅਜੈ ਤਨਵੀਰ ਦੀ ਪੁਸਤਕ 'ਜਾਦੂਨਗਰੀ ਦੇ ਜਾਦੂਗਰ' ਲੋਕ ਅਰਪਣ ਕੀਤੀਆਂ ਗਈਆਂ।ਇਸ ਮੌਕੇ ਡਾ. ਹਰਭਜਨ ਸਿੰਘ ਭਾਟੀਆ, ਸੁਹਿੰਦਰਬੀਰ, ਪਰੀਤਮ ਸਿੰਘ ਕੁੱਦੋਵਾਲ, ਡਾ. ਪਰਮਿੰਦਰ ਸਿੰਘ, ਡਾ. ਹੀਰਾ ਸਿੰਘ, ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਹਾਜ਼ਰ ਸਨ।



# 'ਭਾਰਤ ਨੂੰ ਜਾਣੋ' ਮੁਕਾਬਲੇ 'ਚ ਪ੍ਰਕ੍ਰਿਤੀ ਸ਼ਰਮਾ ਤੇ ਪ੍ਰਿੰਸ ਸਰੀਨ ਵੱਲੋਂ ਅੱਵਲ ਸਥਾਨ ਹਾਸਲ

**ਬਟਾਲਾ (ਡਾ. ਮਲਵਿੰਦਰ ਸਿੰਘ)**- ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਆਯੋਜਿਤ ਭਾਰਤ ਨੂੰ ਜਾਣੋ ਮੁਕਾਬਲਾ ਡੀਏਵੀ ਸੈਂਟੇਨਰੀ ਸਕੂਲ, ਬਟਾਲਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਸ਼ਹਿਰ ਦੇ 14 ਸਕੂਲਾਂ ਦੇ ਵਿਦਿਆਰਥੀਆਂ ਦੀਆਂ ਟੀਮਾਂ ਨੇ ਭਾਗ ਲਿਆ।ਇਸ ਮੁਕਾਬਲੇ ਵਿੱਚ ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਸੀਨੀਅਰ ਵਰਗ ਦੀ ਟੀਮ ਵਿੱਚ ਪ੍ਰਕ੍ਰਿਤੀ ਸ਼ਰਮਾ ਅਤੇ ਪ੍ਰਿੰਸ ਸਰੀਨ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ।ਇਨ੍ਹਾਂ ਵਿਦਿਆਰਥੀਆ ਦੀ ਚੋਣ ਰਾਜ ਪੱਧਰ 'ਤੇ ਹੋਣ ਵਾਲੇ ਮੁਕਾਬਲੇ ਲਈ ਹੋਈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ: ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਅਧਿਆਪਕਾ ਸਰੀਨ ਨੂੰ ਹਾਰਦਿਕ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ ਕਿਉਂਕਿ ਇਨ੍ਹਾਂ ਵਿੱਚ ਭਾਗ ਲੈਣ ਨਾਲ ਜਿੱਥੇ ਇੱਕ ਪਾਸੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ, ਉਥੇ ਹੀ ਉਨ੍ਹਾਂ ਦੀ ਸ਼ਖ਼ਸੀਅਤ ਦਾ ਵੀ ਸਰਬਪੱਖੀ ਵਿਕਾਸ ਹੁੰਦਾ ਹੈ।ਉਨ੍ਹਾਂ ਭਾਰਤ ਵਿਕਾਸ ਪ੍ਰੀਸ਼ਦ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਰਤ ਵਿਕਾਸ ਪ੍ਰੀਸ਼ਦ ਸੰਪਰਕ, ਸਹਿਯੋਗ, ਸੱਭਿਆਚਾਰ, ਸੇਵਾ ਅਤੇ ਸਮਰਪਣ ਦੇ ਆਪਣੇ ਮੂਲ ਮੰਤਰਾਂ ਰਾਹੀਂ ਸਮਾਜ ਅਤੇ ਦੇਸ਼ ਦੇ ਵਿਕਾਸ ਲਈ ਕੰਮ ਕਰ ਰਹੀ ਹੈ।



# ਐਕਸਏਟੀ -2026 ਦੀ ਰਜਿਸਟ੍ਰੇਸ਼ਨ ਲਈ ਆਖਰੀ ਮਿਤੀ 5 ਦਸੰਬਰ

**ਲੁਧਿਆਣਾ** : ਜ਼ੇਵੀਅਰ ਐਪਟੀਟਿਊਡ ਟੈਸਟ (ਐਕਸਏਟੀ) 2026, ਆਪਣੀ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 5 ਦਸੰਬਰ, 2025 ਦੇ ਨੇੜੇ ਆ ਰਹੀ ਹੈ।ਭਾਰਤ ਭਰ ਦੇ 250 ਤੋਂ ਵੱਧ ਨਾਮਵਰ ਸੰਸਥਾਵਾਂ ਵਿੱਚ ਐੱਮ.ਬੀ.ਏ/ਪੀ.ਜੀ.ਡੀ.ਐੱਮ ਪ੍ਰੋਗਰਾਮਾਂ ਨੂੰ ਅੱਗੇ ਵਧਾਉਣ ਦੇ ਚਾਹਵਾਨ ਉਮੀਦਵਾਰਾਂ ਨੂੰ ਆਖਰੀ ਮਿਤੀ ਤੋਂ ਪਹਿਲਾਂ ਆਪਣੀਆਂ ਅਰਜ਼ੀਆਂ ਭਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ।ਐਕਸ. ਏ. ਟੀ. 2026 ਲਈ ਰਜਿਸਟ੍ਰੇਸ਼ਨ 10 ਜੁਲਾਈ 2025 ਨੂੰ ਸ਼ੁਰੂ ਹੋਈ ਸੀ ਅਤੇ ਹਜ਼ਾਰਾਂ ਉਮੀਦਵਾਰ ਪਹਿਲਾਂ ਹੀ ਦਾਖਲੇ ਦੀ ਦੌੜ ਵਿੱਚ ਹਨ। ਕਾਊਂਟਡਾਊਨ ਸ਼ੁਰੂ ਹੋਣ ਦੇ ਨਾਲ ਔਨਲਾਈਨ ਫਾਰਮ ਭਰਨਾ, ਲੋੜੀਂਦੇ ਦਸਤਾਵੇਜ਼ ਅਪਲੋਡ ਕਰਨਾ, ਟੈਸਟ ਲਈ ਸ਼ਹਿਰ ਦੀਆਂ ਤਰਜੀਹਾਂ ਨੂੰ ਅੰਤਿਮ ਰੂਪ ਦੇਣਾ ਅਤੇ ਆਖਰੀ ਮਿਤੀ ਤੋਂ ਬਹੁਤ ਪਹਿਲਾਂ ਫੀਸ ਦਾ ਭੁਗਤਾਨ ਕਰਨਾ ਜ਼ਰੂਰੀ ਹੈ।ਸਮਾਂ ਸੀਮਾ ਗੁਆਉਣ ਦਾ ਮਤਲਬ 4 ਜਨਵਰੀ 2026 (ਦੁਪਹਿਰ 2:00 ਵਜੇ ਤੋਂ ਸ਼ਾਮ 5:00 ਵਜੇ ਤੱਕ) ਲਈ ਨਿਰਧਾਰਤ ਕੀਤੀ ਹੋਈ ਐੱਕਸ.ਏ.ਟੀ ਪ੍ਰੀਖਿਆ ਵਿੱਚ ਸ਼ਾਮਲ ਹੋਣ ਦੀ ਯੋਗਤਾ ਗੁਆਉਣਾ ਹੈ।

# ਸਮਾਜਿਕ ਸਿੱਖਿਆ ਵਿਸ਼ੇ 'ਤੇ ਅਧਿਆਪਕਾਂ ਲਈ ਕਰਵਾਇਆ ਇਕ ਰੋਜ਼ਾ ਸੈਮੀਨਾਰ

**ਮਜੀਠਾ (ਸੋਇਮ ਆਨੰਦ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲਾ ਸਿੱਖਿਆ ਅਫਸਰ (ਸੈਕੰਡਰੀ), ਅੰਮ੍ਰਿਤਸਰ ਰਾਜੇਸ਼ ਕੁਮਾਰ ਦੇ ਨਿਰਦੇਸ਼ਾਂ ਤੇ ਸ਼ਹੀਦ ਕੈਪਟਨ ਅਮਰਦੀਪ ਸਿੰਘ ਸਰਾਂ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਸਮਾਜਿਕ ਸਿੱਖਿਆ ਵਿਸ਼ੇ ਸਬੰਧੀ ਇਕ ਰੋਜ਼ਾ ਸੈਮੀਨਾਰ ਦਾ ਆਯੋਜਿਤ ਕੀਤਾ ਗਿਆ ।ਇਸ ਸੈਮੀਨਾਰ ਵਿੱਚ ਬੀ. ਆਰ. ਸੀ. ਓਂਕਾਰ ਸਿੰਘ, ਬੀ. ਆਰ. ਸੀ. ਅਜੇਪਾਲ ਸਿੰਘ ਅਤੇ ਰਿਸੋਰਸਪਰਸਨ ਮਾਸਟਰ ਜਸਜੀਤ ਸਿੰਘ ਨਾਗਕਲਾਂ ਨੇ ਅਧਿਆਪਕਾਂ ਨੂੰ ਸਮਾਜਿਕ ਵਿਸ਼ਿਆਂ ਬਾਰੇ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ।ਇਸ ਸੈਮੀਨਾਰ ਵਿੱਚ ਮਜੀਠਾ ਬਲਾਕ-1 ਅਤੇ ਮਜੀਠਾ ਬਲਾਕ-2 ਦੇ ਅਧੀਨ ਆਉਂਦੇ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨੇ ਭਾਗ ਲਿਆ।ਟਰੇਨਿੰਗ ਖਾਸ ਤੌਰ 'ਤੇ ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਲਈ ਰੱਖੀ ਗਈ ਤਾਂ ਜੋ ਉਹ ਵਿਸ਼ੇ ਦੀ ਸਮਝ ਨੂੰ ਨਵੇਂ ਤਰੀਕਿਆਂ ਨਾਲ ਬੱਚਿਆਂ ਤੱਕ ਪਹੁੰਚਾ ਸਕਣ।ਇਸ ਮੌਕੇ ਰਿਸੋਰਸ ਪਰਸਨ ਮਾਸਟਰ ਜਸਜੀਤ ਸਿੰਘ ਨਾਗਕਲਾਂ ਨੇ ਦੱਸਿਆ ਕਿ ਇਸ ਟਰੇਨਿੰਗ ਤੋਂ ਪਹਿਲਾਂ ਉਨ੍ਹਾਂ ਨੇ ਆਪਣੀ ਤਿਆਰੀ ਲਈ ਟਾਊਨ ਹਾਲ ਅੰਮ੍ਰਿਤਸਰ ਵਿਖੇ ਸਥਾਪਿਤ ਕੇਂਦਰ ਵਿੱਚੋਂ ਇਕ ਰੋਜ਼ਾ ਵਿਸ਼ੇਸ਼ ਟਰੇਨਿੰਗ ਹਾਸਲ ਕੀਤੀ ਸੀ।ਉਸ ਟਰੇਨਿੰਗ ਦੇ ਤਹਿਤ ਹੀ ਹੁਣ ਬਲਾਕ ਪੱਧਰ ਤੇ ਅਧਿਆਪਕਾਂ ਨੂੰ ਨਵੀਆਂ ਤਕਨੀਕਾਂ ਅਤੇ ਪਾਠ-ਪੜ੍ਹਾਈ ਨਾਲ ਜੁੜੀਆਂ ਚੁਣੌਤੀਆਂ ਦਾ ਸਾਮਨਾ ਕਰਨ ਲਈ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਹ ਸੈਮੀਨਾਰ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਸਿੱਖਿਆ ਸਬੰਧੀ ਆ ਰਹੀਆਂ ਨਵੀਂ ਤਕਨੀਕੀ ਚੁਣੌਤੀਆਂ ਤੋਂ ਜਾਣੂ ਕਰਨਾ ਅਤੇ ਉਨ੍ਹਾਂ ਨੂੰ ਨਵੀਂ ਪੜ੍ਹਾਉਣ ਪੱਧਤੀਆਂ ਲਈ ਤਿਆਰ ਕਰਨਾ ਹੈ। ਸੈਮੀਨਾਰ ਦੌਰਾਨ ਸੁੱਚਾ ਸਿੰਘ, ਤਰਫੀ, ਦਪਿੰਦਰ ਸਿੰਘ, ਹਰਪ੍ਰੀਤ ਸਿੰਘ, ਪਿੰਕੀ, ਗੁਰਵਿੰਦਰ ਕੌਰ, ਸੁਖਜਿੰਦਰ ਸਿੰਘ, ਬਲਰਾਜ ਸਿੰਘ, ਸੁਖਦੀਪ ਕੌਰ, ਸਿਲੀ ਗਰੋਵਰ, ਸੁਨੀਤਾ ਰਾਣੀ, ਸੁਮਤ ਸ਼ਰਮਾ, ਗੋਲਾ ਰਾਣੀ, ਅਮਰਬੀਰ ਸਿੰਘ, ਅਮਨਦੀਪ ਕੌਰ, ਰਤਿੰਦਰਵੀਰ ਕੌਰ, ਜਸਜੀਤ ਸਿੰਘ, ਸਿਮਰਜੀਤ ਕੌਰ, ਵੀਰਪਾਲ ਕੌਰ, ਸਰਬਜੀਤ ਕੌਰ, ਅਲਕਾ ਜੋਸ਼ੀ, ਕਰਨਜੀਤ ਕੌਰ, ਗੁਰਵਿੰਦਰ ਕੌਰ, ਲਖਵਿੰਦਰ ਕੌਰ ਸਮੇਤ ਕਈ ਹੋਰ ਅਧਿਆਪਕਾਂ ਨੇ ਭਾਗ ਲਿਆ।



# ਪਾਹੜਾ ਦੇ ਮੁੜ ਜ਼ਿਲ੍ਹਾ ਪ੍ਰਧਾਨ ਬਣਨ ਨਾਲ ਕਾਂਗਰਸੀ ਵਰਕਰਾਂ ਦੇ ਹੌਸਲ ਵਧੇ : ਸਰਪੰਚ ਗੁਣੀਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਐੱਮਐੱਲਏ ਬਰਿੰਦਰਮੀਤ ਸਿੰਘ ਪਾਹੜਾ ਨੂੰ ਇਕ ਵਾਰ ਫਿਰ ਤੋਂ ਕਾਂਗਰਸ ਪਾਰਟੀ ਦਾ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਬਣਨ 'ਤੇ ਪਿੰਡ ਗੁਣੀਆਂ ਦੇ ਸਰਪੰਚ ਗੁਰਜੀਤ ਸਿੰਘ ਵੱਲੋਂ ਸਾਥੀਆਂ ਸਮੇਤ ਪਹੁੰਚ ਕੇ ਵਧਾਈ ਦਿੱਤੀ ਗਈ। ਇਸ ਮੌਕੇ ਉਨ੍ਹਾਂ ਨੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ। ਸਰਪੰਚ ਗੁਰਜੀਤ ਸਿੰਘ ਗੁਣੀਆਂ ਨੇ ਕਿਹਾ ਕਿ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਬਹੁਤ ਮਿਹਨਤ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਦੇ ਜ਼ਿਲ੍ਹਾ ਪ੍ਰਧਾਨ ਬਣਨ ਨਾਲ ਜ਼ਿਲ੍ਹਾ ਗੁਰਦਾਸਪੁਰ ਅੰਦਰ ਪਾਰਟੀ ਵਰਕਰਾਂ ਦੇ ਹੋਰ ਵੀ ਹੌਸਲੇ ਬੁਲੰਦ ਹੋਏ ਹਨ ਅਤੇ ਕਾਂਗਰਸ ਹੋਰ ਵੀ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਵਿਧਾਇਕ ਪਾਹੜਾ ਨੂੰ ਕਾਂਗਰਸ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਬਣਾਉਣ 'ਤੇ ਪਾਰਟੀ ਦੀ ਸਮੁੱਚੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਮਹਾਤਮਾ ਹੰਸਰਾਜ ਦੀ ਸ਼ਰਧਾਪੂਰਵਕ ਜਯੰਤੀ ਮਨਾਈ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਜੇ ਆਰ ਐੱਸ ਡੀਏਵੀ ਪਬਲਿਕ ਸਕੂਲ ਵਿੱਚ ਡੀਏਵੀ ਸੰਸਥਾ ਦੇ ਪਹਿਲੇ ਪ੍ਰਿੰ. ਮਹਾਨ ਸਿੱਖਿਆ ਸ਼ਾਸਤਰੀ ਅਤੇ ਸਮਾਜ ਸੁਧਾਰਕ ਮਹਾਤਮਾ ਹੰਸ ਰਾਜ ਜੀ ਦੀ ਜਯੰਤੀ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਨਾਈ ਗਈ।ਇਹ ਪ੍ਰੋਗਰਾਮ ਡਾਕਟਰ ਪੂਨਮ ਸੂਰੀ ਪ੍ਰਧਾਨ ਡੀਏਵੀ ਕਾਲਜ ਪ੍ਰਬੰਧਕ ਕਮੇਟੀ, ਡਾਕਟਰ ਜੇ. ਪੀ. ਸ਼ੂਰ, ਚੇਅਰਮੈਨ ਮਹੇਸ਼ ਚੋਪੜਾ, ਵੀ. ਕੇ. ਚੋਪੜਾ ਆਰ ਓ ਡੀ ਏ ਵੀ ਪਬਲਿਕ ਸਕੂਲ (ਜ਼ੋਨ ਸੀ), ਡਾ. ਅੰਜਨਾ ਗੁਪਤਾ, ਸਕੂਲ ਦੇ ਮੈਨੇਜਰ ਡਾ. ਨੀਰਾ ਸ਼ਰਮਾ ਅਤੇ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਅਨੁਸਾਰ ਅਯੋਜਿਤ ਕੀਤਾ ਗਿਆ।ਪ੍ਰੋਗਰਾਮ ਦਾ ਆਰੰਭ ਹਵਨ ਦੁਆਰਾ ਹੋਇਆ। ਇਸ ਮੌਕੇ ਵਿਦਿਆਰਥੀਆਂ ਦੁਆਰਾ ਭਾਸ਼ਣ, ਕਵਿਤਾ ਅਤੇ ਭਜਨ ਪੇਸ਼ ਕੀਤੇ ਗਏ ਜਿਨ੍ਹਾਂ ਨਾਲ ਮਾਹੌਲ ਪੂਰਨ ਰੂਪ ਵਿੱਚ ਤੇ ਅਧਿਆਤਮਕ ਤੇ ਪ੍ਰੇਰਨਾਦਾਇਕ ਬਣ ਗਿਆ। ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਮਹਾਤਮਾ ਹੰਸਰਾਜ ਜੀ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਸਿੱਖਿਆ ਦੇ ਖੇਤਰ 'ਚ ਉਹਨਾਂ ਦੇ ਵਡਮੁੱਲੇ ਯੋਗਦਾਨ 'ਤੇ ਪ੍ਰਕਾਸ਼ ਪਾਇਆ।ਉਨ੍ਹਾਂ ਨੇ ਦੱਸਿਆ ਕਿ ਮਹਾਤਮਾ ਹੰਸ ਰਾਜ ਦੀ ਨਿਰਸਵਾਰਥ ਸੇਵਾ, ਅਨੁਸ਼ਾਸਨ, ਤਿਆਗ ਅਤੇ ਸਮਾਜ ਨੂੰ ਉੱਪਰ ਚੁੱਕਣ ਦੀ ਭਾਵਨਾ ਅੱਜ ਵੀ ਸਭ ਲਈ ਪ੍ਰੇਰਨਾ ਦਾ ਸਰੋਤ ਹੈ।ਅੰਤ ਵਿੱਚ ਸਭ ਨੇ ਉਨ੍ਹਾਂ ਦੇ ਦਿਖਾਏ ਮਾਰਗ ਤੇ ਚੱਲਣ ਦਾ ਸੰਕਲਪ ਲਿਆ ਅਤੇ ਪ੍ਰੋਗਰਾਮ ਦੀ ਸਮਾਪਤੀ ਸ਼ਾਂਤੀ ਪਾਠ ਨਾਲ ਹੋਈ।



# ਬੀਕੇਯੂ ਕਰਾਂਤੀਕਾਰੀ ਪੰਜਾਬ ਨੇ ਸੂਬਾ ਅਤੇ ਕੇਂਦਰ ਸਰਕਾਰ ਦੇ ਪੁਤਲੇ ਸਾੜੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਤੇ ਭਾਰਤੀ ਕਿਸਾਨ ਯੂਨੀਅਨ ਕਰਾਂਤੀ ਕਾਰੀ ਪੰਜਾਬ ਜਿਲ੍ਹਾ ਗੁਰਦਾਸਪੁਰ ਬਲਾਕ ਸ਼੍ਰੀ ਹਰਗੋਬਿੰਦਪੁਰ ਕਾਦੀਆਂ ਵਲੋਂ ਕੇਂਦਰ ਅਤੇ ਪੰਜਾਬ ਸਰਕਾਰ ਦੇ ਪੁਤਲੇ ਸਾੜਨ ਦੀ ਤਿੰਨ ਰੋਜ਼ਾ ਮੁਹਿੰਮ ਦੇ ਆਖਰੀ ਦਿਨ ਪਿੰਡ ਸੈਰੋਵਾਲ ਅਤੇ ਅਤੇਪੁਰ ਵਿੰਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ ਅਤੇ ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ ਜ਼ਿਲ੍ਹਾ ਖਜ਼ਾਨਚੀ ਸਕੰਦਰ ਸਿੰਘ ਚੀਮਾ ਖੁੱਡੀ ਜਿਲਾ ਕਮੇਟੀ ਮੈਂਬਰ ਮਾਸਟਰ ਜਗੀਰ ਸਿੰਘ ਅਤੇਪੁਰ ਨੇ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਲਿਆ ਕੇ ਕੇਂਦਰ ਸਰਕਾਰ ਬਿਜਲੀ ਨੂੰ ਸੂਬਿਆਂ ਤੋ ਖੋਹ ਕੇ ਆਪਣੇ ਅਧਿਕਾਰ ਵਿੱਚ ਕਰਨ ਜਾ ਰਹੀ ਹੈ ਜਿਸਨੂੰ ਬਾਅਦ ਵਿੱਚ ਕਾਰਪੋਰੇਟਸ ਅਤੇ ਸਾਮਰਾਜੀ ਕੰਪਨੀਆਂ ਨੂੰ ਸੌਂਪਿਆ ਜਾਵੇਗਾ। ਇਸ ਨਾਲ ਬਿਜਲੀ ਕਿਰਤੀ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਵੇਗੀ।ਪ੍ਰੈੱਸ ਸਕੱਤਰ ਡਾ ਅਸ਼ੋਕ ਭਾਰਤੀ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਨੂੰ ਵੀ ਕੇਂਦਰ ਸਰਕਾਰ ਆਪਣੇ ਕਬਜ਼ੇ ਵਿੱਚ ਕਰਨ ਲਈ ਯੂਨੀਵਰਸਿਟੀ ਵਿਦਿਆਰਥੀਆਂ ਅਤੇ ਸਹਿਯੋਗ ਕਰ ਰਹੀਆ ਜਥੇਬੰਦੀਆਂ ਅਤੇ ਲੋਕਾਂ ਨੂੰ ਜਬਰ /ਪਾਬੰਦੀਆਂ ਅਤੇ ਝੂਠੇ ਮਾਮਲਿਆ ਵਿੱਚ ਉਲਝਾਉਣ ਦੇ ਰਾਹ ਪੀ ਹੋਈ ਹੈ ਜਿਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੁਹਿੰਮ ਤਹਿਤ ਪਿੰਡ ਬਸਰਾਵਾਂ, ਮਠੋਲਾ, ਚੀਮਾ ਖੁੱਡੀ, ਨੰਗਲ ਝੌਰ, ਸੈਰੋਵਾਲ ਅਤੇ ਅਤੇਪੁਰ ਵਿੱਚ ਪੁਤਲੇ ਫੂਕ ਮੁਹਿੰਮ ਨੂੰ ਉਪਰੋਕਤ ਤੋਂ ਇਲਾਵਾ ਜੁਗਿੰਦਰ ਸਿੰਘ ਮਠੋਲਾ, ਹਰਜੀਤ ਸਿੰਘ ਮਠੋਲਾ, ਕੁਲਵਿੰਦਰ ਸਿੰਘ ਬਸਰਾਵਾਂ, ਗੁਰਦੀਪ ਸਿੰਘ ਬਸਰਾਵਾਂ, ਸਤਨਾਮ ਸਿੰਘ ਨੰਗਲ ਝੌਰ, ਜਗਤਾਰ ਸਿੰਘ ਨੰਗਲ ਝੌਰ, ਮਹਿੰਦਰ ਸਿੰਘ ਚੀਮਾ ਖੁੱਡੀ, ਸਰਦੂਲ ਸਿੰਘ ਚੀਮਾ ਖੁੱਡੀ, ਗੁਰਦਿਆਲ ਸਿੰਘ ਸੈਰੋਵਾਲ ਅਤੇ ਸਤਨਾਮ ਸਿੰਘ ਅਤੇਪੁਰ, ਅਮਰਜੀਤ ਸਿੰਘ ਅਤੇਪੁਰ ਨੇ ਸੰਬੋਧਨ ਕੀਤਾ।



# ਆਈਏਸੀ ਲਾਈਫ ਵੱਲੋਂ ਬੀਮਾ ਗ੍ਰਾਮ ਏਪੀਆਈ ਦੀ ਸ਼ਲਾਘਾ

**ਅੰਮ੍ਰਿਤਸਰ:** ਇੰਸ਼ੋਰੈਂਸ ਰੈਗੂਲੇਟਰੀ ਐਂਡ ਡਿਵੈਲਪਮੈਂਟ ਅਥਾਰਿਟੀ ਆਫ ਇੰਡੀਆ (ਆਈਆਰਡੀਏਆਈ) ਦੁਆਰਾ ਹਾਲ ਹੀ 'ਚ ਲਾਂਚ ਕੀਤਾ ਗਿਆ ਬੀਮਾ ਗ੍ਰਾਮ ਏਪੀਆਈ, ਗ੍ਰਾਮੀਣ ਭਾਰਤ 'ਚ ਬੀਮਾ ਕਵਰੇਜ ਡੇਟਾ ਨੂੰ ਸਰਲ ਅਤੇ ਪ੍ਰਮਾਣਿਤ ਕਰਨ ਦੇ ਲਈ ਇੱਕ ਮੋਹਰੀ ਡਿਜੀਟਲ ਪਹਿਲ ਹੈ।ਇਹ ਨੈਸ਼ਨਲ ਇਨਫਾਰਮੈਟਿਕਸ ਸੈਂਟਰ (ਐੱਨਆਈਸੀ) ਦੁਆਰਾ ਮਿਨਿਸਟਰੀ ਆਫ ਪੰਚਾਇਤੀ ਰਾਜ (ਐੱਮਓਪੀਆਰ) ਡਿਪਾਰਟਮੈਂਟ ਆਫ ਪੋਸਟਸ (ਸੈਂਟਰ ਆਫ ਐਕਸੀਲੈਂਸ ਇਨ ਪੋਸਟਲ ਟੈਕਨੋਲਾਜੀ ਸੀਈਪੀਟੀ ਦੁਆਰਾ ਪ੍ਰਤੀਨਿਧੀਤਵ) ਅਤੇ ਇੰਸ਼ੋਰੈਂਸ ਇਨਫਾਰਮੇਸ਼ਨ ਬਿਊਰੋ ਆਫ ਇੰਡੀਆ (ਆਈਆਈਬੀਆਈ)ਦੇ ਸਹਿਯੋਗ ਨਾਲ ਵਿਕਸਿਤ ਕੀਤਾ ਗਿਆ ਹੈ। ਇਸ ਦਖਲਅੰਦਾਜ਼ੀ 'ਚ ਇੱਕ ਡੇਟਾਬੇਸ ਅਤੇ ਇੱਕ ਏਪੀਆਈ (ਐਪਲੀਕੇਸ਼ਨ ਪ੍ਰੋਗਰਾਮਿੰਗ ਇੰਟਰਫੇਸ) ਸ਼ਾਮਲ ਹੈ।ਇਸ ਲਾਂਚ ਦੇ ਬਾਰੇ 'ਚ ਇੰਸ਼ੋਰੈਂਸ ਅਵੇਅਰਨੈੱਸ ਕਮੇਟੀ (ਆਈਏਸੀ-ਲਾਈਫ) ਦੇ ਮੈਂਬਰ ਨੇ ਕਿਹਾ ਕਿ ਬੀਮਾ ਗ੍ਰਾਮ ਏਪੀਆਈ ਦਾ ਲਾਂਚ ਪੇਂਡੂ ਇਲਾਕਿਆਂ 'ਚ ਬੀਮਾ ਨੂੰ ਸਾਰਿਆਂ ਦੇ ਲਈ ਅਸਾਨ ਬਣਾਉਣ ਅਤੇ ਉਥੇ ਬੀਮਾ ਦੇ ਫੈਲਾਅ ਨੂੰ ਵਧਾਉਣ ਅਤੇ ਮਾਪਣ 'ਚ ਇੱਕ ਵੱਡਾ ਕਦਮ ਹੈ।

# ਨੈਸ਼ਨਲ/ਰਾਜ ਪੱਧਰੀ ਫੈਂਸਿੰਗ ਤਲਵਾਰਬਾਜ਼ੀ ਮੁਕਾਬਲਿਆਂ 'ਚ ਸੋਨੇ ਦੇ ਤਮਗੇ ਜਿੱਤੇ

**ਗੁਰਦਾਸਪੁਰ (ਜਨਕ ਮਹਾਜਨ)**- ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਫੈਂਸਿੰਗ (ਤਲਵਾਰਬਾਜ਼ੀ) ਖਿਡਾਰੀਆਂ ਨੇ ਨੈਸ਼ਨਲ ਪੱਧਰੀ ਅਤੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਸੋਨੇ ਦੇ ਤਮਗੇ ਜਿੱਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਖਾਲਸਾ ਸਪੋਰਟਸ ਅਕੈਡਮੀ ਦੇ ਪ੍ਰਿੰ. ਹਰਜਿੰਦਰ ਸਿੰਘ, ਕੋਚ ਮਨਦੀਪ ਸਿੰਘ ਅਤੇ ਹਰਦੀਪ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮਨੀਪੁਰ (ਇੰਫਾਲ) ਵਿਖੇ ਹੋਏ ਸਬ ਜੂਨੀਅਰ ਨੈਸ਼ਨਲ ਫੈਂਸਿੰਗ ਚੈਂਪੀਅਨਸਿਪ ਮੁਕਾਬਲਿਆਂ ਵਿੱਚ ਗੁਰਦਾਸਪੁਰ ਦੇ ਤਿੰਨ ਖਿਡਾਰੀਆਂ (ਮਨਰਾਜ ਸਿੰਘ, ਸਮਰਜੀਤ ਅਤੇ ਐਰੋਨ ਕੁਮਾਰ) ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਗਗੇ ਹਾਸਿਲ ਕੀਤੇ ਜਦਕਿ ਮਨਰਾਜ ਸਿੰਘ ਨੇ ਵਿਅਕਤੀਗਤ ਸੈਬਰ ਈਵੈਂਟ ਮੁਕਾਬਲਿਆਂ ਵਿੱਚੋਂ ਵੀ ਸੋਨ ਤਮਗਾ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਹੋਏ ਰਾਜ ਪੱਧਰੀ ਸੀਨੀਅਰ ਫੈਂਸਿੰਗ ਚੈਂਪੀਅਨਸਿਪ ਮੁਕਾਬਲਿਆਂ ਵਿੱਚ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਖਿਡਾਰੀਆਂ (ਇਸਜੋਤ ਸਿੰਘ ਬੱਬਰ, ਅਗਮਦੀਪ ਸਿੰਘ, ਸੁਮਿਤ ਭਗਤ ਅਤੇ ਪ੍ਰਤੀਕ ਸ਼ਰਮਾ) ਨੇ ਟੀਮ ਇਪੀ ਈਵੈਂਟ ਵਿੱਚ ਗੁਰਦਾਸਪੁਰ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕਰਕੇ ਸੋਨੇ ਦੇ ਤਮਗੇ ਜਿੱਤੇ। ਅਕੈਡਮੀ ਪਹੁੰਚਣ 'ਤੇ ਨਿੱਘਾ ਸਵਾਗਤ ਕਰਦਿਆਂ ਪ੍ਰਿੰ. ਹਰਜਿੰਦਰ ਸਿੰਘ ਵੱਲੋਂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਮਨਦੀਪ ਸਿੰਘ ਤੇ ਹਰਦੀਪ ਸਿੰਘ ਨੂੰ ਵਧਾਈ ਦਿੱਤੀ ਅਤੇ ਖਿਡਾਰੀਆਂ ਦੇ ਸਨਮਾਨ ਕੀਤਾ ਗਿਆ। ਉਨ੍ਹਾਂ ਨੇ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲਗਾਤਾਰ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।



# ਬਾਬਾ ਬਲਬੀਰ ਸਿੰਘ ਤੇ ਸਿੱਖ ਜਥੇਬੰਦੀਆਂ ਵੱਲੋਂ ਦਿੱਲੀ ਤੋਂ ਚਲੀ ਸਾਈਕਲ ਯਾਤਰਾ ਦਾ ਨਿੱਘਾ ਸਵਾਗਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਤੋਂ ਗੁਰਦੁਆਰਾ ਗੁਰੂ ਕਾ ਮਹਿਲ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਚੱਲੀ ਸਾਈਕਲ ਯਾਤਰਾ ਦਾ ਪੰਜਾਬ 'ਚ ਦਾਖਲ ਹੋਣ ਸਮੇਂ ਸ਼ੰਭੂ ਬਾਰਡਰ ਵਿਖੇ ਪੁੱਜੀ ਅਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਸਮੇਤ ਸਿੱਖ ਜਥੇਬੰਦੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਿਹਾ ਕਿ ਅੱਜ ਸਮੁੱਚਾ ਜਗਤ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਪੁਰਬ ਜਿੱਥੇ ਪੂਰੇ ਜਾਹੋ ਜਲਾਲ ਦੇ ਨਾਲ ਮਨਾ ਰਿਹਾ ਹੈ ਉਥੇ ਹੀ ਸੰਗਤਾਂ ਵਿੱਚ ਵੀ ਵੱਡਾ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ। ਇਸੇ ਦਰਮਿਆਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿੱਥੇ ਨਗਰ ਕੀਰਤਨ ਸਜਾਏ ਜਾ ਰਹੇ ਹਨ ਉਥੇ ਹੀ ਸਿੱਖ ਕੌਮ ਦੀਆਂ ਮਹਾਨ ਸੰਸਥਾਵਾਂ ਸਿੱਖ ਜਥੇਬੰਦੀਆਂ ਸਿੱਖ ਸਭਾਵਾਂ ਵੱਲੋਂ ਵੀ ਅਜਿਹੇ ਪ੍ਰੋਗਰਾਮ ਉਲੀਕੇ ਗਏ ਹਨ ਤਾਂ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਰਚਿਤ ਗੁਰਬਾਣੀ ਦਾ ਉਦੇਸ਼ ਜੀਵਨ ਵਿਚਾਰਧਾਰਾ ਨੂੰ ਸੰਗਤਾਂ ਤੱਕ ਪਹੁੰਚਾਇਆ ਜਾ ਸਕੇ।ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਦੂਜੇ ਧਰਮ ਲਈ ਆਪਣਾ ਆਪ ਕੁਰਬਾਨ ਕੀਤਾ। ਇਸ ਮੌਕੇ ਸੁਰਜੀਤ ਸਿੰਘ ਗੜ੍ਹੀ ਅੰਤ੍ਰਿੰਗ ਕਮੇਟੀ ਮੈਂਬਰ, ਜਸਮੇਲ ਸਿੰਘ ਲਾਛੜੂ, ਤਰਲੋਕ ਸਿੰਘ ਤੋਰਾ, ਬਾਬਾ ਮਨਮੋਹਨ ਸਿੰਘ ਬਾਰਨਵਾਲੇ, ਬਾਬਾ ਮਲੂਕ ਸਿੰਘ ਲਾਡੀ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਗੁਰਮੁਖ ਸਿੰਘ, ਬਾਬਾ ਸੁਖਦੇਵ ਸਿੰਘ ਸੁਖਾ, ਬਾਬਾ ਕੁਲਦੀਪ ਸਿੰਘ, ਗਿਆਨੀ ਰਘਵੀਰ ਸਿੰਘ, ਬਲਵਿੰਦਰ ਸਿੰਘ ਨੇਪਰਾ, ਅਵਤਾਰ ਸਿੰਘ, ਇੰਦਰਪ੍ਰੀਤ ਸਿੰਘ ਰੌਲੀ, ਸਹਿਜਪ੍ਰੀਤ ਸਿੰਘ ਦੀਪਾ, ਸਾਬਕਾ ਵਧਾਇਕ ਬੀਬੀ ਹਰਪ੍ਰੀਤ ਕੌਰ ਮੁਖੈਲਪੁਰ, ਸ. ਸਰਜੀਤ ਸਿੰਘ ਝਿੰਝਰ, ਰਣਜੀਤ ਸਿੰਘ ਰਾਣਾ ਰਾਜਪੁਰਾ ਸਾਬਕਾ ਮੈਨੇਜਰ ਕਮਲਜੀਤ ਸਿੰਘ ਜੋਗੀਪੁਰ ਸੁਖਦੇਵ ਸਿੰਘ ਕਾਹਲਵਾਂ, ਮਨਜੀਤ ਸਿੰਘ ਪਵਾਰ, ਗਗਨਦੀਪ ਸਿੰਘ ਪੂਨੀਆ ਆਦਿ ਹਾਜ਼ਰ ਸਨ।






20 Nov Page 13.qxd 11/19/2025 10:53 PM Page 1



# ਪੰਜਾਬ ਯੂਨੀਵਰਸਿਟੀ ਮੋਰਚੇ 'ਚ ਸਰਗਰਮ ਐਡਵੋਕੇਟ ਅਮਨਦੀਪ ਕੌਰ ਨੂੰ ਧਮਕੀਆਂ

**ਲੁਧਿਆਣਾ (ਰੈਕਟਰ ਕਥੂਰੀਆ)** ਪੰਜਾਬ ਯੂਨੀਵਰਸਿਟੀ ਮੋਰਚੇ ਦੇ ਵਿਰੋਧੀ ਹੁਣ ਸਿੱਧਾ ਹੀ ਗੁੰਡਾਗਰਦੀ ਤੇ ਫ਼ਾਸ਼ੀਵਾਦੀ ਹਰਕਤਾਂ 'ਤੇ ਉੱਤਰ ਆਏ ਹਨ।ਇਨ੍ਹਾਂ ਧਮਕੀਆਂ ਨਾਲ ਹਾਲਾਤ ਦੀਆਂ ਚੁਣੌਤੀਆਂ ਹੋਰ ਵਧ ਗਈਆਂ ਹਨ। ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਸੂਬਾ ਕਮੇਟੀ ਮੈਂਬਰ ਐਡਵੋਕੇਟ ਅਮਨਦੀਪ ਕੌਰ ਨੂੰ ਅਗਿਆਤ ਫੋਨ ਤੋਂ ਧਮਕੀਆਂ ਦੇਣ (ਆਰਐਸਐਸ ਦੀ ਨਿੰਦਿਆ ਨਾ ਕਰਨ, ਗਾਲ੍ਹਾਂ ਕੱਢਣ, ਪਾਕਿਸਤਾਨ ਦੇ ਏਜੰਟ ਗਰਦਾਨਣ ਤੇ ਦੇਸ਼ ਛੱਡ ਜਾਣ ਦਾ ਫਰਮਾਨ ਸੁਣਾਉਣ) ਦਾ ਗੰਭੀਰ ਨੋਟਿਸ ਲੈਂਦਿਆਂ ਲੁਧਿਆਣਾ ਦੀਆਂ ਜਨਤਕ, ਜਮਹੂਰੀ ਤੇ ਤਰਕਸ਼ੀਲ ਜਥੇਬੰਦੀਆਂ ਵੱਲੋਂ ਇਸ ਨੂੰ ਵਿਚਾਰ ਪ੍ਰਗਟਾਵੇ ਦੇ ਅਧਿਕਾਰ, ਔਰਤਾਂ ਦੇ ਸਨਮਾਨ ਉਪਰ ਹਮਲੇ ਵਜੋਂ ਲਿਆ ਹੈ ਤੇ ਸੰਘੀ ਗੁੰਡੀਗਰਦੀ ਕਰਾਰ ਦਿੱਤਾ ਹੈ। ਜਥੇਬੰਦੀਆਂ 'ਚ ਸ਼ਹੀਦ ਭਗਤ ਸਿੰਘ ਵਿਚਾਰ ਮੰਚ, ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ, ਮਹਾਂ ਸਭਾ ਲੁਧਿਆਣਾ, ਇਨਕਲਾਬੀ ਮਜ਼ਦੂਰ ਕੇਂਦਰ, ਗਦਰੀ ਸ਼ਹੀਦ ਬਾਬਾ

**ਚੰਡੀਗੜ੍ਹ ਪੁਲਸ ਆਈ ਐਕਸ਼ਨ 'ਚ**



ਭਾਨ ਸਿੰਘ ਨੌਜਵਾਨ ਸਭਾ, ਦੇ ਆਗੂਆਂ ਪ੍ਰੋ ਕੇ ਮਲੇਰੀ, ਜਸਵੰਤ ਜੀਰਖ, ਬਲਵਿੰਦਰ ਸਿੰਘ, ਬਲਕੌਰ ਸਿੰਘ ਗਿੱਲ, ਡਾ ਸੁਰਿੰਦਰ ਸਿੰਘ, ਬਲਕੌਰ ਹਰਪ੍ਰੀਤ ਜੀਰਖ ਨੇ ਦੱਸਿਆ ਕਿ ਐਡਵੋਕੇਟ ਅਮਨਦੀਪ ਕੌਰ ਨੇ ਪਿਛਲੇ ਦਿਨੀਂ ਕੇਂਦਰ ਸਰਕਾਰ ਵੱਲੋਂ ਜਾਰੀ ਇੱਕ ਨੋਟੀਫਿਕੇਸ਼ਨ ਰਾਹੀਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਭੰਗ ਕਰਨ ਦੇ ਸੰਬੰਧ ਵਿੱਚ ਕੇਂਦਰ ਸਰਕਾਰ ਦੇ ਮਨਸੂਬਿਆਂ ਤੇ ਪੰਜਾਬ ਯੂਨੀਵਰਸਸਿਟੀ ਚੰਡੀਗੜ੍ਹ ਦੇ ਇਤਿਹਾਸ ਬਾਰੇ ਵਿਦਿਆਰਥੀ ਅੰਦੋਲਨ ਦੌਰਾਨ ਭਰਪੂਰ ਜਾਣਕਾਰੀ ਦਿੰਦੀਆਂ ਵੀਡੀਓ ਜਾਰੀ ਕੀਤੀਆਂ ਸਨ।ਵੀਡੀਓ ਅੰਦਰ ਦਿੱਤੀ ਜਾਣਕਾਰੀ ਪੰਜਾਬ ਯੂਨੀਵਰਸਿਟੀ ਨਾਲ ਨੇੜਿਓਂ ਜੁੜੇ ਸਮੂਹ ਵਿਦਿਆਰਥੀਆਂ ਤੇ ਪੰਜਾਬ ਦੇ ਲੋਕਾਂ ਲਈ ਬਹੁਤ ਅਹਿਮ ਸਚਿਆਈ ਸੀ, ਜਿਹੜੀ ਕੇਂਦਰ ਦੀ ਭਾਜਪਾ ਦੀ ਸੰਘੀ ਸਰਕਾਰ ਨੂੰ ਕਿਸੇ ਤਰ੍ਹਾਂ ਵੀ ਹਜ਼ਮ ਹੋਣ ਵਾਲੀ ਨਹੀਂ ਹੈ। ਜੱਥੇਬੰਦੀਆਂ ਨੇ ਹੱਕ ਸੱਚ ਦੀ ਆਵਾਜ਼ ਬੰਦ ਕਰਾਉਣ ਲਈ ਅਮਨਦੀਪ ਨੂੰ ਸੰਘੀ ਗੁੰਡਿਆਂ ਵੱਲੋਂ ਦਿੱਤੀਆਂ ਧਮਕੀਆਂ ਦਾ ਗੰਭੀਰ ਨੋਟਿਸ ਲਿਆ ਹੈ।ਉਨ੍ਹਾਂ ਦੱਸਿਆ ਕਿ ਐਡਵੋਕੇਟ ਅਮਨਦੀਪ ਕੌਰ ਨੇ ਇਸ ਸਬੰਧੀ ਬਾਰ ਐਸੋਸੀਏਸ਼ਨ ਚੰਡੀਗੜ੍ਹ ਨੂੰ ਸੂਚਿਤ ਕਰਨ ਤੋਂ ਇਲਾਵਾ ਐਸ ਐਸ ਪੀ ਚੰਡੀਗੜ੍ਹ ਨੂੰ ਵੀ ਸ਼ਿਕਾਇਤ ਕੀਤੀ ਹੈ , ਪਰ ਪੁਲਿਸ ਪ੍ਰਸ਼ਾਸਨ ਚੰਡੀਗੜ੍ਹ ਵੱਲੋਂ ਅਜੇ ਤੱਕ ਕਿਸੇ ਅਗਿਆਤ ਨੰਬਰ ਰਾਹੀਂ ਇਹ ਕਾਰਵਾਈ ਕਰਨ ਵਾਲੇ ਵਿਅਕਤੀ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਉਪਰੋਕਤ ਜੱਥੇਬੰਦੀਆਂ ਚੰਡੀਗੜ੍ਹ ਪ੍ਰਸ਼ਾਸਨ ਤੋਂ ਮੰਗ ਕਰਦੀਆਂ ਹਨ ਕਿ ਪ੍ਰਸ਼ਾਸਨ ਅਜਿਹੇ ਜਮਹੂਰੀਅਤ ਵਿਰੋਧੀ ਗੁੰਡਾ ਅਨਸਰਾਂ ਖਿਲਾਫ ਤੁਰੰਤ ਕਾਰਵਾਈ ਕਰੇ।ਆਗੂਆਂ ਨੇ ਪੰਜਾਬ ਭਰ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਇਸ ਸੰਘੀ ਗੁੰਡਾਗਰਦੀ ਖਿਲਾਫ ਆਵਾਜ਼ ਉਠਾਉਣ ਦਾ ਸੱਦਾ ਦਿੱਤਾ ਹੈ। ਚੰਡੀਗੜ੍ਹ ਪੁਲਿਸ ਵੀ ਧਮਕੀਆਂ ਦੇ ਇਸ ਮਾਮਲੇ ਵਿੱਚ ਅੱਜ ਐਕਸ਼ਨ ਵਿੱਚ ਆਈ ਹੈ।ਧਮਕੀਆਂ ਮਗਰੋਂ ਇਹ ਟੀਮ ਪੁਲਿਸ ਨਾਲ ਮੁਲਾਕਾਤ ਕਰਕੇ ਵੀ ਆਈ ਸੀ।ਐਸ ਐਸ ਪੀ ਚੰਡੀਗੜ੍ਹ ਨੇ ਬਹੁਤ ਚੰਗੀ ਤਰ੍ਹਾਂ ਇਨ੍ਹਾਂ ਦੀ ਸ਼ਿਕਾਇਤ ਸੁਣੀ।

# ਲੋਕਾਂ ਨਾਲ ਕੀਤਾ ਵਿਕਾਸ ਦਾ ਵਾਅਦਾ ਪੂਰਾ ਕਰਾਂਗੇ : ਤਲਬੀਰ ਗਿੱਲ

**ਤਰਸਿੱਕਾ (ਤਰਲੋਕ ਸਿੰਘ ਸਾਧਪੁਰ)**- ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ ਦੇ ਪਿੰਡ ਖਿੱਦੋਵਾਲੀ ਤੋਂ ਟਾਹਲੀ ਸਾਹਿਬ ਸੜਕ ਬਣਾਉਣ ਦਾ ਨੀਂਹ ਪੱਥਰ ਰੱਖਿਆ।ਤਲਬੀਰ ਗਿੱਲ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਸਰਕਾਰ ਦੇ ਰਹਿੰਦੇ ਇੱਕ ਸਾਲ ਦੇ ਰਾਜ ਦੌਰਾਨ ਮਜੀਠਾ ਹਲਕੇ ਦੇ ਪਿੰਡਾਂ ਵਿੱਚ ਵਿਚਲੀਆਂ ਰਹਿੰਦੀਆਂ ਸੜਕਾਂ ਨੂੰ ਪਹਿਲ ਦੇ ਆਧਾਰ 'ਤੇ ਬਣਾ ਕੇ ਸੜਕਾਂ ਦਾ ਜਾਲ ਵਿਛਾਇਆ ਜਾਵੇਗਾ ਤੇ ਪਿੰਡਾਂ ਦੇ ਅਧੂਰੇ ਪਏ ਵਿਕਾਸ ਕੰਮਾਂ ਨੂੰ ਜੰਗੀ ਪੱਧਰ 'ਤੇ ਕਰਵਾਉਣ ਲਈ ਵੀ ਪੰਚਾਇਤਾਂ ਨੂੰ ਬਿਨਾਂ ਭੇਦ ਭਾਵ ਕਰੋੜਾਂ ਰੁਪਏ ਦੀਆਂ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਕਿ ਮਜੀਠਾ ਹਲਕੇ ਨੂੰ ਵਿਕਾਸ ਪੱਖੋਂ ਸੂਬੇ ਵਿੱਚ ਨੰਬਰ ਇੱਕ ਦਾ ਹਲਕਾ ਬਣਾ ਕੇ ਵਿਰੋਧੀਆਂ ਨੂੰ ਮੁੱਦਾਹੀਣ ਕੀਤਾ ਜਾਵੇਗਾ। ਇਸ ਮੌਕੇ ਬਲਬੀਰ ਸਿੰਘ ਬੋਪਾਰਾਏ ਪ੍ਰਧਾਨ ਕਿਸਾਨ ਵਿੰਗ ਅੰਮ੍ਰਿਤਸਰ, ਸਿਕੰਦਰ ਸਿੰਘ ਸਾਬਕਾ ਸਰਪੰਚ ਖਿੱਦੋਵਾਲੀ, ਮਨਜੀਤ ਸਿੰਘ ਟਾਹਲੀ ਸਾਹਿਬ, ਬਲਿਹਾਰ ਸਿੰਘ ਟਾਹਲੀ ਸਾਹਿਬ, ਨਿਸ਼ਾਨ ਸਿੰਘ ਅਰਜਨ ਮਾਂਗਾ ਮੀਡੀਆ ਇੰਚਾਰਜ ਮਜੀਠਾ, ਭੁਪਿੰਦਰ ਸਿੰਘ ਲਾਡੀ ਟਾਹਲੀ ਸਾਹਿਬ, ਸ਼ਿਵਰਾਜ ਸਿੰਘ ਭੀਲੋਵਾਲ, ਬਿਕਰਮ ਸਿੰਘ ਖਿੱਦੋਵਾਲੀ, ਤਰਵਿੰਦਰ ਸਿੰਘ ਸਾਧਪੁਰ , ਗੁਰਬੀਰ ਸਿੰਘ ਮੱਤੇਵਾਲ, ਬਲਜਿੰਦਰ ਸਿੰਘ ਛੀਨਾ ਆਦਿ ਆਗੂ ਹਾਜ਼ਰ ਸਨ।



# ਆਊਟਸੋਰਸ ਮੁਲਾਜ਼ਮ ਯੂਨੀਅਨ ਦੀ ਚੋਣ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸਿਵਲ ਹਸਪਤਾਲ ਵਿਖੇ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ ਤੇ ਸੂਬਾ ਮੀਤ ਪ੍ਰਧਾਨ ਗੁਰਿੰਦਰ ਸਿੰਘ ਵਿਰਕੀ ਦੀ ਅਗਵਾਈ ਵਿੱਚ ਆਊਟਸੋਰਸ ਮੁਲਾਜ਼ਮ ਯੂਨੀਅਨ ਦੀ ਚੋਣ ਕੀਤੀ ਗਈ।ਦੱਸਣਯੋਗ ਹੈ ਕਿ ਪੰਜਾਬ ਦੇ ਸਿਹਤ ਵਿਭਾਗ ਵਿੱਚ ਵੱਖ ਵੱਖ ਕੈਟਾਗਰੀਆਂ ਵਿੱਚ ਕੰਮ ਕਰਨ ਵਾਲੇ ਆਊਟਸੋਰਸ ਮੁਲਾਜ਼ਮਾਂ ਨੂੰ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸਿਹਤ ਵਿਭਾਗ ਵਿੱਚ ਲਗਭਗ ਕੁੱਲ ਮੁਲਾਜ਼ਮਾਂ ਦਾ ਅੱਧਾ ਹਿੱਸਾ ਆਊਟਸੋਰਸ ਕਾਮਿਆਂ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਜਿਹੜੇ ਕਿ ਬਹੁਤ ਹੀ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਕਾਮੇ ਲਗਭਗ 15-20 ਸਾਲਾਂ ਤੋਂ ਕੰਮ ਕਰਦੇ ਹਨ। ਉਨ੍ਹਾਂ ਕਾਮਿਆਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਰੈਗੂਲਰ ਕਰਨ ਸਬੰਧੀ ਕੋਈ ਵੀ ਨੀਤੀ ਪਾਲਿਸੀ ਨਹੀਂ ਬਣਾਈ ਗਈ।ਇਨ੍ਹਾਂ ਕਾਮਿਆਂ ਦੀ ਕੰਪਨੀਆਂ ਦੁਆਰਾ ਵੱਖ-ਵੱਖ ਤਰੀਕੇ ਨਾਲ ਲੁੱਟ-ਖਸੁੱਟ ਕੀਤੀ ਜਾ ਰਹੀ ਹੈ, ਜਿਸ ਕਰਕੇ ਇਨ੍ਹਾਂ ਆਊਟਸੋਰਸ ਕਾਮਿਆਂ ਵਿੱਚ ਹੁਣ ਵੱਡੀ ਪੱਧਰ 'ਤੇ ਰੋਸ ਜਾਗਣਾ ਸ਼ੁਰੂ ਹੋਇਆ ਹੈ, ਜਿਸ ਕਰਕੇ ਉਨ੍ਹਾਂ ਆਪਣੀਆਂ ਹੱਕੀ ਮੰਗਾਂ ਨੂੰ ਮਨਵਾਉਣ ਲਈ ਵੱਡੀ ਪੱਧਰ 'ਤੇ ਲਾਮਬੰਦੀ ਸ਼ੁਰੂ ਕੀਤੀ ਗਈ ਹੈ। ਚੋਣ ਵਿੱਚ ਸੁਰਿੰਦਰ ਸਿੰਘ ਪ੍ਰਧਾਨ, ਦਲਜਿੰਦਰ ਸਿੰਘ ਜਨਰਲ ਸਕੱਤਰ, ਦਲਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਜਗਸੀਰ ਸਿੰਘ, ਮਨਜੀਤ ਕੌਰ, ਰਵੀ ਕੁਮਾਰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਅਤੇ ਅੰਕੁਸ਼ ਕੁਮਾਰ ਪ੍ਰੈੱਸ ਸਕੱਤਰ, ਲਖਵਿੰਦਰ ਸਿੰਘ ਕੈਸ਼ੀਅਰ, ਪ੍ਰਦੀਪ ਸ਼ਰਮਾ ਮੁੱਖ ਸਲਾਹਕਾਰ, ਅਜੈ ਕੁਮਾਰ ਦਫ਼ਤਰ ਸਕੱਤਰ, ਰਾਹੁਲ ਕੁਮਾਰ ਸਲਾਹਕਾਰ ਤੇ ਰਮਨਦੀਪ ਕੌਰ, ਅਮਨਦੀਪ ਸਿੰਘ, ਵੀਰਪਾਲ ਕੌਰ, ਰਾਕੇਸ਼ ਕੁਮਾਰ ਨੂੰ ਕਮੇਟੀ ਮੈਂਬਰ ਚੁਣਿਆ ਗਿਆ।

# ਝਾੜ ਸਾਹਿਬ ਕਾਲਜ 'ਚ ਸਟ੍ਰੈਸ ਮੈਨੇਜਮੈਂਟ 'ਤੇ ਵਿਸ਼ੇਸ਼ ਲੈਕਚਰ

**ਸਮਰਾਲਾ (ਸੁਰਜੀਤ ਸਿੰਘ)** ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਤੇ ਆਈ.ਕਿਉ.ਏ.ਸੀ ਦੇ ਤਹਿਤ ਕਾਲਜ



ਵਿਦਿਆਰਥਣਾਂ ਲਈ ਸਟ੍ਰੈਸ ਮੈਨੇਜਮੈਂਟ ਅਤੇ ਮੈਂਟਲ ਹੈਲਥ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਹ ਲੈਕਚਰ ਮਿਸ ਰਜਿਤਾ ਕੌਸ਼ਲ ਵੱਲੋਂ ਦਿੱਤਾ ਗਿਆ।ਸੈਸ਼ਨ ਦੌਰਾਨ ਮਿਸ ਰਜਿਤਾ ਕੌਸ਼ਲ ਨੇ ਤਣਾਅ ਦੇ ਕਾਰਨ, ਇਸ ਦੇ ਪ੍ਰਭਾਵ ਤੇ ਇਸ ਨਾਲ ਨਜਿੱਠਣ ਲਈ ਪ੍ਰਭਾਵਸ਼ਾਲੀ ਤਰੀਕਿਆਂ ਬਾਰੇ ਵਿਦਿਆਰਥਣਾਂ ਨੂੰ ਜਾਣੂ ਕਰਾਇਆ। ਲੈਕਚਰ ਵਿੱਚ ਡੈਮੋ ਰਾਹੀਂ ਪ੍ਰੈਕਟੀਕਲ ਐਕਸਰਸਾਈਜ਼ ਤੇ ਵੱਖ-ਵੱਖ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਕਰਦੇ ਵਿਦਿਆਰਥੀਆਂ ਨੂੰ ਇਸ ਬਾਰੇ ਦੱਸਿਆ ਗਿਆ।ਲੈਕਚਰ ਦਾ ਉਦੇਸ਼ ਵਿਦਿਆਰਥੀਆਂ ਵਿੱਚ ਤਣਾਅ ਬਾਰੇ ਜਾਗਰੂਕਤਾ ਵਧਾਉਣਾ, ਉਸ ਨੂੰ ਠੀਕ ਕਰਨ ਦੇ ਤਰੀਕੇ ਦੱਸਣ ਤੇ ਮਾਨਸਿਕ ਤੰਦਰੁਸਤੀ ਨੂੰ ਬਣਾਈ ਰੱਖਣ ਲਈ ਉਤਸ਼ਾਹਤ ਕਰਨਾ ਸੀ।ਵਿਦਿਆਰਥੀਆਂ ਨੂੰ ਇਸ ਲੈਕਚਰ ਤੋਂ ਲੰਬੇ ਸਮੇਂ ਦੀ ਪ੍ਰੀਖਿਆ ਦੀ ਤਿਆਰੀ ਦੌਰਾਨ ਤਣਾਅ ਪ੍ਰਬੰਧਨ ਬਾਰੇ ਵਧੀਆ ਜਾਣਕਾਰੀ ਮਿਲੀ। ਲੈਕਚਰ ਤੋਂ ਬਾਅਦ ਵੱਖ-ਵੱਖ ਵਿਦਿਆਰਥੀਆਂ ਦਾ ਕੌਂਸਲਿੰਗ ਸੈਸ਼ਨ ਕੀਤਾ ਗਿਆ, ਜਿਸ ਵਿੱਚ ਕੁੱਝ ਵਿਦਿਆਰਥੀਆਂ ਨੇ ਇੱਕ-ਇੱਕ ਕਰਕੇ ਆਪਣੀਆਂ ਵਿਅਕਤੀਗਤ ਸਮੱਸਿਆਵਾਂ ਸਾਂਝੀਆਂ ਕੀਤੀਆਂ ਤੇ ਪੜ੍ਹਾਈ ਉੱਤੇ ਧਿਆਨ ਕੇਂਦਰਤ ਕਰਨ ਅਤੇ ਚਿੰਤਾ 'ਤੇ ਕਾਬੂ ਪਾਉਣ ਬਾਰੇ ਸਲਾਹ ਹਾਸਲ ਕੀਤੀ।ਇਸ ਤੋਂ ਇਲਾਵਾ ਹੋਰ ਵਿਦਿਆਰਥੀਆਂ ਨੇ ਸਟ੍ਰੈਸ ਨੂੰ ਮੈਨੇਜ ਕਰਨ ਲਈ ਕਈ ਸਵਾਲ ਵੀ ਪੁੱਛੇ। ਵਿਦਿਆਰਥੀਆਂ ਨੇ ਇਸ ਲੈਕਚਰ 'ਚ ਗੰਭੀਰ ਰੁਚੀ ਵਿਖਾਈ ਤੇ ਮੰਗ ਕੀਤੀ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੈਕਚਰ ਨਿਯਮਤ ਤੌਰ 'ਤੇ ਕਰਾਏ ਜਾਣ।ਲੈਕਚਰ ਵਿੱਚ ਪਲੇਸਮੈਂਟ ਸੈੱਲ ਦੇ ਮੈਂਬਰ ਡਾ. ਸੁਨੀਤਾ ਕੌਸ਼ਲ, ਮਿਸ ਆਰਤੀ ਰਾਣੀ, ਮਿਸ ਸਿਮਰਨਪ੍ਰੀਤ ਕੌਰ ਤੇ ਹੋਰ ਪ੍ਰੋਫੈਸਰ ਸਾਹਿਬਾਨ ਜਸਵੀਰ ਕੌਰ, ਰਣਬੀਰ ਸਿੰਘ ਸੋਮਲ, ਸਨਦੀਪ ਕੌਰ, ਸੁਖਦੀਪ ਕੌਰ, ਗੁਰਕਰਨ ਸਿੰਘ ਸ਼ਾਮਲ ਸਨ ਅਤੇ ਅੰਤ ਵਿੱਚ ਡਾ. ਅਮਨਪ੍ਰੀਤ ਕੌਰ ਨੇ ਮਿਸ ਰਜਿਤਾ ਕੌਸ਼ਲ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਾਲਜ ਵਿੱਚ ਇਸ ਤਰਾਂ ਦੇ ਲੈਕਚਰ ਹੋਰ ਕਰਵਾਏ ਜਾਣਗੇ, ਤਾਂ ਜੁ ਵਿਦਿਆਰਥੀ ਤਣਾਅਮੁਕਤ ਹੋ ਕੇ ਆਪਣੀ ਇੱਕ ਵਧੀਆ ਸ਼ਖ਼ਸੀਅਤ ਦਾ ਨਿਰਮਾਣ ਕਰ ਸਕਣ।



# ਇੰਟਰ ਸਕੂਲ ਕਲਚਰ ਮੁਕਾਬਲਿਆਂ 'ਚ ਬੀ ਐਨ ਡੀ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਅੱਡਾ ਸਰਾਂ (ਜਸਵੀਰ ਕਾਜਲ)** ਸੀ ਟੀ ਗਰੁੱਪ ਆਫ ਕਾਲਜਿਜ਼ ਦੁਆਰਾ ਇੰਟਰ ਸਕੂਲ ਕਲਚਰ ਪ੍ਰੋਗਰਾਮ ਆਯੋਜਨ ਕਰਵਾਇਆ ਗਿਆ।ਜਿਸ ਵਿੱਚ ਬੀ ਐਨ ਡੀ ਸਕੂਲ ਕੰਧਾਲਾ ਜੱਟਾਂ ਦੇ ਵਿਦਿਆਰਥੀਆਂ ਨੇ ਆਪਣੇ ਆਪਣੇ ਗਰੁੱਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੀਆਂ ਪ੍ਰਤਿਭਾ ਅਤੇ ਹੁਨਰ ਨੂੰ ਪੇਸ਼ ਕੀਤਾ।ਇਸ ਪ੍ਰੋਗਰਾਮ ਵਿੱਚ ਗਿੱਧੇ ਦੀ ਟੀਮ ਨੇ ਸ਼ਾਨਦਾਰ ਗਿੱਧਾ ਪੇਸ਼ ਕਰਦੇ ਹੋਏ ਸਮਾਂ ਬੰਨਿਆ।ਡਾਂਸ ਮੁਕਾਬਲੇ ਵਿੱਚ ਦਮਨਪ੍ਰੀਤ ਕੌਰ ਅਤੇ ਹਰਲੀਨ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਬਹੁਤ ਵਧੀਆ ਦਰਜਾ ਹਾਸਲ ਕੀਤਾ। ਮਨਪ੍ਰੀਤ ਕੌਰ 11ਵੀਂ ਜਮਾਤ ਦੀ ਵਿਦਿਆਰਥਣ ਨੇ ਦੇਸ਼ ਭਾਕੀ ਦਾ ਗੀਤ ਗਾ ਕੇ ਪ੍ਰੋਗਰਾਮ ਨੂੰ ਚਾਰ ਚੰਨ ਲਗਾਏ।ਇਸ ਮੌਕੇ ਬੀ ਐਨ ਡੀ ਸਕੂਲ ਦੇ ਗਿਆਰਵੀਂ, ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਇਲਾਵਾ ਇੰਜ.ਅਨਿਲ ਕੁਮਾਰ, ਮੈਡਮ ਮੋਨੀਕਾ ਸ਼ਰਮਾ, ਮੈਡਮ ਸਵਾਤੀ ਅਤੇ ਸਟਾਫ ਮੈਂਬਰ ਹਾਜ਼ਰ ਸਨ।

# ਆਰ ਡੀ ਖੋਸਲਾ ਸਕੂਲ ਨੇ ਯੋਗਾ ਮੁਕਾਬਲਿਆਂ 'ਚ ਟਰਾਫੀ ਸਣੇ ਜਿੱਤੇ ਸੋਨੇ ਦੇ ਨੌਂ ਤਮਗੇ

**ਬਟਾਲਾ (ਡਾ. ਮਲਵਿੰਦਰ ਸਿੰਘ)**- ਯੋਗਾ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਵੱਲੋਂ ਆਯੋਜਿਤ ਛੇਵੇਂ ਰਾਜ ਪੱਧਰੀ ਯੋਗ ਮੁਕਾਬਲੇ ਵਿੱਚ ਆਰ. ਡੀ. ਖੋਸਲਾ ਸਕੂਲ ਦੇ ਵਿਦਿਆਰਥੀਆਂ ਨੇ 9 ਸੋਨੇ ਦੇ ਤਮਗੇ ਤੇ ਇੱਕ ਟਰਾਫੀ ਹਾਸਲ ਕਰਕੇ ਆਪਣੇ ਸਕੂਲ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ।ਮੁਕਾਬਲੇ ਵਿੱਚ ਆਰਡੀ ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਅਨੁਰੀਤ ਕੌਰ ਮੱਲ੍ਹੀ, ਖੁਸ਼ਮੀਤ ਕੌਰ ਮੱਲ੍ਹੀ, ਮਨੁਲੀਨ ਕੌਰ, ਪ੍ਰਭਲੀਨ ਕੌਰ ਅਤੇ ਰਾਜਵੀਰ ਕੌਰ ਨੇ ਟੀਮ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ 5 ਸੋਨੇ ਦੇ ਤਮਗੇ ਹਾਸਲ ਕੀਤੇ।ਆਰਟਿਸਟਿਕ ਪੇਅਰ ਯੋਗ ਅਬੱਵ 15 ਵਿਚ ਖੁਸ਼ਮੀਤ ਕੌਰ ਮੱਲ੍ਹੀ ਅਤੇ ਮਨੁਲੀਨ ਕੌਰ ਮੱਲ੍ਹੀ ਨੇ ਪਹਿਲਾ ਸਥਾਨ ਹਾਸਲ ਕੀਤਾ ਤੇ ਸੋਨੇ ਦੇ ਤਮਗੇ ਹਾਸਿਲ ਕੀਤੇ।ਆਰਟਿਸਟਿਕ ਪੇਅਰ ਯੋਗ ਅੰਡਰ 15 ਵਿੱਚ ਅਨੁਰੀਤ ਕੌਰ ਮੱਲ੍ਹੀ ਤੇ ਰਾਜਵੀਰ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਬੈਸਟ ਯੋਗਨੀ ਐਵਾਰਡ ਵਿੱਚ ਅਨੁਰੀਤ ਕੌਰ ਮੱਲ੍ਹੀ ਨੇ ਤੀਜਾ ਸਥਾਨ ਹਾਸਲ ਕੀਤਾ ਤੇ ਪ੍ਰਸਿੱਧ ਯੋਗਨੀ ਐਵਾਰਡ ਦੀ ਟਰਾਫੀ ਹਾਸਲ ਕੀਤੀ।ਸਕੂਲ ਚੇਅਰਮੈਨ



ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰ. ਡਾ. ਬਿੰਦੂ ਭੱਲਾ ਨੇ ਵਿਦਿਆਰਥੀਆਂ, ਮਾਪਿਆਂ ਤੇ ਯੋਗ ਅਧਿਆਪਕ ਵਿਨਯ ਪੁਸ਼ਕਰਨਾ ਨੂੰ ਹਾਰਦਿਕ ਸ਼ੁਭਕਾਮਨਾਵਾਂ ਭੇਟ ਕੀਤੀਆਂ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਜਲਦੀ ਹੀ ਇੱਕ ਹਾਈ ਟੈਕ ਯੋਗ ਯੂਨਿਟ ਸਥਾਪਿਤ ਕੀਤਾ ਜਾਏਗਾ।

# ਰੰਧਾਵਾ ਨੇ ਡੇਰਾਬੱਸੀ 'ਚ ਹੜ੍ਹ ਪ੍ਰਭਾਵਤ ਘਰਾਂ ਦੇ ਪੁਨਰ-ਨਿਰਮਾਣ ਲਈ ਮਨਜ਼ੂਰੀ ਪੱਤਰ ਵੰਡੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਕਮਿਊਨਿਟੀ ਸੈਂਟਰ, ਡੇਰਾਬੱਸੀ ਵਿਖੇ 30 ਪਿੰਡਾਂ ਦੇ 122 ਅਨੁਸੂਚਿਤ ਜਾਤੀ ਅਤੇ ਹੋਰ ਯੋਗ ਲਾਭਪਾਤਰੀਆਂ ਨੂੰ ਮਨਜ਼ੂਰੀ ਪੱਤਰ ਵੰਡੇ, ਜਿਸ ਨਾਲ ਉਹ ਹਾਲ ਹੀ ਵਿੱਚ ਭਾਰੀ ਬਾਰਸ਼ ਅਤੇ ਹੜ੍ਹਾਂ ਦੌਰਾਨ ਨੁਕਸਾਨੇ ਗਏ ਘਰਾਂ ਦੇ ਪੁਨਰ ਨਿਰਮਾਣ ਕਰ ਸਕਣਗੇ।ਇਹ ਵਿੱਤੀ ਸਹਾਇਤਾ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਪੰਜਾਬ ਸਰਕਾਰ ਦੀ ਬੇਨਤੀ 'ਤੇ ਵਿਸ਼ੇਸ਼ ਤੌਰ 'ਤੇ ਮਨਜ਼ੂਰ ਕੀਤੀ ਗਈ ਹੈ।ਇਨ੍ਹਾਂ ਪਿੰਡਾਂ ਵਿੱਚ ਅਮਲਾਲਾ, ਬਡਾਣਾ, ਬੱਲੋਪੁਰ, ਬਰੋਲੀ, ਬਸੋਲੀ, ਬਟੌਲੀ, ਭਾਗਸੀ, ਭਗਵਾਨਪੁਰ, ਭਾਂਖਰਪੁਰ, ਬੀਜਨਪੁਰ, ਧਰਮਗੜ੍ਹ, ਫਤਿਹਪੁਰ ਜੱਟਾਂ, ਹਮਾਂਯੂਪੁਰ, ਜੜੌਤ, ਜਸਤਾਣਾ ਕਲਾਂ, ਝਰਮੜੀ, ਜੌਲਾ ਕਲਾਂ, ਜੌਲਾ ਖੁਰਦ, ਕਾਰਕੌਰ, ਰਾਜੋਮਾਜਰਾ, ਰਾਣੀ ਮਾਜਰਾ, ਰੱਜਾਪੁਰ, ਸੰਗੋਥਾ, ਸਰਸੀਨੀ, ਸਿੰਘਪੁਰ, ਤੜਾਕ, ਟਿਵਾਣਾ ਅਤੇ ਤੋਗਾਂਪੁਰ ਪਿੰਡ ਸ਼ਾਮਲ ਹਨ। ਘਰਾਂ ਦੇ ਨਿਰਮਾਣ ਲਈ ਕੁੱਲ 122 ਮਕਾਨਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਹਰੇਕ ਲਾਭਪਾਤਰੀ ਨੂੰ 1.20 ਲੱਖ ਰੁਪਏ, ਉਸਾਰੀ ਪ੍ਰਗਤੀ ਦੇ ਆਧਾਰ 'ਤੇ 70,000 ਰੁਪਏ, 40,000 ਰੁਪਏ ਅਤੇ 10,000 ਰੁਪਏ ਦੀਆਂ ਤਿੰਨ ਕਿਸ਼ਤਾਂ ਵਿੱਚ ਜਾਰੀ ਕੀਤੇ ਜਾਣਗੇ। ਇਸ ਤੋਂ ਇਲਾਵਾ, ਹਰੇਕ ਨੂੰ ਮਨਰੇਗਾ ਤਹਿਤ 31,000 ਰੁਪਏ ਮਜ਼ਦੂਰੀ ਦੀ ਲਾਗਤ ਵਜੋਂ ਵੱਖਰੇ ਤੌਰ 'ਤੇ ਪ੍ਰਾਪਤ ਹੋਣਗੇ।ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ 2.06 ਕਰੋੜ ਰੁਪਏ ਮਨਜ਼ੂਰ ਕਰਨ ਲਈ ਸਰਕਾਰ ਦਾ ਧੰਨਵਾਦ ਕੀਤਾ।



# ਸੰਸਾਰ ਰੇਡੀਓਗ੍ਰਾਫੀ ਦਿਵਸ ਮੌਕੇ ਸੀਨੀਅਰ ਰੇਡੀਓਗ੍ਰਾਫਰ ਸਨਮਾਨਤ

**ਬੰਗਾ (ਅਵਤਾਰ ਕਲੇਰ)** ਰਿਟਾਇਰਡ ਸੀਨੀਅਰ ਰੇਡੀਓਗਰਾਫਰਜ਼ ਵੈਲਫੇਅਰ ਐਸੋਸੀਏਸ਼ਨ ਪੰਜਾਬ ਵਲੋਂ ਕੌਮਾਂਤਰੀ ਰੇਡੀਓਗਰਾਫੀ ਦਿਵਸ ਨੂੰ ਸਮਰਪਿਤ ਕੈਟਾਗਰੀ ਦੇ ਸੁਪਰ ਸੀਨੀਅਰ ਰੇਡੀਓਗਰਾਫਰਾਂ ਨੂੰ ਅਤੇ ਇਸ ਸੰਸਾਰ ਨੂੰ ਛੱਡ ਗਏ ਰੇਡੀਓਗਰਾਫਰ ਸਾਥੀਆਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਗੁਰਵਿੰਦਰ ਸਿੰਘ ਭੁੱਲਰ, ਗੋਪਾਲ ਸਿੰਘ ਸੰਧੂ, ਪ੍ਰੇਮਜੀਤ ਸਿੰਘ ਲੁਧਿਆਣਾ, ਸ਼ਰਨਜੀਤ ਕੌਰ ਅਤੇ ਹਰੀ ਬਿਲਾਸ ਦੀ ਪ੍ਰਧਾਨਗੀ ਹੇਠ ਫਗਵਾੜਾ ਵਿਖੇ ਕਰਵਾਇਆ ਗਿਆ। ਵੱਖ ਵੱਖ ਬੁਲਾਰਿਆਂ ਨੇ ਉੱਘੇ ਭੌਤਿਕ ਵਿਗਿਆਨੀ ਡਾ. ਵਿਲਹੈਲਮ ਕੋਨਰਾਡ ਰੌਇੰਟਜਨ ਜਿਨ੍ਹਾਂ 8 ਨਵੰਬਰ 1895 ਨੂੰ ਆਪਣੀ ਐਕਸ-ਰੇ ਦੀ ਖੋਜ ਨੂੰ ਜਨਤਕ ਕਰਕੇ, ਦੁਨੀਆ ਭਰ ਦੇ ਵਿਗਿਆਨੀਆਂ ਨੂੰ ਵੀ ਹੈਰਾਨ ਕਰ ਦਿੱਤਾ ਸੀ, ਬਾਰੇ ਵਿਸਥਾਰ ਸਹਿਤ ਵਿਆਖਿਆ ਕਰਦਿਆਂ ਕਿਹਾ ਕਿ ਕਿਸ ਤਰ੍ਹਾਂ ਐਕਸ- ਰੇ ਦੀ ਬੇਸ਼ਕੀਮਤੀ ਖੋਜ ਨੇ ਦੁਨੀਆ ਭਰ ਦੇ ਵੱਖ ਵੱਖ ਬਿਮਾਰੀਆਂ ਤੋਂ ਪੀੜਤ ਕਰੋੜਾਂ -ਅਰਬਾਂ ਦੁਖੀ ਮਰੀਜ਼ਾਂ ਨੂੰ ਇਲਾਜ ਕਰਨ ਹਿੱਤ ਵੱਡੀ ਰਾਹਤ ਪ੍ਰਦਾਨ ਕੀਤੀ। ਸਮਾਗਮ ਦੀ ਸ਼ੁਰੂਆਤ ਸ੍ਰੀ ਗੁਰੂ ਤੇਗ ਬਹਾਦਰ, ਭਾਈ ਮਤੀ ਦਾਸ ਜੀ , ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਕਰਨ ਉਪਰੰਤ ਕੀਤੀ ਗਈ। ਪਿਛਲੇ ਦਿਨੀਂ ਵਿਛੋੜਾ ਦੇ ਗਏ ਸਾਥੀ ਬਲਦੇਵ ਸਿੰਘ ਅੰਮ੍ਰਿਤਸਰ, ਗੁਰਦਾਸ ਸਿੰਘ ਸੁਨਾਮ ਤੇ ਹੋਰਨਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਸਮਾਗਮ ਵਿੱਚ ਪਹੁੰਚੇ ਸੁਪਰ ਸੀਨੀਅਰ ਰੇਡੀਓਗਰਾਫਰਾਂ ਅਤੇ ਵਿਛੋੜਾ ਦੇ ਗਏ ਰੇਡੀਓਗ੍ਰਾਫਰਾਂ ਦੇ ਪਰਵਾਰਾਂ ਨੂੰ ਯਾਦਗਾਰੀ ਵਿਸ਼ੇਸ਼ ਸਨਮਾਨ ਅਤੇ ਲੋਈ- ਸ਼ਾਲ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਮਤੇ ਰਾਹੀਂ ਕਿਹਾ ਗਿਆ ਕਿ ਵੱਖ ਵੱਖ ਵਿਭਾਗਾਂ ਵਿੱਚ ਸੇਵਾਵਾਂ ਦੇ ਰਹੇ ਸਮੂਹ ਕੱਚੇ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕਰਕੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਇੱਕ ਹੋਰ ਮਤੇ ਰਾਹੀਂ ਸਰਕਾਰੀ ਹਸਪਤਾਲਾਂ ਨੂੰ ਪ੍ਰਾਈਵੇਟ ਕੰਪਨੀਆਂ ਤੇ ਕਾਰਪੋਰੇਟ ਘਰਾਣਿਆਂ ਹਵਾਲੇ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਮੌਕੇ ਤੇ ਸਰਵ ਸੰਮਤੀ ਨਾਲ ਸੂਬਾਈ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਗੋਪਾਲ ਸਿੰਘ ਸੰਧੂ ਚੇਅਰਮੈਨ, ਦਲਬੀਰ ਸਿੰਘ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਭੁੱਲਰ, ਪ੍ਰੇਮਜੀਤ ਸਿੰਘ ਲੁਧਿਆਣਾ ਖਜ਼ਾਨਚੀ, ਦਲਜੀਤ ਸਿੰਘ ਪ੍ਰੈਸ ਸਕੱਤਰ ਅਤੇ ਹਰੀ ਬਿਲਾਸ ਨੂੰ ਜਨਰਲ ਸਕੱਤਰ ਸ਼ਾਮਲ ਹਨ ਅਤੇ 15 ਮੈਂਬਰੀ ਅਗਜੈਕਟਿਵ ਕਮੇਟੀ ਦਾ ਵੀ ਗਠਨ ਕੀਤਾ ਗਿਆ। ਸਮਾਗਮ ਵਿੱਚ ਬੁਲਾਰਿਆਂ ਵਿੱਚ ਇਕਬਾਲ ਕੌਰ, ਗੁਰਵਿੰਦਰ ਸਿੰਘ ਭੁੱਲਰ, ਗੋਪਾਲ ਸਿੰਘ ਸੰਧੂ, ਸੁਰਿੰਦਰ ਸਿੰਘ ਚੰਡੀਗੜ੍ਹ ,ਦਲਜੀਤ ਸਿੰਘ, ਪ੍ਰਕਾਸ਼ ਦੋਸ਼ੀ, ਦਲਬੀਰ ਸਿੰਘ, ਪਰਮਜੀਤ ਸਿੰਘ ਔਲਖ ,ਦਰਸ਼ਨ ਸਿੰਘ, ਸਰਬਜੀਤ ਸਿੰਘ ਪੱਟੀ, ਦਿਲਪ੍ਰੀਤ ਸਿੰਘ, ਗੁਰਭੇਜ ਸਿੰਘ,ਗੋਪਾਲ ਕ੍ਰਿਸ਼ਨ, ਬਲਵਿੰਦਰ ਸਿੰਘ ਸ਼ਾਮਲ ਸਨ। ਡਾ. ਹਰਸ਼ਰਨ ਸਿੰਘ ਫਗਵਾੜਾ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਟੇਜ ਦੀ ਜ਼ਿੰਮੇਵਾਰੀ ਹਰੀ ਬਿਲਾਸ ਨੇ ਨਿਭਾਈ ਅਤੇ ਅੰਤ ਵਿੱਚ ਚੰਦਰ ਪ੍ਰਕਾਸ਼ ਗਰਗ ਨੇ ਸਮਾਗਮ ਦੀ ਸਫਲਤਾ ਲਈ ਤੇ ਸ਼ਾਮਲ ਹੋਏ ਸਮੂਹ ਸਾਥੀਆਂ ਦਾ ਧੰਨਵਾਦ ਕੀਤਾ।



# ਗੁਰਨੂਰ ਕੌਰ ਤੇ ਅਰਸ਼ਪ੍ਰੀਤ ਨੂੰ ਸਹੋਦਿਆ ਮੁਕਾਬਲੇ 'ਚ ਦੂਜਾ ਸਥਾਨ ਹਾਸਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਡਿਪਸ ਸਕੂਲ ਟਾਂਡਾ ਨੇ ਸਹੋਦਿਆ ਹੁਸ਼ਿਆਰਪੁਰ ਵਿਚ ਇੰਟਰ-ਸਕੂਲ ਫੇਸ ਪੇਂਟਿੰਗ ਮੁਕਾਬਲੇ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ।ਡਿਪਸ ਚੇਨ ਆਫ਼ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਦੇ ਐਮ. ਡੀ. ਤਰਵਿੰਦਰ ਸਿੰਘ, ਸੀ. ਈ.ਓ ਰਮਣੀਕ ਸਿੰਘ, ਸੀ.ਈ.ਓ. ਮੋਨਿਕਾ ਮੰਡੋਤਰਾ, ਅਤੇ ਡਿਪਸ ਸਕੂਲ ਟਾਂਡਾ ਦੀ ਪ੍ਰਿੰਸੀਪਲ ਦਿਵਿਆ ਚਾਵਲਾ ਦੀ ਅਗਵਾਈ ਹੇਠ ਡਿਪਸ ਸਕੂਲ ਟਾਂਡਾ ਨੇ ਦਸੂਹਾ ਸਥਿਤ ਦਰਸ਼ਨ ਅਕੈਡਮੀ ਵਿਖੇ ਇੰਟਰ-ਸਕੂਲ ਫੇਸ ਪੇਂਟਿੰਗ ਮੁਕਾਬਲਿਆਂ ਵਿਚ ਭਾਗ ਲੈਂਦੇ ਹੋਏ ਸਕੂਲ ਦੀ ਵਿਦਿਆਰਥਣ ਗੁਰਨੂਰ ਕੌਰ ਨੇ ਇਹ ਸਫਲਤਾ ਹਾਸਲ ਕੀਤੀ । ਮੁਕਾਬਲੇ ਵਿਚ 11 ਸਕੂਲਾਂ ਦੇ ਭਾਗੀਦਾਰਾਂ ਨੇ ਹਿੱਸਾ ਲਿਆ। 12ਵੀਂ ਜਮਾਤ ਦੀ ਵਿਦਿਆਰਥਣ ਗੁਰਨੂਰ ਕੌਰ ਨੇ ਇਕ ਕਲਾਕਾਰ ਵਜੋਂ ਹਿੱਸਾ ਲਿਆ ਅਤੇ 12ਵੀਂ ਜਮਾਤ ਦੀ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ ਇੱਕ ਮਾਡਲ ਵਜੋਂ ਹਿੱਸਾ ਲਿਆ, ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਦਿਵਿਆ ਚਾਵਲਾ ਨੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰਦਰਸ਼ਨ ਦੀ ਕਾਮਨਾ ਕੀਤੀ।

# ਅਕੈਡਮਿਕ ਹਾਈਟਸ ਪਬਲਿਕ ਸਕੂਲ ਨੇ ਮਨਾਇਆ ਬਾਲ ਦਿਹਾੜਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਵੱਲੋਂ ਬਾਲ ਦਿਹਾੜਾ ਮਨਾਇਆ ਗਿਆ। ਐੱਮਡੀ ਸੰਤੋਸ਼ ਬਜਾਜ, ਅੰਸ਼ ਬਜਾਜ ਅਤੇ ਮੋਨਿਕਾ ਖੋਖਰ ਵੱਲੋਂ ਬੱਚਿਆਂ ਨੂੰ ਇਸ ਮੌਕੇ ਸੰਬੋਧਨ ਕਰਦਿਆਂ ਦੱਸਿਆ ਕਿ ਇਹ ਦਿਨ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮਦਿਨ ਵਜੋਂ ਮਨਾਇਆ ਜਾਂਦਾ ਹੈ।ਉਨ੍ਹਾਂ ਨੇ ਬੱਚਿਆਂ ਨਾਲ ਉਨ੍ਹਾਂ ਦੀ ਤਰੱਕੀ ਬਾਰੇ ਕਈ ਵਿਚਾਰ ਸਾਂਝੇ ਕੀਤੇ ।ਇਸ ਮੌਕੇ ਬੱਚਿਆਂ ਲਈ ਜੀਕੇ ਕੁਇਜ਼, ਡਾਂਸ, ਖੇਡਾਂ, ਗਤੀਵਿਧੀਆਂ ਕਰਵਾਈਆਂ ਗਈਆਂ ।ਬੱਚਿਆਂ ਲਈ ਖਾਣ ਪੀਣ ਦਾ ਵੀ ਪ੍ਰਬੰਧ ਕੀਤਾ ਗਿਆ ਤੇ ਬੱਚਿਆਂ ਨੂੰ ਚਾਕਲੇਟ ਵੀ ਵੰਡੀਆਂ ਗਈਆਂ। ਇਸ ਮੌਕੇ ਅਧਿਆਪਕ ਅਮਨਦੀਪ ਕੌਰ, ਨਵਰਾਜ ਕੌਰ, ਸੁਖਪ੍ਰੀਤ ਕੌਰ, ਮਿਸ ਐਨਾ, ਰੀਨਾ, ਰਿੰਕੀ, ਨਵਜੀਤ, ਜੋਬਨਪ੍ਰੀਤ, ਜਗਰੂਪ ਅਤੇ ਗੁਰਪ੍ਰੀਤ ਆਦਿ ਹਾਜ਼ਰ ਸਨ।

# ਸੀ ਟੀ ਗਰੁੱਪ ਦੇ ਮਕਸੂਦਾਂ ਕੈਂਪਸ ਵਿਖੇ ਕਲਰਜ਼ 2025 ਦਾ ਸ਼ਾਨਦਾਰ ਆਯੋਜਨ

**ਜਲੰਧਰ (ਸ਼ੈਲੀ ਐਲਬਰਟ)**

ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ , ਨੋਰਥ ਕੈਂਪਸ (ਮਕਸੂਦਾਂ) ਨੇ ਕਲਰਜ਼ 2025-ਇੰਟਰ ਸਕੂਲ ਫਿਏਸਟਾ ਦਾ ਸਫਲ ਆਯੋਜਨ ਕੀਤਾ । ਇਸ ਪ੍ਰੋਗਰਾਮ ਵਿੱਚ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ ਅਤੇ ਅੰਮ੍ਰਿਤਸਰ ਦੇ 100 ਤੋਂ ਵੱਧ ਸਕੂਲਾਂ ਅਤੇ 2500 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। 'ਇਮੇਜਿਨ-ਇਨਵੇਂਟ-ਇੰਸਪਾਇਰ' ਥੀਮ ਦੇ ਤਹਿਤ ਕਲਰਜ਼ 2025 ਵਿੱਚ ਸੰਸਕ੍ਰਿਤਿਕ, ਤਕਨੀਕੀ ਅਤੇ ਰਚਨਾਤਮਕ ਮੁਕਾਬਲਿਆਂ ਦੀ ਵਿਲੱਖਣ ਰੌਣਕ ਦੇਖਣ ਨੂੰ ਮਿਲੀ। ਵਿਦਿਆਰਥੀਆਂ ਨੇ ਸੋਲੋ ਸਿੰਗਿੰਗ, ਸੋਲੋ ਡਾਂਸ, ਗਰੁੱਪ ਡਾਂਸ, ਭੰਗੜਾ, ਗਿੱਧਾ, ਫੈਸ਼ਨ ਸ਼ੋ, ਕਵਿਜ਼, ਡਿਬੇਟ, ਪ੍ਰੋਜੈਕਟ ਡਿਸਪਲੇ (ਮੇਕਰ ਸਪੇਸ), ਲੈਨ ਗੇਮਿੰਗ, ਕੋਡ ਡੀਬੱਗਿੰਗ, ਰੰਗੋਲੀ, ਮਹਿੰਦੀ, ਫੋਟੋਗ੍ਰਾਫੀ, ਨੇਲ ਆਰਟ, ਫੇਸ ਪੇਂਟਿੰਗ, ਦਸਤਾਰ-ਬੰਦੀ, ਫਾਇਰਲੈੱਸ ਕੁਕਿੰਗ, ਰੀਲ ਮੇਕਿੰਗ ਅਤੇ ਹੋਰ ਕਈ ਰਚਨਾਤਮਕ ਗਤਿਵਿਧੀਆਂ ਰਾਹੀਂ ਆਪਣੀ ਸ਼ਾਨਦਾਰ ਪ੍ਰਤਿਭਾ ਦਿਖਾਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਮੁੱਢਲੀ ਸਿੱਖਿਆ) ਜਲੰਧਰ ਹਰਜਿੰਦਰ ਕੌਰ ਅਤੇ ਵਿਸ਼ੇਸ਼ ਅਤਿਥੀ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ (ਮੁੱਢਲੀ ਸਿੱਖਿਆ) ਜਲੰਧਰ ਮੁਨੀਸ਼ ਸ਼ਰਮਾ ਅਤੇ ਡੈਂਟਲ ਸਰਜਨ ਅਤੇ ਭੂਤਪੂਰਵ ਪ੍ਰਧਾਨ, ਆਈ ਡੀ ਏ ਪੰਜਾਬ ਸਟੇਟ ਡਾ. ਪੰਕਜ ਸ਼ਿਵ ਨੇ ਸ਼ਿਰਕਤ ਕੀਤੀ।ਇਸ ਵਿਸ਼ੇਸ਼ ਪ੍ਰੋਗਰਾਮ ਵਿਚ ਐਮ.ਜੀ.ਐਨ. ਪਬਲਿਕ ਸਕੂਲ ਨੇ ਸਭ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਮੁੱਚੀ ਟਰਾਫੀ ਜਿੱਤੀ। ਪੁਲਸ ਡੀ ਏ ਵੀ ਪਬਲਿਕ ਸਕੂਲ ਨੂੰ ਪਹਿਲਾ ਰਨਰਅੱਪ ਅਤੇ ਜਲੰਧਰ ਪਬਲਿਕ ਸਕੂਲ ਨੂੰ ਦੂਜਾ ਰਨਰਅੱਪ ਘੋਸ਼ਿਤ ਕੀਤਾ ਗਿਆ। ਤਿੰਨਾਂ ਸਕੂਲਾਂ ਨੂੰ ਕ੍ਰਮਵਾਰ 11,000, 5,100 ਅਤੇ 2,100 ਦੇ ਨਕਦ ਇਨਾਮ ਦਿੱਤੇ ਗਏ।ਇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਵਿਸ਼ਾਲ ਭਾਗੀਦਾਰੀ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਕਲਰਜ਼ 2025, ਸੀ ਟੀ ਗਰੁੱਪ ਦੀ ਯੁਵਾ ਪ੍ਰਤਿਭਾ ਨੂੰ ਪ੍ਰੋਤਸਾਹਿਤ ਕਰਨ ਅਤੇ ਅਕਾਦਮਿਕ ਸੀਮਾਵਾਂ ਤੋਂ ਪਰੇ ਰਚਨਾਤਮਕਤਾ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਐਗਜ਼ਿਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ ਨੇ 2500 ਤੋਂ ਵੱਧ ਵਿਦਿਆਰਥੀਆਂ ਦੀ ਭਾਗੀਦਾਰੀ ਨੂੰ ਗੌਰਵ ਦਾ ਵਿਸ਼ਾ ਦੱਸਿਆ।ਕੈਂਪਸ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਵਿਦਿਆਰਥੀਆਂ, ਫੈਕਲਟੀ ਅਤੇ ਵਾਲੰਟੀਅਰਾਂ ਦਾ ਧੰਨਵਾਦ ਕੀਤਾ।




# ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨਾ ਸਰਕਾਰ ਦਾ ਪਹਿਲਾ ਫਰਜ਼ : ਸੈਣੀ

**ਜੇਜੋਂ ਦੋਆਬਾ, ( ਨਿਰਮਲ ਸਿੰਘ ਮੁੱਗੋਵਾਲ)**- ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਵੱਧ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਕਰਦਿਆਂ ਹਲਕਾ ਗੜ੍ਹਸ਼ੰਕਰ ਤੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਦੀਪ ਸਿੰਘ ਸੈਣੀ ਨੇ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨਾ ਸਰਕਾਰ ਦਾ ਪਹਿਲਾ ਫਰਜ਼ ਹੈ।ਪੰਜਾਬ ਸਰਕਾਰ ਨੇ ਹੜ੍ਹ ਪੀੜਿਤ ਲੋਕਾਂ ਦੀ ਹਰ ਸੰਭਵ ਮੱਦਦ ਕੀਤੀ ਹੈ। ਹੜ੍ਹ ਪੀੜਤ ਲੋਕਾਂ ਨੂੰ ਫਸਲਾਂ, ਪਸ਼ੂਆਂ ਅਤੇ ਢਹਿ ਚੁੱਕੇ ਘਰਾਂ ਦੇ ਮੁੜ ਵਸੇਬੇ ਲਈ ਬਣਦਾ ਯੋਗ ਮੁਆਵਜ਼ਾ ਦਿੱਤਾ ਗਿਆ।ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਦੱਸਦੇ ਹੋਏ ਉਹਨਾਂ ਕਿਹਾ ਕਿ ਸਰਕਾਰ ਵੱਲੋਂ ਬਿਨਾਂ ਕਿਸੇ ਸਿਫ਼ਾਰਿਸ਼ ਅਤੇ ਭੇਦਭਾਵ ਦੇ ਮੈਰਿਟ ਦੇ ਆਧਾਰ 'ਤੇ ਨੌਕਰੀਆਂ ਪੰਜਾਬ ਦੇ ਨੌਜਵਾਨਾਂ ਨੂੰ ਦਿੱਤੀਆਂ ਜਾ ਚੁੱਕੀਆਂ ਹਨ।ਗਰੀਬ ਲੋਕਾਂ ਦੀਆਂ ਭਲਾਈ ਸਕੀਮਾਂ ਵਾਸਤੇ ਕਰੋੜਾਂ ਰੁਪਏ ਦੇ ਫੰਡ ਜਾਰੀ ਕੀਤੇ ਜਾ ਚੁੱਕੇ ਹਨ।ਕਿਸਾਨਾਂ ਦੇ ਖੇਤਾਂ ਵਿਚ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ।ਮੁੱਖ ਮੰਤਰੀ ਪੰਜਾਬ ਪਹਿਲਾਂ ਹੀ ਐਲਾਨ ਕਰ ਚੁੱਕੇ ਹਨ ਕਿ ਪੰਜਾਬ ਪੁਲਸ ਵਿਚ ਨਵੀਂ ਹੋਰ ਭਰਤੀ, ਔਰਤਾਂ ਨੂੰ ਫਰੀ ਬੱਸ ਸਰਵਿਸ ਮੁਹੱਈਆ ਕਰਵਾਈ ਜਾ ਰਹੀ ਹੈ। ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਲਈ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਤਸਕਰਾਂ ਨੂੰ ਜੇਲ ਵਿਚ ਡੱਕਿਆ ਗਿਆ ਹੈ। ਉਥੇ ਹੀ ਜਿਹੜੇ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਹਨਾਂ ਦਾ ਪੰਜਾਬ ਸਰਕਾਰ ਦੀ ਤਰਫੋਂ ਮੁਫਤ ਇਲਾਜ ਕਰਵਾਇਆ ਜਾ ਰਿਹਾ ਹੈ।



# ਸਰਪੰਚਾਂ ਦਾ ਮਾਣਭੱਤਾ ਜਾਰੀ ਕਰਾਉਣ ਲਈ ਡੀ ਸੀ ਨੂੰ ਮੰਗ ਪੱਤਰ

**ਪਟਿਆਲਾ (ਰਾਜਿੰਦਰ ਥਿੰਦ)** ਸੂਬੇ ਦੇ ਸਰਪੰਚਾਂ ਨੂੰ ਪਿਛਲੀਆਂ ਦੋ ਟਰਮਾਂ ਤੋਂ ਵੱਖ-ਵੱਖ ਬਕਾਇਆ ਮਾਣਭੱਤੇ ਜਾਰੀ ਕਰਾਉਣ ਲਈ ਜ਼ਿਲ੍ਹਾ ਪਟਿਆਲਾ ਦੀ ਪੰਚਾਇਤ ਯੂਨੀਅਨ (ਸਿਆਲੂ ਗਰੁੱਪ) ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਨੌਗਾਵਾਂ ਦੀ ਅਗਵਾਈ ਹੇਠ ਸਰਪੰਚਾਂ ਦੇ ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ। ਨੌਗਾਵਾਂ ਨੇ ਕਿਹਾ ਕਿ ਪੰਚਾਇਤ ਯੂਨੀਅਨ ਨੇ ਸੰਘਰਸ਼ ਲੜ ਕੇ 1200 ਰੁਪਏ ਪ੍ਰਤੀ ਮਹੀਨਾ ਮਾਣ ਭੱਤਾ ਲਾਗੂ ਕਰਾਇਆ ਸੀ, ਪਰ ਸਰਪੰਚਾਂ ਦਾ 2013 ਤੋਂ 2018 ਵਾਲੀ ਟਰਮ ਦੇ ਸਵਾ ਤਿੰਨ ਸਾਲਾਂ ਸਮੇਤ 2018 ਤੋਂ 2023 ਵਾਲੀ ਟਰਮ ਦਾ ਮਾਣਭੱਤਾ ਵੀ ਸਰਕਾਰ ਵੱਲ ਬਕਾਇਆ ਰਹਿੰਦਾ ਹੈ, ਜਿਸ ਨੂੰ ਤੁਰੰਤ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਭਗਵੰਤ ਮਾਨ ਨੇ ਇਹ ਮਾਣਭੱਤਾ ਵਧਾਏ ਜਾਣ ਦੇ ਬਿਆਨ ਦਿੱਤੇ ਸਨ, ਜਿਨ੍ਹਾਂ ਨੂੰ ਅਮਲੀ ਜਾਮਾ ਪਹਿਨਾਏ ਜਾਣ ਦੀ ਜ਼ਰੂਰਤ ਹੈ।ਹਰਿਆਣਾ ਵਿੱਚ ਸਰਪੰਚਾਂ ਨੂੰ ਪਹਿਲਾਂ ਹੀ ਮਿਲਦਾ 3000 ਰੁਪਏ ਪ੍ਰਤੀ ਮਹੀਨਾ ਮਾਣ ਭੱਤਾ ਵਧਾ ਕੇ 5000 ਕਰ ਦਿੱਤਾ ਹੈ, ਜਦੋਂਕਿ ਪੰਚਾਂ ਨੂੰ 1600 ਰੁਪਏ ਮਹੀਨਾ ਭੱਤਾ ਦਿੱਤਾ ਜਾ ਰਿਹਾ ਹੈ।ਇਸ ਲਈ ਪੰਜਾਬ ਦੇ ਸਰਪੰਚਾਂ ਦਾ ਮਾਣ ਭੱਤਾ ਵੀ 5000 ਤੇ ਪੰਚਾਂ ਦਾ 1600 ਰੁਪਏ ਮਹੀਨਾ ਕੀਤਾ ਜਾਵੇ।ਬਕਾਏ ਵੀ ਤੁਰੰਤ ਜਾਰੀ ਕੀਤੇ ਜਾਣ।

# ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਇਕਾਈ ਮਾਨਸਾ ਦੀ ਅਹਿਮ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)** ਪੰਜਾਬ ਕਿਸਾਨ ਯੂਨੀਅਨ ਜ਼ਿਲ੍ਹਾ ਇਕਾਈ ਮਾਨਸਾ ਦੀ ਜਨਰਲ ਬਾਡੀ ਮੀਟਿੰਗ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਫਫੜੇ ਭਾਈ ਕੇ ਵਿਖੇ ਹੋਈ। ਮੀਟਿੰਗ ਦੌਰਾਨ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ ਵੱਲੋਂ ਪਹਿਲੀ ਪਾਤਸਾਹੀ ਤੋਂ ਲੈ ਕੇ ਦਸਵੀਂ ਪਾਤਸ਼ਹੀ ਤੱਕ ਸਿੱਖ ਫ਼ਲਸਫ਼ੇ ਦੀ ਗੱਲ ਕਰਦਿਆਂ ਨੌਵੇਂ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਤੇ ਸਿਜਦਾ ਕੀਤਾ। ਪਿਛਲੇ ਪਰੋਗਰਾਮਾਂ ਦੇ ਰੀਵਿਊ ਉਪਰੰਤ ਜਥੇਬੰਦਕ ਮੈਂਬਰਸ਼ਿਪ ਦੇ ਲਏ ਗਏ ਟੀਚੇ ਨੂੰ ਪੂਰਾ ਕਰਨ ਲਈ ਡਿਊਟੀਆਂ ਦੀ ਵੰਡ ਕੀਤੀ ਗਈ। ਪ੍ਰੈਸ ਬਿਆਨ ਜਾਰੀ ਕਰਦਿਆਂ ਗੋਰਾ ਸਿੰਘ ਭੈਣੀਬਾਘਾ, ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ ਤੇ ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 26 ਨਵੰਬਰ ਨੂੰ ਚੰਡੀਗੜ੍ਹ 34 ਸੈਕਟਰ ਵਿਖੇ ਦਿੱਲੀ ਅੰਦੋਲਨ ਦੀ 5ਵੀਂ ਵਰੇਗੰਢ ਮਨਾਉਣ ਅਤੇ ਰਹਿੰਦੀਆਂ ਮੰਗਾਂ ਪੂਰੀਆਂ ਕਰਾਉਣ ਲਈ ਪੰਜਾਬ ਕਿਸਾਨ ਯੂਨੀਅਨ ਵੱਡੀ ਗਿਣਤੀ 'ਚ ਸ਼ਮੂਲੀਅਤ ਕਰੇਗੀ। 29 ਨਵੰਬਰ ਨੂੰ ਝੁਨੀਰ ਥਾਣੇ ਦੀ ਐਸ.ਐਚ.ਓ ਤੇ ਇੱਕ ਏ.ਐਸ.ਆਈ ਵੱਲੋਂ ਆਗੂਆਂ ਨਾਲ ਦੁਰਵਿਹਾਰ ਕਾਰਨ ਥਾਣਾ ਝੁਨੀਰ ਦੇ ਗੇਟ 'ਤੇ ਧਰਨਾ ਦਿੱਤਾ ਜਾਵੇਗਾ।



# ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੀਆਂ ਔਰਤਾਂ ਦਾ ਸਨਮਾਨ

**ਧੂਰੀ (ਮੋਹਿਤ ਗਰਗ)** ਮਹਿਲਾ ਉਦਮਤਾ ਦਿਵਸ ਮੌਕੇ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਕਰਵਾਏ ਸਮਾਗਮ ਦੌਰਾਨ ਸੰਗਰੂਰ ਜ਼ਿਲ੍ਹੇ ਦੀਆਂ ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੀਆਂ ਮਹਿਲਾਵਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਮਾਰਕੀਟ ਕਮੇਟੀ ਦਿੜ੍ਹਬਾ ਦੇ ਚੇਅਰਪਰਸਨ ਸ੍ਰੀਮਤੀ ਜਸਬੀਰ ਕੌਰ ਸ਼ੇਰਗਿੱਲ, ਜ਼ੋਨ ਇੰਚਾਰਜ ਵੀਰਪਾਲ ਕੌਰ ਚਹਿਲ ਤੇ ਹਲਕਾ ਧੂਰੀ ਦੇ ਵੁਮੈਨ ਵਿੰਗ ਦੇ ਕੁਆਰਡੀਨੇਟਰ ਨਵਜੋਤ ਕੌਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸ੍ਰੀਮਤੀ ਜਸਬੀਰ ਕੌਰ ਸ਼ੇਰਗਿੱਲ ਨੇ ਸੰਗਰੂਰ ਜ਼ਿਲ੍ਹੇ ਦੀਆਂ ਅਗਾਂਹਵਧੂ ਮਹਿਲਾਵਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਹਰੇਕ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾਅ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੀਆਂ ਮਹਿਲਾਵਾਂ ਨੇ ਜਿੱਥੇ ਆਪਣੇ ਕਾਰੋਬਾਰ ਸ਼ੁਰੂ ਕੀਤੇ ਹਨ, ਉੱਥੇ ਹੀ ਹੋਰਨਾਂ ਨੂੰ ਵੀ ਸੈਲਫ਼ ਹੈਲਪ ਗਰੁੱਪਾਂ ਰਾਹੀਂ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਆਤਮ ਨਿਰਭਰ ਬਣਾਇਆ ਹੈ। ਵੀਰਪਾਲ ਕੌਰ ਚਹਿਲ ਨੇ ਕਿਹਾ ਕਿ ਮਹਿਲਾ ਉੱਦਮੀ ਸਿਰਫ਼ ਪਰਵਾਰਾਂ ਨੂੰ ਨਹੀਂ, ਸਗੋਂ ਸਾਰੇ ਖੇਤਰ ਦੀ ਅਰਥਵਿਵਸਥਾ ਨੂੰ ਮਜ਼ਬੂਤੀ ਦੇ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਔਰਤਾਂ ਨੂੰ ਰੋਜ਼ਗਾਰ, ਹੁਨਰ ਵਿਕਾਸ ਤੇ ਉਦਯੋਗ ਸਥਾਪਨਾ ਲਈ ਹਰ ਸੰਭਵ ਮੌਕਾ ਅਤੇ ਸਹੂਲਤ ਮੁਹੱਈਆ ਕਰਾ ਰਹੀ ਹੈ। ਨਵਜੋਤ ਕੌਰ ਨੇ ਕਿਹਾ ਕਿ ਮਹਿਲਾ ਉਦਮਤਾ ਦਿਵਸ ਮਹਿਲਾਵਾਂ ਦੇ ਹੌਸਲੇ, ਮਿਹਨਤ ਤੇ ਪ੍ਰਤੀਬੱਧਤਾ ਨੂੰ ਸਲਾਮ ਕਰਨ ਦਾ ਦਿਨ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਉਦਮਤਾ ਵਿੱਚ ਅੱਗੇ ਵਧਾਉਣ ਲਈ ਪ੍ਰੇਰਿਤ ਕਰਨਾ ਸਮਾਜਕ ਵਿਕਾਸ ਲਈ ਬਹੁਤ ਜ਼ਰੂਰੀ ਹੈ।



# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ ਕਰਾਇਆ

**ਚੀਮਾ ਮੰਡੀ (ਰਵਿੰਦਰ ਚੀਮਾ)** ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਲਗੀਧਰ ਟਰੱਸਟ ਬੜੂ ਸਾਹਿਬ ਵਿੱਦਿਅਕ ਸੰਸਥਾ ਅਧੀਨ ਚੱਲ ਰਹੀ ਚੱਲ ਰਹੀ ਅਕਾਲ ਅਕੈਡਮੀ ਉੱਭਿਆ ਵਿਖੇ ਪਹਿਲੀ ਪਾਤਸ਼ਾਹੀ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਇੱਕ ਰੂਹਾਨੀ ਸਮਾਗਮ ਬੜੇ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਆਰੰਭ ਕੀਤੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਨਾਲ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸ਼ਬਦ ਕੀਰਤਨ, ਕਵਿਤਾਵਾਂ, ਕਵੀਸ਼ਰੀਆਂ, ਵਾਰਾਂ ਤੇ ਵਿਚਾਰ ਪੇਸ਼ ਕਰਕੇ ਸਮਾਗਮ ਵਿੱਚ ਹੋਰ ਵੀ ਰੌਣਕਾਂ ਲਾਈਆਂ।ਵਿਦਿਆਰਥੀਆਂ ਦੇ ਮਾਤਾ-ਪਿਤਾ ਨੇ ਵੀ ਸਮਾਗਮ ਵਿੱਚ ਵਿਸ਼ੇਸ਼ ਹਾਜ਼ਰੀ ਭਰੀ। ਸਮਾਗਮ ਵਿੱਚ ਕਲਗੀਧਰ ਟਰੱਸਟ ਬੜੂ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਜਗਜੀਤ ਸਿੰਘ ਗੋਗੀ ਵੀਰਜੀ (ਫ਼ਤਹਿਗੜ੍ਹ ਛੰਨਾ ਜ਼ੋਨ), ਜ਼ੋਨਲ ਡਾਇਰੈਕਟਰ ਸਰਦਾਰ ਜੀ.ਐਸ. ਸਿੰਘ ਸੱਗੂ ਤੇ ਮੈਗਾ ਕਲੱਸਟਰ ਹੈੱਡ ਸ਼੍ਰੀਮਤੀ ਨੀਨਾ ਸ਼ਰਮਾ (ਅਕਾਲ ਅਕੈਡਮੀ ਚੀਮਾ ਸਾਹਿਬ) ਨੇ ਸ਼ਿਰਕਤ ਕੀਤੀ। ਮਾਲਵਿੰਦਰ ਸਿੰਘ, ਗਗਨਦੀਪ ਸਿੰਘ (ਸਰਪੰਚ ਪਿੰਡ ਉੱਭਿਆ), ਨਿਰਭੈ ਸਿੰਘ ਨੰਬਰਦਾਰ, ਸਰਦਾਰ ਕੁਲਵਿੰਦਰ ਸਿੰਘ (ਸਰਪੰਚ ਪਿੰਡ ਕਾਕੂ ਵਾਲਾ), ਸਰਪੰਚ ਲਾਂਡਵੰਜਾਰਾ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਉੱਭਿਆ ਦੇ ਮੈਂਬਰਾਂ ਨੇ ਵੀ ਹਾਜ਼ਰੀ ਭਰੀ।ਸਟੇਜ ਦੀ ਭੂਮਿਕਾ ਅਧਿਆਪਕਾ ਸ਼੍ਰੀਮਤੀ ਨਿਰਮਲਜੀਤ ਕੌਰ ਸਮੇਤ ਬੱਚਿਆਂ ਨੇ ਨਿਭਾਈ।ਅਕਾਲ ਅਕੈਡਮੀ ਉੱਭਿਆ ਦੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਸਾਰੇ ਮਹਿਮਾਨਾਂ ਅਤੇ ਆਈ ਸੰਗਤਾਂ ਦਾ ਜੀ ਆਇਆਂ ਨੂੰ ਕਹਿ ਕੇ ਤਹਿ ਦਿਲੋਂ ਸਵਾਗਤ ਕੀਤਾ ਅਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਿਮਾਨਾਂ ਦਾ ਸਨਮਾਨ ਕੀਤਾ। ਸਮਾਗਮ ਦੀ ਸਮਾਪਤੀ ਦੌਰਾਨ ਵਿਦਿਆਰਥੀਆਂ ਵੱਲੋਂ ਖਾਲਸਾਈ ਜੋਸ਼ ਦੇ ਰੂਪ 'ਚ ਤਿਆਰ ਕੀਤੇ ਗੱਤਕੇ ਦੇ ਸ਼ਾਨਦਾਰ ਪ੍ਰਦਰਸ਼ਨ ਨਾਲ ਹੋਇਆ, ਜਿਸ ਨੇ ਸਭ ਦਾ ਮਨ ਮੋਹ ਲਿਆ। ਇਸ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਿਆ ਗਿਆ।




# ਗੁਰੂਦੇਵ ਸ਼੍ਰੀ ਸ਼੍ਰੀ ਰਵੀ ਸ਼ੰਕਰ ਭਲਕੇ ਪਠਾਨਕੋਟ 'ਚ



**ਪਠਾਨਕੋਟ (ਦਵਿੰਦਰ ਸਿੰਘ)**- ਵਿਸ਼ਵ ਪ੍ਰਸਿੱਧ ਅਧਿਆਤਮਕ ਗੁਰੂ ਅਤੇ ਮਾਨਵਤਾ ਦੇ ਪ੍ਰਤੀਕ ਗੁਰੂਦੇਵ ਸ਼੍ਰੀ ਸ਼੍ਰੀ ਰਵੀ ਸ਼ੰਕਰ ਇਸ ਨਵੰਬਰ ਮਹੀਨੇ ਵਿੱਚ ਪੰਜਾਬ ਆ ਰਹੇ ਹਨ।ਆਪਣੀ ਇਸ ਯਾਤਰਾ ਦੌਰਾਨ ਗੁਰੂਦੇਵ ਆਰਟ ਆਫ ਲਿਵਿੰਗ ਦੇ ਸਹਿਯੋਗ ਨਾਲ 'ਕਵਿਤਾ ਅਤੇ ਵਿਨੋਦ ਖੰਨਾ ਫਾਊਂਡੇਸ਼ਨ' ਦੁਆਰਾ ਆਯੋਜਿਤ 'ਨਵਾਂ ਜੋਸ਼ ਨਵਾਂ ਪੰਜਾਬ' ਪ੍ਰੋਗਰਾਮ ਵਿੱਚ ਵੀ ਸ਼ਾਮਲ ਹੋਣਗੇ।ਇਹ ਪ੍ਰਗਟਾਵਾ ਕਵਿਤਾ ਖੰਨਾ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਗੁਰੂਦੇਵ 21 ਨਵੰਬਰ ਨੂੰ ਪਠਾਨਕੋਟ ਭਵਾਨੀ ਵਿਖੇ ਪਹੁੰਚਣਗੇ।ਇੱਥੇ ਆਰਟ ਆਫ ਲਿਵਿੰਗ ਅਤੇ 'ਕਵਿਤਾ ਅਤੇ ਵਿਨੋਦ ਖੰਨਾ ਫਾਊਂਡੇਸ਼ਨ' ਮਿਲ ਕੇ 'ਨਵਾਂ ਜੋਸ਼ ਨਵਾਂ ਪੰਜਾਬ' ਪ੍ਰੋਗਰਾਮ ਆਯੋਜਿਤ ਕਰ ਰਹੇ ਹਨ, ਜਿਸ ਵਿੱਚ ਇਲਾਕੇ ਭਰ ਦੇ ਨੌਜਵਾਨ, ਅਧਿਆਪਕ, ਸਵੈ-ਸੇਵਕ ਅਤੇ ਪਿੰਡਾਂ ਦੇ ਪ੍ਰਤੀਨਿਧੀ ਸ਼ਾਮਲ ਹੋਣਗੇ।ਇਹ ਪ੍ਰੋਗਰਾਮ ਖੇਡ, ਮਾਨਸਿਕ ਸਿਹਤ, ਨਸ਼ਾ ਮੁਕਤੀ ਜਾਗਰੂਕਤਾ ਅਤੇ ਸਮੁਦਾਇਕ ਮਜ਼ਬੂਤੀ ਹੇਠ ਚੱਲ ਰਹੀਆਂ ਪਹਿਲਾਂ ਦੀ ਝਲਕ ਪੇਸ਼ ਕਰੇਗਾ।

ਜਨਮ ਦਿਨ ਮੁਬਾਰਕ



ਕਸ਼ਵ ਸ਼ਰਮਾ
ਸ੍ਰੀ ਅਨੰਦਪੁਰ ਸਾਹਿਬ

## ਮੇਹਰ ਚੰਦ ਪਾਲੀਟੈਕਨਿਕ ਕਾਲਜ ਨੇ ਰਾਸ਼ਟਰੀ ਫਾਰਮੇਸੀ ਹਫਤਾ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)** ਮੇਹਰਚੰਦ ਪਾਲੀਟੈਕਨਿਕ ਕਾਲਜ ਵਿਖੇ ਕਾਲਜ ਦੇ ਰੈਡਰੀਬਨ ਕਲੱਬ ਦੇ ਸਹਿਯੋਗ ਨਾਲ ਰਾਸ਼ਟਰੀ ਫਾਰਮੇਸੀ ਹਫਤਾ ਮਨਾਇਆ ਗਿਆ। ਇਸ ਹਫਤੇ ਵਿਚ ਕਵਿਜ਼ ਮੁਕਾਬਲੇ ਦਾ ਖਾਸ ਆਯੋਜਨ ਕੀਤਾ ਗਿਆ ਜਿਸ ਵਿਚ ਕਾਲਜ ਦੇ ਵੱਖੋ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਇਹਨਾਂ ਮੁਕਾਬਲਿਆਂ ਦੀ ਪ੍ਰਧਾਨਗੀ ਕਾਲਜ ਦੇ ਪ੍ਰਿੰਸੀਪਲ ਡਾਕਟਰ ਜਗਰੂਪ ਸਿੰਘ ਨੇ ਕੀਤੀ।ਉਹਨਾਂ ਨੇ ਇਸ ਮੌਕੇ ਤੇ ਬੋਲਦੇ ਹੋਏ ਕਿਹਾ ਕਿ ਪ੍ਰਤੀਯੋਗਤਾ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਬਚਾਉਣਾ ਹੈ।ਉਹਨਾਂ ਨੇ ਕਿਹਾ ਕਿ ਰੈਡ ਰੀਬਨ ਕਲੱਬ ਨਸ਼ਿਆਂ ਦੇ ਬੁਰੇ ਪ੍ਰਭਾਵ, ਏਡਜ਼, ਖ਼ੂਨਦਾਨ ਅਤੇ ਟੀ.ਬੀ. ਵਰਗੀਆਂ ਬਿਮਾਰੀਆਂ ਦੀ ਜਾਨਕਾਰੀ ਦੇਣ ਲਈ ਸ਼ਲਾਘਾਯੋਗ ਕੰਮ ਕਰ ਰਿਹਾ ਹੈ।ਇਸ ਮੌਕੇ ਬੋਲਦੇ ਹੋਏ ਰੈਡ ਰਿਬਨ ਕਲੱਬ ਦੇ ਪ੍ਰਧਾਨ ਪ੍ਰੋਫੈਸਰ ਸੰਦੀਪ ਕੁਮਾਰ ਨੇ ਕਿਹਾ ਕਿ ਇਸ ਸਮੇਂ ਵਿਦਿਆਰਥੀਆਂ ਨੂੰ ਨਸ਼ੇ ਤੋਂ ਬਚਾਉਣਾ ਸਭ ਤੋਂ ਜ਼ਰੂਰੀ ਹੈ।ਵਿਦਿਆਰਥੀ ਨਸ਼ੇ ਵਰਗੀਆਂ ਬੁਰਾਈਆਂ ਨੂੰ ਖਤਮ ਕਰਨ ਲਈ ਅਹਿਮ ਯੋਗਦਾਨ ਪਾ ਸਕਦੇ ਹਨ।ਪ੍ਰਿੰਸੀਪਲ ਡਾਕਟਰ ਜਗਰੂਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ। ਇਹਨਾਂ ਮੁਕਾਬਲਿਆਂ ਵਿੱਚ ਸਿਵਲ ਇੰਜਿਨਰਿੰਗ ਦੇ ਅਨੀਸ਼ ਅਤੇ ਸੁਵਿੰਦਰ ਨੇ ਪਹਿਲਾ, ਕੰਪਿਊਟਰ ਇੰਜਿਨਰਿੰਗ ਦੇ ਅਗ੍ਰਿਮ ਅਤੇ ਅਨਾਮਿਕਾ ਨੇ ਦੂਜਾ ਅਤੇ ਮਕੈਨੀਕਲ ਇੰਜਿਨਰਿੰਗ ਦੇ ਅਭਿਜੀਤ ਅਤੇ ਹਰਮਨਜੋਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਮੁੱਖੀ ਅਤੇ ਸਟਾਫ ਮੈਂਬਰ, ਜਿਨਾਂ ਵਿੱਚ ਸੰਜੇ ਬਾਂਸਲ, ਰਿਚਾ ਅਰੋੜਾ, ਪ੍ਰਿੰਸ ਮਦਾਨ, ਮੀਨਾ ਬਾਂਸਲ, ਸਵਿਤਾ ਕੁਮਾਰੀ ਆਦਿ ਹਾਜਰ ਸਨ।

## ਪੈਨਸ਼ਨਰਾਂ ਨੇ ਹੜ੍ਹ ਪੀੜਤਾਂ ਲਈ ਭੇਟ ਕੀਤੀ ਸਹਾਇਤਾ



**ਜਲੰਧਰ (ਕੇਸਰ)** ਪੰਜਾਬ ਦੀ ਪੈਨਸ਼ਨਰ ਐਸੋਸੀਏਸ਼ਨ ਜਲੰਧਰ ਸਰਕਲ ਵੱਲੋਂ ਇੱਕ ਲੱਖ 22 ਹਜਾਰ 5 ਸੌ ਰੁਪਏ ਅਤੇ ਪੈਨਸ਼ਨਰ ਐਸੋਸੀਏਸ਼ਨ ਗੜ੍ਹਸ਼ੰਕਰ ਸਰਕਲ ਨਵਾਂਸ਼ਹਿਰ ਵੱਲੋਂ 54 ਹਜ਼ਾਰ ਇੱਕ ਸੌ ਰੁਪਏ ਅਤੇ ਸੁਰਿੰਦਰ ਕੁਮਾਰੀ ਕੋਛੜ ਵੱਲੋਂ 1000 ਰੁਪਏ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਗਦਰੀ ਗੁਲਾਬ ਬੀਬੀ ਗੁਲਾਬ ਕੌਰ ਹਾਲ ਵਿਚ ਸਮਾਗਮ ਕਰਕੇ ਦੌਰਾਨ ਹੜ੍ਹ ਪੀੜਤ ਰਾਹਤ ਸਹਾਇਤਾ ਕਮੇਟੀ ਪੰਜਾਬ ਦੀ ਝੋਲੀ ਪਾਏ ਗਏ।ਇਸ ਮੌਕੇ ਰਾਹਤ ਕਮੇਟੀ ਦੇ ਮੈਂਬਰ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਕਮੇਟੀ ਮੈਂਬਰ ਸੌਦਾਗਰ ਸਿੰਘ ਘੁੜਾਣੀ ਕਲਾਂ ਜਿਲ੍ਹਾ ਲੁਧਿਆਣਾ ਅਤੇ ਚਰਨ ਸਿੰਘ ਸਰਾਭਾ ਜਿਲ੍ਹਾ ਲੁਧਿਆਣਾ ਦੇ ਬੀਕੇਯੂ ਏਕਤਾ ਉਗਰਾਹਾਂ ਦੇ ਆਗੂ ਅਤੇ ਕਿੰਨੇ ਹੀ ਜਿਲ੍ਹਾ ਕਮੇਟੀ ਮੈਂਬਰ ਅਤੇ ਕਿਸਾਨ ਯੂਨੀਅਨ ਉਗਰਾਹਾਂ ਦੇ ਜਲੰਧਰ ਦੇ ਪ੍ਰਧਾਨ ਮੋਹਨ ਸਿੰਘ ਬੱਲ ਤੇ ਹੁਸ਼ਿਆਰਪੁਰ ਦੇ ਹਰਦੀਪ ਸਿੰਘ ਕੁਠਾਰ, ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਅਤੇ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਹੀ ਸੁਮਨ ਲਤਾ ਹਾਜ਼ਰ ਸਨ।ਇਸ ਮੌਕੇ ਸ੍ਰੀ ਰਾਮ ਜਲੰਧਰ ਪ੍ਰੇਮ ਕੁਮਾਰ, ਅਵਤਾਰ ਸਿੰਘ, ਜੋਗਿੰਦਰ ਪਾਲ, ਵਿਜੈ ਕੁਮਾਰ ਗੜ੍ਹਸ਼ੰਕਰ ਡਵੀਜ਼ਨ ਦੇ ਅਸ਼ਵਨੀ ਕੁਮਾਰ, ਕਮਲ ਦੇਵ, ਰਾਮਪਾਲ ਅਤੇ ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਨਿਤਿਨ ਕੋਹਲੀ ਦੀ ਮਿਹਨਤ ਨਾਲ ਸੂਰਿਆ ਐਨਕਲੇਵ ਤੇ ਮਹਾਰਾਜਾ ਰਣਜੀਤ ਸਿੰਘ ਐਵੇਨਿਊ 'ਚ ਵਿਕਾਸ ਕਾਰਜ ਤੇਜ਼ : ਸੁਭਾਨਾ



**ਜਲੰਧਰ (ਨ ਜ਼ ਸ)** ਸੂਰਿਆ ਐਨਕਲੇਵ ਅਤੇ ਮਹਾਰਾਜਾ ਰਣਜੀਤ ਸਿੰਘ ਐਵੇਨਿਊ ਦੇ ਹਜ਼ਾਰਾਂ ਨਿਵਾਸੀਆਂ ਲਈ ਬੁੱਧਵਾਰ ਦਾ ਦਿਨ ਇਤਿਹਾਸਕ ਸਾਬਤ ਹੋਇਆ।ਪਿਛਲੇ 18 ਸਾਲਾਂ ਤੋਂ ਰੁਕੇ ਪਏ ਵਿਕਾਸ ਕਾਰਜ ਹੁਣ ਜਲੰਧਰ ਸੈਂਟਰਲ ਇੰਚਾਰਜ ਨਿਤਿਨ ਕੋਹਲੀ ਦੀ ਲਗਾਤਾਰ ਮਿਹਨਤ, ਸੰਘਰਸ਼ ਅਤੇ ਫਾਲੋਅੱਪ ਕਰਕੇ ਗਤੀ ਫੜ ਚੁੱਕੇ ਹਨ।ਨਿਤਿਨ ਕੋਹਲੀ ਦੀ ਸਰਗਰਮ ਪਹਿਲ ਅਤੇ ਪ੍ਰਸ਼ਾਸਕੀ ਪੱਧਰ 'ਤੇ ਲਗਾਤਾਰ ਯਤਨਾਂ ਦੇ ਨਤੀਜੇ ਵਜੋਂ ਦੋਨੋਂ ਕਾਲੋਨੀਆਂ ਨੂੰ ਨਗਰ ਨਿਗਮ ਵਿੱਚ ਟਰਾਂਸਫਰ ਕਰਨ ਲਈ ਸਰਕਾਰੀ ਮਨਜ਼ੂਰੀ ਮਿਲ ਗਈ ਹੈ।ਇਸ ਨਾਲ ਹੁਣ ਸੜਕਾਂ ਦੀ ਨਿਰਮਾਣ, ਡ੍ਰੇਨੇਜ ਸਿਸਟਮ, ਸਟ੍ਰੀਟ ਲਾਈਟਾਂ, ਪਾਰਕਾਂ ਦੀ ਸੁਧਾਰਨਾ, ਖੇਡ ਸਟੇਡੀਅਮ, ਮੌਡਰਨ ਲਾਈਟਿੰਗ ਸਿਸਟਮ ਅਤੇ ਹੋਰ ਲੋਕ ਭਲਾਈ ਦੇ ਕੰਮ ਤੇਜ਼ੀ ਨਾਲ ਕੀਤੇ ਜਾਣਗੇ।ਡਿਪਟੀ ਮੇਅਰ ਮਲਕੀਤ ਸਿੰਘ ਸੁਭਾਨਾ ਨੇ ਕਿਹਾ ਨਿਤਿਨ ਕੋਹਲੀ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਦੇ ਹੋਏ ਹਰ ਮੰਚ 'ਤੇ ਆਪਣੀ ਆਵਾਜ਼ ਬੁਲੰਦ ਕੀਤੀ ਅਤੇ 18 ਸਾਲ ਤੋਂ ਲਟਕ ਰਹੀਆਂ ਪ੍ਰਕਿਰਿਆਵਾਂ ਨੂੰ ਅੱਗੇ ਵਧਾਉਣ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਈ। ਉਨ੍ਹਾਂ ਦੀ ਲਗਨ, ਸਮਰਪਨ ਅਤੇ ਅਗਵਾਈ ਕਾਬਲੇ ਤਾਰੀਫ਼ ਹੈ। ਸਥਾਨਕ ਨਿਵਾਸੀਆਂ ਨੇ ਵੀ ਇਸ ਫ਼ੈਸਲੇ 'ਤੇ ਖ਼ੁਸ਼ੀ ਜ਼ਾਹਿਰ ਕੀਤੀ ਹੈ।ਉਨ੍ਹਾਂ ਦਾ ਕਹਿਣਾ ਹੈ ਕਿ 18 ਸਾਲਾਂ ਤੋਂ ਲਟਕ ਰਹੀਆਂ ਸੁਵਿਧਾਵਾਂ ਹੁਣ ਹਕੀਕਤ ਬਣਦੀਆਂ ਨਜ਼ਰ ਆ ਰਹੀਆਂ ਹਨ।ਨਿਤਿਨ ਕੋਹਲੀ ਦਾ ਜ਼ਮੀਨੀ ਪੱਧਰ 'ਤੇ ਜੁੜਾਅ ਅਤੇ ਲੋਕਾਂ ਲਈ ਉਨ੍ਹਾਂ ਦੀ ਇਮਾਨਦਾਰ ਵਚਨਬੱਧਤਾ ਇਸ ਵੱਡੀ ਕਾਮਯਾਬੀ ਦਾ ਮੁੱਖ ਕਾਰਨ ਹੈ।

## ਸਿਵਲ ਸਰਜਨ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਅੰਗਦਾਨ ਵਾਸਤੇ ਅਹਿਦ ਲੈਣ ਦੀ ਅਪੀਲ

**ਮੋਹਾਲੀ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜਿਲ੍ਹਾ ਵਾਸੀਆਂ ਨੂੰ ਅੰਗ ਦਾਨ ਕਰਨ ਦਾ ਅਹਿਦ ਲੈਣ ਦੀ ਅਪੀਲ ਕਰਦਿਆਂ ਆਖਿਆ ਕਿ ਭਾਰਤ ਵਿਚ ਟਰਾਂਸਪਲਾਂਟੇਸ਼ਨ ਵਾਸਤੇ ਅੰਗਾਂ ਅਤੇ ਟਿਸ਼ੂਆਂ ਦੀ ਭਾਰੀ ਘਾਟ ਹੈ, ਜਿਸ ਕਾਰਨ ਹਰ ਕਿਸੇ ਨੂੰ ਅੰਗ ਦਾਨ ਕਰਨ ਦਾ ਸੰਕਲਪ ਲੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅੰਗ ਦਾਨ ਦੀ ਮਹੱਤਤਾ ਬਾਬਤ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਹੋਣਾ ਚਾਹੀਦਾ ਹੈ ਤਾਂ ਕਿ ਉਹ ਅੰਗ ਦਾਨ ਕਰ ਕੇ ਲੋੜਵੰਦਾਂ ਦੀ ਮਦਦ ਕਰ ਸਕਣ।ਜ਼ਿਕਰਯੋਗ ਹੈ ਕਿ ਜਿਲ੍ਹੇ ਦੀਆਂ ਵੱਖ—ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਅੱਜ ਸਿਹਤ ਸਟਾਫ਼, ਨਰਸਿੰਗ ਵਿਦਿਆਰਥੀਆਂ ਅਤੇ ਮਰੀਜ਼ਾਂ ਨੇ ਅੰਗ ਦਾਨ ਕਰਨ ਦਾ ਸੰਕਲਪ ਲਿਆ ਅਤੇ ਸਿਹਤ ਸੰਸਥਾਵਾਂ ਵਿਚ ਆਏ ਮਰੀਜ਼ਾਂ ਅਤੇ ਉਨ੍ਹਾਂ ਦੇ ਸਾਕ—ਸਬੰਧੀਆਂ ਨੂੰ ਅੰਗ ਦਾਨ ਦੀ ਮਹੱਤਤਾ ਤੋਂ ਜਾਣੂੰ ਕਰਾਇਆ ਗਿਆ।

## ਮਮਤਾ ਦਿਵਸ ਮਨਾਇਆ

**ਬਲਾਚੌਰ ( ਜਸਵਿੰਦਰ ਬੈਂਸ)** ਪਿੰਡ ਨਿਆਣਾ ਬੇਟ ਵਿਖੇ ਮਮਤਾ ਦਿਵਸ ਮਨਾਇਆ ਗਿਆ ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਐਲ ਐਚ ਵੀ ਕਮਲੇਸ਼ਵਤੀ ਤੇ ਮੈਡਮ ਸਰਬਜੀਤ ਕੌਰ ਵੱਲੋਂ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਗਿਆ। ਜਣੇਪਾ ਸਰਕਾਰੀ ਹਸਪਤਾਲ 'ਚ ਕਰਾਉਣ ਲਈ ਪ੍ਰੇਰਿਤ ਕੀਤਾ, ਸਿਹਤ ਵਿਭਾਗ ਵੱਲੋਂ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਲੈਣ ਲਈ ਜਾਗਰੂਕ ਕੀਤਾ। ਇਸ ਮੌਕੇ ਸਰਬਜੀਤ ਕੌਰ , ਜਸਬੀਰ ਕੌਰ, ਪਰਮਜੀਤ ਕੌਰ, ਨਰੇਸ਼ ਕੁਮਾਰੀ, ਬਲਵਿੰਦਰ ਕੌਰ, ਸੋਨਿਕਾ ਮੌਜੂਦ ਸਨ।

## ਬਿਜਲੀ ਕਨੈਕਸ਼ਨ ਲੈਣ ਲਈ ਐੱਨ ਓ ਸੀ ਦੀ ਸ਼ਰਤ ਖਤਮ : ਜਲਾਲਪੁਰ

**ਬਲਾਚੌਰ ( ਜਸਵਿੰਦਰ ਬੈਂਸ)** ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਲਈ ਹਰ ਰੋਜ਼ ਕੋਈ ਨਾ ਕੋਈ ਨਵੀ ਸਕੀਮ ਲਿਆ ਰਹੀ ਹੈ।ਪੰਜਾਬ ਸਰਕਾਰ ਨੇ ਇੱਕ ਅਹਿਮ ਫੈਸਲਾ ਕਰਦੇ ਹੋਏ ਬਿਜਲੀ ਕਨੈਕਸ਼ਨ ਲੈਣ ਲਈ ਐਨ ਓ ਸੀ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਹੈ।ਇਸ ਬਾਰੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸਤਨਾਮ ਜਲਾਲਪੁਰ, ਚੇਅਰਮੈਨ ਜਿਲ੍ਹਾ ਪਲੈਨਿੰਗ ਬੋਰਡ ਅਤੇ ਆਮ ਆਦਮੀ ਪਾਰਟੀ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਆਮ ਲੋਕਾਂ ਦੀ ਇਸ ਮੰਗ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਇਹ ਸ਼ਰਤ ਖਤਮ ਕੀਤੀ ਹੈ।ਜਿਸ ਤਰ੍ਹਾਂ ਪਹਿਲਾਂ ਬਿਜਲੀ ਦਾ ਕੁਨੈਕਸ਼ਨ ਲੈਣ ਲਈ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਸਨ ਹੁਣ ਪੰਜਾਬ ਸਰਕਾਰ ਨੇ ਲੋਕਾਂ ਨੂੰ ਰਾਹਤ ਦਿੰਦੇ ਹੋਏ ਫੈਸਲਾ ਲਿਆ ਹੈ, ਹੁਣ ਕਨੈਕਸ਼ਨ ਲੈਣ ਲਈ ਸਿਰਫ ਆਪਣੀ ਮਾਲਕੀ ਦਾ ਸਬੂਤ ਅਤੇ ਆਧਾਰ ਕਾਰਡ ਜਾ ਵੋਟਰ ਕਾਰਡ ਜਾ ਡਰਾਈਵਿੰਗ ਲਾਈਸੈਂਸ ਦੀ ਕਾਪੀ ਨੱਥੀ ਕਰਨੀ ਹੋਵੇਗੀ।ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਜਿੱਥੇ ਕਰਪਸ਼ਨ ਨੂੰ ਨੱਥ ਪਵੇਗੀ, ਉੱਥੇ ਅਲੱਗ ਅਲੱਗ ਦਫਤਰਾਂ ਦੇ ਚੱਕਰ ਵੀ ਨਹੀਂ ਲਾਣੇ ਪੈਣਗੇ।ਪੰਜਾਬ ਸਰਕਾਰ ਦੇ ਇਸ ਫੈਸਲੇ ਦੀ ਹਰ ਪਾਸੇ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਆਮ ਲੋਕੀ ਇਸਦੀ ਖੁਸ਼ੀ ਮਨਾ ਰਹੇ ਹਨ ।



## ਮਹਾਰਾਜਾ ਰਣਜੀਤ ਸਿੰਘ ਪੁਲਸ-ਪਬਲਿਕ ਸਕੂਲ ਦਾ ਸਾਲਾਨਾ ਸਮਾਗਮ



**ਫਿਲੌਰ (ਨਿਰਮਲ)** ਮਹਾਰਾਜਾ ਰਣਜੀਤ ਸਿੰਘ ਪੁਲਸ ਪਬਲਿਕ ਸਕੂਲ ਨੇ ਆਪਣਾ ਸਾਲਾਨਾ ਸਮਾਗਮ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ, ਜਿਸ ਵਿੱਚ ਸ੍ਰੀਮਤੀ ਅਨੀਤਾ ਪੁੰਜ (ਆਈਪੀਐਸ), ਵਿਸ਼ੇਸ਼ ਡੀਜੀਪੀ, ਡਾਇਰੈਕਟਰ, ਪੀਪੀਏ ਫਿਲੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਸਾਂਝੇ ਤੌਰ 'ਤੇ ਮੁੱਖ ਮਹਿਮਾਨ ਦਾ ਫੁੱਲਾਂ ਦੇ ਗੁਲਦਸਤੇ ਨਾਲ ਸਵਾਗਤ ਕੀਤਾ।ਇਸ ਤੋਂ ਬਾਅਦ, ਪ੍ਰੋਗਰਾਮ ਦਾ ਉਦਘਾਟਨ ਦੀਵਾ ਜਗਾ ਕੇ ਕੀਤਾ ਗਿਆ।ਇਸ ਮੌਕੇ ਸੱਭਿਆਚਾਰਕ ਪ੍ਰੋਗਰਾਮਾਂ ਨੇ ਇੱਕ ਸ਼ਾਨਦਾਰ ਮਾਹੌਲ ਸਿਰਜਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਵੱਖ-ਵੱਖ ਵਿਸ਼ਿਆਂ 'ਤੇ ਬਣਾਈਆਂ ਗਈਆਂ ਸ਼ਾਨਦਾਰ ਰਚਨਾਵਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸਦੀ ਵਿਆਪਕ ਤੌਰ 'ਤੇ ਪ੍ਰਸ਼ੰਸਾ ਕੀਤੀ ਗਈ।ਸਕੂਲ ਦੀ ਪ੍ਰਿੰਸੀਪਲ ਡਾ. ਅੰਮ੍ਰਿਤਾ ਕੁਮਾਰ ਨੇ ਸਕੂਲ ਦੀ ਪ੍ਰਗਤੀ ਬਾਰੇ ਇੱਕ ਰਿਪੋਰਟ ਪੇਸ਼ ਕੀਤੀ, ਅਤੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡਣ ਤੋਂ ਬਾਅਦ, ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਮੌਜੂਦ ਸਾਰੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਮਾਓਵਾਦੀਆਂ, ਆਦਿਵਾਸੀਆਂ ਨੂੰ ਝੂਠੇ ਪੁਲਸ ਮੁਕਾਬਲਿਆਂ ਦੇ ਹੇਠ ਮਾਰਨ ਦੀ ਸਖ਼ਤ ਨਿਖੇਧੀ

**ਜਲੰਧਰ, (ਪੱਤਰ ਪ੍ਰੇਰਕ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਪੰਜਾਬ ਰਾਜ ਕਮੇਟੀ ਨੇ ਛੱਤੀਸਗੜ੍ਹ, ਆਂਧਰਾ ਸਰਹੱਦ ਉੱਪਰ ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਸਕੱਤਰ ਤ੍ਰਿਪਤੀ (ਦੇਵ ਜੀ) ਸਮੇਤ ਕੇਂਦਰੀ ਕਮੇਟੀ ਮੈਂਬਰਾਂ ਨੂੰ ਪੁਲਸ ਮੁਕਾਬਲਿਆਂ ਦੇ ਨਾਂਅ ਥੱਲੇ ਮਾਰਨ ਦੀ ਨਿਖੇਧੀ ਕਰਦਿਆਂ ਗ੍ਰਿਫ਼ਤਾਰ ਕੀਤੇ ਆਗੂਆਂ ਨੂੰ ਅਦਾਲਤ ਵਿੱਚ ਪੇਸ਼ ਕਰਨ ਦੀ ਮੰਗ ਕੀਤੀ ਹੈ।ਪੰਜਾਬ ਪਾਰਟੀ ਦੇ ਸੂਬਾਈ ਆਗੂ ਅਜਮੇਰ ਸਿੰਘ ਨੇ ਕਿਹਾ ਕਿ ਭਾਜਪਾ-ਸੰਘ ਸਰਕਾਰ ਦੀ ਨਕਸਲੀਆਂ ਨੂੰ ਮਾਰ ਕੇ ਮੁਕਾਉਣ ਦੀ ਨੀਤੀ ਕਾਨੂੰਨ ਦੇ ਰਾਜ ਅਤੇ ਦੁਨੀਆਂ ਦੀ ਵੱਡੀ ਜਮਹੂਰੀਅਤ ਹੋਣ ਦੇ ਦਾਅਵੇ ਦੇ ਝੂਠ ਨੂੰ ਬੇਪਰਦ ਕਰਦੀ ਹੈ।ਵਰਦੀਧਾਰੀ ਦਹਿਸ਼ਤ ਕਿੰਨੀ ਖਤਰਨਾਕ ਹੋ ਸਕਦੀ ਹੈ ਅਤੇ ਇਸਦੇ ਸਿੱਟੇ ਕਿੰਨੇ ਭਿਆਨਕ ਹਨ।ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਮਾਓਵਾਦੀਆਂ ਅਤੇ ਆਦਿਵਾਸੀਆਂ ਉੱਪਰ ਢਾਹਿਆ ਜਾ ਰਿਹਾ ਜ਼ੁਲਮ ਇਸਦਾ ਪ੍ਰਤੱਖ ਪ੍ਰਮਾਣ ਹੈ। ਭਾਜਪਾ-ਸੰਘ ਦੀ ਸਰਕਾਰ ਵਿੱਚ ਪੱਤਰਕਾਰਾਂ, ਲੇਖਕਾਂ, ਸਿਆਸੀ ਕਾਰਕੁੰਨਾਂ ਅਤੇ ਜਮਹੂਰੀ ਹੱਕਾਂ ਦੀ ਗੱਲ ਕਰਨ ਵਾਲੇ ਸਿਆਸੀ ਕਾਰਕੁੰਨਾਂ ਦੀ ਜ਼ੁਬਾਨਬੰਦੀ ਕੀਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਸਾਲਾਂਬੱਧੀ ਬਿਨਾਂ ਮੁਕੱਦਮਾਂ ਚਲਾਇਆਂ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ। ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੇ ਬਾਵਜੂਦ ਉਹਨਾਂ ਨੂੰ ਜ਼ਮਾਨਤ ਨਹੀਂ ਦਿੱਤੀ ਜਾ ਰਹੀ, ਮੁਕੱਦਮਾ ਚਲਾਉਣ ਦੀ ਧੀਮੀ ਗਤੀ ਨਾਕਸ ਕਾਨੂੰਨ ਪ੍ਰਬੰਧ ਦੀ ਪੋਲ ਖੋਲ੍ਹਦੀ ਹੈ।ਪਾਰਟੀ ਨੇ ਮੰਗ ਕੀਤੀ ਹੈ ਕਿ ਝੂਠੇ ਪੁਲਸ ਮੁਕਾਬਲੇ ਬੰਦ ਕੀਤੇ ਜਾਣ।ਹਿਰਾਸਤ 'ਚ ਰੱਖੇ ਮਾਓਵਾਦੀਆਂ, ਆਦਿਵਾਸੀਆਂ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇ। ਬਿਨਾਂ ਮੁਕੱਦਮਾ ਚਲਾਇਆਂ ਸਿਆਸੀ ਕਾਰਕੁੰਨਾਂ, ਲੇਖਕਾਂ, ਪੱਤਰਕਾਰਾਂ, ਬੁੱਧੀਜੀਵੀਆਂ ਨੂੰ ਰਿਹਾਅ ਕੀਤਾ ਜਾਵੇ। ਪਾਰਟੀ ਨੇ ਇਹਨਾਂ ਮੰਗਾਂ ਨੂੰ ਉਠਾਉਣ ਲਈ 21-22 ਨਵੰਬਰ ਨੂੰ ਜ਼ਿਲ੍ਹਾ ਅਤੇ ਸਬ-ਡਵੀਜ਼ਨਾਂ 'ਚ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਹੈ।ਪਾਰਟੀ ਸਾਰੇ ਲੋਕ ਪੱਖੀ, ਜਮਹੂਰੀਅਤ ਅਤੇ ਇਨਸਾਫਪਸੰਦ ਲੋਕਾਂ ਨੂੰ ਇਹਨਾਂ ਪ੍ਰਦਰਸ਼ਨਾਂ ਵਿੱਚ ਸ਼ਾਮਿਲ ਹੋਣ ਦੀ ਅਪੀਲ ਕਰਦੀ ਹੈ।

## ਗੁਰਮਤਿ ਸਮਾਗਮ 23 ਤੋਂ 25 ਤੱਕ



**ਮੁਹਾਲੀ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਿੰਨ ਦਿਨਾਂ ਗੁਰਮਤਿ ਸਮਾਗਮ 23 ਤੋਂ 25 ਨਵੰਬਰ ਤੱਕ ਸਵੇਰੇ 9 ਵਜੇ ਤੋਂ ਰਾਤ 10 ਵਜੇ ਤੱਕ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਢਾਡੀ ਜੱਥੇ, ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਪਰਵਾਨਾ, ਸ਼੍ਰੋਮਣੀ ਪ੍ਰਚਾਰਕ ਭਾਈ ਅਮਰੀਕ ਸਿੰਘ ਅਤੇ ਉਚ ਕੋਟੀ ਦੇ ਸੰਤ ਵਿਦਵਾਨ ਸੰਗਤਾਂ ਨੂੰ ਹਰਜੱਸ ਸੁਣਾ ਕੇ ਨਿਹਾਲ ਕਰਨਗੇ।

## ਗੁਰੂ ਹਰਿਕ੍ਰਿਸ਼ਨ ਸਕੂਲ ਵਿਖੇ ਕੀਤਾ ਖੇਡਕੁੱਦ ਪ੍ਰੋਗਰਾਮ ਦਾ ਆਯੋਜਨ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਨੇ ਜੂਨੀਅਰ ਵਿੰਗ ਲਈ ਸਾਲਾਨਾ ਖੇਡਕੁੱਦ ਮੁਕਾਬਲੇ ਦਾ ਆਯੋਜਨ ਕੀਤਾ।ਜਿਸ ਵਿੱਚ ਗੌਰਵਪੂਰਣ, ਉਤਸ਼ਾਹਪੂਰਨ ਅਤੇ ਜੋਸ਼ਪੂਰਨ ਮਾਹੌਲ ਦੇਖਣ ਨੂੰ ਮਿਲਿਆ।ਨਰਸਰੀ ਤੋਂ 5ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸਾਰੇ ਪ੍ਰੋਗਰਾਮ ਦੇ ਦੌਰਾਨ ਜ਼ਰੂਰੀ ਊਰਜਾ, ਅਨੁਸ਼ਾਸਨ ਅਤੇ ਟੀਮ ਵਰਕ ਦੀ ਸਰਵਜਨਕ ਭਾਵਨਾ ਦਾ ਪ੍ਰਦਰਸ਼ਨ ਕੀਤਾ।ਸਮਾਗਮ ਦੀ ਸ਼ੁਰੂਆਤ ਮੂਲ ਮੰਤਰ ਦੇ ਪਾਠ ਨਾਲ ਕੀਤੀ ਗਈ, ਜਿਸ ਨੇ ਪੂਰੇ ਦਿਨ ਲਈ ਇੱਕ ਸ਼ਾਂਤੀ ਅਤੇ ਮੰਗਲਮਈ ਮਾਹੌਲ ਸਥਾਪਿਤ ਕੀਤਾ। ਚੌਥੀ ਅਤੇ 5ਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਸੰਮਤ ਅਤੇ ਪ੍ਰਭਾਵਸ਼ਾਲੀ ਮਾਰਚ ਪਾਸਟ ਨੇ ਦਰਸ਼ਕਾਂ ਦੀ ਸ਼ਲਾਘਾ ਪ੍ਰਾਪਤ ਕੀਤੀ। ਸੰਹੁ ਸਮਾਰੋਹ ਨੇ ਈਮਾਨਦਾਰੀ, ਨਿਰਪੱਖਤਾ ਅਤੇ ਸੱਚੀ ਖੇਡ ਭਾਵਨਾ ਦੇ ਆਦਰਸ਼ਾਂ ਦੀ ਪੁਸ਼ਟੀ ਕੀਤੀ।ਸਾਡੇ ਪ੍ਰਤਿਸ਼ਠਿਤ ਉਪਲੱਬਧੀ ਪ੍ਰਾਪਤ ਵਿਦਿਆਰਥੀਆਂ ਦੀ ਅਗਵਾਈ ਵਿੱਚ ਮਸ਼ਾਲ ਰਿਲੇ- ਦ੍ਰਿੜਤਾ, ਹਿੰਮਤ ਅਤੇ ਮਹੱਤਵਪੂਰਨਤਾ ਦੀ ਅਟੁੱਟ ਭਾਵਨਾ ਦਾ ਇੱਕ ਤਾਕਤਵਰ ਪ੍ਰਤੀਕ ਬਣੀ। ਖੇਡਾਂ ਦੇ ਮੈਦਾਨ ਕਈ ਪ੍ਰੋਗਰਾਮਾਂ ਤੋਂ ਜੀਵੰਤ ਹੋ ਉਠੇ, ਜਿਸ ਵਿੱਚ ਸੰਤੁਲਨ ਦੌੜ, ਹੂਲਾ ਹੂਪ ਡ੍ਰਿਲ, ਤਿੰਨ-ਪੈਰ ਵਾਲੀ ਦੌੜ, 50 ਮੀਟਰ ਸਪ੍ਰਿੰਟ, ਜ਼ਿਗ-ਜ਼ੈਗ ਦੌੜ, ਰੱਸਾਕਸ਼ੀ ਅਤੇ ਕਈ ਹੋਰ ਗਤੀਵਿਧੀਆਂ ਸ਼ਾਮਲ ਹਨ। ਵਿਦਿਆਰਥੀ ਖਿਡਾਰੀਆਂ ਨੇ ਸ਼ਾਨਦਾਰ ਆਤਮ- ਵਿਸ਼ਵਾਸ, ਦ੍ਰਿੜਤਾ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ।ਜਿਸ ਨਾਲ ਹਰ ਪ੍ਰੋਗਰਾਮ ਵਿੱਚ ਇੱਕ ਮਨੋਰਮ ਦ੍ਰਿਸ਼ ਬਣ ਗਿਆ। ਪੰਜਾਬੀ ਲੋਕ ਨਾਚ ਪ੍ਰਦਰਸ਼ਨਾਂ ਨੇ ਸੱਭਿਆਚਾਰਕ ਉਤਸ਼ਾਹ ਨੂੰ ਵਧਾਇਆ, ਜਿਸ ਨੇ ਪੂਰੇ ਮੈਦਾਨ ਵਿੱਚ ਰੰਗ ਬੰਨ੍ਹਿਆ ਅਤੇ ਉਤਸ਼ਾਹ ਭਰ ਦਿੱਤਾ।ਇਸ ਪ੍ਰੋਗਰਾਮ ਵਿੱਚ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ, ਮੈਨੇਜਰ ਗੁਰਜੀਤ ਸਿੰਘ, ਮੈਂਬਰ ਸਾਹਿਬਾਨ ਕਪੂਰ ਸਿੰਘ, ਰਾਜੀਵ ਗਾਂਧੀ, ਨਰਿੰਦਰ ਕੌਰ ਅਤੇ ਹੋਰ ਮੈਂਬਰ ਸ਼ਾਮਲ ਹੋਏ। ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਸਮੂਹਿਕ ਯਤਨਾਂ ਦੀ ਸ਼ਲਾਘਾ ਕੀਤੀ। ਮੈਂਬਰ ਸਾਹਿਬਾਨ ਕਪੂਰ ਸਿੰਘ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ- ਨਾਲ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਵੱਲੋਂ ਸ਼ਹੀਦੀ ਸ਼ਤਾਬਦੀ ਮੌਕੇ ਡਿਕਲੇਮੇਸ਼ਨ ਮੁਕਾਬਲਾ



**ਹੁਸ਼ਿਆਰਪੁਰ ( ਓਮ ਪ੍ਰਕਾਸ਼ ਰਾਣਾ)** ਭਾਈ ਘਨਈਆ ਵੈਲਫੇਅਰ ਸੁਸਾਇਟੀ (ਰਜਿ.) ਵੱਲੋਂ ਗੁਰੂ ਤੇਗ ਬਹਾਦਰ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਡਿਕਲੇਮੇਸ਼ਨ ਮੁਕਾਬਲਾ ਵਿਦਿਆ ਮੰਦਰ ਸਕੂਲ 'ਚ ਕਰਵਾਏ ਗਏ।ਮੁਕਾਬਲੇ ਦਾ ਆਯੋਜਨ ਸੁਸਾਇਟੀ ਦੇ ਪ੍ਰਧਾਨ ਜਗਮੀਤ ਸਿੰਘ ਸੇਠੀ ਦੀ ਅਗਵਾਈ ਵਿੱਚ ਕੀਤਾ ਗਿਆ।ਇਸ ਮੌਕੇ ਸੁਸਾਇਟੀ ਦੇ ਸਚਿਵ ਦਲਜੀਤ ਸਿੰਘ, ਕੈਸ਼ਿਅਰ ਗੁਰਜੀਤ ਸਿੰਘ, ਚੇਅਰਮੈਨ ਅਗਿਆਪਾਲ ਸਿੰਘ ਸਹਾਨੀ, ਵਾਈਸ ਪ੍ਰੇਜ਼ੀਡੈਂਟ ਜਸਵੰਤ ਸਿੰਘ ਭੋਗਲ, ਮੈਂਬਰ ਭੂਪਿੰਦਰ ਸਿੰਘ ਅਤੇ ਜਸਬੀਰ ਸਿੰਘ ਹਾਜ਼ਰ ਸਨ।ਪ੍ਰੋਗਰਾਮ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਕਰਨ ਸ਼ਰਮਾ ਸਨ। ਇਸ ਤੋਂ ਇਲਾਵਾ ਵਿਦਿਆ ਮੰਦਰ ਸਕੂਲ ਦੀ ਪ੍ਰਿੰਸੀਪਲ ਸ਼ੋਭਾ ਰਾਣੀ ਅਤੇ ਸੁਸਾਇਟੀ ਦੀ ਮੈਂਬਰ ਮਿਸਜ਼ ਜਸਬੀਰ ਕੌਰ ਸੇਠੀ ਨੇ ਵੀ ਮੰਚ ਦੀ ਸ਼ੋਭਾ ਵਧਾਈ।ਮੁਕਾਬਲੇ ਵਿੱਚ ਕੁੱਲ 15 ਹਿੱਸੇਦਾਰਾਂ ਨੇ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ, ਉਨ੍ਹਾਂ ਦੇ ਬਲਿਦਾਨ ਅਤੇ ਮਨੁੱਖਤਾ ਲਈ ਦਿੱਤੇ ਅਮੋਲਿਕ ਸੰਦੇਸ਼ਾਂ 'ਤੇ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ।ਨਿਰਣਾਇਕ ਮੰਡਲ ਵਿੱਚ ਮੈਡਮ ਕੁਸੁਮ ਅਤੇ ਕੁਲਵਿੰਦਰ ਕੌਰ ਸ਼ਾਮਲ ਸਨ, ਜਦਕਿ ਮੰਚ ਸੰਚਾਲਨ ਦੀ ਭੂਮਿਕਾ ਰੇਖਾ ਚੌਧਰੀ ਨੇ ਨਿਭਾਈ। ਜੇਤੂ ਵਿਦਿਆਰਥੀ ਵਿੱਚ ਪਹਿਲਾ ਸਥਾਨ ਸੁਨਿਧੀ (9ਵੀਂ ਕਲਾਸ), ਦੂਜਾ ਸਥਾਨ ਹਿਮਾਨੀ (9ਵੀਂ ਕਲਾਸ, ਤੀਜਾ ਸਥਾਨ ਕਵਿਤਾ (10ਵੀਂ ਕਲਾਸ) ਨੇ ਹਾਸਲ ਕੀਤਾ

## ਪ੍ਰੋਫ਼ੈਸਰ ਦੀਪਕ ਪੰਜਾਬੀ ਸਾਹਿਤਕ ਸੱਭਿਆਚਾਰਕ ਮੇਲਾ ਮੁਲਤਵੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਪੰਜਾਬੀ ਸਾਹਿਤ ਸਭਾ (ਰਜਿ.) ਮੁਹਾਲੀ ਵੱਲੋਂ ਹਰ ਸਾਲ ਦਸੰਬਰ ਮਹੀਨੇ ਕਰਵਾਇਆ ਜਾਂਦਾ ਪ੍ਰੋਫ਼ੈਸਰ ਦੀਪਕ ਮਨਮੋਹਨ ਸਿੰਘ ਪੰਜਾਬੀ ਸਾਹਿਤਕ ਸੱਭਿਆਚਾਰਕ ਮੇਲਾ ਇਸ ਵਾਰ ਮੁਲਤਵੀ ਕਰਨ ਦਾ ਐਲਾਨ ਕੀਤਾ ਗਿਆ ਹੈ।ਇੱਥੋਂ ਜਾਰੀ ਇਕ ਸਾਂਝੇ ਪ੍ਰੈੱਸ ਬਿਆਨ ਵਿਚ ਸਭਾ ਦੇ ਪ੍ਰਧਾਨ ਡਾ. ਸ਼ਿੰਦਰਪਾਲ ਸਿੰਘ, ਜਨਰਲ ਸਕੱਤਰ ਡਾ. ਸਵਰਾਜ ਸਿੰਘ ਸੰਧੂ ਅਤੇ ਮੇਲੇ ਦੇ ਮੁੱਖ ਬੁਲਾਰੇ ਸੁਸ਼ੀਲ ਦੁਸਾਂਝ ਨੇ ਦੱਸਿਆ ਕਿ ਮੇਲੇ ਦੇ ਮੁੱਖ ਪ੍ਰਬੰਧਕਾਂ ਬਲਵਿੰਦਰ ਸਿੰਘ ਲਾਲੀ ਧਨੋਆ (ਅਮਰੀਕਾ), ਡੇਵਿਡ ਗਰੇਵਾਲ (ਕੈਨੇਡਾ) ਡਾ. ਪਰਮਜੀਤ ਸਿੰਘ ਭੁੱਲਰ, ਅਸ਼ੋਕ ਗੁਪਤਾ (ਸੇਵਾ ਮੁਕਤ ਆਈ. ਏ. ਐੱਸ.) ਡਾ. ਜਸਵਿੰਦਰ ਸਿੰਘ ਖੁਣਖੁਣ, ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਸੁਰਜੀਤ ਕੌਰ ਬੈਂਸ ਨਾਲ਼ ਹੋਈ ਜ਼ੂਮ ਮੀਟਿੰਗ ਵਿਚ ਸਰਬਸੰਮਤੀ ਨਾਲ਼ ਇਹ ਮੇਲਾ ਮੁਲਤਵੀ ਕਰਨ ਦਾ ਫ਼ੈਸਲਾ ਕੀਤਾ ਗਿਆ।

## ਦੁਬਈ ਦੇ 50 ਮੈਂਬਰ ਸ੍ਰੀ ਅਨੰਦਪੁਰ ਸਾਹਿਬ ਪਹੁੰਚੇ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਪਾਵਨ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਨੇ ਨਾ ਸਿਰਫ ਦੇਸ਼ ਭਰ ਦੀ ਸੰਗਤ ਦਾ ਮਨ ਆਕਰਸ਼ਿਤ ਕੀਤਾ ਹੈ, ਬਲਕਿ ਵਿਦੇਸ਼ੀ ਗੁਰਸਿੱਖ ਵੀ ਇਸ ਰੂਹਾਨੀ ਮਾਹੌਲ ਦਾ ਹਿੱਸਾ ਬਣਨ ਲਈ ਉਤਸ਼ਾਹ ਨਾਲ ਪਹੁੰਚ ਰਹੇ ਹਨ।ਬੀਤੇ ਦਿਨੀਂ ਦੁਬਈ ਦੇ ਪ੍ਰਸਿੱਧ ਗੁਰਦੁਆਰਾ ਗੁਰੂ ਨਾਨਕ ਦਰਬਾਰ ਤੋਂ 50 ਮੈਂਬਰੀ ਵਫਦ ਸ੍ਰੀ ਅਨੰਦਪੁਰ ਸਾਹਿਬ ਪਹੁੰਚਿਆ, ਜਿਸ ਦਾ ਸ਼ਾਨਦਾਰ ਸਵਾਗਤ ਰਾਜਨੀਤਿਕ ਆਗੂ ਤੇ ਸਮਾਜ ਸੇਵੀ ਸੋਢੀ ਵਿਕਰਮ ਸਿੰਘ ਵੱਲੋਂ ਕੀਤਾ ਗਿਆ।ਸੋਢੀ ਵਿਕਰਮ ਸਿੰਘ ਨੇ ਦੱਸਿਆ ਕਿ ਇਹ ਵਫਦ ਗੁਰੂ ਨਾਨਕ ਦਰਬਾਰ ਦੁਬਈ ਦੇ ਪ੍ਰਧਾਨ ਸੁਰਿੰਦਰ ਸਿੰਘ ਕੰਧਾਰੀ ਦੀ ਅਗਵਾਈ ਵਿੱਚ ਆਇਆ ਹੈ ਅਤੇ ਇਹਨਾਂ ਦੀ ਗੁਰਸਿੱਖੀ ਪ੍ਰੇਮ ਭਰੀ ਹਾਜ਼ਰੀ ਸਾਰੇ ਗੁਰੂ ਨਗਰ ਲਈ ਪ੍ਰੇਰਣਾ ਦਾ ਸਰੋਤ ਹੈ। ਇਸ ਦੌਰਾਨ ਉਹਨਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਅਮੋਲਕ ਇਤਿਹਾਸ, ਸ਼ਹੀਦੀ ਸਾਕਿਆਂ ਅਤੇ ਗੁਰੂ ਘਰ ਦੀਆਂ ਪੁਰਾਤਨ ਪਰੰਪਰਾਵਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ।ਇਸ ਮੌਕੇ ਕਨੇਡਾ ਤੋਂ ਪਹੁੰਚੇ ਯੋਗੀ ਅਮਨਦੀਪ ਸਿੰਘ ਨੇ ਯੋਗਾ, ਧਿਆਨ ਅਤੇ ਸਿਮਰਨ ਰਾਹੀਂ ਸੰਗਤ ਨੂੰ ਰੂਹਾਨੀਅਤ ਨਾਲ ਜੋੜਿਆ।ਸੋਢੀ ਵਿਕਰਮ ਸਿੰਘ ਨੇ ਦੱਸਿਆ ਕਿ ਯੋਗੀ ਅਮਨਦੀਪ ਸਿੰਘ ਦੁਨੀਆ ਭਰ ਵਿੱਚ ਰੂਹਾਨੀ ਪ੍ਰਚਾਰ ਕਰਦੇ ਹਨ ਅਤੇ ਹਵੇਲੀ ਵਿੱਚ ਹੋਈ ਉਨ੍ਹਾਂ ਦੀ ਵਿਸ਼ੇਸ਼ ਸੰਗਤ ਨੇ ਸਮੂਹ ਮਾਹੌਲ ਨੂੰ ਗੁਰੂ ਸਾਹਿਬ ਦੀ ਪ੍ਰੇਮਮਈ ਬਾਣੀ ਦੇ ਰੰਗ ਨਾਲ ਭਰ ਦਿੱਤਾ।ਇਸ ਮੌਕੇ ਸੁਰਿੰਦਰ ਸਿੰਘ ਕੰਧਾਰੀ, ਮਿਸਿਜ਼ ਬਬਲਸ ਕੰਧਾਰੀ, ਐਸ.ਪੀ. ਸਿੰਘ, ਹਰਵਨ ਸਿੰਘ ਆਦਿ ਵੀ ਹਾਜ਼ਰ ਸਨ।

PSPCL
ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ
(Regd. Office: PSEB, Head Office, The Mall, Patiala-147001)
Corporate Identification No.: U40109PB2010SGC033813, Website: www.pspcl.in

ਪੰਜਾਬ ਸਰਕਾਰ ਦਾ ਵੱਡਾ ਉਪਰਾਲਾ
ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ



ਪੰਜਾਬ 'ਚ ਬਿਜਲੀ ਕਨੈਕਸ਼ਨ ਹੋਇਆ ਆਸਾਨ: ਐਨ.ਓ.ਸੀ. ਦੀ ਲੋੜ ਖਤਮ

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਬਿਜਲੀ ਕੁਨੈਕਸ਼ਨ ਹੁਣ ਅਣ-ਅਧਿਕਾਰਤ ਕਾਲੋਨੀਆਂ ਵਿੱਚ ਵੀ ਜਾਰੀ ਕੀਤੇ ਜਾਣਗੇ।

ਸਿਰਫ ਦੋ ਦਸਤਾਵੇਜ਼ ਚਾਹੀਦੇ: ਨਵੇਂ ਫੈਸਲੇ ਅਨੁਸਾਰ, ਬਿਜਲੀ ਕਨੈਕਸ਼ਨ ਲੈਣ ਲਈ ਗਾਹਕਾਂ ਨੂੰ

- ਸਿਰਫ ਹੇਠ ਲਿਖੇ ਦੋ ਦਸਤਾਵੇਜ਼ ਪੇਸ਼ ਕਰਨੇ ਪੈਣਗੇ:
  1. ਰਜਿਸਟਰੀ ਜਾਂ ਲੀਜ਼ ਡੀਡ ਜਾਂ ਹੋਰ ਮਾਲਕੀ ਦਾ ਸਬੂਤ 2. ਪਛਾਣ ਪੱਤਰ
- ਹੁਣ ਐਨ. ਓ. ਸੀ. (ਇਤਰਾਜ਼ਹੀਣਤਾ ਸਰਟੀਫਿਕੇਟ) ਜਾ ਬਿਲਡਿੰਗ ਪਲਾਨ ਦੀ ਪ੍ਰਵਾਨਗੀ ਨਾ ਹੋਣ ਸੂਰਤ ਵਿੱਚ ਬਿਜਲੀ ਕੁਨੈਕਸ਼ਨਾ ਨੂੰ ਰੋਕਿਆ ਨਹੀ ਜਾਵੇਗਾ।
- ਖਪਤਕਾਰ ਇੱਕ ਸਾਧਾਰਨ ਲਿਖਤੀ ਸਵੈ ਘੋਸ਼ਣਾ ਪੱਤਰ ਦੇ ਕੇ ਬਿਜਲੀ ਸਪਲਾਈ ਲੈ ਸਕਦੇ ਹਨ, ਜਿਸ ਵਿੱਚ ਉਹ ਕਾਨੂੰਨੀ ਜ਼ਿੰਮੇਵਾਰੀ ਸਵੀਕਾਰ ਕਰਨਗੇ ਕਿ ਉਹਨਾਂ ਦਾ ਬਿਜਲੀ ਕੁਨੈਕਸ਼ਨ ਜਾਰੀ ਹੋਣ ਉਪਰੰਤ ਜੇਕਰ ਢਾਂਚੇ ਨੂੰ ਗ਼ੈਰ-ਕਾਨੂੰਨੀ ਐਲਾਨਿਆ ਜਾਂਦਾ ਹੈ ਤਾਂ ਕੁਨੈਕਸ਼ਨ ਕੱਟ ਦਿੱਤਾ ਜਾਵੇਗਾ।
- ਬਿਨੈਕਾਰਾਂ ਨੂੰ ਅਣਅਧਿਕਾਰਤ ਕਲੋਨੀ ਵਿੱਚ ਕੁਨੈਕਸ਼ਨ ਲੈਣ ਲਈ ਸਧਾਰਨ ਸਰਵਿਸ ਕੁਨੈਕਸ਼ਨ ਚਾਰਜਿਸ ਸਿਕਿਉਰਿਟੀ ਦੇ ਤੌਰ ਤੇ ਜਮ੍ਹਾ ਕਰਵਾਉਣੇ ਪੈਣਗੇ। ਅਣਅਧਿਕਾਰਤ ਢਾਂਚੇ ਨੂੰ ਢਾਹੁਣ ਦੀ ਸੂਰਤ ਵਿੱਚ ਜੇਕਰ ਕੋਈ ਵਾਧੂ ਰਕਮ ਬਚਦੀ ਹੈ ਤਾਂ ਉਹ ਵਾਪਸ ਕਰ ਦਿੱਤੀ ਜਾਵੇਗੀ।
- ਬਾਕੀ ਸਾਰੀਆਂ ਸ਼ਰਤਾਂ ਢੁੱਕਵੀਂ ਟੈਰਿਫ ਸ਼੍ਰੇਣੀ ਅਨੁਸਾਰ ਲਾਗੂ ਰਹਿਣਗੀਆਂ।

ਜਾਰੀ ਕਰਤਾ: ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ